ਸੋਮਵਾਰ, 29 ਅਪ੍ਰੈਲ, 2024
17 ਵਿਸਾਖ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 72
ਅੰਕ/NO. : 329

# ਨਵਾਂ ਜ਼ਮਾਨਾ

DAILY NAWAN ZAMANA • MONDAY, 29 APRIL, 2024 ਜਲੰਧਰ

YouTube nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |


ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਦੇਵਗੌੜਾ ਦਾ ਸਾਂਸਦ ਪੋਤਾ ਸੈਕਸ ਸਕੈਂਡਲ 'ਚ ਫਸਿਆ



**ਬੇਂਗਲੁਰੂ** : ਜਨਤਾ ਦਲ (ਸੈਕੂਲਰ) ਦੇ ਸਾਂਸਦ ਪ੍ਰਜਵਲ ਰੇਵੰਨਾ ਦੇ ਹਜ਼ਾਰਾਂ ਮਹਿਲਾਵਾਂ ਦੀ ਇੱਜ਼ਤ ਨਾਲ ਖਿਲਵਾੜ ਕਰਨ ਦੀਆਂ ਵੀਡਿਓਜ਼ ਨੇ ਕਰਨਾਟਕ ਵਿਚ ਤੂਫਾਨ ਮਚਾ ਦਿੱਤਾ ਹੈ। ਰੇਵੰਨਾ ਨੇ ਸ਼ਿਕਾਇਤ ਕੀਤੀ ਹੈ ਕਿ ਛੇੜਛਾੜ ਕਰਕੇ ਉਸ ਖਿਲਾਫ ਅਸ਼ਲੀਲ ਵੀਡਿਓ ਸਰਕੂਲੇਟ ਕੀਤੀਆਂ ਗਈਆਂ ਹਨ। ਇਹ ਵੀ ਰਿਪੋਟਰਾਂ ਹਨ ਕਿ ਰੇਵੰਨਾ ਜਰਮਨੀ ਭੱਜ ਗਿਆ ਹੈ। ਰੇਵੰਨਾ ਸਾਬਕਾ ਪ੍ਰਧਾਨ ਮੰਤਰੀ ਐੱਚ ਡੀ ਦੇਵਗੌੜਾ ਦਾ ਪੋਤਾ ਹੈ ਤੇ ਉਸ ਨੂੰ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੇ ਹਸਨ ਲੋਕ ਸਭਾ ਹਲਕੇ ਤੋਂ ਉਮੀਦਵਾਰ ਬਣਾਇਆ, ਜਿੱਥੋਂ ਕਿ ਉਹ ਪਹਿਲਾਂ ਹੀ ਸੰਸਦ ਮੈਂਬਰ ਹੈ।

ਕਾਂਗਰਸ ਨੇ ਕਿਹਾ ਹੈ ਕਿ ਅਸ਼ਲੀਲ ਵੀਡਿਓਜ਼ ਨਾਲ ਭਰੀ ਪੈੱਨਡ੍ਰਾਈਵ ਤੋਂ ਪਤਾ ਲੱਗਦਾ ਹੈ ਕਿ ਰੇਵੰਨਾ ਨੇ ਹਜ਼ਾਰਾਂ ਮਹਿਲਾਵਾਂ ਦਾ ਜਿਨਸੀ ਸ਼ੋਸ਼ਣ ਕੀਤਾ ਤੇ ਉਨ੍ਹਾਂ ਦੀਆਂ ਵੀਡਿਓ ਬਣਾਈਆਂ। ਇਸ ਦੇ ਬਾਵਜੂਦ ਸੱਤਾ ਦੇ ਲਾਲਚ ਵਿਚ ਡੁੱਬ ਚੁੱਕੀ ਭਾਜਪਾ ਨੇ ਅੱਖਾਂ ਮੀਟ ਕੇ ਉਸ ਨੂੰ ਉਮੀਦਵਾਰ ਬਣਾਇਆ। ਅੱਜ ਇਕ ਵਾਰ ਫਿਰ ਮਹਿਲਾ ਸਨਮਾਨ ਦਾ ਢੌਂਗ ਕਰਨ ਵਾਲੇ ਨਰਿੰਦਰ ਮੋਦੀ ਤੇ ਭਾਜਪਾ ਦੀ ਸੱਚਾਈ ਦੇਸ਼ ਸਾਹਮਣੇ ਆ ਚੁੱਕੀ ਹੈ। ਸੂਬਾਈ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨਾਗਲਕਸ਼ਮੀ ਚੌਧਰੀ ਨੇ ਮੁੱਖ ਮੰਤਰੀ ਸਿੱਧਾਰਮਈਆ ਤੇ ਡੀ ਜੀ ਪੀ ਨੂੰ ਰੇਵੰਨਾ ਖਿਲਾਫ ਦੋਸ਼ਾਂ ਬਾਰੇ ਲਿਖਿਆ ਸੀ। 'ਕਰਨਾਟਕ ਮਹਿਲਾ ਦੁਰਜਨਯਾ ਵਿਰੋਧੀ ਵੇਦੀਕੇ' ਨੇ ਮਹਿਲਾ ਕਮਿਸ਼ਨ ਕੋਲ ਇਸ ਬਾਰੇ ਸ਼ਿਕਾਇਤ ਕੀਤੀ ਸੀ। ਉਸ ਨੇ ਕਿਹਾ ਸੀ ਕਿ ਰੇਵੰਨਾ ਅਨੇਕਾਂ ਮਹਿਲਾਵਾਂ ਨਾਲ ਨਜ਼ਰ ਆ ਰਿਹਾ ਹੈ। ਮਹਿਲਾ ਕਮਿਸ਼ਨ ਦੀ ਚਿੱਠੀ ਦਾ ਨੋਟਿਸ ਲੈ ਕੇ ਸਰਕਾਰ ਨੇ ਕਥਿਤ ਸੈਕਸ ਸਕੈਂਡਲ ਦੀ ਜਾਂਚ ਲਈ ਵਿਸ਼ੇਸ਼ ਟੀਮ ਬਣਾ ਦਿੱਤੀ ਹੈ। ਇਸ ਸੰਬੰਧੀ ਹੋਲੇਨਰਸੀਪੁਰ ਥਾਣੇ 'ਚ ਤਾਜ਼ੀਰਾਤੇ ਹਿੰਦ ਦੀ ਦਫਾ 354-ਏ ਤਹਿਤ ਕੇਸ ਵੀ ਦਰਜ ਕੀਤਾ ਗਿਆ ਹੈ।

## 600 ਕਰੋੜ ਦੀ ਡਰੱਗਜ਼ ਸਣੇ 14 ਪਾਕਿਸਤਾਨੀ ਫੜੇ




**ਨਵੀਂ ਦਿੱਲੀ** : ਸੁਰੱਖਿਆ ਬਲਾਂ ਨੇ ਗੁਜਰਾਤ ਦੀ ਕੌਮਾਂਤਰੀ ਜਲ ਸੀਮਾ ਨੇੜੇ ਇਕ ਕਿਸ਼ਤੀ 'ਚੋਂ 600 ਕਰੋੜ ਦੀ 86 ਕਿੱਲੋ ਡਰੱਗਜ਼ ਸਣੇ 14 ਪਾਕਿਸਤਾਨੀਆਂ ਨੂੰ ਫੜਿਆ ਹੈ। ਮਾਰਚ ਵਿਚ ਵੀ ਡਰੱਗਜ਼ ਦੇ 60 ਪੈਕੇਟਾਂ ਨਾਲ 6 ਪਾਕਿਸਤਾਨੀ ਫੜੇ ਗਏ ਸਨ।

### ਆਪ ਦੇ ਚੋਣ ਗੀਤ 'ਤੇ ਰੋਕ

**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਆਮ ਆਦਮੀ ਪਾਰਟੀ ਨੂੰ ਆਪਣੇ ਚੋਣ ਗੀਤ ਨੂੰ ਸੋਧਣ ਲਈ ਕਿਹਾ ਹੈ, ਕਿਉਂਕਿ ਇਹ ਨਿਆਂ ਪਾਲਿਕਾ ਦੇ ਅਕਸ 'ਤੇ ਸੱਟ ਮਾਰਦਾ ਹੈ। ਆਪ ਆਗੂ ਆਤਿਸ਼ੀ ਨੇ ਕਿਹਾ ਕਿ ਚੋਣ ਕਮਿਸ਼ਨ ਨੇ ਪਾਰਟੀ ਦੇ ਲੋਕ ਸਭਾ ਚੋਣ ਪ੍ਰਚਾਰ ਗੀਤ 'ਜੇਲ੍ਹ ਕੇ ਜਵਾਬ ਮੇਂ ਹਮ ਵੋਟ ਦੇਂਗੇ' ਉੱਤੇ ਇਹ ਕਹਿੰਦੇ ਹੋਏ ਰੋਕ ਲਗਾ ਦਿੱਤੀ ਹੈ ਕਿ ਇਹ ਸੱਤਾਧਾਰੀ ਪਾਰਟੀ ਭਾਜਪਾ ਅਤੇ ਕੇਂਦਰੀ ਜਾਂਚ ਏਜੰਸੀਆਂ ਦਾ ਅਕਸ ਖਰਾਬ ਕਰਦਾ ਹੈ। ਆਤਿਸ਼ੀ ਨੇ ਇਕ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਇਸ ਗੀਤ 'ਚ ਭਾਜਪਾ ਦਾ ਜ਼ਿਕਰ ਨਹੀਂ ਹੈ ਤੇ ਨਾ ਹੀ ਇਹ ਚੋਣ ਜ਼ਾਬਤੇ ਦੀ ਉਲੰਘਣਾ ਕਰਦਾ ਹੈ।

### ਮਾਨ ਭਲਕੇ ਕੇਜਰੀਵਾਲ ਨੂੰ ਮਿਲਣਗੇ

**ਨਵੀਂ ਦਿੱਲੀ** : ਮੁੱਖ ਮੰਤਰੀ ਭਗਵੰਤ ਮਾਨ ਤਿਹਾੜ ਜੇਲ੍ਹ 'ਚ ਦੂਜੀ ਵਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ 30 ਅਪ੍ਰੈਲ ਨੂੰ ਮੁਲਾਕਾਤ ਕਰਨਗੇ। ਪਹਿਲਾਂ ਦੋਵੇਂ ਨੇਤਾ 15 ਅਪ੍ਰੈਲ ਨੂੰ ਮਿਲੇ ਸਨ।

### ਖਡੂਰ ਸਾਹਿਬ ਤੋਂ ਵਲਟੋਹਾ



**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਨੇ ਐਤਵਾਰ ਪਾਰਟੀ ਦੇ ਕੋਰ ਕਮੇਟੀ ਮੈਂਬਰ ਵਿਰਸਾ ਸਿੰਘ ਵਲਟੋਹਾ ਨੂੰ ਲੋਕ ਸਭਾ ਚੋਣਾਂ ਲਈ ਖਡੂਰ ਸਾਹਿਬ ਸੰਸਦੀ ਹਲਕੇ ਤੋਂ ਆਪਣਾ ਉਮੀਦਵਾਰ ਐਲਾਨਿਆ। ਇਸ ਦੇ ਨਾਲ ਪਾਰਟੀ ਨੇ ਪੰਜਾਬ ਦੀਆਂ ਸਾਰੀਆਂ 13 ਲੋਕ ਸਭਾ ਸੀਟਾਂ ਤੇ ਚੰਡੀਗੜ੍ਹ ਦੀ ਸੀਟ ਤੋਂ ਆਪਣੇ ਉਮੀਦਵਾਰ ਐਲਾਨ ਦਿੱਤੇ ਹਨ।

### ਦਵਿੰਦਰ ਸਿੰਘ ਰਾਮਗੜ੍ਹੀਆ ਲੁਧਿਆਣਾ ਤੋਂ ਉਮੀਦਵਾਰ



**ਚੰਡੀਗੜ੍ਹ** : ਬਸਪਾ ਨੇ ਲੋਕ ਸਭਾ ਹਲਕਾ ਲੁਧਿਆਣਾ ਤੋਂ ਦਵਿੰਦਰ ਸਿੰਘ ਰਾਮਗੜ੍ਹੀਆ ਨੂੰ ਉਮੀਦਵਾਰ ਐਲਾਨਿਆ ਹੈ। ਉਹ ਆਲ ਇੰਡੀਆ ਵਿਸ਼ਵਕਰਮਾ ਫਾਊਂਡੇਸ਼ਨ ਪੰਜਾਬ ਦੇ ਪ੍ਰਧਾਨ ਅਤੇ ਰਾਮਗੜ੍ਹੀਆ ਬੋਰਡ ਪੰਜਾਬ ਦੇ ਪ੍ਰਧਾਨ ਹਨ। ਪਾਰਟੀ ਹੁਣ ਤੱਕ 10 ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਹੈ।

### ਮਸਕ ਅਚਾਨਕ ਚੀਨ 'ਚ



**ਸ਼ੰਘਾਈ** : ਟੈਸਲਾ ਦੇ ਸੀ ਈ ਓ ਐਲਨ ਮਸਕ ਐਤਵਾਰ ਅਚਾਨਕ ਚੀਨ ਪੁੱਜੇ। ਇਲੈਕਟ੍ਰਿਕ ਵਾਹਨਾਂ ਦੇ ਮਾਮਲੇ 'ਚ ਚੀਨ ਦੂਜਾ ਸਭ ਤੋਂ ਵੱਡਾ ਬਾਜ਼ਾਰ ਹੈ। ਮਸਕ ਭਾਰਤ ਦੌਰਾ ਮੁਲਤਵੀ ਕਰਨ ਦਾ ਐਲਾਨ ਕਰਨ ਤੋਂ ਇੱਕ ਹਫਤੇ ਬਾਅਦ ਚੀਨ ਪੁੱਜੇ ਹਨ। ਭਾਰਤ 'ਚ ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਣਾ ਸੀ ਅਤੇ ਭਾਰਤੀ ਬਾਜ਼ਾਰ 'ਚ ਦਾਖਲ ਹੋਣ ਦੀਆਂ ਯੋਜਨਾਵਾਂ ਦਾ ਐਲਾਨ ਕਰਨਾ ਸੀ।

### ਚੀਨ ਨਾਲ ਗੱਲਬਾਤ ਚੰਗੇ ਮਾਹੌਲ 'ਚ ਹੋ ਰਹੀ : ਰਾਜਨਾਥ

**ਅਹਿਮਦਾਬਾਦ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਐਤਵਾਰ ਕਿਹਾ ਕਿ ਭਾਰਤ ਤੇ ਚੀਨ ਵਿਚਾਲੇ ਗੱਲਬਾਤ ਸੁਚਾਰੂ ਢੰਗ ਨਾਲ ਅਤੇ ਚੰਗੇ ਮਾਹੌਲ 'ਚ ਚੱਲ ਰਹੀ ਹੈ ਅਤੇ ਭਾਰਤ ਕਦੇ ਨਹੀਂ ਝੁਕੇਗਾ। ਭਾਜਪਾ ਉਮੀਦਵਾਰਾਂ ਦੇ ਹੱਕ 'ਚ ਪ੍ਰਚਾਰ ਕਰਨ ਲਈ ਇੱਥੇ ਪੁੱਜੇ ਰਾਜਨਾਥ ਸਿੰਘ ਨੇ ਕਿਹਾ ਕਿ ਭਾਰਤ ਫੌਜੀ ਨਜ਼ਰੀਏ ਤੋਂ ਇਕ ਸ਼ਕਤੀਸ਼ਾਲੀ ਦੇਸ਼ ਬਣ ਗਿਆ ਹੈ ਅਤੇ ਆਪਣੇ ਗੁਆਂਢੀਆਂ ਨਾਲ ਚੰਗੇ ਸੰਬੰਧ ਬਣਾ ਕੇ ਰੱਖਣਾ ਚਾਹੁੰਦਾ ਹੈ।

### ਸਰਬਜੀਤ ਪੰਧੇਰ ਨਹੀਂ ਰਹੇ



**ਚੰਡੀਗੜ੍ਹ** : ਸੀਨੀਅਰ ਪੱਤਰਕਾਰ ਸਰਬਜੀਤ ਪੰਧੇਰ ਦਾ ਐਤਵਾਰ ਦੇਹਾਂਤ ਹੋ ਗਿਆ। ਪੰਧੇਰ ਪਿਛਲੇ ਛੇ-ਸੱਤ ਮਹੀਨਿਆਂ ਤੋਂ ਗੰਭੀਰ ਬਿਮਾਰੀ ਨਾਲ ਪੀੜਤ ਸਨ। ਉਹ ਲੰਮਾ ਸਮਾਂ ਅੰਗਰੇਜ਼ੀ ਪੱਤਰਕਾਰੀ ਨਾਲ ਜੁੜੇ ਰਹੇ ਅਤੇ ਉਨ੍ਹਾ ਨੂੰ ਫੋਟੋਗ੍ਰਾਫੀ ਦਾ ਵੀ ਸ਼ੌਕ ਸੀ। ਪੰਧੇਰ ਚੰਡੀਗੜ੍ਹ ਪ੍ਰੈੱਸ ਕਲੱਬ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ। ਉਹ ਬੇਬਾਕ ਤੇ ਨਿਰਧੜਕ ਪੱਤਰਕਾਰ ਵਜੋਂ ਜਾਣੇ ਜਾਂਦੇ ਸਨ।

### ਸਾਹਿਲ ਖਾਨ ਗ੍ਰਿਫਤਾਰ

**ਮੁੰਬਈ** : ਮੁੰਬਈ ਸਾਈਬਰ ਸੈੱਲ ਦੀ ਵਿਸ਼ੇਸ਼ ਜਾਂਚ ਟੀਮ ਨੇ ਮਹਾਂਦੇਵ ਸੱਟੇਬਾਜ਼ੀ ਐਪ ਮਾਮਲੇ 'ਚ ਅਦਾਕਾਰ ਸਾਹਿਲ ਖਾਨ ਨੂੰ ਛੱਤੀਸਗੜ੍ਹ ਤੋਂ ਹਿਰਾਸਤ 'ਚ ਲਿਆ ਹੈ। ਬੰਬੇ ਹਾਈ ਕੋਰਟ ਵੱਲੋਂ ਉਸ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕਰ ਦੇਣ ਮਗਰੋਂ ਉਸ ਨੂੰ ਸਨਿੱਚਰਵਾਰ ਛੱਤੀਸਗੜ੍ਹ ਦੇ ਜਗਦਲਪੁਰ ਤੋਂ ਗ੍ਰਿਫਤਾਰ ਕੀਤਾ ਗਿਆ। 'ਸਟਾਈਲ' ਅਤੇ 'ਐਕਸਕਿਊਜ਼ ਮੀ' ਵਰਗੀਆਂ ਫਿਲਮਾਂ 'ਚ ਕੰਮ ਕਰ ਚੁੱਕਾ ਸਾਹਿਲ ਖਾਨ ਇਕ ਫਿਟਨੈੱਸ ਮਾਹਰ ਹੈ। ਐੱਸ ਆਈ ਟੀ ਵਿਵਾਦਤ ਮਹਾਂਦੇਵ ਸੱਟੇਬਾਜ਼ੀ ਐਪ ਦੇ ਪ੍ਰਮੋਟਰਾਂ ਅਤੇ ਸੂਬੇ 'ਚ ਕੁਝ ਵਿੱਤੀ ਤੇ ਰੀਅਲ ਅਸਟੇਟ ਕੰਪਨੀਆਂ ਵਿਚਾਲੇ ਕਥਿਤ ਨਾਜਾਇਜ਼ ਲੈਣ-ਦੇਣ ਦੇ ਸੰਬੰਧ 'ਚ ਜਾਂਚ ਕਰ ਰਹੀ ਹੈ। ਪੁਲਸ ਵੱਲੋਂ ਇਸ ਮਾਮਲੇ 'ਚ ਦਰਜ ਐੱਫ ਆਈ ਆਰ ਮੁਤਾਬਕ ਇਹ ਘੁਟਾਲਾ ਕਰੀਬ 15,000 ਕਰੋੜ ਰੁਪਏ ਦਾ ਹੈ।

## ਲਵਲੀ ਦਾ ਦਿੱਲੀ ਕਾਂਗਰਸ ਦੀ ਪ੍ਰਧਾਨਗੀ ਤੋਂ ਅਸਤੀਫਾ, ਫਿਰ ਭਾਜਪਾ 'ਚ ਜਾਣ ਦੇ ਚਰਚੇ



**ਨਵੀਂ ਦਿੱਲੀ** : ਦਿੱਲੀ ਦੇ ਸਾਬਕਾ ਮੰਤਰੀ ਅਰਵਿੰਦਰ ਸਿੰਘ ਲਵਲੀ ਨੇ ਐਤਵਾਰ ਦਿੱਲੀ ਕਾਂਗਰਸ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਭੇਜੇ ਅਸਤੀਫੇ ਵਿਚ ਲਵਲੀ ਨੇ 'ਇੰਡੀਆ' ਗੱਠਜੋੜ ਦੀ ਭਾਈਵਾਲ ਆਮ ਆਦਮੀ ਪਾਰਟੀ ਨਾਲ ਗਠਜੋੜ ਦਾ ਵਿਰੋਧ ਕੀਤਾ। ਉਨ੍ਹਾ ਕਿਹਾ ਕਿ ਆਪ ਕਾਂਗਰਸ ਦਾ ਵਿਰੋਧ ਕਰਕੇ ਸੱਤਾ ਵਿਚ ਆਈ ਤੇ ਉਸ ਨਾਲ ਹੀ ਕਾਂਗਰਸ ਨੇ ਗੱਠਜੋੜ ਕਰ ਲਿਆ। ਕਾਂਗਰਸ ਨੇ ਕੌਮੀ ਰਾਜਧਾਨੀ ਦੀਆਂ ਤਿੰਨ ਸੀਟਾਂ ਲਈ ਉਮੀਦਵਾਰਾਂ ਨੂੰ ਚੋਣ ਮੈਦਾਨ 'ਚ ਉਤਾਰਿਆ ਹੈ। ਲਵਲੀ ਤੋਂ ਪਹਿਲਾਂ ਸਾਬਕਾ ਮੰਤਰੀ ਰਾਜਕੁਮਾਰ ਚੌਹਾਨ ਨੇ ਬੁੱਧਵਾਰ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਸੀ। ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਭੇਜੇ ਇਕ ਪੱਤਰ ਵਿੱਚ ਲਵਲੀ ਨੇ ਕਿਹਾ ਕਿ ਉਹ ਭਵਿੱਖ 'ਚ ਕਾਂਗਰਸ ਦੀ ਦਿੱਲੀ ਇਕਾਈ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਤੋਂ ਅਸਮਰੱਥ ਹਨ। ਉਨ੍ਹਾ ਪਿਛਲੇ ਸਾਲ ਅਗਸਤ 'ਚ ਦਿੱਲੀ ਕਾਂਗਰਸ ਪ੍ਰਧਾਨ ਦਾ ਅਹੁਦਾ ਸੰਭਾਲਿਆ ਸੀ।

ਇਸੇ ਦੌਰਾਨ ਕਾਂਗਰਸ ਦੇ ਸਾਬਕਾ ਵਿਧਾਇਕ ਆਸਿਫ ਮੁਹੰਮਦ ਖਾਨ ਨੇ ਕਿਹਾ ਹੈ ਕਿ ਭਾਜਪਾ ਲਵਲੀ ਨੂੰ ਹਰਸ਼ ਮਲਹੋਤਰਾ ਦੀ ਉਮੀਦਵਾਰੀ ਬਦਲ ਕੇ ਪੂਰਬੀ ਦਿੱਲੀ ਤੋਂ ਉਮੀਦਵਾਰ ਬਣਾਏਗੀ। (ਲਵਲੀ ਨੇ 2017 ਵਿਚ ਵੀ ਕਾਂਗਰਸ ਛੱਡੀ ਸੀ ਤੇ ਭਾਜਪਾ 'ਚ ਸ਼ਾਮਲ ਹੋ ਗਏ ਸਨ)। ਖਾਨ ਨੇ ਕਿਹਾ ਕਿ ਲਵਲੀ ਖੜਗੇ ਨੂੰ ਅਸਤੀਫਾ ਚੁੱਪਚਾਪ ਦੇ ਸਕਦੇ ਸਨ, ਪ੍ਰਚਾਰ ਕਰਨ ਦੀ ਕੀ ਲੋੜ ਸੀ। ਲਵਲੀ ਉੱਤਰ-ਪੂਰਬੀ ਦਿੱਲੀ ਤੋਂ ਕਾਂਗਰਸ ਉਮੀਦਵਾਰ ਕਨ੍ਹਈਆ ਕੁਮਾਰ ਵੱਲੋਂ ਮੁੱਖ ਮੰਤਰੀ ਕੇਜਰੀਵਾਲ ਦੀ ਸਿਫਤ ਕਰਨ ਤੋਂ ਔਖੇ ਸਨ। ਲਵਲੀ ਉੱਤਰ-ਪੱਛਮੀ ਦਿੱਲੀ ਤੋਂ ਉਦਿਤ ਰਾਜ ਨੂੰ ਵੀ ਕਾਂਗਰਸ ਉਮੀਦਵਾਰ ਬਣਾਉਣ ਦੇ ਵਿਰੁੱਧ ਸਨ। 2019 ਦੀਆਂ ਚੋਣਾਂ ਵਿਚ ਕਾਂਗਰਸ ਨੇ ਲਵਲੀ ਨੂੰ ਪੂਰਬੀ ਦਿੱਲੀ ਤੋਂ ਭਾਜਪਾ ਦੇ ਗੌਤਮ ਗੰਭੀਰ ਤੇ ਆਪ ਦੀ ਆਤਿਸ਼ੀ ਖਿਲਾਫ ਉਮੀਦਵਾਰ ਬਣਾਇਆ ਸੀ, ਪਰ ਚੋਣ ਹਾਰ ਗਏ ਸਨ। ਆਪ ਨਾਲ ਸਮਝੌਤੇ ਤਹਿਤ ਕਾਂਗਰਸ ਨੂੰ ਤਿੰਨ ਸੀਟਾਂ ਮਿਲੀਆਂ ਹਨ ਤੇ ਲਵਲੀ ਨੂੰ ਐਤਕੀਂ ਟਿਕਟ ਨਹੀਂ ਦਿੱਤੀ ਗਈ।

## ਗੁਜਰਾਤ ਤੇ ਰਾਜਸਥਾਨ 'ਚ 230 ਕਰੋੜ ਦੀ ਮੈਫੇਡਰੋਨ ਫੜੀ



**ਅਹਿਮਦਾਬਾਦ** : ਗੁਜਰਾਤ ਅਤੇ ਰਾਜਸਥਾਨ 'ਚ ਨਸ਼ੀਲੇ ਪਦਾਰਥ ਬਣਾਉਣ ਵਾਲੀਆਂ ਚਾਰ ਇਕਾਈਆਂ 'ਤੇ ਮਾਰੇ ਗਏ ਛਾਪਿਆਂ ਦੌਰਾਨ 230 ਕਰੋੜ ਰੁਪਏ ਕੀਮਤ ਦੀ ਮੈਫੇਡਰੋਨ ਜ਼ਬਤ ਕੀਤੀ ਗਈ ਹੈ। ਇਸ ਸੰਬੰਧ ਵਿੱਚ 13 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਕ ਅਧਿਕਾਰੀ ਨੇ ਦੱਸਿਆ ਕਿ ਖੁਫੀਆ ਜਾਣਕਾਰੀ ਮਿਲੀ ਸੀ ਕਿ ਅਹਿਮਦਾਬਾਦ ਨਿਵਾਸੀ ਮਨੋਹਰ ਲਾਲ ਐਨਾਨੀ ਅਤੇ ਰਾਜਸਥਾਨ ਦੇ ਕੁਲਦੀਪ ਸਿੰਘ ਰਾਜਪੁਰੋਹਿਤ ਨੇ ਮੈਫੇਡਰੋਨ ਬਣਾਉਣ ਵਾਲੀਆਂ ਇਕਾਈਆਂ ਸਥਾਪਤ ਕੀਤੀਆਂ ਹਨ, ਜਿਸ ਤੋਂ ਬਾਅਦ ਗੁਜਰਾਤ ਅੱਤਵਾਦ ਵਿਰੋਧੀ ਦਸਤੇ (ਏ ਟੀ ਐੱਸ) ਅਤੇ ਨਾਰਕੋਟਿਕ ਕੰਟਰੋਲ ਬਿਊਰੋ ਨੇ ਸਾਂਝੇ ਤੌਰ 'ਤੇ ਸ਼ੁੱਕਰਵਾਰ ਨੂੰ ਛਾਪੇ ਮਾਰੇ। ਐਨਾਨੀ ਅਤੇ ਰਾਜਪੁਰੋਹਿਤ ਦੇ ਨਾਲ-ਨਾਲ ਉਨ੍ਹਾਂ ਦੇ ਸਹਿਯੋਗੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਗਈ, ਜਿਸ ਮਗਰੋਂ ਰਾਜਸਥਾਨ ਦੇ ਸਿਰੋਹੀ ਅਤੇ ਜੋਧਪੁਰ 'ਚ ਸਥਿਤ ਇਕਾਈਆਂ ਅਤੇ ਗੁਜਰਾਤ 'ਚ ਗਾਂਧੀਨਗਰ ਦੇ ਪਿਪਲਾਜ਼ ਪਿੰਡ ਅਤੇ ਅਮਰੇਲੀ ਜ਼ਿਲ੍ਹੇ ਦੇ ਭਕਤੀਨਗਰ ਉਦਯੋਗਿਕ ਖੇਤਰ 'ਚ ਛਾਪੇ ਮਾਰੇ ਗਏ। ਏ ਟੀ ਐੱਸ ਨੇ 22.028 ਕਿੱਲੋ (ਠੋਸ) ਮੈਫੇਡਰੋਨ ਅਤੇ 124 ਕਿੱਲੋ ਤਰਲ ਮੈਫੇਡਰੋਨ ਬਰਾਮਦ ਕੀਤੀ, ਜਿਸ ਦੀ ਕੁੱਲ ਕੀਮਤ 230 ਕਰੋੜ ਰੁਪਏ ਹੈ।

### ਜੇਲ੍ਹ ਸੁਪਰਡੈਂਟ 'ਤੇ ਕੁਰਸੀ ਨਾਲ ਹਮਲਾ

**ਗੁਰਦਾਸਪੁਰ** : ਫਰੀਦਕੋਟ ਜੇਲ੍ਹ ਤੋਂ ਗੁਰਦਾਸਪੁਰ ਕੇਂਦਰੀ ਜੇਲ੍ਹ 'ਚ ਬਦਲੇ ਹਵਾਲਾਤੀ ਨੂੰ ਜਦੋਂ ਗਾਰਦ ਵੱਲੋਂ ਜੇਲ੍ਹ ਸੁਪਰਡੈਂਟ ਦੇ ਦਫਤਰ 'ਚ ਪੇਸ਼ ਕੀਤਾ ਗਿਆ ਤਾਂ ਉਸ ਨੇ ਆਉਂਦੇ ਹੀ ਕੁਰਸੀ ਚੁੱਕ ਕੇ ਸੁਪਰਡੈਂਟ 'ਤੇ ਹਮਲਾ ਕਰ ਦਿੱਤਾ। ਸੁਪਰਡੈਂਟ ਨੇ ਇਕ ਪਾਸੇ ਹੋ ਕੇ ਆਪਣਾ ਬਚਾਅ ਕਰ ਲਿਆ। ਇਸ ਤੋਂ ਬਾਅਦ ਵੀ ਹਵਾਲਾਤੀ ਨਹੀਂ ਰੁਕਿਆ ਅਤੇ ਉਸ ਨੇ ਜੇਲ੍ਹ ਅਧਿਕਾਰੀ ਦੇ ਮੇਜ਼ 'ਤੇ ਪਏ ਪੈੱਨ ਚੁੱਕ ਕੇ ਹਥਿਆਰ ਦੀ ਤਰ੍ਹਾਂ ਇਸਤੇਮਾਲ ਕਰਦੇ ਹੋਏ ਸੁਪਰਡੈਂਟ 'ਤੇ ਮੁੜ ਹਮਲਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਜੇਲ੍ਹ ਦੀ ਗਾਰਦ ਦੇ ਸਹਿਯੋਗ ਨਾਲ ਇਸ ਹਮਲੇ ਨੂੰ ਨਾਕਾਮ ਕਰ ਦਿੱਤਾ ਗਿਆ। ਥਾਣਾ ਸਿਟੀ ਦੀ ਪੁਲਸ ਨੇ ਜੇਲ੍ਹ ਸੁਪਰਡੈਂਟ ਨਵਿੰਦਰ ਸਿੰਘ ਦੀ ਸ਼ਿਕਾਇਤ 'ਤੇ ਹਵਾਲਾਤੀ ਸੰਜੇ ਕੁਮਾਰ ਉਰਫ ਸਾਜਨ ਖਿਲਾਫ ਇੱਕ ਹੋਰ ਕੇਸ ਦਰਜ ਕਰ ਲਿਆ ਹੈ।

## ਅਸੀਂ ਤੈਅ ਕਰਾਂਗੇ ਕਿ ਦੇਸ਼ 'ਚ ਕਿਸ ਤਰ੍ਹਾਂ ਦੀ ਸਰਕਾਰ ਬਣੇਗੀ : ਮਾਨ




**ਬਰਨਾਲਾ** : ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਸੰਗਰੂਰ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਲਈ ਚੋਣ ਪ੍ਰਚਾਰ ਕੀਤਾ। ਮਾਨ ਨੇ ਬਰਨਾਲਾ ਵਿੱਚ ਇੱਕ ਵਿਸ਼ਾਲ ਜਨ ਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਗਰੂਰ ਆਮ ਆਦਮੀ ਪਾਰਟੀ ਦੀ ਰਾਜਧਾਨੀ ਹੈ ਅਤੇ ਹਮੇਸ਼ਾ ਰਹੇਗੀ, ਇਸ ਵਿੱਚ ਕੋਈ ਸ਼ੱਕ ਨਹੀਂ।

ਮਾਨ ਨੇ ਅਕਾਲੀ ਦਲ, ਭਾਜਪਾ ਅਤੇ ਕਾਂਗਰਸ 'ਤੇ ਵੀ ਹਮਲਾ ਬੋਲਿਆ। ਉਨ੍ਹਾ ਕਿਹਾ ਕਿ ਤਿੰਨੇ ਪਾਰਟੀਆਂ ਲੋਕ ਸਭਾ ਲਈ 13 ਉਮੀਦਵਾਰ ਵੀ ਨਹੀਂ ਲੱਭ ਸਕੀਆਂ। ਉਨ੍ਹਾਂ ਦੇ ਆਗੂ ਚੋਣ ਲੜਨ ਤੋਂ ਇਨਕਾਰ ਕਰ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਉਨ੍ਹਾਂ ਦੀ ਹਾਰ ਪੱਕੀ ਹੈ ਅਤੇ ਉਨ੍ਹਾਂ ਦੀ ਮੌਜੂਦਾ ਹਾਲਾਤ ਉਨ੍ਹਾਂ ਦੀਆਂ ਕਰਤੂਤਾਂ ਕਾਰਨ ਹੀ ਪੈਦਾ ਹੋਈ ਹੈ।

ਉਨ੍ਹਾ ਕਿਹਾ ਕਿ ਪਿਛਲੇ ਦੋ ਗੇੜ 'ਚ ਦੇਸ਼ 'ਚ ਕਰੀਬ 190 ਸੀਟਾਂ 'ਤੇ ਚੋਣਾਂ ਹੋਈਆਂ ਹਨ। ਰਿਪੋਰਟ ਮੁਤਾਬਕ ਇੰਡੀਆ ਅਲਾਇੰਸ ਨੂੰ ਕਰੀਬ 120 ਤੋਂ 125 ਸੀਟਾਂ ਮਿਲ ਰਹੀਆਂ ਹਨ। ਇਸ ਵਾਰ ਭਾਰਤ ਵਿੱਚ ਗੱਠਜੋੜ ਦੀ ਸਰਕਾਰ ਬਣਨੀ ਤੈਅ ਹੈ। ਆਮ ਆਦਮੀ ਪਾਰਟੀ ਇਸ ਸਰਕਾਰ ਵਿੱਚ ਭਾਈਵਾਲ ਹੋਵੇਗੀ। ਅਗਲੀ ਸਰਕਾਰ ਆਮ ਆਦਮੀ ਪਾਰਟੀ ਦੇ ਸਮਰਥਨ ਤੋਂ ਬਿਨਾਂ ਨਹੀਂ ਬਣ ਸਕਦੀ। ਅਸੀਂ ਤੈਅ ਕਰਾਂਗੇ ਕਿ ਦੇਸ਼ ਦੀ ਸਰਕਾਰ ਕਿਹੋ ਜਿਹੀ ਹੋਵੇਗੀ, ਫਿਰ ਅਸੀਂ ਪੰਜਾਬ ਨੂੰ ਦੇਸ਼ ਦਾ ਨੰਬਰ-1 ਸੂਬਾ ਬਣਾਵਾਂਗੇ।

ਉਨ੍ਹਾ ਆਪਣੇ ਕੰਮਾਂ ਦੀ ਗਿਣਤੀ ਕਰਦਿਆਂ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਅਸੀਂ ਪੰਜਾਬ ਵਿੱਚ ਬਹੁਤ ਸਾਰੇ ਇਤਿਹਾਸਕ ਕੰਮ ਕੀਤੇ ਹਨ। ਅਸੀਂ ਪੰਜਾਬ ਦੇ 90 ਫੀਸਦੀ ਲੋਕਾਂ ਨੂੰ ਮੁਫਤ ਬਿਜਲੀ ਦਿੱਤੀ ਹੈ। ਹੁਣ ਤੱਕ ਅਸੀਂ 14 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਕਾਰਨ ਲੋਕਾਂ ਦੀ ਆਰਥਕ ਬੱਚਤ ਹੋ ਰਹੀ ਹੈ। ਪਿਛਲੀ ਸਰਕਾਰ ਪੈਸੇ ਲੈ ਕੇ ਟੋਲ ਪਲਾਜ਼ਾ ਦੀ ਮਿਆਦ ਵਧਾ ਦਿੰਦੀ ਸੀ।ਮੀਤ ਹੇਅਰ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੇਂਦਰੀ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੇਰੇ ਲਈ ਬਹੁਤ ਹੀ ਖ਼ੁਸ਼ਕਿਸਮਤੀ ਵਾਲੀ ਗੱਲ ਹੈ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਅਹਿਮ ਸੀਟ ਸੰਗਰੂਰ ਲਈ ਪਾਰਟੀ ਨੇ ਮੇਰੇ 'ਤੇ ਭਰੋਸਾ ਕੀਤਾ ਹੈ।

● ਬਾਕੀ ਸਫ਼ਾ 2 'ਤੇ

### ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਵਟਸਐਪ ਚੈਨਲ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਇੱਕ ਨਿਵੇਕਲੇ ਉਪਰਾਲੇ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਨੇ ਇੱਕ ਸਮਰਪਤ ਵਟਸਐਪ ਚੈਨਲ 'ਮੁੱਖ ਚੋਣ ਅਧਿਕਾਰੀ, ਪੰਜਾਬ' ਦੀ ਸ਼ੁਰੂਆਤ ਕੀਤੀ ਹੈ।ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਵਟਸਐਪ ਚੈਨਲ ਦਾ ਉਦੇਸ਼ ਚੋਣਾਂ ਸੰਬੰਧੀ ਆਮ ਜਨਤਾ ਅਤੇ ਚੋਣ ਅਮਲ ਦੇ ਭਾਗੀਦਾਰਾਂ ਲਈ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਸਾਰਿਤ ਕਰਨਾ ਹੈ, ਜਿਸ ਵਿੱਚ ਚੋਣ ਪ੍ਰਕਿਰਿਆਵਾਂ, ਸਵੀਪ (ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਅਤੇ ਇਲੈਕਟੋਰਲ ਪਾਰਟੀਸੀਪੇਸ਼ਨ) ਗਤੀਵਿਧੀਆਂ, ਮਹੱਤਵਪੂਰਨ ਤਰੀਕਾਂ, ਵੱਖ-ਵੱਖ ਅੰਕੜੇ ਅਤੇ ਲੋਕ ਸਭਾ ਚੋਣਾਂ-2024 ਨਾਲ ਸਬੰਧਤ ਹੋਰ ਬਹੁਤ ਸਾਰੀਆਂ ਜਾਣਕਾਰੀਆਂ ਸ਼ਾਮਲ ਹਨ। ਇਸ ਤੋਂ ਇਲਾਵਾ ਇਹ ਚੈਨਲ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ ਕੀਤੀਆਂ ਮਹੱਤਵਪੂਰਨ ਪਹਿਲਕਦਮੀਆਂ ਨੂੰ ਵੀ ਵੋਟਰਾਂ ਤੱਕ ਪੁੱਜਦਾ ਕਰੇਗਾ।ਸਿਬਿਨ ਸੀ ਨੇ ਦੱਸਿਆ ਕਿ ਜਾਣਕਾਰੀ ਅਤੇ ਹੋਰ ਗਤੀਵਿਧੀਆਂ ਦਾ ਪ੍ਰਸਾਰ ਕਰਨ ਅਤੇ ਵੋਟਰਾਂ ਦੇ ਸਵਾਲਾਂ ਦਾ ਜਵਾਬ ਦੇਣ ਲਈ ਇਸ ਤੋਂ ਪਹਿਲਾਂ ਨਿਯਮਤ ਪੋਡਕਾਸਟ ਸ਼ੁਰੂ ਕੀਤਾ ਗਿਆ ਹੈ ਅਤੇ

● ਬਾਕੀ ਸਫ਼ਾ 2 'ਤੇ

### ਸੰਘ ਉਤਰਿਆ ਭਾਜਪਾ ਦੀ ਹਮਾਇਤ 'ਚ

**ਹੈਦਰਾਬਾਦ** : ਜ਼ਬਰਦਸਤ ਬਹੁਮਤ ਲੈ ਕੇ ਭਾਜਪਾ ਵੱਲੋਂ ਸੰਵਿਧਾਨ ਬਦਲਣ ਤੇ ਰਿਜ਼ਰਵੇਸ਼ਨ ਖਤਮ ਕਰਨ ਦੀ ਦੇਸ਼ ਭਰ ਵਿਚ ਚੱਲ ਰਹੀ ਚਰਚਾ ਨਾਲ ਉਸ ਨੂੰ ਹੋ ਰਹੇ ਨੁਕਸਾਨ ਦੇ ਪਿਛੋਕੜ ਵਿਚ ਆਰ ਐੱਸ ਐੱਸ ਦੇ ਮੁਖੀ ਮੋਹਨ ਭਾਗਵਤ ਨੇ ਐਤਵਾਰ ਕਿਹਾ ਕਿ ਸੰਘ ਪਰਵਾਰ ਨੇ ਕੁਝ ਸਮੂਹਾਂ ਨੂੰ ਰਿਜ਼ਰਵੇਸ਼ਨ ਦੇਣ ਦਾ ਕਦੇ ਵਿਰੋਧ ਨਹੀਂ ਕੀਤਾ। ਵਿਦਿਅਕ ਸੰਸਥਾ 'ਚ ਇਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਭਾਗਵਤ ਨੇ ਕਿਹਾ ਕਿ ਸੰਘ ਦਾ ਮੰਨਣਾ ਹੈ ਕਿ ਰਿਜ਼ਰਵੇਸ਼ਨ ਉਦੋਂ ਤੱਕ ਦਿੱਤੀ ਜਾਣੀ ਚਾਹੀਦੀ ਹੈ, ਜਦੋਂ ਤੱਕ ਇਸ ਦੀ ਲੋੜ ਹੈ। ਭਾਗਵਤ ਨੇ ਪਿਛਲੇ ਸਾਲ ਨਾਗਪੁਰ 'ਚ ਕਿਹਾ ਸੀ ਕਿ ਜਦੋਂ ਤੱਕ ਸਮਾਜ 'ਚ ਭੇਦਭਾਵ ਹੈ, ਉਦੋਂ ਤੱਕ ਰਿਜ਼ਰਵੇਸ਼ਨ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾ ਕਿਹਾ ਸੀ ਕਿ ਭੇਦਭਾਵ ਸਮਾਜ 'ਚ ਹੈ, ਭਾਵੇਂ ਕਿ ਇਹ ਦਿਖਾਈ ਨਾ ਦਿੰਦਾ ਹੋਵੇ।

## ਘਰੇਲੂ ਹਿੰਸਾ ਖਿਲਾਫ ਆਸਟਰੇਲੀਆ ਦੇ ਕਈ ਸ਼ਹਿਰਾਂ 'ਚ ਜ਼ੋਰਦਾਰ ਮੁਜ਼ਾਹਰੇ




**ਮੈਲਬਰਨ** : ਆਸਟਰੇਲੀਆ ਦੇ ਕਈ ਸ਼ਹਿਰਾਂ ਤੇ ਕਸਬਿਆਂ 'ਚ ਬੀਬੀਆਂ ਨੇ ਘਰੇਲੂ ਹਿੰਸਾ ਵਿਰੁੱਧ ਮੁਜ਼ਾਹਰੇ ਕੀਤੇ। ਮੁੱਖ ਸ਼ਹਿਰਾਂ 'ਚ ਵੱਡੇ ਇਕੱਠ ਹੋਏ ਅਤੇ ਰਾਜਧਾਨੀ ਕੈਨਬਰਾ 'ਚ ਮੁਜ਼ਾਹਰੇ ਨੂੰ ਸ਼ੁਰੂਆਤੀ ਵਿਰੋਧ ਮਗਰੋਂ ਪ੍ਰਧਾਨ ਮੰਤਰੀ ਐਂਥਨੀ ਐਲਬਨੀਜ਼ ਨੇ ਵੀ ਸੰਬੋਧਨ ਕੀਤਾ। ਦੇਸ਼ 'ਚ ਸਿਰਫ ਇਸ ਸਾਲ ਦੌਰਾਨ ਔਸਤ ਚਾਰ ਦਿਨਾਂ ਪਿੱਛੋਂ ਇੱਕ ਔਰਤ ਦਾ ਕਤਲ ਹੋਇਆ ਹੈ। ਔਰਤਾਂ ਵਿਰੁੱਧ ਹਿੰਸਾ ਨੂੰ ਤੁਰੰਤ ਰੋਕੇ ਜਾਣ ਲਈ ਮੁਜ਼ਾਹਰਾਕਾਰੀਆਂ ਨੇ ਦੇਸ਼ ਭਰ 'ਚ ਰੱਖੀ ਸਾਂਝੀ ਮੰਗ ਦੌਰਾਨ ਹਿੰਸਾ ਦੀ ਇਸ ਸਥਿਤੀ ਨੂੰ ਕੌਮੀ ਆਫਤ ਐਲਾਨਣ ਦੀ ਮੰਗ ਰੱਖੀ, ਜਿਸ ਬਾਰੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਨੈਸ਼ਨਲ ਐਮਰਜੈਂਸੀ ਕੁਦਰਤੀ ਆਫਤਾਂ ਮੌਕੇ ਫੌਰੀ ਰਾਹਤ ਦੇਣ ਲਈ ਐਲਾਨੀ ਜਾਂਦੀ ਹੈ ਜਦਕਿ ਔਰਤਾਂ ਵਿਰੁੱਧ ਹਿੰਸਾ ਨੂੰ ਰੋਕਣ ਲਈ ਸਮੇਂ-ਸਮੇਂ 'ਤੇ ਲਗਾਤਾਰ ਕਾਰਗਰ ਕੰਮ ਕਰਨ ਦੀ ਲੋੜ ਹੈ। ਇਹ ਇੱਕ ਕੌਮੀ ਸੰਕਟ ਹੈ। ਉਨ੍ਹਾ ਕਿਹਾ ਕਿ ਇਸ 'ਚ ਕੋਈ ਦੋ-ਰਾਇ ਨਹੀਂ ਕਿ ਸਰਕਾਰਾਂ ਨੂੰ ਹਰ ਪੱਧਰ 'ਤੇ ਠੋਸ ਕੰਮ ਕਰਨ ਦੀ ਲੋੜ ਹੈ ਅਤੇ ਘਰੇਲੂ ਹਿੰਸਾ 'ਚ ਸਿਰਫ ਔਰਤਾਂ ਨਹੀਂ, ਸਗੋਂ ਮਰਦਾਂ ਨੂੰ ਆਪਣੇ ਵਰਤਾਅ 'ਚ ਬਦਲਾਅ ਲਿਆਉਣ ਦੀ ਵੀ ਲੋੜ ਹੈ। ਬੁੱਧਵਾਰ ਪ੍ਰਧਾਨ ਮੰਤਰੀ ਨੇ ਕੈਬਨਿਟ ਮੀਟਿੰਗ ਸੱਦ ਲਈ ਹੈ ਜਿਸ 'ਚ ਮਰਦਾਂ ਵੱਲੋਂ ਔਰਤਾਂ 'ਤੇ ਹਿੰਸਕ ਹਮਲਿਆਂ ਦੇ ਮਾਮਲਿਆਂ ਨੂੰ ਫੈਡਰਲ ਪੱਧਰ 'ਤੇ ਰੋਕਣ ਲਈ ਜ਼ਰੂਰੀ ਤੇ ਤੁਰੰਤ ਅਮਲ 'ਚ ਲਿਆਂਦੀਆਂ ਜਾਣ ਵਾਲੀਆਂ ਨੀਤੀਆਂ ਨੂੰ ਵਿਚਾਰਿਆ ਜਾਵੇਗਾ।

ਹਾਲਾਂਕਿ ਆਸਟਰੇਲੀਆ ਦੇ ਗਵਰਨਰ ਜਨਰਲ ਨੇ ਔਰਤਾਂ ਵਿਰੁੱਧ ਹਿੰਸਾ 'ਚ ਕੌਮੀ ਕਮਿਸ਼ਨ ਬਿਠਾਉਣ ਤੋਂ ਨਾਂਹ ਕਰ ਦਿੱਤੀ ਹੈ। ਇਕ ਜਾਣਕਾਰੀ ਅਨੁਸਾਰ ਇਸ ਸਾਲ ਦੇ ਸ਼ੁਰੂਆਤੀ ਮਹੀਨਿਆਂ ਦੌਰਾਨ ਹੀ 27 ਔਰਤਾਂ ਕਤਲ ਹੋ ਚੁੱਕੀਆਂ ਹਨ।

### ਮੋਦੀ ਅਸਲ ਮੁੱਦਿਆਂ 'ਤੇ ਗੱਲ ਕਰਨ : ਚਿਦੰਬਰਮ

**ਨਵੀਂ ਦਿੱਲੀ** : ਕਾਂਗਰਸ ਦੇ ਸੀਨੀਅਰ ਆਗੂ ਪੀ ਚਿਦੰਬਰਮ ਨੇ ਐਤਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਾਂਗਰਸ ਦੇ ਚੋਣ ਮੈਨੀਫੈਸਟੋ ਨੂੰ ਲੈ ਕੇ ਅਜਿਹੀਆਂ ਗੱਲਾਂ ਕਰ ਰਹੇ ਹਨ, ਜਿਹੜੀਆਂ ਉਸ 'ਚ ਨਹੀਂ ਹਨ। ਚਿਦੰਬਰਮ ਨੇ ਨਾਲ ਹੀ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਚੋਣ ਮੈਨੀਫੈਸਟੋ 'ਚ ਸ਼ਾਮਲ ਅਸਲ ਮੁੱਦਿਆਂ 'ਤੇ ਗੱਲ ਕਰਨੀ ਚਾਹੀਦੀ ਹੈ।

ਚਿਦੰਬਰਮ ਨੇ ਕਾਂਗਰਸੀ ਆਗੂ ਸੈਮ ਪਿਤਰੋਦਾ ਦੇ 'ਵਿਰਾਸਤੀ ਟੈਕਸ' ਸੰਬੰਧੀ ਬਿਆਨ ਨੂੰ ਲੈ ਕੇ ਪ੍ਰਧਾਨ ਮੰਤਰੀ ਵੱਲੋਂ ਵਾਰ-ਵਾਰ ਕੀਤੇ ਜਾ ਰਹੇ ਸ਼ਬਦੀ ਹਮਲਿਆਂ ਵਿਚਾਲੇ ਇਹ ਬਿਆਨ ਦਿੱਤਾ ਹੈ।

### ਅੱਜ-ਨਾਮਾ

ਬਚਿਆ ਬਹੁਤਾ ਨਾ ਵਕਤ ਹੈ ਚੋਣ ਵਾਲਾ,
ਹੋਈਆਂ ਧਿਰਾਂ ਹਨ ਸਭ ਸਰਗਰਮ ਬੇਲੀ।
ਦਾਅਵਾ ਜਿੱਤਣ ਦਾ ਸਾਰੇ ਈ ਕਰੀ ਜਾਂਦੇ,
ਕੋਈ ਨਾ ਕਿਸੇ ਦੇ ਸਾਹਮਣੇ ਨਰਮ ਬੇਲੀ।
ਜੇ ਕੋਈ ਦੂਜੇ ਨੂੰ ਮਾਸਾ ਕਮਜ਼ੋਰ ਕਹਿੰਦਾ,
ਅਗਲਾ ਆਖੇ ਕਿ ਕੱਢ ਦੇਊਂ ਭਰਮ ਬੇਲੀ।
ਜਿਹੜੇ ਅੰਦਰ ਤੋਂ ਢਾਹ ਈ ਲਾਉਣ ਵਾਲੇ,
ਉਹ ਵੀ ਵਫਾ ਨੂੰ ਆਖ ਰਹੇ ਧਰਮ ਬੇਲੀ।
ਕੋਈ ਯਕੀਨ ਹੈ ਨਾ ਜਿਹੜੇ ਵਰਕਰਾਂ ਦਾ,
ਇਨ੍ਹਾਂ ਨੂੰ ਨਾਲ ਲੈ ਕੇ ਲੜਨੀ ਜੰਗ ਬੇਲੀ।
ਅੰਦਰੋਂ ਹੋਰ ਤੇ ਬਾਹਰੋਂ ਹਨ ਹੋਰ ਲੀਡਰ,
ਗਿਰਗਿਟ ਵਾਂਗ ਹਨ ਬਦਲਦੇ ਰੰਗ ਬੇਲੀ।

-ਤੀਸ ਮਾਰ ਖਾਂ

## ਪ੍ਰਿੰਟ ਮੀਡੀਆ ਨੇ ਪੰਜਾਬੀ ਭਾਸ਼ਾ ਦੀ ਸਮਰੱਥਾ ਵਧਾਈ

**ਲੁਧਿਆਣਾ (ਐੱਮ ਐੱਸ ਭਾਟੀਆ)**

ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਵੱਲੋਂ 'ਬਦਲਦਾ ਦ੍ਰਿਸ਼, ਸਮਕਾਲ ਤੇ ਪੰਜਾਬੀ ਭਾਸ਼ਾ' ਵਿਸ਼ੇ 'ਤੇ ਦੋ ਰੋਜ਼ਾ ਪੰਜਾਬੀ ਭਾਸ਼ਾ ਕਾਨਫ਼ਰੰਸ 27 ਤੇ 28 ਅਪ੍ਰੈਲ ਨੂੰ ਪੰਜਾਬੀ ਭਵਨ ਵਿਖੇ ਆਯੋਜਤ ਕੀਤੀ ਗਈ। ਕਾਨਫ਼ਰੰਸ ਦੇ ਦੂਜੇ ਦਿਨ ਪੰਜਾਬੀ ਭਾਸ਼ਾ ਦੇ ਸੰਦਰਭ ਵਿਚ ਬੋਲਦਿਆਂ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਭਾਸ਼ਾ ਦੀ ਚਿੰਤਾ ਤੇ ਚਿੰਤਨ ਸੰਵਾਦ ਦੀ ਜੋ ਸ਼ੁਰੂਆਤ ਕੀਤੀ ਗਈ ਹੈ, ਇਸ ਨੂੰ ਅੱਗੋਂ ਵੀ ਜਾਰੀ ਰੱਖਾਂਗੇ।ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਨੇ ਕਿਹਾ ਕਿ ਸਾਡਾ ਯਤਨ ਰਹੇਗਾ ਕਿ ਦੂਜੇ ਦਿਨ ਆਏ ਮਹਿਮਾਨਾਂ, ਵਿਦਵਾਨਾਂ ਦਾ ਸੁਆਗਤ ਅਸੀਂ ਨਵੀਂ ਪੀੜ੍ਹੀ ਨੂੰ ਉਤਸ਼ਾਹਤ ਕਰਕੇ ਵਿਦਵਾਨਾਂ ਦੀ ਨਵੀਂ ਟੀਮ ਤਿਆਰ ਕਰਨ ਲਈ ਯਤਨਸ਼ੀਲ ਰਹਾਂਗੇ।

ਕਾਨਫ਼ਰੰਸ ਦੇ ਪੰਜਵੇਂ ਸੈਸ਼ਨ ਵਿੱਚ ਡਾ. ਨਵਜੀਤ ਸਿੰਘ ਜੌਹਲ ਹੋਰਾਂ ਦਾ ਖੋਜ-ਪੱਤਰ 'ਪ੍ਰਿੰਟ ਮੀਡੀਆ ਤੇ ਪੰਜਾਬੀ ਭਾਸ਼ਾ' ਡਾ. ਅਰਵਿੰਦਰ ਕੌਰ ਕਾਕੜਾ ਨੇ ਪੜ੍ਹਿਆ।ਪਰਚੇ ਦੇ ਹਵਾਲੇ ਨਾਲ ਡਾ. ਕਾਕੜਾ ਨੇ ਕਿਹਾ ਪ੍ਰਿੰਟ ਮੀਡੀਆ ਨੇ ਪੰਜਾਬੀ ਭਾਸ਼ਾ ਵਿੱਚ ਕ੍ਰਾਂਤੀਕਾਰੀ ਰੋਲ ਅਦਾ ਕੀਤਾ ਹੈ, ਜਿਸ ਸਦਕਾ ਪੰਜਾਬੀ ਭਾਸ਼ਾ ਦੀ ਸਮਰੱਥਾ ਵਧੀ ਹੈ।

### ਭਾਸ਼ਾ ਨੂੰ ਕਈ ਪੱਖਾਂ ਤੋਂ ਮੁਲਾਂਕਿਤ ਕਰਦੀ ਭਾਸ਼ਾ ਕਾਨਫ਼ਰੰਸ ਸੰਪੰਨ




'ਬਦਲਦੇ ਦ੍ਰਿਸ਼ ਵਿੱਚ ਪੰਜਾਬੀ ਭਾਸ਼ਾ ਦੀ ਭੂਮਿਕਾ ਤੇ ਸਾਰਥਿਕਤਾ' ਬਾਰੇ ਗੱਲ ਕਰਦਿਆਂ ਡਾ. ਪਰਮਜੀਤ ਸਿੰਘ ਢੀਂਗਰਾ ਨੇ ਕਿਹਾ ਜਦੋਂ ਕੋਈ ਭਾਸ਼ਾ ਦੂਜੀ ਭਾਸ਼ਾ ਤੋਂ ਸ਼ਬਦ ਲੈਂਦੀ ਹੈ ਤਾਂ ਭਾਸ਼ਾ ਦੀ ਸਮਰੱਥਾ ਵਧਦੀ ਹੈ, ਪ੍ਰੰਤੂ ਕਿਸੇ ਹੋਰ ਭਾਸ਼ਾ ਦਾ ਦਖ਼ਲ ਜਦੋਂ ਭਾਸ਼ਾ ਦੇ ਸਟੱਕਚਰ 'ਤੇ ਹੁੰਦਾ ਹੈ ਤਾਂ ਇਸ ਦਾ ਭਾਸ਼ਾ ਨੂੰ ਨੁਕਸਾਨ ਹੁੰਦਾ ਹੈ।ਉਨ੍ਹਾਂ ਕਿਹਾ ਪੰਜਾਬੀ ਭਾਸ਼ਾ ਵਧ-ਫੁੱਲ ਰਹੀ ਹੈ, ਚੁਣੌਤੀਆਂ ਸਦਾ ਤੋਂ ਹਨ ਤੇ ਰਹਿਣਗੀਆਂ ਵੀ।'ਬਦਲਦੇ ਦ੍ਰਿਸ਼ 'ਚ ਪੰਜਾਬੀ ਭਾਸ਼ਾ ਦੀ ਨਿਰਮਾਣਕਾਰੀ' ਬਾਰੇ ਗੱਲ ਕਰਦਿਆਂ ਡਾ. ਸੋਹਣ ਸਿੰਘ ਨੇ ਕਿਹਾ ਭਾਸ਼ਾ ਦਾ ਨਿਰਮਾਣ ਅਚੇਤ ਅਤੇ ਸੁਚੇਤ ਪੱਧਰ 'ਤੇ ਹੁੰਦਾ ਹੈ।ਦੁੱਖ ਦੀ ਗੱਲ ਇਹ ਹੈ ਕਿ ਪੰਜਾਬੀ ਭਾਸ਼ਾ ਦੀ ਨਿਰਮਾਣਕਾਰੀ ਧੀਮੀ ਗਤੀ ਨਾਲ ਹੋ ਰਹੀ ਹੈ। ਇਸ ਵੱਲ ਸੁਚੇਤ ਪੱਧਰ 'ਤੇ ਧਿਆਨ ਦੀ ਲੋੜ ਹੈ।ਪ੍ਰਧਾਨਗੀ ਭਾਸ਼ਨ ਦਿੰਦਿਆਂ ਅਮਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਿ ਇਸ ਤਰ੍ਹਾਂ ਦੀ ਗੰਭੀਰਤਾ ਤੇ ਇਕੱਠ ਵਾਲੀ ਕਾਨਫ਼ਰੰਸ ਪਹਿਲਾਂ ਕਦੇ ਨਹੀਂ ਵੇਖੀ ਸੁਣੀ।ਟੈਕਨਾਲੋਜੀ ਭਾਸ਼ਾ ਨੂੰ ਸਮਰੱਥਾ ਵੀ ਦਿੰਦੀ ਹੈ ਤੇ ਇਸ ਤੋਂ ਬਿਨਾਂ ਭਾਸ਼ਾ ਬਚ ਨਹੀਂ ਸਕਦੀ।ਭਾਸ਼ਾ ਨੂੰ ਬਚਾਉਣ ਲਈ ਟੈਕਨਾਲੋਜੀ ਦੀ ਬਹੁਤ ਲੋੜ ਹੈ।ਜਸਪਾਲ ਮਾਨਖੇੜਾ ਨੇ ਧੰਨਵਾਦ ਤੇ ਟਿੱਪਣੀ ਕਰਦਿਆਂ ਕਿਹਾ ਕਿ ਭਾਸ਼ਾ ਨੂੰ ਪ੍ਰਫੁੱਲ ਕਰਨ ਲੈ ਕੇ ਅਗਾਊਂ ਹੋਰ ਵੀ ਯਤਨ ਕੀਤੇ ਜਾਣਗੇ। ਡਾ. ਹਰਵਿੰਦਰ ਸਿੰਘ ਸਿਰਸਾ ਨੇ ਬਾਖ਼ੂਬੀ ਮੰਚ ਸੰਚਾਲਨ ਕੀਤਾ ਅਤੇ ਰਿਪੋਰਟ ਨਰਿੰਦਰਪਾਲ ਕੌਰ ਨੇ ਪੇਸ਼ ਕੀਤੀ। ਕਾਨਫ਼ਰੰਸ ਦੇ ਛੇਵੇਂ ਸੈਸ਼ਨ ਦੌਰਾਨ ਡਾ. ਬੂਟਾ ਸਿੰਘ ਬਰਾੜ ਨੇ 'ਮਾਤ ਭਾਸ਼ਾ ਤੇ ਸਿੱਖਿਆ' ਵਿਸ਼ੇ 'ਤੇ ਆਪਣਾ ਖੋਜ-ਪੱਤਰ ਪੜ੍ਹਦਿਆਂ ਕਿਹਾ ਮਾੜੀ ਆਰਥਿਕਤਾ, ਨਿਮਨ ਪਰਿਵਾਰਕ ਪਿਛੋਕੜ ਤੇ ਮਾੜੀ ਵਿਵਸਥਾ ਵਾਲੇ ਸਕੂਲਾਂ 'ਚ ਤਿੰਨ ਭਾਸ਼ਾਵਾਂ ਪੜ੍ਹਾਉਣ ਨਾਲ ਕੋਈ ਸਾਰਥਿਕ ਨਤੀਜੇ ਨਹੀਂ ਨਿਕਲ ਸਕਣਗੇ। ਡਾ. ਗੁਰਪਾਲ ਸਿੰਘ ਸੰਧੂ ਨੇ 'ਬਹੁਸੱਭਿਆਚਾਰੀ ਸਮਾਜ ਤੇ ਭਾਸ਼ਾਈ ਲੋੜਾਂ' ਬਾਰੇ ਗੱਲ ਕਰਦਿਆਂ ਰਾਸ਼ਟਰੀ ਸਿੱਖਿਆ ਨੀਤੀ, ਪ੍ਰਕਾਰਜੀ ਭਾਸ਼ਾ, ਭਾਸ਼ਾਈ ਸੰਵਾਦ ਤੇ ਭਾਸ਼ਾ ਦੇ ਕੇਂਦਰੀਕਰਨ ਆਦਿਕ ਮਸਲਿਆਂ 'ਤੇ ਚਰਚਾ ਕੀਤੀ।ਸੈਸ਼ਨ ਦੀ ਪ੍ਰਧਾਨਗੀ ਕਰ ਰਹੇ ਡਾ. ਸੁਰਜੀਤ ਸਿੰਘ ਭੱਟੀ ਨੇ ਕਿਹਾ ਕਿ ਮੰਡੀ ਦੇ ਦੌਰ ਵਿੱਚ ਜਦ ਭਾਸ਼ਾ ਵੀ ਵਪਾਰ ਦਾ ਸਾਧਨ ਬਣ ਗਈ ਹੈ ਤਾਂ ਅਜਿਹੇ ਸਮੇਂ ਵਿਚ ਇਸ ਕਾਨਫ਼ਰੰਸ ਦੀ ਸਾਰਥਿਕਤਾ ਹੋਰ ਵਧੇਰੇ ਹੋ ਗਈ ਹੈ।ਡਾ. ਜਗਵਿੰਦਰ ਜੋਧਾ ਨੇ ਪੜ੍ਹੇ ਗਏ ਪਰਚਿਆਂ 'ਤੇ ਟਿੱਪਣੀ ਕਰਦਿਆਂ ਕਿਹਾ ਲਹਿੰਦੀ ਪੰਜਾਬੀ ਸਰੋਤਾਮੁਖੀ ਹੈ ਤੇ ਪੂਰਬੀ ਪੰਜਾਬੀ ਸੰਵਾਦੀ ਹੈ।ਇਸ ਸੈਸ਼ਨ ਦਾ ਮੰਚ ਸੰਚਾਲਨ ਅਕਾਡਮੀ ਦੇ ਸਾਹਿਤਕ ਸਰਗਰਮੀਆਂ ਦੇ ਸਕੱਤਰ ਡਾ. ਹਰੀ ਸਿੰਘ ਜਾਚਕ ਨੇ ਕੀਤਾ ਤੇ ਰਿਪੋਰਟ ਪ੍ਰੋ. ਬਲਵਿੰਦਰ ਸਿੰਘ ਚਹਿਲ ਨੇ ਪੇਸ਼ ਕੀਤੀ।ਕਾਨਫ਼ਰੰਸ ਦੇ ਅਖ਼ੀਰਲੇ ਸੈਸ਼ਨ ਵਿੱਚ ਖੋਜ-ਵਿਦਿਆਰਥੀਆਂ ਦੇ ਚੋਣਵੇਂ ਖੋਜ-ਪੱਤਰ ਪੜ੍ਹੇ ਗਏ।ਪਹਿਲਾ ਪੇਪਰ 'ਅਨੁਵਾਦ: ਵਿਵਹਾਰਕ ਪਰਿਪੇਖ' ਵਿਸ਼ੇ ਬਾਰੇ ਅਰਸ਼ਦੀਪ ਸਿੰਘ ਨੇ ਪੇਸ਼ ਕਰਦਿਆਂ ਕਿਹਾ ਕਿ ਅਨੁਵਾਦ ਸਿਰਜਣਾ ਦੇ ਨਾਲ-ਨਾਲ ਮੌਲਿਕ ਸਿਰਜਣਾ ਨਾਲੋਂ ਵੀ

● ਬਾਕੀ ਸਫ਼ਾ 2 'ਤੇ

## ਬਲੌਜ਼ਮਜ਼ ਕਾਨਵੈਂਟ ਵਿਖੇ ਨੰਨ੍ਹੇ ਵਿਦਿਆਰਥੀਆਂ ਲਈ ਫਰੈਸ਼ਰ ਪਾਰਟੀ



**ਜਗਰਾਉਂ (ਸੰਜੀਵ ਅਰੋੜਾ)**-ਬਲੌਜ਼ਮਜ਼ ਕਾਨਵੈਂਟ ਵਿਖੇ ਸਕੂਲ ਦੇ ਵਿਹੜੇ ਵਿੱਚ ਨਰਸਰੀ ਜਮਾਤ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਨੂੰ ਫਰੈਸ਼ਰ ਪਾਰਟੀ ਦਿੱਤੀ ਗਈ, ਜਿਸ ਵਿੱਚ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ ਤੇ ਇਸ ਸੰਸਥਾ ਦੀਆਂ ਨੀਹਾਂ ਹੋਰ ਮਜ਼ਬੂਤ ਬਣਾਉਣ ਦੀਆਂ ਬਖਸ਼ਿਸ਼ਾਂ ਦਿੱਤੀਆਂ ਗਈਆਂ। ਰੰਗ ਬਰੰਗੇ ਤੇ ਫੈਂਸੀ ਕੱਪੜਿਆਂ ਵਿੱਚ ਆਏ ਇਨ੍ਹਾਂ ਵਿਦਿਆਰਥੀਆਂ 'ਚੋਂ ਮਿ. ਫਰੈਸ਼ਰ ਇਸ਼ਾਨਦੀਪ ਸਿੰਘ ਤੇ ਮਿਸ ਫਰੈਸ਼ਰ ਮਹਰੀਨ ਕੌਰ, ਫਸਟ ਰਨਰ-ਅੱਪ ਗੈਵਿਸ਼ ਸ਼ਰਮਾ ਤੇ ਬਵਰੀਤ ਕੌਰ, ਸੈਕਿੰਡ ਰਨਰ-ਅੱਪ ਹਰਲੀਨ ਕੌਰ ਮਹਿਮੀ ਤੇ ਗੁਰਪ੍ਰਤਾਪ ਸਿੰਘ ਚੁਣੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਇਨ੍ਹਾਂ ਨਿੱਕੇ ਨਿੱਕੇ ਵਿਦਿਆਰਥੀਆਂ ਨੂੰ ਸਵਾਗਤੀ ਸ਼ਬਦਾਂ ਨਾਲ ਆਪਣੇ ਸਕੂਲ ਦੇ ਵਿਹੜੇ ਆਉਣ ਦੀ ਖੁਸ਼ੀ ਜ਼ਾਹਰ ਕਰਦਿਆਂ ਇਕ ਸੁਨੇਹਾ ਤੇ ਅਸੀਸਾਂ ਦਿੰਦੇ ਹੋਏ ਕਿਹਾ ਕਿ ਅੱਜ ਦੇ ਇਨ੍ਹਾਂ ਨਿੱਕੇ ਮਹਿਮਾਨਾਂ ਦੇ ਭਵਿੱਖ ਨੂੰ ਸੰਵਾਰਨ ਦੀ ਜ਼ਿੰਮੇਵਾਰੀ ਸਮਝਦੇ ਹੋਏ ਮਾਪਿਆਂ ਦੇ ਸਹਿਯੋਗ ਦੀ ਆਸ ਪ੍ਰਗਟ ਕਰਦੇ ਹਾਂ। ਅਸੀਂ ਮਾਪਿਆਂ ਦੇ ਸਾਡੇ 'ਤੇ ਕੀਤੇ ਭਰੋਸੇ ਦੀ ਇੱਜਤ ਵੀ ਕਰਦੇ ਹਾਂ। ਅਸੀਂ ਵੀ ਆਸ ਰੱਖਦੇ ਹਾਂ ਕਿ ਇਹ ਵਿਦਿਆਰਥੀ ਇੱਥੇ ਆਪਣੀ ਪੜ੍ਹਾਈ ਪੂਰੀ ਕਰਕੇ ਕਿਸੇ ਮੁਕਾਮ 'ਤੇ ਪਹੁੰਚਣ। ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ ਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਇਨ੍ਹਾਂ ਨਿੱਕੇ ਨਿੱਕੇ ਵਿਦਿਆਰਥੀਆਂ ਨੂੰ ਸਕੂਲ ਤੋਂ ਪੜ੍ਹਾਈ ਕਰਕੇ ਦੇਸ਼ ਦਾ ਨਾਮ ਰੌਸ਼ਨ ਕਰਨ ਦੀ ਅਸੀਸ ਦਿੱਤੀ।

## ਚੋਣ ਡਿਊਟੀਆਂ ਸਬੰਧੀ ਡੀ ਟੀ ਐੱਫ ਦਾ ਵਫਦ ਐੱਸ ਡੀ ਐੱਮ ਨੂੰ ਮਿਲਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡੈਮੋਕ੍ਰੇਟਿਕ ਟੀਚਰ ਫਰੰਟ ਦਾ ਜ਼ਿਲ੍ਹਾ ਪੱਧਰੀ ਵਫਦ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਹਰੀਕੇ ਦੀ ਅਗਵਾਈ ਹੇਠ ਅਧਿਆਪਕਾਂ ਨੂੰ ਚੋਣ ਡਿਊਟੀ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਨੂੰ ਲੈ ਕੇ ਐੱਸ.ਡੀ.ਐੱਮ. ਮੈਡਮ ਬਲਜੀਤ ਕੌਰ ਨੂੰ ਮਿਲਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਜੀਵਨ ਸਿੰਘ ਬਧਾਈ ਤੇ ਪ੍ਰੈੱਸ ਸਕੱਤਰ ਬੂਟਾ ਸਿੰਘ ਵਾਕਫ਼ ਨੇ ਦੱਸਿਆ ਕਿ ਐੱਸ. ਡੀ. ਐੱਮ. ਮੈਡਮ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਔਰਤ ਅਧਿਆਪਕਾਵਾਂ ਦੀ ਡਿਊਟੀ ਉਨ੍ਹਾਂ ਦੇ ਰਿਹਾਇਸ਼ੀ ਖੇਤਰਾਂ ਦੇ ਨਜ਼ਦੀਕ ਹੀ ਲਗਾਈ ਜਾਵੇਗੀ।ਗੰਭੀਰ ਬਿਮਾਰੀਆਂ ਤੋਂ ਪੀੜਤ ਬੱਚਿਆਂ, ਦੁੱਧ ਪਿਲਾਉਂਦੀਆਂ ਮਾਵਾਂ ਤੇ ਰਿਟਾਇਰਮੈਂਟ ਦੇ ਨਜ਼ਦੀਕ ਪਹੁੰਚੇ ਅਧਿਆਪਕਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪਿੰਕ ਬੂਥ ਸ਼ਹਿਰ ਦੇ ਅੰਦਰ ਜਾਂ ਨੇੜਲੇ ਖੇਤਰਾਂ ਵਿੱਚ ਹੀ ਬਣਾਏ ਜਾਣਗੇ।ਉਨ੍ਹਾਂ ਵਿਸ਼ਵਾਸ ਦੁਆਇਆ ਕਿ ਸਮੁੱਚੀ ਚੋਣ ਪ੍ਰਕਿਰਿਆ ਦੌਰਾਨ ਚੋਣ ਅਮਲੇ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ ਤੇ ਸਾਮਾਨ ਜਮ੍ਹਾਂ ਕਰਾਉਣ ਲਈ ਉਚਿਤ ਕਾਊਂਟਰ ਉਪਲਬਧ ਕਰਵਾਏ ਜਾਣਗੇ।ਇਸ ਮੌਕੇ ਮਨਜੀਤ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ, ਸੁਖਬੀਰ ਕੌਰ, ਪਰਮਿੰਦਰ ਖੋਖਰ, ਹਰਪ੍ਰੀਤ ਲੰਬੀ ਢਾਬ, ਸੁਖਜਿੰਦਰ ਕੋਟਭਾਈ, ਸੁਖਜੀਤ ਉਦੇਕਰਨ, ਤੇਜਿੰਦਰ ਸੋਥਾ, ਅਮਿਤ ਬੱਬਰ, ਚਰਨਜੀਤ ਸਿੰਘ ਅਟਵਾਲ, ਰਵਿੰਦਰ ਗੁਲਾਬੇਵਲਾ, ਅਮੋਲਕ ਸਿੰਘ, ਕੁਲਵਿੰਦਰ ਗੁਲਾਬੇਵਾਲਾ ਆਦਿ ਅਧਿਆਪਕ ਮੌਜੂਦ ਸਨ।

## 10 ਰੁਪਏ ਭੋਜਨ ਦੀ ਥਾਲੀ ਦੇ ਪ੍ਰੋਜੈਕਟ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ



**ਜਗਰਾਉਂ (ਅਮਿਤ ਖੰਨਾ)**-ਕਰ ਭਲਾ ਹੋ ਭਲਾ ਸੋਸਾਇਟੀ ਜਗਰਾਉਂ ਦੀ 10 ਰੁਪਏ ਭੋਜਨ ਦੀ ਥਾਲੀ ਦੇ ਪ੍ਰੋਜੈਕਟ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸੇ ਹੀ ਲੜੀ ਤਹਿਤ ਅੱਜ ਵਾਕ ਐਂਡ ਬ੍ਰੈਡ ਵੱਲੋਂ ਪ੍ਰਣਵੀ ਜੈਨ ਤੇ ਉਸ ਦੇ ਪਿਤਾ ਨਵੀਨ ਕੁਮਾਰ ਜੈਨ ਵੱਲੋਂ 10 ਰੁਪਏ ਦੀ ਥਾਲੀ ਲੈਣ ਵਾਲਿਆਂ ਨੂੰ ਮੁਫ਼ਤ ਕੇਕ ਵੀ ਵੰਡੇ। ਇਸ ਮੌਕੇ ਪ੍ਰਣਵੀ ਜੈਨ ਨੇ ਕਿਹਾ ਕਿ ਉਹ ਮਹੀਨੇ ਵਿੱਚ ਦੋ ਤਿੰਨ ਵਾਰ ਇੱਥੇ ਕੇਕ ਵੰਡਣ ਆਇਆ ਕਰੇਗੀ। ਇਸ ਮੌਕੇ ਲੋਕ ਸੇਵਾ ਸੋਸਾਇਟੀ ਦੇ ਮੈਂਬਰ ਪ੍ਰਵੇਸ਼ ਗਰਗ ਨੇ ਅਪਣੇ ਜੀਜਾ ਕਿਰਪਾਲ ਮੈਡੀਕਲ ਸਟੋਰ ਵਾਲਿਆਂ ਦੇ ਜਨਮ ਦਿਨ 'ਤੇ ਇੱਕ ਬੋਰੀ ਚਾਵਲਾ ਦੀ ਭੇਟ ਕੀਤੀ। ਪ੍ਰਧਾਨ ਰਾਜਿੰਦਰ ਜੈਨ ਕਾਕਾ ਨੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਅਸੀਂ 500 ਥਾਲੀਆਂ ਹਰ ਰੋਜ਼ ਦਾ ਟੀਚਾ ਹਾਸਲ ਕਰ ਲਿਆ ਹੈ। ਇਸ ਮੌਕੇ ਚੇਅਰਮੈਨ ਅਮਿਤ ਅਰੋੜਾ ਨੇ ਸਭ ਦਾਨੀ ਸੱਜਣਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਸਵੱਛ ਭਾਰਤ ਅਭਿਆਨ ਜਗਰਾਉਂ ਦੇ ਬ੍ਰਾਂਡ ਅੰਬੈਸਡਰ ਕੈਪਟਨ ਨਰੇਸ਼ ਵਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ਅਤੇ ਉਨ੍ਹਾਂ ਆਪਣੀਆਂ ਸੇਵਾਵਾਂ ਵੀ ਦਿੱਤੀਆਂ।

## ਆਂਗਨਵਾੜੀ ਵਰਕਰ ਨੇ ਬੱਚਿਆਂ ਨਾਲ ਮਨਾਇਆ ਜਨਮ ਦਿਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਂਗਨਵਾੜੀ ਵਰਕਰ ਕੁਲਵੰਤ ਕੌਰ ਨੀਲੋਂ ਨੇ ਆਪਣਾ ਜਨਮ ਦਿਨ ਆਂਗਨਵਾੜੀ ਦੇ ਛੋਟੇ ਛੋਟੇ ਬੱਚਿਆਂ ਨਾਲ ਮਨਾਇਆ। ਇਸ ਮੌਕੇ ਕੁਲਵੰਤ ਕੌਰ ਨੀਲੋਂ ਨੇ ਕੇਕ ਕੱਟਣ ਦੀ ਰਸਮ ਪਰਮਜੀਤ ਸਿੰਘ ਨੀਲੋਂ, ਸੁਰਿੰਦਰ ਕੁਮਾਰ ਛਿੰਦੀ, ਪਰਮਪ੍ਰੀਤ ਸਿੰਘ ਤੇ ਕਿਰਨਦੀਪ ਕੌਰ ਨੀਲੋਂ ਨੇ ਅਦਾ ਕੀਤੀ। ਇਸ ਮੌਕੇ ਕੁਲਵੰਤ ਕੌਰ ਨੀਲੋਂ ਨੇ ਕਿਹਾ ਕਿ ਉਹ 30 ਸਾਲਾਂ ਤੋਂ ਆਪਣਾ ਜਨਮ ਦਿਨ ਆਂਗਨਵਾੜੀ ਦੇ ਛੋਟੇ ਛੋਟੇ ਬੱਚਿਆਂ ਨਾਲ ਮਨਾਉਂਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਜਨਮ ਦਿਨ 'ਤੇ ਫਾਲਤੂ ਖਰਚਾ ਕਰਨ ਦੀ ਬਜਾਏ ਲੋੜਵੰਦ ਬੱਚਿਆਂ ਨਾਲ ਮਨਾਉਣਾ ਚਾਹੀਦਾ ਹੈ ਤੇ ਉਨ੍ਹਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਕੁਲਵੰਤ ਕੌਰ ਨੀਲੋਂ ਵੱਲੋਂ ਬੱਚਿਆਂ ਨੂੰ ਸਕੂਲ ਬੈਗ ਤੇ ਸਟੇਸ਼ਨਰੀ ਵੀ ਵੰਡੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਸਪੈਕਟਰ ਜਗਦੇਵ ਸਿੰਘ, ਸਾਬਕਾ ਕੌਂਸਲਰ ਸੁਰਿੰਦਰ ਕੁਮਾਰ ਛਿੰਦੀ, ਸੁਖਦੇਵ ਸਿੰਘ ਬਿੱਟੂ, ਜਗਤਾਰ ਸਿੰਘ ਗੜ੍ਹੀ ਬੇਟ, ਪਰਮਪ੍ਰੀਤ ਸਿੰਘ, ਕਰਨਦੀਪ ਕੌਰ ਨੀਲੋਂ, ਰਣਜੀਤ ਕੌਰ ਰਾਣੀ, ਪਰਮਜੀਤ ਕੌਰ ਸਾਬਕਾ ਕੌਂਸਲਰ, ਗੁਰਪ੍ਰੀਤ ਕੌਰ, ਸੁਮਨ, ਗਗਨਦੀਪ ਕੌਰ, ਡਾ. ਮਦਨਪਾਲ, ਗੁਲਸ਼ਨ ਕੁਮਾਰ, ਮਲਕੀਤ ਕੌਰ, ਸੀਮਾ ਰਾਣੀ, ਭਵਨਦੀਪ ਸਿੰਘ, ਅਭਿਸ਼ੇਕ ਕੁਮਾਰ ਤੇ ਜਸਵੀਰ ਕੌਰ ਆਦਿ ਮੌਜੂਦ ਸਨ।

## ਅਕਾਲੀ ਉਮੀਦਵਾਰ ਦਾ ਭਰਾ ਆਮ ਆਦਮੀ ਪਾਰਟੀ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਲੋਕ ਸਭਾ ਹਲਕਾ ਫ਼ਰੀਦਕੋਟ ਵਿੱਚ ਸ਼ਨੀਵਾਰ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਅਕਾਲੀ ਉਮੀਦਵਾਰ ਰਾਜਵਿੰਦਰ ਸਿੰਘ ਦੇ ਭਰਾ ਲਖਵਿੰਦਰ ਸਿੰਘ ਲੱਕੀ (ਪੁੱਤਰ ਸ਼ੀਤਲ ਸਿੰਘ ਸਾਬਕਾ ਵਿਧਾਇਕ) ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਧਰਮਕੋਟ ਵਿਖੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਚੋਣ ਰੈਲੀ ਦੌਰਾਨ ਆਮ ਆਦਮੀ ਪਾਰਟੀ ਉਮੀਦਵਾਰ ਕਰਮਜੀਤ ਸਿੰਘ ਅਨਮੋਲ ਦੀ ਮੌਜੂਦਗੀ ਵਿੱਚ ਲਖਵਿੰਦਰ ਸਿੰਘ ਲੱਕੀ ਦੇ ਨਾਲ ਰਣਜੀਤ ਕੌਰ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਧਰਮਕੋਟ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਸਿੰਘ ਅਨਮੋਲ ਤੇ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਲਖਵਿੰਦਰ ਸਿੰਘ ਲੱਕੀ, ਰਣਜੀਤ ਕੌਰ ਤੇ ਹੋਰਨਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ ਅਤੇ ਵਿਸ਼ਵਾਸ ਦੁਆਇਆ ਕਿ ਸਾਰੇ ਨਵੇਂ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।

## ਐੱਮ ਏ ਐੱਮ ਸਕੂਲ 'ਚ ਪ੍ਰਾਇਮਰੀ ਬੱਚਿਆਂ ਲਈ ਪ੍ਰੋਗਰਾਮ ਕਰਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਵਿਖੇ ਪ੍ਰਾਇਮਰੀ ਸੈਕਸ਼ਨ ਲਈ ਔਰੀਇੰਨਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਭਾਗ ਲਿਆ।ਇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ, ਮਿ. ਗੌਰਵ ਤੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ ।ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ।ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਉੱਥੇ ਪਹੁੰਚੇ ਸਾਰੇ ਮਾਪਿਆਂ ਦਾ ਸਵਾਗਤ ਕੀਤਾ।ਉਨ੍ਹਾ ਮਾਪਿਆਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਸਮਾਂ ਆਪਣੇ ਬੱਚਿਆਂ ਨਾਲ ਬਿਤਾਉਣ ਜਾਂ ਉਨ੍ਹਾਂ ਨਾਲ ਗੱਲਬਾਤ ਕਰਦੇ ਰਹਿਣ, ਕਿਉਂਕਿ ਮਾਪਿਆਂ ਲਈ ਸਭ ਤੋਂ ਅਨਮੋਲ ਸੰਪਤੀ ਉਨ੍ਹਾਂ ਦੇ ਬੱਚੇ ਹਨ।ਮਿ. ਗੌਰਵ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਅਧਿਆਪਨ ਕਾਰਜਪ੍ਰਣਾਲੀ ਤੇ ਪਾਠਕ੍ਰਮ ਨਾਲ ਜਾਣੂ ਕਰਵਾਇਆ।ਇਸ ਪ੍ਰੋਗਰਾਮ ਵਿੱਚ ਪਹਿਲੀ ਤੋਂ ਲੈ ਕੇ ਪੰਜਵੀਂ ਤੱਕ ਦੇ ਇੰਚਾਰਜ ਨੇ ਜਮਾਤਾਂ ਨਾਲ ਸੰਬੰਧਤ ਪਾਠ-ਪੁਸਤਕਾਂ, ਲਿਖਤੀ ਪੁਸਤਕਾਂ, ਪਾਠਕ੍ਰਮ ਨਾਲ ਸੰਬੰਧਤ ਗਤੀਵਿਧੀਆਂ ਨਾਲ ਜਾਣੂ ਕਰਵਾਇਆ।ਇਹ ਪ੍ਰੋਗਰਾਮ ਮਾਤਾ-ਪਿਤਾ ਨੂੰ ਆਪਣੇ ਬੱਚਿਆਂ ਨੂੰ ਉਚਿਤ ਦੇਖ-ਭਾਲ ਤੇ ਮਾਰਗਦਰਸ਼ਨ ਲਈ ਇੱਕ ਸਫ਼ਲ ਕੋਸ਼ਿਸ਼ ਸਾਬਿਤ ਹੋਈ।ਅੰਤ ਵਿੱਚ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਮਾਪਿਆਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਬੱਚਿਆਂ ਦਾ ਪਾਲਣ-ਪੋਸ਼ਣ ਪਿਆਰ ਨਾਲ ਕਰਨ ਤੇ ਉਨ੍ਹਾਂ ਦੀ ਨੀਂਹ ਮਜ਼ਬੂਤ ਕਰਨ ਲਈ ਮਾਤਾ-ਪਿਤਾ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਅਤੇ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ। ਰਾਸ਼ਟਰੀ ਗਾਣ ਗਾ ਕੇ ਇਸ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

# ਜ਼ਿਲ੍ਹੇ 'ਚੋਂ 7 ਲੱਖ 65 ਹਜ਼ਾਰ 580 ਮੀਟ੍ਰਿਕ ਟਨ ਕਣਕ ਦੀ ਖਰੀਦ : ਡੀ ਸੀ



**ਮੂਨਕ (ਰਾਜਪਾਲ ਸਿੰਗਲਾ)**

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਸੰਗਰੂਰ ਦੀਆਂ ਵੱਖ-ਵੱਖ ਮੁੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਖਰੀਦ ਦੇ ਚੱਲ ਰਹੇ ਸਾਰੇ ਪ੍ਰਬੰਧਾਂ ਦਾ ਨਿਰੀਖਣ ਕੀਤਾ।ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅਨਾਜ ਮੰਡੀਆਂ ਵਿੱਚ ਹੁਣ ਤੱਕ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਲਿਫਟਿੰਗ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ।ਇਸੇ ਦੌਰਾਨ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਤਹਿਤ ਸਮੂਹ ਉਪ ਮੰਡਲ ਮੈਜਿਸਟ੍ਰੇਟ ਨੇ ਵੀ ਆਪੋ ਆਪਣੀਆਂ ਸਬ ਡਵੀਜ਼ਨਾਂ ਅਧੀਨ ਆਉਂਦੀਆਂ ਮੁੱਖ ਮੰਡੀਆਂ ਦਾ ਦੌਰਾ ਕਰਕੇ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਅਨਾਜ ਮੰਡੀਆਂ ਵਿੱਚ ਮੌਜੂਦ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਆਦਿ ਨਾਲ ਗੱਲਬਾਤ ਵੀ ਕੀਤੀ।ਉਨ੍ਹਾਂ ਕਿਹਾ ਕਿ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੁਆਰਾ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਸੁੱਕੀ ਫਸਲ ਦੀ ਨਾਲੋ-ਨਾਲ ਖਰੀਦ ਕਰਨ ਦੀ ਹਦਾਇਤ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਬਹਾਦਰਪੁਰ ਅਤੇ ਘਰਾਚੋਂ ਵਿਖੇ ਅਨਾਜ ਮੰਡੀਆਂ ਦੇ ਦੌਰੇ ਦੌਰਾਨ ਕਿਹਾ ਕਿ ਜ਼ਿਲ੍ਹਾ ਪੱਧਰ ਤੇ ਉਹ ਖੁਦ ਸਾਰੇ ਪ੍ਰਬੰਧਾਂ ਦੀ ਨਿਗਰਾਨੀ ਨਿਯਮਤ ਤੌਰ ਉਤੇ ਕਰ ਰਹੇ ਹਨ ਅਤੇ ਇਨਾਂ ਕਾਰਜਾਂ ਨਾਲ ਸੰਬੰਧਿਤ ਸਾਰੇ ਅਧਿਕਾਰੀਆਂ ਨੂੰ ਲਗਾਤਾਰ ਅਨਾਜ ਮੰਡੀਆਂ ਦਾ ਦੌਰਾ ਕਰਨ ਅਤੇ ਹਰੇਕ ਪ੍ਰਬੰਧ ਨੂੰ ਨਿਰਧਾਰਤ ਸਮੇਂ ਅੰਦਰ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਹੋਏ ਹਨ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 8 ਲੱਖ 10 ਹਜ਼ਾਰ 921 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ ਵਿੱਚੋਂ 7 ਲੱਖ 65 ਹਜ਼ਾਰ 580 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਮਾਰਕਫੈਡ, ਪਨਗ੍ਰੇਨ, ਵੇਅਰ ਹਾਊਸ, ਪਨਸਪ ਆਦਿ ਸਰਕਾਰੀ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ ਨੂੰ ਹਦਾਇਤ ਕੀਤੀ ਕਿ ਉਹ ਲਿਫਟਿੰਗ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨਿਰਧਾਰਤ ਸਮਾਂ ਸੀਮਾ ਅਨੁਸਾਰ ਨੇਪਰੇ ਚੜ੍ਹਾਉਣ।

## 15 ਗ੍ਰਾਮ ਹੈਰੋਇਨ ਸਮੇਤ ਮਹਿਲਾ ਗ੍ਰਿਫ਼ਤਾਰ

**ਨਾਭਾ (ਵਰਿੰਦਰ ਵਰਮਾ)**-ਥਾਣਾ ਸਦਰ ਆਧੀਨ ਪੁਲਿਸ ਚੌਕੀ ਰੋਹਟੀ ਛੰਨਾ ਦੇ ਇੰਚਾਰਜ ਏ.ਐਸ.ਆਈ ਜੈਦੀਪ ਸ਼ਰਮਾ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਪਿੰਡ ਰੋਹਟੀ ਛੰਨਾ ਨਿਵਾਸੀ ਇੱਕ ਮਹਿਲਾ ਨੂੰ 15 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਦੱਸਣ ਯੋਗ ਹੈ ਕਿ ਪੁਲਿਸ ਚੌਕੀ ਰੋਹਟੀ ਛੰਨਾ ਦੀ ਪੁਲਸ ਪਾਰਟੀ ਡੀ.ਐਸ.ਪੀ. ਦਵਿੰਦਰ ਅੱਤਰੀ ਅਤੇ ਐਸ.ਐਚ.ਓ. ਸੁਖਦੇਵ ਸਿੰਘ ਦੀ ਅਗਵਾਈ ਹੇਠ ਨਸ਼ਾ ਤਸਕਰਾਂ ਵਿਰੁੱਧ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ।ਪੁਲਸ ਨੇ ਚੌਕੀ ਇੰਚਾਰਜ ਏ.ਐਸ.ਆਈ ਜੈਦੀਪ ਸ਼ਰਮਾ ਦੀ ਅਗਵਾਈ ਹੇਠ ਜਿਸ ਮਹਿਲਾ ਚਰਨਜੀਤ ਕੌਰ ਨੂੰ ਗ੍ਰਿਫਤਾਰ ਕੀਤਾ ਹੈ, ਉਸ ਨੂੰ ਫੜਨ ਵਿਚ ਏ.ਐਸ.ਆਈ. ਵੇਦ ਪ੍ਰਕਾਸ਼, ਹੈੱਡ ਕਾਂਸਟੇਬਲ ਅਮਰਿੰਦਰ ਸਿੰਘ ਤੇ ਹੈਡ ਕਾਂਸਟੇਬਲ ਸੁਖਵਿੰਦਰ ਸਿੰਘ ਸ਼ਾਮਲ ਹਨ।ਚੌਕੀ ਇੰਚਾਰਜ ਜੈਦੀਪ ਸ਼ਰਮਾ ਨੇ ਦੱਸਿਆ ਕਿ ਉਪਰੁਕਤ ਪੁਲਸ ਪਾਰਟੀ ਜਦੋਂ ਪਿੰਡ ਰੋਹਟੀ ਛੰਨਾ ਦੇ ਕੋਲ ਗੈਰ ਸਮਾਜਿਕ ਅਨਸਰਾਂ ਦੀ ਭਾਲ ਵਿੱਚ ਖੜੀ ਸੀ ਤਾਂ ਉਕਤ ਮਹਿਲਾ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਜਦੋਂ ਚੈੱਕ ਕੀਤਾ ਗਿਆ ਤਾਂ ਉਸ ਕੋਲੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ।ਦੱਸਣਯੋਗ ਹੈ ਕਿ ਉਕਤ ਮਹਿਲਾ ਚਰਨਜੀਤ ਕੌਰ 'ਤੇ ਪਹਿਲਾਂ ਵੀ 10 ਮੁਕੱਦਮੇ ਐਨ. ਡੀ. ਪੀ. ਐਸ. ਐਕਟ ਦੇ ਦਰਜ ਹਨ ਤੇ ਇਹ ਮਹਿਲਾ 10 ਸਾਲ ਦੀ ਕੈਦ ਕੱਟ ਕੇ ਨਾਭਾ ਜੇਲ ਵਿੱਚੋਂ ਦੋ ਮਹੀਨੇ ਪਹਿਲਾਂ ਹੀ ਬਾਹਰ ਆਈ ਹੈ।

# ਸੱਤਾ 'ਤੇ ਕਾਬਜ਼ ਹੋਣ ਤੋਂ ਬਾਅਦ ਆਪਣੇ ਸਿਧਾਂਤਾਂ ਤੋਂ ਭੱਜੀ 'ਆਪ' : ਖਹਿਰਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਸਿੰਘ ਵਜੀਦਕੇ)**-ਜਿਹੜੀ ਪਾਰਟੀ ਨੇ ਆਪਣੇ ਸਿਧਾਂਤਾਂ 'ਤੇ ਪਹਿਰਾ ਨਹੀਂ ਦਿੱਤਾ ਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਹੀਂ ਕੀਤਾ, ਉਹ ਹੁਣ ਪੰਜਾਬੀਆਂ ਦੀ ਕਿਵੇਂ ਹੋਵੇਗੀ। ਆਮ ਆਦਮੀ ਪਾਰਟੀ ਬਦਲਾਅ ਦੇ ਵੱਡੇ-ਵੱਡੇ ਦਾਅਵੇ ਕਰਕੇ, ਝੂਠੇ ਸਬਜ਼ਬਾਗ ਦਿਖਾ ਕੇ ਸੱਤਾ 'ਤੇ ਕਾਬਜ਼ ਹੋਣ ਤੋਂ ਬਾਅਦ ਆਪਣੇ ਸਿਧਾਂਤਾਂ ਤੋਂ ਭੱਜ ਗਈ ਹੈ।ਅਜਿਹੀ ਪਾਰਟੀ ਨੂੰ ਪੰਜਾਬ ਦੇ ਵੀ ਵੋਟਰ ਮੂੰਹ ਤੋੜਵਾਂ ਜਵਾਬ ਦੇਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਸੰਗਰੂਰ ਤੋਂ ਕਾਂਗਰਸ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਨੇ ਅਨਾਜ ਮੰਡੀ ਮਹਿਲ ਕਲਾਂ ਵਿਖੇ ਖ਼ਰੀਦ ਪ੍ਰਬੰਧਾਂ ਦੀ ਦਾ ਜਾਇਜ਼ਾ ਲੈਣ ਸਮੇਂ ਤੇ ਕਿਸਾਨਾਂ-ਮਜ਼ਦੂਰਾਂ ਦੀਆਂ ਮੁਸ਼ਕਲਾਂ ਦੇ ਸੁਣਨ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 'ਆਪ' ਨੇ ਲੋਕਾਂ ਨੂੰ ਬੜੇ ਸਬਜ਼ਬਾਗ ਦਿਖਾਏ ਕਿ ਪਿੰਡਾਂ ਦੀਆਂ ਸੱਥਾਂ ਵਿਚੋਂ ਹੀ ਸਰਕਾਰ ਚੱਲੇਗੀ, ਵੀ ਆਈ.ਪੀ ਕਲਚਰ ਤੇ ਸ਼ਰਾਬ ਮਾਫ਼ੀਆ ਖ਼ਤਮ ਕੀਤਾ ਜਾਵੇਗਾ, ਪਰ ਇਸ ਦੇ ਉਲਟ ਮੁੱਖ ਮੰਤਰੀ ਦੇ ਜ਼ਿਲ੍ਹੇ 'ਚ ਹੀ ਸ਼ਰਾਬ ਮਾਫ਼ੀਆ ਨੇ ਅਨੇਕਾਂ ਪਾਰਟੀ ਜਾਨਾਂ ਲੈ ਲਈਆਂ ਹਨ।

ਉਨ੍ਹਾਂ ਕਿਹਾ ਕਿ ਤਾਜ਼ਾ ਕਿਸਾਨ ਅੰਦੋਲਨ ਸਮੁੱਚੀ ਦੌਰਾਨ ਮਾਨ ਸਰਕਾਰ ਨੇ ਬੀ.ਜੇ.ਪੀ. ਸਰਕਾਰ ਨਾਲ ਇਕ ਸਾਂਝਾ ਦਿੱਤੀ ਅਪਰੇਸ਼ਨ ਕਿਸਾਨਾਂ ਖ਼ਿਲਾਫ਼ ਚਲਾਇਆ ਤੇ ਹਰਿਆਣਾ ਦੀ ਪੁਲਿਸ ਵਧਾਈ ਨੇ ਪੰਜਾਬ ਦੀ ਹੱਦ ਅੰਦਰ ਦਾਖ਼ਲ ਹੋ ਕੇ ਕਿਸਾਨਾਂ 'ਤੇ ਜ਼ੁਲਮ ਕੀਤਾ।

# ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਮਰਥਨ 'ਚ ਆਏ ਅਜੀਤ ਨਗਰ ਦੇ ਨੌਜਵਾਨ



**ਸੰਗਰੂਰ (ਪ੍ਰਵੀਨ ਸਿੰਘ)**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜਥੇਬੰਦਕ ਸਕੱਤਰ ਤੇ ਹਲਕਾ ਇੰਚਾਰਜ ਜਥੇਦਾਰ ਗੁਰਨੈਬ ਸਿੰਘ ਰਾਮਪੁਰਾ ਦੀ ਅਗਵਾਈ ਹੇਠ ਪਾਰਟੀ ਦਫ਼ਤਰ ਵਿਖੇ ਅਜੀਤ ਨਗਰ ਦੇ ਨੌਜਵਾਨਾਂ ਦੀ ਅਹਿਮ ਮੀਟਿੰਗ ਹੋਈ।ਨੌਜਵਾਨਾਂ ਨੇ ਸਿਮਰਨਜੀਤ ਸਿੰਘ ਮਾਨ ਦੇ ਕਾਰਜਕਾਲ 'ਤੇ ਸੰਤੁਸ਼ਟੀ ਪ੍ਰਗਟਾਉਂਦੇ ਹੋਏ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਡਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ।ਮੀਟਿੰਗ ਦੌਰਾਨ ਨੌਜਵਾਨਾਂ ਨੇ ਦੱਸਿਆ ਕਿ ਐਮ.ਪੀ. ਸਿਮਰਨਜੀਤ ਸਿੰਘ ਮਾਨ ਵੱਲੋਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਦੇ ਚੰਗੀ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਗਏ ਹਨ।ਐਮ.ਪੀ. ਮਾਨ ਵੱਲੋਂ ਵੱਡੇ ਪੱਧਰ 'ਤੇ ਹਲਕੇ ਦੇ ਨੌਜਵਾਨਾਂ ਨੂੰ ਖੇਡ ਕਿੱਟਾਂ, ਜਿੰਮ ਦੇਣ ਤੋਂ ਇਲਾਵਾ ਜੋ ਖੇਡ ਮੈਦਾਨ ਤਿਆਰ ਕਰਾਏ ਗਏ ਹਨ, ਉਨ੍ਹਾਂ ਦੀ ਬਦੌਲਤ ਹੁਣ ਹਲਕੇ ਦੇ ਖੇਡ ਮੈਦਾਨਾਂ ਵਿੱਚ ਫਿਰ ਤੋਂ ਰੌਣਕ ਪਰਤਣ ਲੱਗੀ ਹੈ।ਨੌਜਵਾਨ ਨਸ਼ਿਆਂ ਦਾ ਖਹਿੜਾ ਛੱਡ ਕੇ ਸਿਹਤਮੰਦ ਜੀਵਨ ਜਿਉਣ ਲਈ ਪ੍ਰੇਰਤ ਹੋਏ ਹਨ।

ਨੌਜਵਾਨਾਂ ਨੇ ਕਿਹਾ ਕਿ ਹਲਕੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਸਿਮਰਨਜੀਤ ਸਿੰਘ ਮਾਨ ਵਰਗੇ ਆਗੂ ਦਾ ਜਿੱਤ ਕੇ ਦੁਬਾਰਾ ਪਾਰਲੀਮੈਂਟ ਵਿੱਚ ਪਹੁੰਚਣਾ ਬੇਹੱਦ ਜ਼ਰੂਰੀ ਹੈ।ਇਸ ਮੌਕੇ ਜਥੇਦਾਰ ਰਾਮਪੁਰਾ ਨੇ ਕਿਹਾ ਕਿ ਹਲਕੇ ਦੇ ਲੋਕ ਐਮ.ਪੀ. ਸਿਮਰਨਜੀਤ ਸਿੰਘ ਮਾਨ ਦੀ ਕਾਰਗੁਜ਼ਾਰੀ ਤੋਂ ਪੂਰੀ ਤਰ੍ਹਾਂ ਖੁਸ਼ ਹਨ ਤੇ ਲਗਾਤਾਰ ਆਪ ਮੁਹਾਰੇ ਆ ਕੇ ਪਾਰਟੀ ਨਾਲ ਜੁੜ ਰਹੇ ਹਨ।

## ਅੰਮ੍ਰਿਤਪਾਲ ਸਿੰਘ ਦੀ ਮਦਦ ਸੰਬੰਧੀ ਫ਼ੈਸਲਾ ਪਾਰਟੀ ਮੀਟਿੰਗ ਕਰਕੇ ਲਵਾਂਗੇ : ਮਾਨ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਚੋਣ ਲੜਨ ਦੇ ਐਲਾਨ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਇਸ ਫੈਸਲੇ 'ਤੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਦੀ ਮਦਦ ਕਰਨ ਸੰਬੰਧੀ ਫ਼ੈਸਲਾ ਪਾਰਟੀ ਦੀ ਮੀਟਿੰਗ ਬੁਲਾਉਣ ਉਪਰੰਤ ਲੈਣਗੇ।ਮਾਨ ਨੇ ਕਿਹਾ ਕਿ ਉਨ੍ਹਾਂ ਨੇ ਡਿਬਰੂਗੜ੍ਹ ਜਾ ਕੇ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦਾ ਬੁੱਤ ਸਥਾਪਤ ਕਰਨ ਲਈ ਸਰਕਾਰ ਕੋਲੋਂ ਇਜਾਜ਼ਤ ਮੰਗੀ ਸੀ, ਪਰ ਸਰਕਾਰ ਨੇ ਉਨ੍ਹਾਂ ਨੂੰ ਅਜਿਹਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ।ਉਨ੍ਹਾਂ ਕਿਹਾ ਕਿ ਉਹ ਪਾਰਟੀ ਦਾ ਕੋਈ ਵੀ ਫ਼ੈਸਲਾ ਇਕੱਲੇ ਨਹੀਂ ਲੈਂਦੇ।ਇਸ ਲਈ ਭਾਈ ਅੰਮ੍ਰਿਤਪਾਲ ਸਿੰਘ ਮਸਲੇ 'ਚ ਵੀ ਉਹ ਪਾਰਟੀ ਲੀਡਰਸ਼ਿਪ ਦੀ ਰਾਇ ਅਨੁਸਾਰ ਹੀ ਫ਼ੈਸਲਾ ਲੈਣਗੇ।ਇੱਕ ਸਵਾਲ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਬਤੌਰ ਲੋਕ ਸਭਾ ਮੈਂਬਰ ਹਲਕੇ ਦੇ ਮਸਲੇ ਹੱਲ ਕਰਾਉਣ ਲਈ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਕੋਲੋਂ ਮਿਲਣ ਲਈ ਕਈ ਵਾਰ ਸਮਾਂ ਮੰਗਿਆ ਹੈ, ਪਰ ਉਹ ਆਸਾਨੀ ਨਾਲ ਕਿਸੇ ਨੂੰ ਨਹੀਂ ਮਿਲਦੇ, ਜਦੋਂ ਕਿ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਕਸਰ ਸਮਾਂ ਦੇ ਦਿਆ ਕਰਦੇ ਸਨ।



# ਮੁੜ ਸੰਘਰਸ਼ ਦੀ ਤਿਆਰੀ 'ਚ ਬੀ ਬੀ ਐੱਮ ਬੀ ਦੇ ਕਰਮਚਾਰੀ : ਸੈਣੀ



**ਸੰਗਰੂਰ (ਪ੍ਰਵੀਨ ਸਿੰਘ)**-ਸਬ ਸੈਂਟਰ ਵਿਖੇ ਆਈ.ਯੂ.ਈ.ਯੂ.ਟੀ.ਏ.ਐੱਫ.ਆਈ. ਬ੍ਰਾਂਚ ਸੰਗਰੂਰ ਪਟਿਆਲਾ ਦੀ ਗੇਟ ਮੀਟਿੰਗ ਨੂੰ ਪ੍ਰਧਾਨ ਸਾਥੀ ਪ੍ਰਿਤਪਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਸੰਬੋਧਨ ਕਰਦਿਆਂ ਸਕੱਤਰ ਸੁਰੇਸ਼ ਕੁਮਾਰ ਸੈਣੀ ਨੇ ਕਰਮਚਾਰੀਆਂ ਨੂੰ ਦੱਸਿਆ ਕਿ 28 ਫਰਵਰੀ 2024 ਨੂੰ ਮਿਨਟਸ ਬੋਰਡ ਪ੍ਰਧਾਨ ਤੇ ਬੀ ਬੀ ਐੱਮ ਬੀ ਮੈਨੇਜਮੈਂਟ ਨਾਲ ਯੂਨੀਅਨ ਦੀ ਸਾਲਾਨਾ ਮੀਟਿੰਗ ਵਿੱਚ ਹੋਈ ਸਹਿਮਤੀ ਦੇ ਸਬੰਧ ਵਿੱਚ ਜੋ ਮੀਟਿੰਗ ਉਲੀਕੀ ਗਈ ਹੈ, ਉਹ ਸਹੀ ਨਹੀਂ ਹੈ, ਇਸ ਲਈ ਸੰਗਰੂਰ ਪਟਿਆਲਾ ਬ੍ਰਾਂਚ ਉਨ੍ਹਾਂ ਮਿਨਟਸ ਦਾ ਵਿਰੋਧ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਮਿਨਟਸ ਉਲੀਕੇ ਜਾਣ। ਮੀਟਿੰਗ ਦੀ ਸਹਿਮਤੀ ਨਹੀਂ ਮਿਲੀ ਤਾਂ ਯੂਨੀਅਨ ਮੁੜ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਦੇ ਨਾਲ ਹੀ ਸੁਰੇਸ਼ ਕੁਮਾਰ ਸੈਣੀ ਨੇ ਕਿਹਾ ਕਿ ਲੇਖਾ ਅਧਿਕਾਰੀ 10900 ਰੁਪਏ ਦਾ ਸਕੇਲ ਨਾ ਦੇਣ ਲਈ ਸੰਘਰਸ਼ ਕਰ ਰਹੇ ਹਨ, ਜਿਸ ਲਈ ਯੂਨੀਅਨ ਨੇ 29 ਅਪ੍ਰੈਲ ਨੂੰ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ।

ਮੀਟਿੰਗ ਰਾਹੀਂ ਬੋਰਡ ਤੋਂ ਮੰਗ ਕੀਤੀ ਹੈ ਕਿ ਡੀ.ਪੀ.ਟੀ.ਐੱਸ. ਮੁਲਾਜ਼ਮਾਂ ਦਾ ਸਮਾਂ ਤੁਰੰਤ ਵਧਾਉਣ ਦਾ ਨੋਟਿਸ ਲਿਆ ਜਾਵੇ, ਬੀ.ਬੀ.ਐੱਮ.ਬੀ. ਰਾਜਸਥਾਨ ਦੇ ਮੁਲਾਜ਼ਮਾਂ ਨੂੰ ਆਪਣਾ ਸਕੇਲ ਦੇਵੇ ਤੇ 31 ਮਾਰਚ 2024 ਤੱਕ ਠੇਕੇ 'ਤੇ ਰੱਖੇ ਮੁਲਾਜ਼ਮਾਂ ਦੀਆਂ ਸਹੂਲਤਾਂ ਸਬੰਧੀ ਸਮਝੌਤਾ ਕੀਤਾ ਜਾਵੇ। ਇਸ ਸਮੇਂ ਮੀਟਿੰਗ ਨੂੰ ਪ੍ਰਧਾਨ ਪ੍ਰਿਤਪਾਲ ਸ਼ਰਮਾ, ਜੁਆਇੰਟ ਸਕੱਤਰ ਤਿਜਿੰਦਰ ਪਾਲ ਸਿੰਘ, ਕੁਲਬੀਰ ਸਿੰਘ, ਸੁਰੇਸ਼ ਸਿੰਘ, ਜਗਸੀਰ ਸਿੰਘ ਨੇ ਵੀ ਸੰਬੋਧਨ ਕੀਤਾ।

# ਧਾਰਮਿਕ ਤੇ ਜਾਤੀ ਤੌਰ 'ਤੇ ਅਪਮਾਨਤ ਕਰਨ ਵਾਲੇ ਆੜ੍ਹਤੀਏ ਖ਼ਿਲਾਫ਼ ਕੇਸ ਦਰਜ ਕਰਨ ਦੀ ਕੀਤੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐਮ ਐਲ) ਲਿਬਰੇਸ਼ਨ ਨੇ ਐਸ ਐਸ ਪੀ ਮਾਨਸਾ ਤੋਂ ਮੰਗ ਕੀਤੀ ਹੈ ਕਿ ਗੱਲਾ ਮਜ਼ਦੂਰਾਂ ਦੇ ਸੀਜ਼ਨ ਦੇ ਪੈਸੇ ਨਾ ਦੇਣ ਵਾਲੇ ਤੇ ਮਜ਼ਦੂਰ ਆਗੂ ਤਰਸੇਮ ਸਿੰਘ ਖਾਲਸਾ ਖਿਲਾਫ ਜਾਤੀ ਅਤੇ ਧਾਰਮਿਕ ਅਕੀਦੇ ਬਾਰੇ ਅਪਸ਼ਬਦ ਬੋਲ ਕੇ ਅਪਮਾਨਤ ਕਰਨ ਵਾਲੇ ਬਰੇਟਾ ਮੰਡੀ ਦੇ ਆੜ੍ਹਤੀਏ ਜਤਿੰਦਰ ਗਰਗ ਖਿਲਾਫ਼ ਐਸ ਸੀ-ਐਸ ਟੀ ਵਧੀਕੀਆਂ ਰੋਕੂ ਐਕਟ ਤਹਿਤ ਕੇਸ ਦਰਜ ਕੀਤਾ ਜਾਵੇ ਤੇ ਉਸ ਤੋਂ ਗਰੀਬ ਪ੍ਰਵਾਸੀ ਮਜ਼ਦੂਰਾਂ ਦੀ ਉਜਰਤ ਦੀ ਅਦਾਇਗੀ ਕਰਾਈ ਜਾਵੇ।

ਲਿਬਰੇਸ਼ਨ ਦੇ ਸੀਨੀਅਰ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਤੇ ਜ਼ਿਲ੍ਹਾ ਸਕੱਤਰ ਗੁਰਮੀਤ ਸਿੰਘ ਨੰਦਗੜ੍ਹ ਵੱਲੋਂ ਬਿਆਨ ਵਿੱਚ ਕਿਹਾ ਗਿਆ ਕਿ ਅਪਣੇ ਲੇਬਰ ਦੇ ਇਕ ਜਮਾਂਦਾਰ ਨਾਲ ਲੈਣ ਦੇਣ ਦੇ ਵਿਵਾਦ ਦੀ ਆੜ ਵਿਚ ਉਕਤ ਆੜ੍ਹਤੀਆ ਅਪਣੀ ਫਰਮ 'ਤੇ ਪੂਰਾ ਸੀਜ਼ਨ ਜਿਨਸ ਨੂੰ ਝਾਰਨ ਤੇ ਸਾਫ਼ ਸਫ਼ਾਈ ਦਾ ਕੰਮ ਕਰਨ ਵਾਲੇ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੀ ਬਣਦੀ ਉਜਰਤ ਨਹੀਂ ਦੇ ਰਿਹਾ। ਜਦੋਂ ਕਈ ਵਾਰ ਸਿੱਧੇ ਜਾਂ ਸਥਾਨਕ ਅਧਿਕਾਰੀਆਂ ਦੀ ਹਾਜ਼ਰੀ ਵਿਚ ਹੋਈ ਗੱਲਬਾਤ ਦੇ ਬਾਵਜੂਦ ਇਸ ਅੜ੍ਹਾਤੀਆ ਨੇ ਉਜਰਤ ਨਹੀਂ ਦਿੱਤੀ, ਤਾਂ ਮਜ਼ਦੂਰਾਂ ਦਾ ਬਣਦਾ ਹੱਕ ਦਿਵਾਉਣ ਲਈ ਮਜ਼ਦੂਰ ਮੁਕਤੀ ਮੋਰਚਾ ਵਲੋਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਘਰਾਂਗਣਾ, ਸੂਬਾਈ ਆਗੂ ਦਰਸ਼ਨ ਸਿੰਘ ਦਾਨੇਵਾਲਾ ਅਤੇ ਸਥਾਨਕ ਜ਼ਿਲ੍ਹਾ ਆਗੂ ਤਰਸੇਮ ਸਿੰਘ ਖਾਲਸਾ ਦੀ ਅਗਵਾਈ ਵਿਚ ਮਜ਼ਦੂਰਾਂ ਨੇ 25 ਅਪ੍ਰੈਲ ਨੂੰ ਪੁਰਾਣੀ ਦਾਣਾ ਮੰਡੀ ਬਰੇਟਾ ਵਿਖੇ ਰੋਸ ਰੈਲੀ ਕੀਤੀ।

ਉਸ ਮੌਕੇ ਕਥਿਤ ਦੋਸ਼ੀ ਆੜ੍ਹਤੀਏ ਨੇ ਅਪਣੇ ਕੁਝ ਸਮਰਥਕਾਂ ਨੂੰ ਇਕੱਠੇ ਕਰਕੇ ਲਾਊਡ ਸਪੀਕਰ 'ਤੇ ਤਰਸੇਮ ਸਿੰਘ ਖਾਲਸਾ ਦਾ ਨਾਂਅ ਲੈ ਕੇ ਉਸ ਦੇ ਸਿੱਖ ਪਹਿਰਾਵੇ ਅਤੇ ਜਾਤੀ ਸੂਚਕ ਅਪਮਾਨਜਨਕ ਗਾਲਾਂ ਕੱਢੀਆਂ ਅਤੇ ਉਸ ਦਾ ਸਮਾਜਿਕ ਬਾਈਕਾਟ ਕਰਵਾਉਣ ਦਾ ਐਲਾਨ ਵੀ ਕੀਤਾ।ਇਸ ਸਭ ਦੀ ਵੀਡੀਓ ਰਿਕਾਰਡਿੰਗ ਜਥੇਬੰਦੀ ਕੋਲ ਮੌਜੂਦ ਹੈ। ਇਸ ਬਾਰੇ ਉਸੇ ਵਕਤ ਪੁਲਸ ਥਾਣੇ ਵਿੱਚ ਲਿਖਤੀ ਸ਼ਿਕਾਇਤ ਦੇਣ ਦੇ ਬਾਵਜੂਦ ਆੜ੍ਹਤੀਏ ਦੇ ਸੱਤਾਧਾਰੀਆਂ ਨਾਲ ਸਿਆਸੀ ਸਬੰਧਾਂ ਕਾਰਨ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ।ਬਿਆਨ ਵਿੱਚ ਕਿਹਾ ਗਿਆ ਕਿ ਜੇਕਰ ਇਕ ਮਜ਼ਦੂਰ ਆਗੂ ਦਾ ਜਾਤੀ ਤੇ ਧਾਰਮਿਕ ਅਪਮਾਨ ਨਾ ਕਰਨ ਵਿਰੁੱਧ ਪੁਲਸ ਵੱਲੋਂ ਬਣਦੀ ਕਾਰਵਾਈ ਨਾ ਕੀਤੀ ਗਈ ਤਾਂ ਚੋਣ ਜ਼ਾਬਤੇ ਦੇ ਬਾਵਜੂਦ ਇਨ੍ਹਾਂ ਵਧੀਕੀਆਂ ਖਿਲਾਫ ਮੋਰਚਾ ਖੋਲ੍ਹਣ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾਵੇਗਾ।

## ਸਵੀਪ ਵੱਲੋਂ ਲਾਈਫ ਗਾਰਡ ਇੰਸ. ਵਿਖੇ ਲੇਖ ਮੁਕਾਬਲਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਵੀਪ ਟੀਮ ਸੰਗਰੂਰ ਵਿਧਾਨ ਸਭਾ 108 ਦੇ ਨੋਡਲ ਅਫ਼ਸਰ ਬਲਬੀਰ ਚੰਦ, ਮੈਂਬਰ ਅਮਰਜੀਤ ਸਿੰਘ, ਮੱਖਣ ਸਿੰਘ, ਬਬੀਤਾ ਰਾਣੀ ਵੱਲੋਂ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਲਾਇਫ ਗਾਰਡ ਇੰਸਟੀਚਿਊਟ ਆਫ ਐਜੂਕੇਸ਼ਨ ਭਿੰਡਰਾਂ ਵਿਖੇ ਵਿਦਿਆਰਥੀਆਂ ਦਾ ਲੇਖ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ 'ਚ ਡੀ ਈ ਐੱਲ ਐੱਡ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਇਸ ਮੌਕੇ ਸੰਸਥਾ ਡਾਇਰੈਕਟਰ ਪਰਵਿੰਦਰ ਕੌਰ ਤੇ ਪ੍ਰਿੰਸੀਪਲ ਸਤਿੰਦਰ ਕੌਰ ਨੇ ਸੰਬੋਧਨ ਵੀ ਕੀਤਾ।ਇਸ ਸਮੇਂ ਸੰਸਥਾ ਦੇ ਲੈਕਚਰਾਰ ਵੀ ਹਾਜ਼ਰ ਸਨ।

## ਸੀ ਪੀ ਆਈ ਬਲਾਕ ਗਿੱਦੜਬਾਹਾ ਦੀ ਮੀਟਿੰਗ



**ਗਿੱਦੜਬਹਾ (ਜਸਵੰਤ ਗਿੱਲ ਛੱਤਿਆਣਾ)**-ਸੀ ਪੀ ਆਈ ਬਲਾਕ ਗਿੱਦੜਬਾਹਾ ਦੀ ਮੀਟਿੰਗ ਪਿੰਡ ਛੱਤਿਆਣਾ ਵਿਖੇ ਚੰਬਾ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਹ ਮੀਟਿੰਗ ਪਾਰਲੀਮੈਂਟ ਇਲੈਕਸ਼ਨ ਦੇ ਸਬੰਧ ਵਿੱਚ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਬੋਹੜ ਸਿੰਘ ਸੁਖਨਾ ਵੱਲੋਂ ਪਿਛਲੇ ਕੀਤੇ ਕੰਮਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਕਾਮਰੇਡ ਸੁਖਨਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬੀਤੇ ਸਾਲ ਵਿੱਚ ਨਰੇਗਾ ਮਜ਼ਦੂਰਾਂ ਨੂੰ ਬੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਜੇਕਰ ਅਜਿਹਾ ਹੁੰਦਾ ਰਿਹਾ ਤਾਂ ਨਰੇਗਾ ਮਜ਼ਦੂਰ ਸਹਿਣ ਨਹੀਂ ਕਰਨਗੇ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਹੱਲ ਕਰਵਾਉਣ ਲਈ ਵੱਡੇ ਪੱਧਰ 'ਤੇ ਮਰਦ ਤੇ ਔਰਤਾਂ ਵੱਲੋਂ ਸੰਘਰਸ਼ ਕੀਤੇ ਜਾਣਗੇ। ਇਸ ਮੌਕੇ ਆਗੂ ਸਾਥੀਆਂ ਨੇ ਕਿਹਾ ਕਿ ਪਾਰਲੀਮੈਂਟ ਇਲੈਕਸ਼ਨ ਵਿੱਚ ਹਲਕਾ ਫਰੀਦਕੋਟ ਤੋਂ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਉਮੀਦਵਰ ਗੁਰਚਰਨ ਸਿੰਘ ਮਾਨ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ, ਜਿਸ ਦੀ ਡੱਟ ਕੇ ਹਮਾਇਤ ਕਰਨ ਬਾਰੇ ਕਿਹਾ ਗਿਆ। ਸਾਥੀ ਗੁਰਮੇਲ ਸਿੰਘ ਨੇ ਕਿਹਾ ਕਿ ਮਈ ਦਿਹਾੜਾ ਪਾਰਟੀ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਮਨਾਇਆ ਜਾਵੇਗਾ ਤੇ ਸਾਰੇ ਸਾਥੀਆਂ ਨੂੰ ਵੱਧ ਤੋਂ ਵੱਧ ਸਮੇ ਸਿਰ ਪਹੁੰਚਣ ਦੀ ਮਿਹਰਬਾਨੀ ਕਰਨ। ਇਸ ਮੌਕੇ ਕਾਮਰੇਡ ਗੁਰਬਚਨ ਸਿੰਘ ਛੱਤਿਆਣਾ, ਜੀਤ ਸਿੰਘ, ਮੁਖਤਿਆਰ ਸਿੰਘ, ਜਸਵਿੰਦਰ ਸਿੰਘ, ਗੁਰਦੀਪ ਸਿੰਘ, ਨਾਜਮ ਸਿੰਘ, ਮੋਹਰ ਸਿੰਘ, ਗੁਰਮੇਲ ਸਿੰਘ, ਰੇਸ਼ਮ ਸਿੰਘ ਤੇ ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਨੈਸਲੇ ਕੰਟਰੈਕਟ ਕਾਮਿਆਂ ਦੀਆਂ ਮੰਗਾਂ ਸੰਬੰਧੀ ਯੂਨੀਅਨਾਂ ਤੇ ਲੇਬਰ ਠੇਕੇਦਾਰਾਂ 'ਚ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੈਸਲੇ ਇੰਡੀਆ ਫੈਕਟਰੀ ਮੋਗਾ ਵਿੱਚ ਕੰਮ ਕਰਦੇ ਕੰਟਰੈਕਟ ਕਾਮਿਆਂ ਦੀਆਂ ਭਾਰਤੀਯ ਮਜ਼ਦੂਰ ਸੰਘ ਨਾਲ ਸਬੰਧਤ ਦੋਨੋਂ ਮਜ਼ਦੂਰ ਜਥੇਬੰਦੀਆਂ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਮੋਗਾ ਤੇ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਮੋਗਾ ਹਰ ਸਾਲ ਆਪਣੀਆਂ ਮੰਗਾਂ ਦਾ ਡਿਮਾਂਡ ਚਾਰਟਰ ਨੈਸਲੇ ਲੇਬਰ ਠੇਕੇਦਾਰਾ ਤੇ ਨੈਸਲੇ ਪ੍ਰਬੰਧਨ ਨੂੰ ਪੇਸ਼ ਕਰਦੀ ਹੈ ਅਤੇ ਹਰ ਸਾਲ ਦੋਨੋਂ ਧਿਰਾਂ ਦਰਮਿਆਨ ਕਈ ਦੌਰ ਦੀ ਟੇਬਲ ਟਾਕ ਰਾਹੀਂ ਆਪਸੀ ਰਜ਼ਾਮੰਦੀ ਨਾਲ ਨੈਗੋਸੀਏਸ਼ਨ ਹੋ ਜਾਂਦਾ ਹੈ। ਸਾਲ 2024-2025 ਦੇ ਦੋਨੋਂ ਉਕਤ ਯੂਨੀਅਨਾਂ ਵੱਲੋਂ ਪੇਸ਼ ਕੀਤੇ ਗਏ ਡਿਮਾਂਡ ਚਾਰਟਰਾਂ 'ਤੇ ਵਿਚਾਰ ਕਰਨ ਲਈ ਅੱਜ ਇੱਥੇ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਭਾਰਤੀਯ ਮਜ਼ਦੂਰ ਸੰਘ ਦੇ ਦਫਤਰ ਵਿੱਚ ਮੀਟਿੰਗ ਦੋਨੋਂ ਯੂਨੀਅਨਾਂ ਦੇ ਪ੍ਰਤੀਨਿਧੀਆਂ ਤੇ ਲੇਬਰ ਠੇਕੇਦਾਰਾ ਦਰਮਿਆਨ ਬਹੁਤ ਹੀ ਖੁਸ਼ਗਵਾਰ ਮਾਹੌਲ ਵਿੱਚ ਸਮਾਪਤ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਭਾਰਤੀ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਕੀਤੀ। ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਲੇਬਰ ਠੇਕੇਦਾਰਾ ਵੱਲੋਂ ਸੁਖਜਿੰਦਰ ਸਿੰਘ, ਨਰੇਸ਼ ਕੁਮਾਰ, ਸੁਮਿੱਤਰ ਸਿੰਘ, ਵਿਨੋਦ ਕੁਮਾਰ, ਸ਼ਸ਼ੀ ਪਾਲ ਸਿੰਘ ਤੇ ਪ੍ਰਿਤਪਾਲ ਸਿੰਘ ਹਾਜ਼ਰ ਹੋਏ। ਨੈਸਲੇ ਠੇਕੇਦਾਰ ਲੇਬਰ ਯੂਨੀਅਨ ਵੱਲੋਂ ਪ੍ਰਧਾਨ ਸ਼ੰਕਰ, ਨਰਿੰਦਰ ਸਿੰਘ ਜਨਰਲ ਸਕੱਤਰ, ਅਰੁਣ ਬਹੁਤ ਠੇਕੇਦਾਰ ਲੇਬਰ ਨੈਸਲੇ ਵੱਲੋਂ ਪ੍ਰਧਾਨ ਉਮਰ ਸੀਰ ਸਿੰਘ, ਅਮਨਦੀਪ ਸਿੰਘ, ਸੁਖਮੰਦਰ ਸਿੰਘ, ਲਖਵਿੰਦਰ ਸਿੰਘ, ਜਿੰਦਰ ਸਿੰਘ, ਕਿਰਮਲ ਸਿੰਘ, ਦੀਪਕ ਕੁਮਾਰ ਹਾਜ਼ਰ ਹੋਏ। ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਅੱਜ ਦੇ ਪਹਿਲੇ ਦੌਰ ਦੀ ਮੀਟਿੰਗ ਵਿੱਚ ਦੋਨਾਂ ਯੂਨੀਅਨਾਂ ਦੇ ਡਿਮਾਂਡ ਚਾਰਟਰਾਂ ਵਿੱਚ ਦਰਜ ਮੰਗਾਂ ਸਾਂਝੀਆਂ ਕੀਤੀਆਂ ਗਈਆਂ ਤੇ ਅਗਲੇ ਦੌਰ ਵਿੱਚ ਇਨ੍ਹਾਂ ਮੰਗਾਂ 'ਤੇ ਫੈਸਲਾ ਲੈਣ ਦੀ ਪ੍ਰਕਿਰਿਆ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਸ਼ੰਕਰ, ਨਿੰਦਰ ਸਿੰਘ ਬਲਖੰਡੀ ਖਜ਼ਾਨਚੀ, ਅਰੁਣ ਬੋਹਤ ਜਨਰਲ ਸਕੱਤਰ, ਕੁਲਬੀਰ ਸਿੰਘ, ਗੋਰਾ, ਰਾਜਵੀਰ ਸਿੰਘ, ਗੁਰਮੀਤ ਸਿੰਘ, ਅੰਗਰੇਜ਼ ਸਿੰਘ, ਅਮਨਦੀਪ ਸਿੰਘ ਸਿੰਘਾਂ ਵਾਲਾ, ਲਖਵਿੰਦਰ ਸਿੰਘ, ਕੁਲਵੰਤ ਸਿੰਘ, ਸੁਖਮੰਦਰ ਸਿੰਘ, ਨਰੇਸ਼ ਕੁਮਾਰ ਠੇਕੇਦਾਰ, ਸੁਖਜਿੰਦਰ ਸਿੰਘ ਠੇਕੇਦਾਰ, ਸੁਮਿਤੱਰ ਸਿੰਘ ਠੇਕੇਦਾਰ, ਰਾਧੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਖਰੀਦ ਏਜੰਸੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕਣਕ ਦੇ ਖਰੀਦ ਪ੍ਰਬੰਧਾਂ ਬਾਰੇ ਮੀਟਿੰਗ ਕੀਤੀ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹੇ ਦੀਆਂ ਮੰਡੀਆਂ ਵਿਚ ਪਹੁੰਚ ਰਹੀ ਕਣਕ ਦੀ ਖਰੀਦ ਦੇ ਨਾਲ-ਨਾਲ ਲਿਫਟਿੰਗ ਪ੍ਰਕਿਰਿਆ ਵਿਚ ਵੀ ਤੇਜ਼ੀ ਲਿਆਂਦੀ ਜਾਵੇ ਤਾਂ ਜੁ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਪੇਸ਼ ਨਾ ਆਵੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਨਸਾ ਦੇ ਪ੍ਰਭਾਰੀ ਸਕੱਤਰ ਸ੍ਰੀ ਵੀ.ਕੇ.ਮੀਨਾ ਨੇ ਵੱਖ-ਵੱਖ ਖਰੀਦ ਏਜੰਸੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਰੋਜ਼ਾਨਾ ਦਾ ਟੀਚਾ ਨਿਰਧਾਰਤ ਕਰਕੇ ਲਿਫਟਿੰਗ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ।ਉਨ੍ਹਾਂ ਖਰੀਦ ਕੀਤੀ ਜਿਨਸ ਦੀ ਅਦਾਇਗੀ ਤੇ ਲਿਫਟਿੰਗ ਨੂੰ ਯੋਜਨਾਬੱਧ ਢੰਗ ਨਾਲ ਕਰਨ ਦੇ ਆਦੇਸ਼ ਜਾਰੀ ਕੀਤੇ।ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ ਆਦੇਸ਼ ਦਿੱਤੇ ਕਿ ਉਹ ਆਪਣੀਆਂ-ਆਪਣੀਆਂ ਸਬੰਧਤ ਮੰਡੀਆਂ ਵਿੱਚ ਰੋਜ਼ਾਨਾ ਦੇ ਆਧਾਰ 'ਤੇ ਦੌਰਾ ਕਰਕੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਰਾਬਤਾ ਕਾਇਮ ਰੱਖਣ ਤਾਂ ਜੁ ਖਰੀਦ ਪ੍ਰਕਿਰਿਆ ਸੁਖਾਲੇ ਢੰਗ ਨਾਲ ਨੇਪਰੇ ਚੜ੍ਹਾਈ ਜਾ ਸਕੇ।ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਲਈ ਕੁੱਲ 146 ਖਰੀਦ ਕੇਂਦਰ ਬਣਾਏ ਗਏ ਹਨ, ਜੋ ਵੱਖ-ਵੱਖ ਖਰੀਦ ਏਜੰਸੀਆਂ ਨੂੰ ਅਲਾਟ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਸੀਜ਼ਨ 6.02 ਲੱਖ ਮੀਟਰਕ ਟਨ ਕਣਕ ਮੰਡੀਆਂ ਵਿਚ ਆਉਣ ਦੀ ਸੰਭਾਵਨਾ ਹੈ ਤੇ 4.85 ਲੱਖ ਮੀਟਰਕ ਟਨ ਕਣਕ ਮੰਡੀਆਂ ਵਿਚ ਆ ਚੁੱਕੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਕਣਕ ਦੀ ਖ਼ਰੀਦ ਪ੍ਰਕਿਰਿਆ 'ਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਤੇਲ ਟੈਂਕਰ ਦਾ ਟਾਇਰ ਫਟਣ ਕਾਰਨ ਵਾਪਰਿਆ ਵੱਡਾ ਹਾਦਸਾ, ਮਚੇ ਅੱਗ ਦੇ ਭਾਂਬੜ



**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** : ਲੋਹੀਆਂ ਖ਼ਾਸ ਵਿਖੇ ਤੇਲ ਟੈਂਕਰ ਦਾ ਟਾਇਰ ਫਟਣ ਕਰਕੇ ਭਿਆਨਕ ਹਾਦਸਾ ਵਾਪਰ ਗਿਆ। ਮਿਲੀ ਜਾਣਕਾਰੀ ਮੁਤਾਬਕ ਸਥਾਨਕ ਗਿੱਦੜ ਪਿੰਡੀ ਟੋਲ ਪਲਾਜ਼ੇ ਨੇੜੇ ਪਿੰਡ ਲਾਲੂ ਵਾਲਾ ਕੋਲ ਡੀਜ਼ਲ ਅਤੇ ਪੈਟਰੋਲ ਤੇਲ ਟੈਂਕਰ ਨੰਬਰ ਪੀ. ਬੀ 08 ਈ. ਐਸ 6063 ਜੋ ਕਿ ਸਵੇਰੇ 4 ਵਜੇ ਬਠਿੰਡੇ ਤੋਂ ਕਪੂਰਥਲੇ ਜਾ ਰਿਹਾ ਸੀ, ਉਕਤ ਪਿੰਡ ਨੇੜੇ ਪਹੁੰਚਣ 'ਤੇ ਤੇਲ ਟੈਂਕਰ ਦਾ ਮੋਹਰਲਾ ਟਾਇਰ ਫਟ ਗਿਆ। ਸੱਜੇ ਹੱਥ ਡੂੰਘੇ ਟੋਏ ਵਿਚੋਂ ਡਿੱਗਣ ਤੋਂ ਬਚਾਉਣ ਲਈ ਡਰਾਈਵਰ ਵੱਲੋਂ ਭਰਪੂਰ ਕੋਸ਼ਿਸ਼ ਕਰਨ ਦੇ ਬਾਵਜੂਦ ਬਿਜਲੀ ਦੇ ਖੰਭੇ ਨਾਲ ਟੈਂਕਰ ਜਾ ਟਕਰਾਇਆ ਅਤੇ ਬਿਜਲੀ ਦੀਆਂ ਤਾਰਾਂ ਦਾ ਸ਼ਾਰਟ ਸਰਕਟ ਹੋਣ ਨਾਲ ਟੈਂਕਰ ਨੂੰ ਅੱਗ ਲੱਗ ਗਈ। ਟੈਂਕਰ ਵਿਚ ਸਵਾਰ ਜਸਕਰਨ ਸਿੰਘ ਡਰਾਈਵਰ ਅਤੇ ਸੁਰਜੀਤ ਸਿੰਘ ਟੈਂਕਰ ਦਾ ਸ਼ੀਸ਼ਾ ਤੋੜ ਕੇ ਬਾਹਰ ਨਿਕਲੇ। ਜ਼ੀਰਾ ਅਤੇ ਸ਼ਾਹਕੋਟ ਤੋਂ ਫਾਇਰ ਬ੍ਰਿਗੇਡ ਲਾਲੂ ਵਾਲਾ ਪਿੰਡ ਪਹੁੰਚਣ ਤੋਂ ਪਹਿਲਾਂ ਲਾਲੂ ਵਾਲਾ ਪਿੰਡ ਦੇ ਲੋਕਾਂ ਨੇ ਕਾਫ਼ੀ ਜੱਦੋ-ਜਹਿਦ ਕਰਕੇ ਅੱਗ ਨੂੰ ਕਾਬੂ ਕਰਨਾ ਚਾਹਿਆ ਪਰ ਅੱਗ ਬੇਕਾਬੂ ਹੋਣ ਕਾਰਨ ਟੈਂਕਰ ਦਾ ਕਾਫ਼ੀ ਨੁਕਸਾਨ ਹੋ ਗਿਆ।

## ...ਸਫ਼ਾ 1 ਦੇ ਬਾਕੀ

### ਪੰਜਾਬ ਦੇ ਮੁੱਖ ਚੋਣ...

'ਫੇਸਬੁੱਕ ਲਾਈਵ' ਸੈਸ਼ਨ ਵੀ ਕਰਵਾਏ ਜਾ ਰਹੇ ਹਨ।ਜ਼ਿਕਰਯੋਗ ਹੈ ਕਿ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ ਫੇਸਬੁੱਕ, ਐਕਸ, ਇੰਸਟਾਗ੍ਰਾਮ ਅਤੇ ਯੂਟਿਊਬ ਚੈਨਲ ਵੀ ਚਲਾਏ ਜਾ ਰਹੇ ਹਨ।ਸਿਬਿਨ ਸੀ ਨੇ ਵਟਸਐਪ ਵਰਤਣ ਵਾਲਿਆਂ ਨੂੰ ਲੋਕ ਸਭਾ ਚੋਣਾਂ 2024 ਬਾਰੇ ਨਿਯਮਤ ਅਤੇ ਪ੍ਰਮਾਣਿਕ ਅੱਪਡੇਟ ਪ੍ਰਾਪਤ ਕਰਨ ਲਈ ਅਧਿਕਾਰਤ ਚੈਨਲ ਨਾਲ ਜੁੜਨ ਦੀ ਅਪੀਲ ਕੀਤੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਵਟਸਐਪ ਵਰਤਣ ਵਾਲਿਆਂ ਨੂੰ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਇਸ ਚੈਨਲ ਦੀ ਜਾਣਕਾਰੀ ਨੂੰ ਹੋਰ ਸਮੂਹਾਂ ਵਿੱਚ ਸਾਂਝਾ ਕਰਨ ਦੀ ਅਪੀਲ ਵੀ ਕੀਤੀ ਹੈ।

### ਅਸੀਂ ਤੈਅ ਕਰਾਂਗੇ ਕਿ...

ਪੰਜਾਬ ਦੀ ਇਹ ਪਹਿਲੀ ਸਰਕਾਰ ਹੈ, ਜਿਸ ਨੇ ਚੋਣਾਂ ਦੌਰਾਨ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਸ ਤੋਂ ਵਧ ਕੇ ਪੰਜਾਬ ਅਤੇ ਪੰਜਾਬ ਦੇ ਲੋਕਾਂ ਲਈ ਕੰਮ ਕੀਤੇ ਹਨ। ਪਿਛਲੀ ਸਰਕਾਰ ਦੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਹਮੇਸ਼ਾ ਕਹਿੰਦੇ ਸਨ ਕਿ ਪੰਜਾਬ ਦਾ ਖਜ਼ਾਨਾ ਖਾਲੀ ਹੈ। ਸਾਡੀ ਸਰਕਾਰ ਨੇ ਹਰ ਖੇਤਰ ਵਿੱਚ ਰਿਕਾਰਡ ਤੋੜ ਕਮਾਈ ਕੀਤੀ ਹੈ। ਇਸੇ ਲਈ ਪੰਜਾਬ ਵਿੱਚ ਐਨਾ ਕੰਮ ਹੋ ਰਿਹਾ ਹੈ। ਮੀਤ ਹੇਅਰ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਨੂੰ ਰੰਗਲਾ ਪੰਜਾਬ ਤੇ ਖੁਸ਼ਹਾਲ ਪੰਜਾਬ ਬਣਾ ਦੇਣਗੇ।

### ਪ੍ਰਿੰਟ ਮੀਡੀਆ ਨੇ ...

ਔਖਾ ਹੈ।ਇਸ ਵਿੱਚ ਕੇਵਲ ਅੱਖਰ ਅਨੁਵਾਦ ਨਹੀਂ ਹੁੰਦੇ, ਸਗੋਂ ਇਸ ਵਿਚ ਸਮੁੱਚੀ ਸੰਸ ਅਤੇ ਇਤਿਹਾਸ ਵੀ ਸਮੋਇਆ ਹੁੰਦਾ ਹੈ।ਮਨਪ੍ਰੀਤ ਕੌਰ ਨੇ 'ਸੁਖਜੀਤ ਦੀਆਂ ਕਹਾਣੀਆਂ ਦੀ ਕਥਾ ਭਾਸ਼ਾ : ਵਿਚਾਰਧਾਰਕ ਪਰਿਪੇਖ', ਹਰਮਨਪ੍ਰੀਤ ਸਿੰਘ ਨੇ 'ਪੰਜਾਬੀ ਭਾਸ਼ਾ ਤੇ ਤਕਨੀਕ', ਪ੍ਰੋ. ਬਲਵਿੰਦਰ ਸਿੰਘ ਚਾਹਿਲ ਨੇ 'ਉੱਚ ਸਿੱਖਿਆ ਤੇ ਪੰਜਾਬੀ ਭਾਸ਼ਾ', ਬਲਬੀਰ ਕੌਰ ਰਾਏਕੋਟੀ ਨੇ 'ਪੰਜਾਬੀ ਭਾਸ਼ਾ ਦੀ ਮੌਜੂਦਾ ਸਥਿਤੀ ਤੇ ਇਲੈਕਟ੍ਰੋਨਿਕ ਮੀਡੀਆ ਰਾਹੀਂ ਪੰਜਾਬੀ ਸੱਭਿਆਚਾਰ ਦੀ ਪੇਸ਼ਕਾਰੀ' ਨੇ ਆਪੋ ਆਪਣੇ ਖੋਜ-ਪੱਤਰ ਪੇਸ਼ ਕੀਤੇ। ਇਸ ਸੈਸ਼ਨ ਦਾ ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ. ਜੋਗਿੰਦਰ ਸਿੰਘ ਨਿਰਾਲਾ ਨੇ ਕਿਹਾਕਿ ਪੰਜਾਬੀ ਵਿਚ ਖੋਜ ਦਾ ਪੱਧਰ ਸੰਤੁਸ਼ਟੀਜਨਕ ਨਹੀਂ ਹੈ।ਪੀ ਐੱਚ ਡੀ ਗੁਣਾਤਮਿਕ ਹੋਣੀ ਚਾਹੀਦੀ ਹੈ ਨਾ ਕਿ ਗਣਾਤਮਿਕ। ਤ੍ਰੈਲੋਚਨ ਲੋਚੀ ਨੇ ਟਿਪਣੀ ਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਾਨਫ਼ਰੰਸ ਸਫ਼ਲ ਰਹੀ ਹੈ ਤੇ ਇਹ ਖੋਜਾਰਥੀਆਂ ਅਤੇ ਵਿਦਵਾਨਾਂ ਦੇ ਸਹਿਯੋਗ ਨਾਲ ਹੀ ਸੰਭਵ ਹੋ ਸਕਿਆ ਹੈ।ਇਸ ਸੈਸ਼ਨ ਦਾ ਮੰਚ ਸੰਚਾਲਨ ਡਾ. ਸੰਤੋਖ ਸਿੰਘ ਸੁੱਖੀ ਅਤੇ ਸੰਜੀਵਨ ਹੋਰਾਂ ਨੇ ਕੀਤਾ।

## ਬਾਬਾ ਫ਼ਰੀਦ ਸੰਸਥਾ ਵੱਲੋਂ ਵਿਦਿਆਰਥਣਾਂ ਦੀ ਇਤਿਹਾਸਕ ਯਾਤਰਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਬਾਬਾ ਫ਼ਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈਲਫੇਅਰ ਸੋਸਾਇਟੀ ਦੀਆਂ ਵਿਦਿਆਰਥਣਾਂ ਨੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੀ ਯਾਤਰਾ ਕੀਤੀ ਸੰਸਥਾ ਦੇ ਪ੍ਰਧਾਨ ਕਮਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਸੰਸਥਾ ਬਹੁਤ ਹੀ ਲੋੜਵੰਦ ਲੜਕੀਆਂ ਨੂੰ ਹੁਨਰਮੰਦ ਕਰਨ ਲਈ ਸਿਲਾਈ-ਕਢਾਈ, ਸੰਗੀਤ, ਕੰਪਿਊਟਰ, ਲਾਇਬ੍ਰੇਰੀ ਰਾਹੀਂ ਚੇਤੰਨ ਕਰ ਰਹੀ ਹੈ।ਕਮਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਪ੍ਰਸਿੱਧ ਸਮਾਜ ਸੇਵੀ ਜਗਦੇਵ ਸਿੰਘ ਚੌਂਦਾ ਦੁਬਾਰਾ ਇਨ੍ਹਾਂ ਲੜਕੀਆਂ ਲਈ ਬੱਸ ਦੀ ਸੇਵਾ ਕਰਾਈ।ਬੱਸ ਨੂੰ ਬੀਬੀ ਭਾਨੀ ਕਾਲਜ ਪ੍ਰਿੰਸੀਪਲ ਕਿਰਨਦੀਪ ਕੌਰ ਨੇ ਝੰਡੀ ਦੇ ਕੇ ਰਵਾਨਾ ਕੀਤਾ, ਉੱਥੇ ਵਿਦਿਆਰਥੀਆਂ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੀ ਇਤਿਹਾਸਿਕ ਮਹੱਤਤਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਸੰਸਥਾ ਵਿੱਚ ਬਹੁਤ ਸਾਰੀਆ ਅਜਿਹੀਆਂ ਲੜਕੀਆਂ ਵੀ ਹਨ, ਜਿਨਾਂ ਨੇ ਕਦੇ ਪਿੰਡ ਤੋਂ ਬਾਹਰ, ਕਿਸੇ ਇਤਿਹਾਸਕ ਸਥਾਨ ਦੀ ਯਾਤਰਾ ਨਹੀਂ ਕੀਤੀ।ਇਸ ਮੌਕੇ ਗੁਰਮੀਤ ਸਿੰਘ, ਐਮਸੀ ਕੁਲਦੀਪ ਸਿੰਘ, ਨਿਰਪਾਲ ਸਿੰਘ, ਬਲਵੰਤ ਸਿੰਘ ਬੀਟਾ, ਕਮਲ ਬਰਾੜ, ਮੈਡਮ ਸ਼ਰਨਜੀਤ ਕੌਰ, ਰਮਨਦੀਪ ਕੌਰ, ਗੁਰਮੀਤ ਕੌਰ, ਕਰਮਜੀਤ ਸਿੰਘ ਤੇ ਵੀਰਪਾਲ ਸਿੰਘ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਅਮਰੂਦਾਂ ਦਾ ਬਾਗ ਨਸ਼ਟ ਕਰਨ ਵਾਲਿਆਂ ਖਿਲਾਫ ਪਰਚਾ ਦਰਜ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਪੁਲਸ ਥਾਣਾ ਜੰਡਿਆਲਾ ਗੁਰੂ ਅਧੀਨ ਪੈਂਦੇ ਪੁਲਸ ਚੌਕੀ ਨਵਾਂ ਪਿੰਡ ਦੇ ਪਿੰਡ ਅਕਾਲਗੜ੍ਹ ਢਪੱਈਆਂ ਕੋਲ ਜਿੱਥੇ ਦੋ ਕਿਸਾਨਾਂ ਦੇ ਅਮਰੂਦਾਂ ਦੇ ਬਾਗ ਨੂੰ ਰਾਤ ਵੇਲੇ ਨਸ਼ਟ ਕਰ ਦਿੱਤਾ ਗਿਆ ਸੀ, ਦੇ ਦੋਸ਼ੀਆਂ ਖਿਲਾਫ ਕਾਰਵਾਈ ਕਰਦਿਆਂ ਪੁਲਸ ਵੱਲੋਂ ਥਾਣਾ ਜੰਡਿਆਲਾ ਗੁਰੂ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਚੌਕੀ ਨਵਾਂ ਪਿੰਡ ਤੋਂ ਮਿਲੀ ਜਾਣਕਾਰੀ ਅਨੁਸਾਰ ਮਨਜੀਤ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਜੀਵਨ ਭੰਧੇਰ ਨੇ ਪੁਲਸ ਨੂੰ ਬਿਆਨ ਦਰਜ ਕਰਵਾਇਆ ਸੀ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹਾਂ ਅਤੇ ਮੇਰਾ ਇਕ ਰੈਸਟੋਰੈਂਟ ਅਕਾਲਗੜ੍ਹ ਢਪੱਈਆਂ ਵਿਖੇ ਹੈ। ਰੈਸਟੋਰੈਂਟ ਦੀ ਰਸੋਈ ਦੇ ਨਾਲ ਲਹਿੰਦੀ ਸਾਈਡ ਜ਼ਮੀਨ 4 ਕੁ ਸਾਲ ਸਾਲ ਪਹਿਲਾਂ 1 ਕਿੱਲਾ 7 ਕਨਾਲ ਵੱਖ-ਵੱਖ ਬੰਦਿਆਂ ਤੋਂ ਖ਼ੀਦ ਕੀਤੀ ਸੀ। ਇਸ ਜ਼ਮੀਨ ਵਿੱਚ ਮੈਂ ਅਮਰੂਦਾਂ ਦਾ ਬਾਗ ਲਾਇਆ ਹੈ ਅਤੇ ਖਾਲੀ ਜਗ੍ਹਾ ਵਿੱਚ ਮਾਂਹ ਤੇ ਮਿਰਚਾਂ ਲਗਾਈਆਂ ਸਨ। ਇਸ ਜਗ੍ਹਾ ਦੀ ਗਿਰਦਾਵਰੀ ਦਾ ਝਗੜਾ ਬਲਦੇਵ ਸਿੰਘ, ਸੁਖਰਾਜ ਸਿੰਘ ਪੁੱਤਰਾਨ ਅਜੀਤ ਸਿੰਘ ਵਾਸੀਆਨ ਅਕਾਲਗੜ੍ਹ ਢਪੱਈਆਂ ਨਾਲ ਚਲਦਾ ਹੈ। 23/24-04-2024 ਦੀ ਰਾਤ ਨੂੰ ਮੇਰੀ ਖ਼ੀਦ ਕੀਤੀ ਜ਼ਮੀਨ ਵਿੱਚ ਟਰੈਕਟਰ ਚੱਲਣ ਦੀ ਆਵਾਜ਼ ਆ ਰਹੀ ਸੀ। 5-00 ਵਜੇ ਸਵੇਰੇ ਆਪਣੇ ਰੈਸਟੋਰੈਂਟ ਵਿਚੋਂ ਬਾਹਰ ਨਿਕਲ ਕੇ ਦੇਖਿਆ ਕਿ ਕੋਈ ਮੇਰੇ ਅਮਰੂਦਾਂ ਦੇ ਬੂਟੇ ਕੱਟ ਰਿਹਾ ਸੀ। ਮੈਂ ਬਲਵੰਤ ਸਿੰਘ ਪੁੱਤਰ ਜੋਗਿੰਦਰ ਸਿੰਘ ਨੂੰ ਫੋਨ ਕਰਕੇ ਬੁਲਾ ਲਿਆ ਤੇ ਦੇਖਿਆ ਕਿ ਮੇਰੀ ਮਾਲਕੀ ਜ਼ਮੀਨ ਵਿੱਚ ਬਲਦੇਵ ਸਿੰਘ ਪੁੱਤਰ ਅਜੀਤ ਸਿੰਘ, ਸੁਖਰਾਜ ਸਿੰਘ ਪੁੱਤਰ ਅਜੀਤ ਸਿੰਘ, ਬਿਕਰਮਜੀਤ ਸਿੰਘ ਪੁੱਤਰ ਅਮਰੀਕ ਸਿੰਘ, ਸਿਮਰਨਜੀਤ ਸਿੰਘ ਉਰਫ ਸਿਮਰਨ ਪੁੱਤਰ ਅਮਰੀਕ ਸਿੰਘ, ਹਰਦੀਪ ਕੌਰ ਪਤਨੀ ਅਜੀਤ ਸਿੰਘ, ਦਵਿੰਦਰ ਕੌਰ ਪਤਨੀ ਬਚਿੱਤਰ ਸਿੰਘ, ਸੁਰਿੰਦਰ ਸਿੰਘ ਉਰਫ ਰੌਲਾ ਪੁੱਤਰ ਬਲਦੇਵ ਸਿੰਘ ਉਰਫ ਬੱਬੀ, ਵਾਸੀਆਨ ਅਕਾਲਗੜ੍ਹ ਢਪੱਈਆਂ ਅਤੇ ਅੱਠ ਨੌਂ ਹੋਰ ਅਣਪਛਾਤੇ ਵਿਅਕਤੀ ਅਮਰੂਦਾਂ ਦੇ ਬੂਟੇ ਜਿਨ੍ਹਾਂ ਨੂੰ ਫਲ ਪਿਆ ਸੀ, ਆਰੇ ਨਾਲ ਵੱਢ ਰਹੇ ਸੀ। ਰੌਲਾ ਰੱਪਾ ਪਾਉਣ 'ਤੇ ਹਥਿਆਰਾਂ ਸਮੇਤ ਮੌਕੇ ਤੋਂ ਦੌੜ ਗਏ। ਦੇਖਿਆ ਤਾਂ ਕਰੀਬ 75 ਬੂਟੇ ਅਮਰੂਦਾਂ ਦੇ ਵੱਢ ਦਿੱਤੇ ਤੇ ਮੂੰਗੀ ਤੇ ਮਿਰਚਾਂ ਦੇ ਬੂਟੇ ਵੀ ਟਰੈਕਟਰ ਨਾਲ ਭੰਨ ਦਿੱਤੇ ਸਨ? ਮੇਰੀ ਜ਼ਮੀਨ ਦੇ ਨਾਲ ਲੱਗਦੀ ਬਲਵੰਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਅਕਾਲਗੜ੍ਹ ਢਪੱਈਆਂ ਦੀ 5 ਕਨਾਲ 5 ਮਰਲੇ ਜ਼ਮੀਨ ਵਿਚੋਂ ਵੀ 65 ਬੂਟੇ ਅਮਰੂਦਾਂ ਦੇ ਵੱਢ ਦਿੱਤੇ ਤੇ ਕਣਕ ਦੀ ਫਸਲ ਵੀ ਟਰੈਕਟਰ ਨਾਲ ਖਰਾਬ ਕਰ ਦਿਤੀ ਜਿਸ ਤੇ ਕਾਰਵਾਈ ਕਰਦਿਆਂ ਥਾਣਾ ਜੰਡਿਆਲਾ ਗੁਰੂ ਦੀ ਪੁਲਸ ਵੱਲੋਂ ਦੋਸ਼ੀ ਬਲਦੇਵ ਸਿੰਘ, ਸੁਖਰਾਜ ਸਿੰਘ, ਬਿਕਰਮਜੀਤ ਸਿੰਘ, ਸਿਮਰਨਜੀਤ ਸਿੰਘ, ਹਰਦੀਪ ਕੌਰ, ਦਵਿੰਦਰ ਕੌਰ, ਸੁਰਿੰਦਰ ਸਿੰਘ, ਅਤੇ ਹੋਰ 8-9 ਅਣਪਛਾਤੇ ਵਿਅਕਤੀਆਂ ਖਿਲਾਫ ਸੈਕਸ਼ਨ 1860 ਧਾਰਾ 447 56 148 149 ਤਹਿਤ ਮਾਮਲਾ ਦਰਜ ਕੀਤਾ ਹੈ।

# ਉੱਚੀ-ਉੱਚੀ ਆਵਾਜ਼ 'ਚ ਵੱਜਦੇ ਪ੍ਰੈਸ਼ਰ ਹਾਰਨਾਂ ਕਾਰਨ ਲੋਕਾਂ ਦਾ ਜਿਊਣਾ ਮੁਹਾਲ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਸ਼ਹਿਰ ਅੰਦਰ ਅਤੇ ਆਸ-ਪਾਸ ਦੇ ਖੇਤਰ ਵਿਚ ਵੱਜਦੇ ਪ੍ਰੈਸ਼ਰ ਹਾਰਨਾਂ ਨੇ ਲੋਕਾਂ ਦਾ ਜਿਊਣਾ ਮੁਹਾਲ ਕੀਤਾ ਹੋਇਆ ਹੈ। ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋਏ ਵਾਹਨ ਚਾਲਕਾਂ ਵਲੋਂ ਉੱਚੀ ਉੱਚੀ ਆਵਾਜ਼ ਵਿਚ ਪ੍ਰੈਸ਼ਰ ਹਾਰਨਾਂ ਦੀ ਵਰਤੋਂ ਕਰਕੇ ਜਿੱਥੇ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ ਉਥੇ ਹੀ ਸ਼ੋਰ ਪ੍ਰਦੂਸ਼ਣ ਵਿਚ ਵੀ ਹੋ ਰਿਹਾ ਵਾਧਾ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਪ੍ਰੈਸ਼ਰ ਹਾਰਨ ਮਾਰਨ ਵਾਲਿਆਂ ਖ਼ਿਲਾਫ਼ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕੀਤੇ ਜਾਣ ਕਰਕੇ ਲੋਕਾਂ ਦਾ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਪ੍ਰੈਸ਼ਰ ਹਾਰਨਾਂ ਦੀ ਆਵਾਜ਼ ਨੂੰ ਸ਼ਹਿਰ ਅੰਦਰ ਆਮ ਹੀ ਸੁਣਿਆ ਜਾਂਦਾ ਹੈ ਪਰ ਪੁਲਸ ਪ੍ਰਸ਼ਾਸਨ ਇਨ੍ਹਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕਰਦਾ। ਉਨ੍ਹਾਂ ਕਿਹਾ ਹਸਪਤਾਲਾਂ ਨਜ਼ਦੀਕ ਵੱਜਦੇ ਇਨ੍ਹਾਂ ਪ੍ਰੈਸ਼ਰ ਹਾਰਨਾਂ ਕਾਰਨ ਮਰੀਜ਼ਾਂ ਦਾ ਕਾਫ਼ੀ ਬੁਰਾ ਹਾਲ ਕੀਤਾ ਪਿਆ ਹੈ। ਇਨ੍ਹਾਂ ਹਾਰਨਾਂ ਦੀ ਆਵਾਜ਼ ਜਿੱਥੇ ਪੇਪਰਾਂ ਦੀ ਤਿਆਰੀ ਕਰਦੇ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕਰਦੀ ਹੈ ਉਥੇ ਹੀ ਦਿਲ ਦੇ ਮਰੀਜ਼ ਅਤੇ ਬਜ਼ੁਰਗਾਂ ਲਈ ਕਾਫ਼ੀ ਖ਼ਤਰਨਾਕ ਸਾਬਤ ਹੁੰਦੀ ਹੈ। ਵੱਡੇ ਵਾਹਨ ਚਾਲਕ ਜਿਵੇਂ ਬੱਸਾਂ ਅਤੇ ਟਰੱਕਾਂ ਵਾਲਿਆਂ ਵਲੋਂ ਇਨ੍ਹਾਂ ਹਾਰਨਾਂ ਦੀ ਵਰਤੋਂ ਲਗਾਤਾਰ ਕੀਤੀ ਜਾਂਦੀ ਹੈ। ਇਨ੍ਹਾਂ ਪ੍ਰੈਸ਼ਰ ਹਾਰਨਾਂ ਕਾਰਨ ਸ਼ੋਰ ਪ੍ਰਦੂਸ਼ਣ ਵਿਚ ਵੀ ਕਾਫ਼ੀ ਜ਼ਿਆਦਾ ਵਾਧਾ ਹੁੰਦਾ ਹੈ। ਵਾਤਾਵਰਣ ਪ੍ਰੇਮੀਆਂ ਦਾ ਕਹਿਣਾ ਹੈ ਕਿ ਸ਼ੋਰ ਪ੍ਰਦੂਸ਼ਣ ਵਧਣ ਤੋਂ ਰੋਕਣ ਲਈ ਉਚੀ-ਉਚੀ ਆਵਾਜ਼ ਵਿਚ ਵੱਜਦੇ ਪ੍ਰੈਸ਼ਰ ਹਾਰਨਾਂ ਤੋਂ ਇਲਾਵਾ ਲਾਊਡ ਸਪੀਕਰਾਂ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਦੁਕਾਨਦਾਰਾਂ ਵਲੋਂ ਸ਼ਰੇਆਮ ਇਨ੍ਹਾਂ ਪ੍ਰੈਸ਼ਰ ਹਾਰਨਾਂ ਦੀ ਵਿਕਰੀ ਕੀਤੀ ਜਾਂਦੀ ਹੈ ਜਿਨ੍ਹਾਂ ਨੂੰ ਕੋਈ ਵੀ ਪੁੱਛਣ ਵਾਲਾ ਨਹੀਂ। ਉਨ੍ਹਾਂ ਜਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਉੱਚੀ ਆਵਾਜ਼ ਵਿਚ ਪ੍ਰੈਸ਼ਰ ਹਾਰਨ ਵਜਾਉਣ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਗੰਜੀ ਪਿੰਡ ਦੇ ਕਈ ਅਕਾਲੀ ਪਰਵਾਰਾਂ ਵੱਲੋਂ 'ਆਪ' 'ਚ ਸ਼ਾਮਲ ਹੋਣ ਦਾ ਐਲਾਨ

**ਦੀਨਾਨਗਰ-(ਬਲਵਿੰਦਰ ਸਿੰਘ ਬਿੱਲਾ/ਸੰਜੀਵ)**

ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਆਪ ਉਮੀਦਵਾਰ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਚੋਣ ਮੁਹਿੰਮ ਨੂੰ ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਪਿੰਡ ਗੰਜੀ ਵਿਖੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਕਈ ਪਰਿਵਾਰਾਂ ਨੇ ਅਕਾਲੀ ਦਲ ਦਾ ਸਾਥ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਬੀਕੇਯੂ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਜਿੰਦਰ ਸਿੰਘ, ਜਸ਼ਨ, ਮਹਿੰਦਰਦੀਪ ਸਿੰਘ, ਕਰਨਵੀਰ ਸਿੰਘ, ਸਿਮਰਨਜੀਤ ਸਿੰਘ,



ਜਗਜੀਤ ਸਿੰਘ, ਅਮਨਦੀਪ ਸਿੰਘ, ਪਵਨਦੀਪ ਸਿੰਘ, ਅਰਸ਼ਦੀਪ ਸਿੰਘ, ਸੁਖਜਿੰਦਰ ਸਿੰਘ, ਰਣਜੀਤ ਸਿੰਘ, ਜੋਬਨਪ੍ਰੀਤ ਸਿੰਘ, ਅਮਨਦੀਪ ਸਿੰਘ, ਗਿੰਦੀ, ਸਹਿਜ ਅਮਰੀਕ ਸਿੰਘ, ਮਨਵੀਰ ਸਿੰਘ, ਹਰਜੋਤ ਸਿੰਘ ਅਤੇ ਸੁਖਦੇਵ ਸਿੰਘ ਨੂੰ ਸਨਮਾਨਿਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਲੋਕਾਂ ਦਾ ਰੁਝਾਨ ਲਗਾਤਾਰ ਆਮ ਆਦਮੀ ਪਾਰਟੀ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਹੈ ਜੋ ਲੋਕਾਂ ਦੀ ਭਲਾਈ ਬਾਰੇ ਸੋਚਦੀ ਹੈ ਜਦੋਂਕਿ ਰਵਾਇਤੀ ਪਾਰਟੀਆਂ ਦਾ ਧਿਆਨ ਸਿਰਫ ਅਪਣੀਆਂ ਹੀ ਤਿਜੌਰੀਆਂ ਭਰਨ ਵੱਲ ਹੀ ਰਿਹਾ। ਉਨ੍ਹਾਂ ਕਿਹਾ ਕਿ ਜਦੋਂ ਦੀ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਇਕ ਤੋਂ ਇਕ ਸ਼ਾਨਦਾਰ ਫੈਸਲੇ ਲੋਕ ਹਿੱਤ ਵਿੱਚ ਲਏ ਜਾ ਰਹੇ ਹਨ। ਕਿਸਾਨਾਂ ਨੂੰ ਟਿਊਬਵੈਲਾਂ ਤੇ ਵਾਧੂ ਬਿਜਲੀ, ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾ ਕੇ ਅਤੇ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ ਖਰੀਦ ਦੇ ਸੁਚੱਜੇ ਪ੍ਰਬੰਧਾਂ ਰਾਹੀਂ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਕਿਸਾਨੀ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਇਹ ਸਿਰਫ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਹੀ ਸੰਭਵ ਹੋ ਸਕਿਆ ਹੈ। ਇਸ ਮੌਕੇ ਬਲਾਕ ਪ੍ਰਧਾਨ ਸੋਨੂੰ ਪਹਾੜੀਪੁਰ ਅਤੇ ਗੁਰਪ੍ਰੀਤ ਸਿੰਘ ਵੀ ਮੌਜੂਦ ਸਨ।

# ਰਿਸ਼ਵਤਖੋਰੀ ਤੇ ਭ੍ਰਿਸ਼ਟਾਚਾਰ ਦਾ ਫੋੜਾ ਅੱਜ ਵੀ ਰਿਸ ਰਿਹਾ : ਸੁਖਦੇਵ

**ਤਰਨ ਤਾਰਨ (ਨ ਜ਼ ਸ)**

ਪੰਜਾਬ ਸਰਕਾਰ ਵੱਲੋਂ ਸੱਤਾ ਪ੍ਰਾਪਤੀ ਤੋਂ ਪਹਿਲਾਂ ਖ਼ੂਬ ਪ੍ਰਚਾਰ ਕੀਤਾ ਗਿਆ ਸੀ ਕਿ ਜੇਕਰ ਤੁਸੀਂ ਸਾਡੀ ਸਰਕਾਰ ਬਣਾਉਂਦੇ ਹੋ ਤਾਂ ਅਸੀਂ ਤੁਹਾਨੂੰ ਭ੍ਰਿਸ਼ਟਾਚਾਰ ਮੁਕਤ ਸਰਕਾਰ ਦੇਵਾਂਗੇ ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਸਰਕਾਰ ਨੂੰ ਬਣੇ ਦੋ ਸਾਲ ਹੋ ਗਏ ਹਨ ਪਰ ਭ੍ਰਿਸ਼ਟਾਚਾਰ ਪਹਿਲਾਂ ਨਾਲੋਂ ਵੱਧ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ



ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪਟਵਾਰੀ ਅਤੇ ਉਨ੍ਹਾਂ ਵੱਲੋਂ ਰੱਖੇ ਕਰਿੰਦੇ ਸ਼ਰੇਆਮ ਰਿਸ਼ਵਤ ਲੈਂਦੇ ਹਨ। ਬਿਨਾਂ ਰਿਸ਼ਵਤ ਤੋਂ ਰਜਿਸਟਰੀ, ਕੋਈ ਇੰਤਕਾਲ ਨਹੀਂ ਹੁੰਦਾ ਅਤੇ ਨਾ ਹੀ ਕਿਸੇ ਦੇ ਨੰਬਰ ਫਕ ਹੁੰਦੇ ਹਨ। ਜੇਕਰ ਰਿਸ਼ਵਤ ਨਹੀਂ ਦਿੱਤੀ ਜਾਂਦੀ ਤਾਂ ਪਟਵਾਰੀ ਰਜਿਸਟਰੀ ਦੀ ਕਾਪੀ ਜਾਂ ਦਸਤਾਵੇਜ਼ ਗੁੰਮ ਕਰ ਦਿੰਦੇ ਹਨ ਜਾਂ ਇੰਨੇ ਚੱਕਰ ਲਗਵਾਉਂਦੇ ਹਨ ਕਿ ਬੰਦਾ ਥੱਕ ਹਾਰ ਕੇ ਆਪਣੇ ਆਪ ਪੈਸੇ ਦੇਣ ਲਈ ਮਜਬੂਰ ਹੋ ਜਾਂਦਾ ਹੈ। ਜੇਕਰ ਤਹਿਸੀਲਦਾਰ ਜਾਂ ਐੱਸਡੀਐੱਮ ਸਾਹਿਬ ਨੂੰ ਕੋਈ ਸ਼ਿਕਾਇਤ ਕੀਤੀ ਜਾਂਦੀ ਹੈ ਤਾਂ ਕੋਈ ਕਾਰਵਾਈ ਨਹੀਂ ਹੁੰਦੀ। ਇਹ ਸਭ ਕੁਝ ਸਾਰੀਆਂ ਸਬ-ਤਹਿਸੀਲਾਂ ਅਤੇ ਤਰਨ ਤਾਰਨ ਜ਼ਿਲ੍ਹੇ ਦੀਆਂ ਤਹਿਸੀਲਾਂ ਵਿਖੇ ਸ਼ਰੇਆਮ ਚੱਲ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਗੋਰਖਧੰਦੇ ਨੂੰ ਫੌਰੀ ਰੋਕਿਆ ਜਾਵੇ ਅਤੇ ਰਿਸ਼ਵਤ ਲੈਣ ਵਾਲੇ ਪਟਵਾਰੀਆਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ।

# ਪੈਨਸ਼ਨ ਯੂਨੀਅਨ ਨੇ ਬਿਜਲੀ ਦਫਤਰ ਕੰਪਲੈਕਸ ਮਜੀਠਾ 'ਚ ਕੀਤੀ ਇਕੱਤਰਤਾ



**ਮਜੀਠਾ (ਸੋਇਮ ਆਨੰਦ)**

ਬਿਜਲੀ ਦਫਤਰ ਕੰਪਲੈਕਸ ਮਜੀਠਾ 'ਚ ਪੈਨਸ਼ਨ ਐਸੋਸੀਏਸ਼ਨ ਸਬ ਅਰਬਨ ਮੰਡਲ ਅੰਮ੍ਰਿਤਸਰ ਦੀ ਇਕੱਤਰਤਾ ਮੰਡਲ ਪ੍ਰਧਾਨ ਰਾਮ ਲੁਭਾਇਆ ਮਜੀਠਾ ਦੀ ਪ੍ਰਧਾਨਗੀ ਹੇਠ ਹੋਈ। ਇਕੱਤਰਤਾ ਨੂੰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੀਤੇ ਸਮੇਂ ਤੋਂ ਜਥੇਬੰਦੀ ਪੈਨਸ਼ਨਾਂ ਦੀਆਂ 14 ਮੰਗਾਂ ਨੂੰ ਮਨਵਾਉਣ ਲਈ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਖਿਲਾਫ ਸੰਘਰਸ਼ ਕਰਦੀ ਆ ਰਹੀ ਹੈ, ਜਿਸ 'ਤੇ ਜਥੇਬੰਦਕ ਤਾਕਤ ਦੇ ਜ਼ੋਰ 'ਤੇ ਮੀਟਿੰਗਾਂ ਦਿੱਤੀਆਂ ਜਾ ਰਹੀਆਂ ਹਨ ਪਰ ਮੰਗਾਂ ਮਸਲਿਆਂ ਦੀ ਅਣਦੇਖੀ ਕੀਤੀ ਜਾ ਰਹੀ ਹੈ ਜਿਸ ਕਾਰਨ ਸਮੁੱਚੇ ਪੈਨਸ਼ਨਰ ਭਾਈਚਾਰੇ ਵਿੱਚ ਗੁੱਸੇ ਦੀ ਲਹਿਰ ਹੈ। ਆਗੂਆਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ ਦਿੱਤਾ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, 31 -12- 15 ਤੋਂ ਪਹਿਲਾਂ ਦੇ ਪੈਨਸ਼ਨਰਜ਼ ਨੂੰ 259 ਦਾ ਫੈਕਟਰ ਲਾਗੂ ਕੀਤਾ ਜਾਵੇ, ਲੋਕਾਂ ਦੇ ਜਮਹੂਰੀ ਹੱਕਾਂ ਤੇ ਹਮਲੇ ਕਰਨੇ ਬੰਦ ਕੀਤੇ ਜਾਣ, ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਅਨੁਸਾਰ 1 ਜਨਵਰੀ 2016 ਤੋਂ 31- 12-21 ਦੇ ਪੈਨਸ਼ਨਰ ਦੇ ਰਿਵਾਈਜ਼ ਪੀਪੀਓ ਜਾਰੀ ਕੀਤੇ ਜਾਣ, ਹੱਕ ਮੰਗਦੇ ਲੋਕਾਂ ਦੀ ਆਵਾਜ਼ ਨੂੰ ਸੁਣਿਆ ਜਾਵੇ, ਹਰ ਵਰਗ ਸਰਕਾਰਾਂ ਦੀਆਂ ਨੀਤੀਆਂ ਤੋਂ ਦੁਖੀ ਹੋ ਕੇ ਸੰਘਰਸ਼ ਕਰ ਰਿਹਾ ਹੈ, ਆਗੂਆਂ ਕਿਹਾ ਕਿ ਜਿੰਨੀ ਦੇਰ ਤੱਕ ਮੰਗਾਂ ਮਸਲਿਆਂ ਦਾ ਹੱਲ ਨਹੀਂ ਕੀਤਾ ਜਾਂਦਾ ਉਨੀ ਦੇਰ ਤੱਕ ਜਥੇਬੰਦੀ ਵੱਲੋਂ ਸੰਘਰਸ਼ ਜਾਰੀ ਰਹੇਗਾ ਤੇ ਸੂਬਾ ਕਮੇਟੀ ਜੋ ਵੀ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕਰੇਗੀ, ਜਥੇਬੰਦੀ ਪੂਰੀ ਤਨਦੇਹੀ ਨਾਲ ਲਾਗੂ ਕਰੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ। ਇਸ ਭਰਵੇਂ ਇਕੱਠ ਨੂੰ ਮਹਿੰਦਰ ਸਿੰਘ ਖਹਿਰਾ, ਜੋਗਿੰਦਰ ਸਿੰਘ ਸੋਹੀ, ਜਗੀਰ ਸਿੰਘ ਸੋਹੀ, ਰਵੇਲ ਸਿੰਘ ਗੋਸਲ, ਗੁਰਨਾਮ ਸਿੰਘ ਡੱਡੀਆਂ, ਦਲਵਿੰਦਰ ਸਿੰਘ ਸੁਪਾਰੀਵਿੰਡ, ਸੁਖਦੇਵ ਸਿੰਘ ਮਰੜੀ, ਜਗਮੋਹਨ ਅੰਮ੍ਰਿਤਸਰੀਆ, ਬਲਵਿੰਦਰ ਸਿੰਘ ਰਾਮਦਵਾਲੀ, ਹਰਭਜਨ ਸਿੰਘ ਜਲਾਲਪੁਰਾ ਤੇ ਹਰਭਜਨ ਸਿੰਘ ਜੇਠੂਵਾਲ ਨੇ ਸੰਬੋਧਨ ਕੀਤਾ।

# ਵੋਟਰਾਂ ਨੂੰ ਜਾਗਰੂਕ ਕਰਨ 'ਚ ਅੰਮ੍ਰਿਤਸਰ ਜ਼ਿਲ੍ਹਾ ਮੁੜ ਅੱਵਲ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਕਰਵਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਨੇ ਲਗਾਤਾਰ ਦੂਜੀ ਵਾਰ ਪੂਰੇ ਰਾਜ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਹੈ। ਮੁੱਖ ਚੋਣ ਦਫਤਰ, ਪੰਜਾਬ ਵਲੋਂ ਜਾਰੀ ਕੀਤੀ ਗਈ ਸੂਚੀ ਵਿੱਚ ਜ਼ਿਲ੍ਹਾ ਲੁਧਿਆਣਾ ਨੇ ਦੂਸਰਾ ਅਤੇ ਪਟਿਆਲਾ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਸੂਚੀ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਬੱਸ ਸਟੈਂਡ ਅਤੇ ਰੇਲਵੇ ਸਟੇਸ਼ਨ ਤੇ ਕਰਵਾਈ ਗਈ ਅਤੇ ਜ਼ਿਲ੍ਹਾ ਮਲੇਰਕੋਟਲਾ ਵੱਲੋਂ ਈਦ ਮੌਕੇ ਕਰਵਾਈ ਗਈ ਨਿਵੇਕਲੀ ਗਤੀਵਿਧੀ ਦਾ ਵੀ ਵਿਸ਼ੇਸ਼ ਜ਼ਿਕਰ ਕੀਤਾ ਗਿਆ ਹੈ। ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ ਹੀ ਇਹ ਸੂਚੀ ਮੁੱਖ ਚੋਣ ਦਫਤਰ ਤੋਂ ਪ੍ਰਾਪਤ ਹੋਈ ਹੈ ਅਤੇ ਜ਼ਿਲ੍ਹਾ ਅੰਮ੍ਰਿਤਸਰ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਅਸੀਂ ਲਗਾਤਰ ਦੂਜੀ ਵਾਰ ਪਹਿਲੇ ਨੰਬਰ 'ਤੇ ਰਹੇ ਹਾਂ। ਉਹਨਾਂ ਦੱਸਿਆ ਕਿ ਮੁੱਖ ਚੋਣ ਦਫਤਰ ਵਲੋਂ ਹਰ 15 ਦਿਨਾਂ ਬਾਅਦ ਹਰ ਜ਼ਿਲ੍ਹੇ ਵਿੱਚ ਹੋਣ ਵਾਲੀਆਂ ਸੁਚਾਰੂ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਗਤੀਵਿਧੀਆਂ ਦੀ ਰਿਪੋਰਟ ਮੰਗਵਾਈ ਜਾ ਰਹੀ ਹੈ।



ਸਾਰਿਆਂ ਜ਼ਿਲਿਆਂ ਦੀਆਂ ਪ੍ਰਾਪਤ ਰਿਪੋਰਟਾਂ ਅਤੇ ਸੋਸ਼ਲ ਮੀਡੀਆ ਇੰਡੈਕਸ ਦਾ ਮੁਲਾਂਕਣ ਕਰਨ ਤੋਂ ਬਾਅਦ ਇਨ੍ਹਾਂ ਜ਼ਿਲਿਆਂ ਦੀ ਦਰਜਾਬੰਦੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਅੰਮ੍ਰਿਤਸਰ ਜ਼ਿਲ੍ਹੇ ਨੂੰ 16 ਮਾਰਚ ਤੋਂ 31 ਮਾਰਚ ਤੱਕ ਅਤੇ ਹੁਣ 1 ਅਪ੍ਰੈਲ ਤੋਂ 15 ਅਪ੍ਰੈਲ ਤੱਕ ਕਰਵਾਈਆਂ ਗਈਆਂ ਸਵੀਪ ਗਤੀਵਿਧੀਆਂ ਲਈ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ। ਇਸ ਪ੍ਰਾਪਤੀ ਲਈ ਉਨ੍ਹਾਂ ਜ਼ਿਲ੍ਹੇ ਦੀਆਂ ਸਮੂਹ ਸਵੀਪ ਟੀਮਾਂ ਨੂੰ ਵਧਾਈ ਦਿੱਤੀ ਹੈ।

# ਡੀ ਟੀ ਐੱਫ ਦੀ ਸੂਬਾ ਕਮੇਟੀ ਵੱਲੋਂ ਤਿੱਖੇ ਐਕਸ਼ਨ ਦਾ ਐਲਾਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਵੱਲੋਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਹੇਠ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਕਮੇਟੀ ਦੀ ਅਹਿਮ ਮੀਟਿੰਗ ਕੀਤੀ ਗਈ ਜਿਸ ਦੌਰਾਨ ਸਿੱਖਿਆ ਮੰਤਰੀ ਵੱਲੋਂ ਪਿਛਲੇ ਦਿਨੀਂ ਵਿਭਾਗੀ ਮਾਮਲਿਆਂ ਸੰਬੰਧੀ ਜਥੇਬੰਦੀ ਨਾਲ ਕੀਤੀ ਮੀਟਿੰਗ ਵਿੱਚ ਦਿੱਤੇ ਭਰੋਸਿਆਂ ਦੇ ਬਾਵਜੂਦ ਅਧਿਆਪਕ ਸਾਥੀਆਂ ਨਰਿੰਦਰ ਭੰਡਾਰੀ ਤੇ ਰਵਿੰਦਰ ਕੰਬੋਜ ਦੀਆਂ ਟਰਮੀਨੇਸ਼ਨ ਤਜਵੀਜ਼ਾਂ ਵਾਪਸ ਲੈ ਕੇ ਰੈਗੂਲਰ ਕਰਨ, ਬੀਪੀਈਓ ਜੱਖਵਾਲੀ ਵੱਲੋਂ



ਕੀਤੇ ਭ੍ਰਿਸ਼ਟਾਚਾਰ ਅਤੇ ਧੱਕੇਸ਼ਾਹੀ ਦੇ ਮਾਮਲੇ ਵਿੱਚ ਸਖ਼ਤ ਕਾਰਵਾਈ ਨਾ ਕਰਨ, ਪੁਰਸ਼ ਅਧਿਆਪਕਾਂ ਦੇ ਠੇਕਾ ਅਧਾਰਿਤ ਨਿਯੁਕਤੀ ਸਮੇਂ ਨੂੰ ਅਚਨਚੇਤ ਛੁੱਟੀਆਂ ਦੇ ਵਾਧੇ ਲਈ ਯੋਗ ਮੰਨਣ, ਓਡੀਐੱਲ ਅਧਿਆਪਕਾਂ ਦੇ ਪੈਂਡਿੰਗ ਰੈਗੂਲਰ ਆਰਡਰ ਅਤੇ 7654 ਭਰਤੀ ਵਿੱਚੋਂ 14 ਹਿੰਦੀ ਅਧਿਆਪਕਾਂ ਨੂੰ ਰੈਗੂਲਰ ਕਰਨ ਸਮੇਤ ਕਿਸੇ ਵੀ ਮਾਮਲੇ ਨੂੰ ਹੱਲ ਨਾ ਕਰਨ ਦਾ ਸਖ਼ਤ ਨੋਟਿਸ ਲਿਆ ਹੈ। ਇਨ੍ਹਾਂ ਵਿਭਾਗੀ ਮਾਮਲਿਆਂ ਦੇ ਹੱਲ ਨਾ ਕਰਨ ਦੇ ਵਿਰੋਧ ਵਿੱਚ 1 ਤੋਂ 10 ਮਈ ਦਰਮਿਆਨ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਪੁਤਲੇ ਫੂਕੇ ਜਾਣ ਅਤੇ ਮੁੱਖ ਮੰਤਰੀ ਵੱਲ ਵਿਰੋਧ ਪੱਤਰ ਭੇਜੇ ਜਾਣ ਦੇ ਐਕਸ਼ਨ ਉਲੀਕੇ ਗਏ ਹਨ। 15 ਮਈ ਤੱਕ ਮਸਲਿਆਂ ਦੇ ਹੱਲ ਨਾ ਕੀਤੇ ਜਾਣ ਤੇ 19 ਮਈ ਨੂੰ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਚੋਣ ਹਲਕੇ ਅਨੰਦਪੁਰ ਸਾਹਿਬ ਵਿੱਚ ਸੂਬਾ ਪੱਧਰੀ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਡੀਟੀਐੱਫ ਵੱਲੋਂ ਪੁਰਾਣੀ ਪੈਨਸ਼ਨ ਦੀ ਬਹਾਲੀ ਸੰਬੰਧੀ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਅਤੇ ਸਾਂਝੇ ਮੋਰਚੇ ਦੇ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਲੋਕ ਸਭਾ ਚੋਣਾਂ ਦੀਆਂ ਡਿਊਟੀਆਂ ਸੰਬੰਧੀ ਅਧਿਆਪਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਲੈ ਕੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ। ਦੇਸ਼ ਦੀ ਸਿੱਖਿਆ ਦਾ ਉਜਾੜਾ ਕਰਨ ਲਈ ਫਾਸ਼ੀਵਾਦ ਦੇ ਰੱਥ ਤੇ ਸਵਾਰ ਬੀਜੇਪੀ ਦੀ ਕੇਂਦਰ ਸਰਕਾਰ ਵੱਲੋਂ ਲਿਆਂਦੀ ਨਿੱਜੀਕਰਨ, ਕੇਂਦਰੀਕਰਨ ਅਤੇ ਭਗਵਾਂਕਰਨ ਪੱਖੀ ਕੌਮੀ ਸਿੱਖਿਆ ਨੀਤੀ-2020 ਦਾ ਤਿੱਖਾ ਵਿਰੋਧ ਕੀਤਾ ਜਾਵੇਗਾ ਅਤੇ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਘੜਨ ਦੀ ਮੰਗ ਨੂੰ ਲੈ ਕੇ 21 ਮਈ ਤੋਂ 27 ਮਈ ਦਰਮਿਆਨ ਬੀਜੇਪੀ ਤੋਂ ਬਿਨਾਂ ਬਾਕੀ ਪਾਰਟੀਆਂ ਦੇ ਲੋਕ ਸਭਾ ਉਮੀਦਵਾਰਾਂ ਨੂੰ ਸਵਾਲ ਪੱਤਰ ਦਿੱਤੇ ਜਾਣਗੇ। ਇਸ ਤੋਂ ਇਲਾਵਾ ਜੱਥੇਬੰਦੀ ਵੱਲੋਂ 13 ਜੁਲਾਈ ਨੂੰ ਬਠਿੰਡਾ ਵਿਖੇ ਸੂਬਾ ਚੋਣ ਅਜਲਾਸ ਕਰਨ ਦਾ ਫੈਸਲਾ ਕੀਤਾ ਗਿਆ।

# ਸਕੂਲ 'ਚ ਲੀਡਰਸ਼ਿਪ ਕੌਂਸਲ ਦਾ ਆਯੋਜਨ



**ਮਜੀਠਾ/ਚਵਿੰਡਾ ਦੇਵੀ (ਸੋਇਮ ਆਨੰਦ/ਪ੍ਰੀਤਮ ਸਿੰਘ)**-ਸੱਤਿਆ ਭਾਰਤੀ ਸਕੂਲ ਚਵਿੰਡਾ ਦੇਵੀ ਵਿੱਚ ਲੀਡਰਸ਼ਿਪ ਕੌਂਸਲ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਪਸੰਦੀਦਾ ਉਮੀਦਵਾਰਾਂ ਨੂੰ ਵੋਟਾਂ ਪਾਈਆਂ। ਵਿਦਿਆਰਥੀਆਂ ਨੇ ਆਪਣੇ ਸਕੂਲ ਦਾ ਹੈੱਡ ਬੁਆਏ, ਹੈੱਡ ਗਰਲ, ਹਾਊਸ ਕਪਤਾਨ , ਸਕੂਲ ਖੇਡਾਂ ਦੇ ਪ੍ਰਤੀਨਿਧੀ ਚੁਣੇ। ਸਾਰਿਆਂ ਬੱਚਿਆਂ ਵਿੱਚ ਇਸ ਖਾਸ ਦਿਨ ਦਾ ਬਹੁਤ ਉਤਸ਼ਾਹ ਸੀ। ਇਸ ਦਿਨ ਨਾਲ ਸੰਬੰਧਿਤ ਸਾਰੀਆਂ ਗਤੀਵਿਧੀਆਂ ਮੁੱਖ ਅਧਿਆਪਿਕਾ ਸੁਖਬੀਰ ਕੌਰ, ਵਿਜੇ, ਮਨਦੀਪ ਕੌਰ, ਸਿਮਰਨ ਕੌਰ ਅਤੇ ਅਨੀਤਾ ਕੁਮਾਰੀ ਦੀ ਦੇਖ-ਰੇਖ ਵਿੱਚ ਹੋਈਆਂ।

## ਅਣਪਛਾਤੇ ਵਿਅਕਤੀਆਂ ਵੱਲੋਂ 12 ਟਾਇਰੀ ਟਰੱਕ ਚੋਰੀ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਦੀਨਾਨਗਰ ਪੁਲਸ ਨੇ ਟਰੱਕ ਚੋਰੀ ਕਰਨ ਵਾਲੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੌਰਵ ਕਪੂਰ ਪੁੱਤਰ ਇੰਦਰਜੀਤ ਕਪੂਰ ਵਾਸੀ ਗਾਧੀਆ ਨੇ ਦੱਸਿਆ ਕਿ ਟਰੱਕ ਨੰਬਰ ਪੀਬੀ.02.ਸੀ.ਸੀ.6058 ਨੂੰ ਉਸ ਦੇ ਡਰਾਈਵਰ ਸੁਮੀਰ ਉਰਫ ਸੰਮੀ ਪੁੱਤਰ ਨਹਿਰਿੰਦਰ ਕੁਮਾਰ ਵਾਸੀ ਡੱਡਵਾਂ ਥਾਣਾ ਧਾਰੀਵਾਲ ਨੇ ਬਾਬਾ ਸ੍ਰੀ ਚੰਦ ਪੈਟਰੋਲ ਪੰਪ ਫੋਕਲ ਪੁਆਇੰਟ ਪਨਿਆੜ ਵਿਖੇ ਖੜਾ ਕੀਤਾ ਸੀ ਜਿਸ ਨੂੰ ਕੋਈ ਨਾ-ਮਾਲੂਮ ਵਿਅਕਤੀ ਮਿਤੀ 18/19 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਚੋਰੀ ਕਰਕੇ ਲੈ ਗਿਆ ਸੀ। ਪੀੜਤ ਨੇ ਦੱਸਿਆ ਕਿ ਟਰੱਕ ਚੋਰੀ ਹੋਣ ਨਾਲ ਉਸ ਦਾ ਲੱਖਾਂ ਰੁਪਏ ਦੇ ਕਰੀਬ ਨੁਕਸਾਨ ਹੋਇਆ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਟਰੱਕ ਚੋਰੀ ਕਰਨ ਵਾਲੇ ਚੋਰਾਂ ਨੂੰ ਜਲਦ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਬਣਦੀ ਸ਼ਖ਼ਤ ਕਾਰਵਾਈ ਕੀਤੀ ਜਾਵੇ। ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 379 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. ਨੰ.100 ਜ਼ਿਲ੍ਹਾ ਮੋਗਾ ਦੀ ਮੀਟਿੰਗ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਰਜਿ. ਨੰ 100 ਦੇ ਜ਼ਿਲ੍ਹਾ ਮੋਗਾ ਦੀ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਡਾ. ਮਹਿੰਦਰ ਸਿੰਘ ਗਿੱਲ ਸੈਦੋ ਨੇ ਕੀਤੀ। ਸੂਬਾ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਡਾ. ਗਿੱਲ ਦੇ ਬੁਲਾਵੇ 'ਤੇ ਉਚੇਚੇ ਤੌਰ 'ਤੇ ਪਹੁੰਚੇ ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ, ਸੂਬਾ ਕੈਸ਼ੀਅਰ ਡਾ. ਮਾਘ ਸਿੰਘ ਮਾਣਕੀ, ਸੂਬਾ ਜਨਰਲ ਸਕੱਤਰ ਡਾ. ਅਵਤਾਰ ਬਾਲੀ, ਸੂਬਾ ਐਕਟਿੰਗ ਪ੍ਰਧਾਨ ਡਾ. ਮਹਿੰਦਰ ਸਿੰਘ ਸੋਹਲ ਅਜਨਾਲਾ ਸਮੇਤ ਪੰਜੇ ਸੂਬਾਈ ਆਗੂਆਂ ਨੇ ਪਿਛਲੇ ਲੰਮੇ ਸਮੇਂ ਤੋਂ ਆਰਐੱਮਪੀ ਸਾਥੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਅਤੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ, ਸਿਹਤ ਮੰਤਰੀ, ਐੱਮਐੱਲਏ ਨੂੰ ਅਪੀਲ ਕੀਤੀ ਕਿ ਫਰਵਰੀ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕੀਤੇ ਵਾਅਦੇ ਮੁਤਾਬਿਕ ਪਿਛਲੇ 60 ਸਾਲਾਂ ਤੋਂ ਬੰਦ ਪਏ ਰਜਿਸਟਰੇਸ਼ਨ ਨੂੰ ਖੋਲ੍ਹਿਆ ਜਾਵੇ ਅਤੇ ਆਰਐੱਮਪੀ ਲਈ ਸਵੈ-ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ ਤਾਂ ਜੋ ਡਾ. ਸਾਥੀ ਪੇਂਡੂ ਲੋਕਾਂ ਨੂੰ ਪਹਿਲਾਂ ਨਾਲੋਂ ਵੀ ਸਾਫ-ਸੁਥਰੀ ਅਤੇ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰ ਸਕਣ। ਮੋਗਾ ਜ਼ਿਲ੍ਹੇ ਦੇ ਸਾਰੇ ਸਾਥੀਆਂ ਨੂੰ ਯੂਨੀਅਨ ਦੇ ਸਰਟੀਫਿਕੇਟ ਅਤੇ ਆਈ ਡੀ ਕਾਰਡ ਵੀ ਤਕਸੀਮ ਕੀਤੇ ਗਏ। ਡਾ. ਢਿੱਲੋਂ ਅਤੇ ਬਾਕੀ ਸੂਬਾ ਟੀਮ ਨੇ ਜ਼ੋਰ ਦੇ ਕੇ ਕਿਹਾ ਕਿ ਡਾਕਟਰ ਸਾਥੀਆਂ ਨੂੰ ਮੁੜ ਦੁਬਾਰਾ ਅਪੀਲ ਹੈ ਕਿ ਭ੍ਰਿਸ਼ਟਾਚਾਰ, ਤਾਨਾਸ਼ਾਹੀ ਅਤੇ ਮਾੜੀ ਬੋਲ-ਬਾਣੀ ਬੋਲਣ ਵਾਲੀਆਂ ਜਥੇਬੰਦੀਆਂ ਦਾ ਸਾਥ ਛੱਡ ਕੇ ਨਵੀਂ ਬਣੀ ਨਿਊ



ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. ਨੰ. 100 ਦਾ ਸਾਥ ਦਿਓ। ਢਿੱਲੋਂ ਨੇ ਹੋਰ ਸਪੱਸ਼ਟ ਕੀਤਾ ਕਿ ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. ਨੰ.100 ਇੱਕ ਇਮਾਨਦਾਰ, ਅਸੂਲਪ੍ਰਸਤ, ਸਿਧਾਂਤਵਾਦੀ ਅਤੇ ਮਾਣ-ਸਨਮਾਨ ਕਰਨ ਵਾਲੀ ਜਥੇਬੰਦੀ ਹੈ। ਮੀਟਿੰਗ 'ਚ ਡਾ. ਗੁਰਮੁਖਿ ਸਿੰਘ, ਡਾ. ਅਮਰਜੀਤ ਸਿੰਘ, ਡਾ. ਪਲਵਿੰਦਰ ਸਿੰਘ, ਡਾ. ਮੁਕੰਦ ਸਿੰਘ, ਡਾ. ਹਰਮੇਲ ਸਿੰਘ, ਡਾ. ਸ਼ਾਮ ਲਾਲ ਤੋਂ ਇਲਾਵਾ ਬਲਾਕ ਨਿਹਾਲ ਸਿੰਘ ਵਾਲਾ ਅਤੇ ਬਲਾਕ ਧਰਮਕੋਟ ਤੋਂ ਕਈ ਹੋਰ ਸਾਥੀ ਹਾਜ਼ਰ ਹੋਏ।

# ਤਿੰਨ ਵਿਦਿਆਰਥਣਾਂ ਦੀ ਮੈਰੀਟੋਰੀਅਸ ਤੇ ਸਕੂਲ ਆਫ ਐਮੀਨੈਂਸ ਲਈ ਚੋਣ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਸਰਕਾਰੀ ਹਾਈ ਸਕੂਲ ਮੂਸੇ ਦੀਆਂ ਤਿੰਨ ਹੋਣਹਾਰ ਵਿਦਿਆਰਥਣਾਂ ਨੇ ਮੈਰੀਟੋਰੀਅਸ ਤੇ ਸਕੂਲ ਆਫ ਐਮੀਨੈਂਸ ਵੱਲੋਂ ਕਰਵਾਈ ਗਈ ਸਾਂਝੀ ਪ੍ਰੀਖਿਆ ਨੂੰ ਪਾਸ ਕਰਕੇ ਅਗਲੇਰੀਆਂ ਕਲਾਸਾਂ ਵਿੱਚ ਦਾਖਲਾ ਪ੍ਰਾਪਤ ਕੀਤਾ ਹੈ। ਨਵਪ੍ਰੀਤ ਕੌਰ ਸਪੁੱਤਰੀ ਨਿਰਵੈਲ ਸਿੰਘ, ਮਨਪ੍ਰੀਤ ਕੌਰ ਸਪੁੱਤਰੀ ਸਕੱਤਰ ਸਿੰਘ ਤੇ ਕੁਲਬੀਰ ਕੌਰ ਸਪੁੱਤਰੀ ਤਰਸੇਮ ਸਿੰਘ ਨੇ ਪ੍ਰੀਖਿਆ ਪਾਸ ਕਰਕੇ ਗਿਆਰ੍ਹਵੀਂ ਜਮਾਤ 'ਚ ਦਾਖਲਾ ਹਾਸਲ ਕੀਤਾ ਹੈ। ਵਿਦਿਆਰਥਣਾਂ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ



ਸਕੂਲ ਮੁਖੀ ਗੁਲਬਾਗ ਸਿੰਘ ਨੇ ਕਿਹਾ ਕਿ ਨਵਪ੍ਰੀਤ ਕੌਰ, ਮਨਪ੍ਰੀਤ ਕੌਰ ਤੇ ਕੁਲਬੀਰ ਕੌਰ ਨੇ ਇਸ ਪ੍ਰੀਖਿਆ ਨੂੰ ਪਾਸ ਕਰਕੇ ਆਪਣੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਮੁਖੀ ਨੇ ਕਿਹਾ ਕਿ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਸਦਕਾ ਹੀ ਵਿਦਿਆਰਥਣਾਂ ਨੇ ਇਸ ਦਾਖਲਾ ਪ੍ਰੀਖਿਆ ਨੂੰ ਪਾਸ ਕੀਤਾ ਹੈ। ਇਸ ਮੌਕੇ ਉਨ੍ਹਾਂ ਤਿੰਨਾਂ ਵਿਦਿਆਰਥਣਾਂ ਨੂੰ ਮਨ ਲਾ ਕੇ ਪੜ੍ਹਨ ਤੇ ਭਵਿੱਖ ਵਿੱਚ ਹੋਰ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਸਕੂਲ ਮੁਖੀ ਗੁਲਬਾਗ ਸਿੰਘ, ਐੱਸਐੱਸ ਮਾਸਟਰ ਅਮਰਬੀਰ ਸਿੰਘ, ਕੰਪਿਊਟਰ ਅਧਿਆਪਕ ਨਰਿੰਦਰ ਕੁਮਾਰ, ਮੈਥ ਮਾਸਟਰ ਨਰਿੰਦਰ ਸਿੰਘ, ਸਾਇੰਸ ਮਾਸਟਰ ਰਤਨ ਸਿੰਘ, ਐੱਸਐੱਸ ਅਧਿਆਪਕਾ ਗੁਰਪ੍ਰੀਤ ਕੌਰ, ਮੈਥ ਮਾਸਟਰ ਉਪਦੀਪ ਸਿੰਘ, ਸਾਇੰਸ ਅਧਿਆਪਕਾ ਲਵਪ੍ਰੀਤ ਕੌਰ, ਸਾਇੰਸ ਅਧਿਆਪਕਾ ਅਮਨਜੋਤ ਕੌਰ, ਕਲਰਕ ਅਜੀਤ ਸਿੰਘ, ਅੰਗਰੇਜ਼ੀ ਮਾਸਟਰ ਗੁਰਬੀਰ ਸਿੰਘ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਾਲ 2023-24 ਦੇ ਐਲਾਨੇ ਗਏ 10ਵੀਂ ਦੇ ਨਤੀਜਿਆਂ 'ਚ ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੋੜੀਆਂ ਕਲਾਂ ਡੇਰਾ ਬਾਬਾ ਨਾਨਕ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਪਲਵਿੰਦਰ ਕੌਰ ਬੇਦੀ ਨੇ ਦੱਸਿਆ ਕਿ ਦਸਵੀਂ ਜਮਾਤ ਦੀ ਵਿਦਿਆਰਥਣ ਲਵਪ੍ਰੀਤ ਕੌਰ ਨੇ 95 ਫੀਸਦੀ ਅੰਕਾਂ ਨਾਲ ਪਹਿਲਾ, ਸੁਖਜੀਤ ਕੌਰ ਨੇ 94 ਫੀਸਦੀ ਅੰਕਾਂ ਨਾਲ ਦੂਸਰਾ, ਸੁਖਵਿੰਦਰ ਸਿੰਘ ਤੇ ਸੁਮਨਪ੍ਰੀਤ ਕੌਰ ਨੇ 91 ਫੀਸਦੀ ਅੰਕਾਂ ਨਾਲ ਤੀਸਰਾ, ਦਿਲਪ੍ਰੀਤ ਕੌਰ, ਮਨਪ੍ਰੀਤ ਕੌਰ ਅਤੇ ਦਮਨਪ੍ਰੀਤ ਕੌਰ ਨੇ 90 ਫੀਸਦੀ ਅੰਕਾਂ ਨਾਲ ਕ੍ਰਮਵਾਰ ਚੌਥਾ ਸਥਾਨ ਹਾਸਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਦਸਵੀਂ ਜਮਾਤ ਦੇ ਬਾਕੀ ਵਿਦਿਆਰਥੀਆਂ ਨੇ ਵੀ ਇਹ ਪ੍ਰੀਖਿਆ ਪਹਿਲੇ ਦਰਜੇ ਵਿੱਚ ਪਾਸ ਕੀਤੀ ਹੈ। ਉਨ੍ਹਾਂ ਦੱਸਿਆਂ ਕਿ ਇਸ ਮੌਕੇ ਚੇਅਰਮੈਨ ਰਵੀਕਰਨ ਸਿੰਘ ਕਾਹਲੋਂ



ਅਤੇ ਮੈਡਮ ਨਵਜੋਤ ਕੌਰ ਕਾਹਲੋਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਸਮੇਤ ਉਨ੍ਹਾਂ ਦੇ ਮਾਪਿਆਂ ਤੋਂ ਇਲਾਵਾ ਸਮੂਹ ਸਕੂਲ ਦੇ ਸਟਾਫ ਨੂੰ ਵਧਾਈ ਦਿੱਤੀ।

# ਅੰਦਾਲੀਬ ਕੌਰ ਨੇ ਪਤੀ ਗੁਰਜੀਤ ਔਜਲਾ ਲਈ ਵੋਟਾਂ ਮੰਗੀਆਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਕਾਂਗਰਸ ਦੇ ਲੋਕ ਸਭਾ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੀ ਪਤਨੀ ਅੰਦਲੀਬ ਕੌਰ ਨੇ ਅੱਜ ਮਹਿਲਾ ਵਿੰਗ ਨਾਲ ਮਿਲ ਕੇ ਵੋਟਾਂ ਦੀ ਅਪੀਲ ਕੀਤੀ। ਹਲਕਾ ਉੱਤਰੀ ਅਧੀਨ ਪੈਂਦੇ ਲਾਰੈਂਸ ਰੋਡ 'ਤੇ ਔਰਤਾਂ ਨੇ ਕਾਂਗਰਸ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਅੰਦਲੀਬ ਕੌਰ ਨੇ ਨਾਵਲਟੀ ਸਵੀਟਸ ਤੋਂ ਮਹਿਲਾ ਵਿੰਗ ਦੇ ਮੈਂਬਰਾਂ ਨਾਲ ਸ਼ੁਰੂਆਤ ਕੀਤੀ। ਉਨ੍ਹਾਂ ਹਰ ਦੁਕਾਨਦਾਰ ਅਤੇ ਰਾਹਗੀਰ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਕਰਕੇ ਕਾਂਗਰਸ ਦਾ ਸਾਥ ਦੇਣ। ਮੁਹਿੰਮ ਦੀ ਸ਼ੁਰੂਆਤ ਕਰਦਿਆਂ ਅੰਦਲੀਬ ਕੌਰ ਨੇ ਕਿਹਾ ਕਿ ਅੰਮ੍ਰਿਤਸਰ ਅਤੇ ਦੇਸ਼ ਦੇ ਵਿਕਾਸ ਲਈ ਕਾਂਗਰਸ ਦਾ ਆਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਲੋਕ ਗੁਰਜੀਤ ਸਿੰਘ ਔਜਲਾ ਦੇ ਨਾਲ ਹਨ। ਉਸ ਨੂੰ ਲੋਕਾਂ ਵੱਲੋਂ ਭਰਪੂਰ ਪਿਆਰ ਮਿਲ ਰਿਹਾ ਹੈ ਅਤੇ ਇਹੀ ਪਿਆਰ ਉਹਨਾਂ ਨੂੰ ਗੁਰੂ ਨਗਰੀ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਉਹ ਲਾਰੈਂਸ ਰੋਡ ਦੇ ਹਰ ਦੁਕਾਨਦਾਰ ਨੂੰ ਮਿਲੇ ਹਨ ਅਤੇ ਉਨ੍ਹਾਂ ਨੂੰ ਕਾਂਗਰਸ ਨੂੰ ਵੋਟ ਦੇਣ ਦੀ ਅਪੀਲ ਕੀਤੀ ਹੈ, ਇਸ ਦੌਰਾਨ ਉਨ੍ਹਾਂ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਨੂੰ ਹੱਲ ਕਰਵਾਉਣ ਦਾ ਵਾਅਦਾ ਵੀ ਕੀਤਾ। ਅੰਦਲੀਬ ਕੌਰ ਨੇ ਕਿਹਾ ਕਿ ਕਾਂਗਰਸ ਸਿਰਫ ਝੂਠੇ ਵਾਅਦਿਆਂ 'ਤੇ ਸਰਕਾਰ ਨਹੀਂ ਬਣਾਉਣਾ ਚਾਹੁੰਦੀ ਸਗੋਂ ਹਰ ਵਾਅਦਾ ਪੂਰਾ ਕਰਕੇ ਦੇਸ਼ ਨੂੰ ਵਿਕਾਸ ਦੇ ਰਾਹ 'ਤੇ ਲੈ ਕੇ ਜਾਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਬਹੁਤ ਸੋਚ ਸਮਝ ਕੇ ਚੋਣ ਮਨੋਰਥ ਪੱਤਰ ਤਿਆਰ ਕੀਤਾ ਹੈ ਅਤੇ ਇਸ ਅਨੁਸਾਰ ਹਰ ਵਰਗ ਨੂੰ ਲਾਭ ਦਿੱਤਾ ਜਾਵੇਗਾ। ਕਿਸੇ ਨੂੰ ਵੀ ਜਾਤ, ਅਤੇ ਧਰਮ ਦੇ ਨਾਂ 'ਤੇ ਵੰਡਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਗੁਰੂ ਨਗਰੀ ਦੇ ਲੋਕ ਗੁਰਜੀਤ ਸਿੰਘ ਔਜਲਾ ਨੂੰ ਤੀਸਰੀ ਵਾਰ ਭਾਰੀ ਵੋਟਾਂ ਨਾਲ ਜਿਤਾ ਕੇ ਹੈਟ੍ਰਿਕ ਕਰਨਗੇ ਅਤੇ ਦੇਸ਼ ਵਿੱਚ ਸਕਾਰਾਤਮਕ ਬਦਲਾਅ ਅਤੇ ਸੰਵਿਧਾਨ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਨੂੰ ਵੀ ਜਿੱਤ ਦਿਵਾਉਣਗੇ। ਇਸ ਮੌਕੇ ਉਨ੍ਹਾਂ ਨਾਲ ਦਲਜੀਤ ਕੌਰ, ਬਲਵਿੰਦਰ ਕੌਰ, ਰੁਪਿੰਦਰ ਕੌਰ, ਸੁਖਵੰਤ ਕੌਰ, ਗੁਰਮਿੰਦਰ ਕੌਰ ਅਤੇ ਹੋਰ ਕਾਂਗਰਸੀ ਸਮਰਥਕ ਹਾਜ਼ਰ ਸਨ।



# ਆਮ ਆਦਮੀ ਪਾਰਟੀ ਵਿਕਾਸ ਕੰਮਾਂ 'ਚ ਅੜਿੱਕਾ : ਅਰੁਣਾ ਚੌਧਰੀ



**ਦੀਨਾਨਗਰ, (ਸੰਜੀਵ)**

ਸਾਬਕਾ ਕੈਬਨਿਟ ਮੰਤਰੀ ਤੇ ਮੌਜੂਦਾ ਵਿਧਾਇਕਾ ਅਰੁਣਾ ਚੌਧਰੀ ਨੇ ਕਾਂਗਰਸ ਸਰਕਾਰ ਵੇਲੇ ਪੰਚਾਇਤਾਂ ਨੂੰ ਜਾਰੀ ਹੋਈਆਂ ਲੱਖਾਂ ਰੁਪਏ ਦੀਆਂ ਗਰਾਂਟਾਂ ਨੂੰ ਸਮੇਂ ਸਿਰ ਨਾ ਖਰਚਣ ਦੇਣ ਲਈ ਆਮ ਆਦਮੀ ਪਾਰਟੀ ਨੂੰ ਕਸੂਰਵਾਰ ਠਹਿਰਾਉਂਦਿਆਂ ਵਿਕਾਸ ਕੰਮਾਂ 'ਚ ਅੜਿੱਕਾ ਦੱਸਿਆ। ਉਨ੍ਹਾਂ ਪਿੰਡ ਕੱਤੋਵਾਲ ਵਿਖੇ ਭਰਵੀਂ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੱਤੋਵਾਲ ਵਿਖੇ ਧਰਮਸ਼ਾਲਾ ਬਣਾਉਣ ਲਈ ਨਵੰਬਰ 2021 ਵਿੱਚ ਪੰਜ ਲੱਖ ਰੁਪਏ ਦੀ ਗਰਾਂਟ ਦਾ ਚੈੱਕ ਪੰਚਾਇਤ ਨੂੰ ਦਿੱਤਾ ਗਿਆ ਸੀ ਪਰ ਸਰਕਾਰ ਬਦਲਦਿਆਂ ਹੀ ਸੰਬੰਧਿਤ ਮਹਿਕਮੇ ਵੱਲੋਂ ਸਿਆਸੀ ਦਬਾਅ ਹੇਠ ਪੰਚਾਇਤ ਨੂੰ ਪੈਸੇ ਕੱਢਵਾ ਕੇ ਨਹੀਂ ਦਿੱਤੇ ਗਏ ਅਤੇ ਲਗਾਤਾਰ ਟਾਲਮਟੋਲ ਕੀਤਾ ਜਾਂਦਾ ਰਿਹਾ। ਉਨ੍ਹਾਂ ਕਿਹਾ ਕਿ ਹੁਣ ਇਹ ਧਰਮਸ਼ਾਲਾ ਬਣਵਾ ਕੇ 'ਆਪ' ਆਗੂ ਪਿੰਡ ਵਾਲਿਆਂ ਨੂੰ ਗੁਮਰਾਹ ਕਰ ਰਹੇ ਹਨ ਕਿ ਇਹ ਉਨ੍ਹਾਂ ਦੀ ਦੇਣ ਹੈ। ਅਰੁਣਾ ਚੌਧਰੀ ਨੇ ਕਿਹਾ ਕਿ ਹਲਕੇ ਅੰਦਰ ਅਜਿਹੇ ਮਾਮਲੇ ਕਈ ਪਿੰਡਾਂ ਅੰਦਰ ਸਾਹਮਣੇ ਆ ਚੁੱਕੇ ਹਨ, ਜਿੱਥੇ ਕਾਂਗਰਸ ਸਰਕਾਰ ਵੇਲੇ ਜਾਰੀ ਹੋਈਆਂ ਗਰਾਂਟਾਂ ਤੇ ਵਿਕਾਸ ਕੰਮਾਂ ਨੂੰ ਆਪਣੀ ਪ੍ਰਾਪਤੀ ਦੱਸ ਕੇ 'ਆਪ' ਆਗੂਆਂ ਵੱਲੋਂ ਕ੍ਰੈਡਿਟ ਲੈਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਪਰ ਲੋਕ ਜਾਣਦੇ ਹਨ ਕਿ ਹਲਕੇ ਦਾ ਅਸਲ 'ਚ ਵਿਕਾਸ ਕਿਸਨੇ ਕਰਵਾਇਆ ਹੈ। ਇਸ ਤੋਂ ਬਾਅਦ ਉਨ੍ਹਾਂ ਪਿੰਡ ਹਬੀਬਪੁਰ, ਬਿਆਨਪੁਰ ਛੋਟਾ, ਗੁਲੇਡਾ-ਲੰਗੇ, ਚੇਚੀਆਂ, ਦਲੇਰਪੁਰ ਖੇੜਾ ਅਤੇ ਪੰਡੋਰੀ ਬੈਂਸਾਂ ਵਿਖੇ ਵੀ ਭਰਵੀਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਦੇਸ਼ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਦੇ ਹੱਥ ਮਜ਼ਬੂਤ ਕੀਤੇ ਜਾਣ। ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਕਾਮਰੇਡ ਬਲਬੀਰ ਸਿੰਘ ਕੱਤੋਵਾਲ, ਕਾਮਰੇਡ ਜਸਬੀਰ ਸਿੰਘ ਕੱਤੋਵਾਲ, ਗੁਰਦੀਪ ਸਿੰਘ ਕਲੀਜਪੁਰ, ਜ਼ੋਨ ਇੰਚਾਰਜ ਰਛਪਾਲ ਸਿੰਘ ਹੈਪੀ, ਹਰਜਿੰਦਰ ਸਿੰਘ ਪੱਪੂ, ਜ਼ੋਨ ਇੰਚਾਰਜ ਪ੍ਰਸ਼ੋਤਮ ਸਿੰਘ ਪੱਪਾ, ਦਿੱਗਵਿਜੇ ਸਿੰਘ, ਦੇਸ ਰਾਜ ਜੰਡੀ, ਸਰਪੰਚ ਜਗਮੋਹਨ ਕੌਰ, ਜਨਕ ਰਾਜ ਬੱਬੂ ਪੰਡੋਰੀ ਬੈਂਸਾਂ, ਨਰੇਸ਼ ਸ਼ਰਮਾ, ਅਸ਼ਵਨੀ ਕੁਮਾਰ ਲੰਗੇ, ਬਲਬੀਰ ਬੀਰਾ ਲੰਗੇ, ਬਲਦੇਵ ਰਾਜ ਸੁਲਤਾਨੀ, ਸੁਰੇਸ਼ ਬਾਲਾਪਿੰਡੀ, ਪ੍ਰੇਮ ਮਸੀਹ ਅਤੇ ਰਾਮਧੰਨ ਪੱਚੋਵਾਲ ਤੋਂ ਇਲਾਵਾ ਵੱਡੀ ਗਿਣਤੀ 'ਚ ਵਰਕਰ ਮੌਜੂਦ ਸਨ।

# ਵਿਸ਼ਵ ਟੀਕਾਕਰਣ ਹਫਤੇ ਦੌਰਾਨ ਗੋਹਤ ਪੋਖਰ ਸਕੂਲ 'ਚ ਵਿਸ਼ੇਸ਼ ਸੈਸ਼ਨ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਕਿਸੇ ਕਾਰਨ ਟੀਕਾਕਰਣ ਤੋਂ ਵਾਂਝੇ ਰਹਿ ਗਏ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਵੱਲੋਂ ਟੀਕਾਕਰਣ ਦੀ 50ਵੀਂ ਵਰ੍ਹੇਗੰਢ ਤੇ ਸਪੈਸ਼ਲ ਕੈਂਪਾਂ ਰਾਹੀਂ 30 ਅਪ੍ਰੈਲ ਤੱਕ ਵਿਸ਼ਵ ਟੀਕਾਕਰਣ ਹਫਤਾ ਮਨਾਇਆ ਜਾ ਰਿਹਾ ਹੈ। ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਹਾਇਕ ਸਿਵਲ ਸਰਜਨ ਡਾ. ਭਾਰਤ ਭੂਸ਼ਣ ਦੀ ਅਗਵਾਈ ਹੇਠ ਤੇ ਪ੍ਰਿੰਸੀਪਲ ਬਲਵਿੰਦਰ ਕੌਰ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਹਤ ਪੋਖਰ ਵਿਖੇ ਵਿਸ਼ੇਸ਼ ਟੀਕਾਕਰਣ ਕੈਂਪ ਲਗਾ ਕੇ ਟੀਕਾਕਰਣ ਤੋਂ ਵਾਂਝੇ ਰਹਿ ਗਏ 36 ਬੱਚਿਆਂ ਦਾ ਟੀਕਾਕਰਣ ਕੀਤਾ ਗਿਆ ।ਰਾਜ ਪੱਧਰ ਤੋਂ ਆਈ ਟੀਮ ਜਿਸ ਵਿਚ ਯੂਨਾਈਟਿਡ ਨੇਸ਼ਨ ਦੇ ਪ੍ਰੋਜੈਕਟ ਮੈਨੇਜਰ ਡਾ. ਮੀਤ ਅਤੇ ਡਾ. ਮੀਨਾਕਸ਼ੀ ਨੇ ਕੈਂਪ ਦੀ ਜਾਂਚ ਕੀਤੀ ਅਤੇ ਬੱਚਿਆਂ ਨੂੰ ਟਿਕਾਕਰਨ ਸੰਬੰਧੀ ਜਾਗਰੂਕ ਕੀਤਾ।

# ਸ਼ੈਰੀ ਕਲਸੀ ਨੇ ਮੱਥਾ ਟੇਕ ਕੇ ਮੰਦਰ ਧਿਆਨਪੁਰ 'ਚ ਲਿਆ ਆਸ਼ੀਰਵਾਦ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਉਮੀਦਵਾਰ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਮੰਦਰ ਸ਼੍ਰੀ ਬਾਵਾ ਲਾਲ ਦਿਆਲ ਜੀ ਧਿਆਨਪੁਰ ਵਿਖੇ ਮੱਥਾ ਟੇਕਿਆ ਅਤੇ ਗੱਦੀਨਸ਼ੀਨ ਮਹੰਤ ਰਾਮ ਸੁੰਦਰ ਦਾਸ ਤੋਂ ਆਸ਼ੀਰਵਾਦ ਲਿਆ। ਧਿਆਨਪੁਰ ਦੇ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਨਾਲ ਕਲਸੀ ਨੇ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹਾਲਚਾਲ ਪੁੱਛਿਆ ਅਤੇ ਆਮ ਆਦਮੀ ਪਾਰਟੀ ਦਾ ਸਾਥ ਦੇਣ ਲਈ ਕਿਹਾ। ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਹੁਣ ਤੱਕ ਗੁਰਦਾਸਪੁਰ ਨੂੰ



ਬੀਜੇਪੀ ਨੇ ਪੈਰਾਸ਼ੂਟ ਰਾਹੀਂ ਫਿਲਮੀ ਐਕਟਰ ਹੀ ਕੈਂਡੀਡੇਟ ਵਜੋਂ ਉਤਾਰੇ ਸਨ। ਉਹ ਵੋਟਾਂ ਲੈਣ ਤੋਂ ਬਾਅਦ ਬੰਬੇ ਜਾ ਕੇ ਬੈਠ ਜਾਂਦੇ ਸਨ ਜਿਨ੍ਹਾਂ ਨੇ ਹੁਣ ਤੱਕ ਜ਼ਿਲ੍ਹਾ ਗੁਰਦਾਸਪੁਰ ਦੀ ਸਾਰ ਤੱਕ ਨਹੀਂ ਲਈ। ਉਨ੍ਹਾਂ ਦਾ ਮਕਸਦ ਸਿਰਫ ਐੱਮਪੀ ਬਣਨਾ ਹੁੰਦਾ ਹੈ ਨਾ ਕਿ ਗੁਰਦਾਸਪੁਰ ਵਾਸੀਆਂ ਦੀ ਸਾਰ ਲੈਣੀ ਹੁੰਦੀ ਹੈ। ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਆਉਂਦਿਆਂ ਹੀ ਜ਼ਿਲ੍ਹਾ ਗੁਰਦਾਸਪੁਰ ਨੂੰ ਇਸ ਜ਼ਿਲ੍ਹੇ ਦਾ ਵਸਨੀਕ ਕੈਂਡੀਡੇਟ ਦਿੱਤਾ ਗਿਆ ਹੈ ਜੋ ਇਸ ਜ਼ਿਲ੍ਹੇ ਲਈ 24 ਘੰਟੇ ਹਾਜ਼ਰ ਰਹੇਗਾ। ਪਾਰਟੀ ਵਰਕਰਾਂ ਵੱਲੋਂ ਕਾਲਾ ਅਫਗਾਨਾ ਤੋਂ ਧਿਆਨਪੁਰ, ਕੋਟਲੀ ਸੂਰਤ ਮੱਲ੍ਹੀ, ਕਲਾਨੌਰ ਤੱਕ ਰੋਡ ਸ਼ੋਅ ਕੱਢਿਆ ਗਿਆ। ਇਸ ਰੋਡ ਸ਼ੋਅ ਵਿੱਚ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਵਲੰਟੀਅਰਾਂ ਨੇ ਹਿੱਸਾ ਲਿਆ। ਇਸ ਰੋਡ ਸ਼ੋਅ ਮੌਕੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਕਾਫੀ ਉਤਸ਼ਾਹ ਪਾਇਆ ਗਿਆ। ਇਸ ਮੌਕੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਰਾਜੀਵ ਸ਼ਰਮਾ, ਚੇਅਰਮੈਨ ਜਗਜੀਤ ਸਿੰਘ ਕਾਹਲੋਂ, ਚੇਅਰਮੈਨ ਰਣਜੇਤ ਸਿੰਘ ਬਾਠ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੰਨਣ ਸਿੰਘ ਖਾਲਸਾ, ਰੂਪ ਤੇਜਿੰਦਰ ਸਿੰਘ ਨਿੱਕੋਸਰਾਂ, ਮਨਰੂਪ ਸਿੰਘ ਰੰਧਾਵਾ, ਹਰਜੀਤ ਸਿੰਘ ਠੇਠਰਕੇ, ਰਾਜੇਸ਼ ਕੁਮਾਰ ਬਿੱਟਾ, ਪੀ. ਏ. ਲਵਪ੍ਰੀਤ ਸਿੰਘ, ਮੇਜਰ ਸਿੰਘ ਠੇਠਰਕੇ, ਹਰਿੰਦਰ ਸਿੰਘ ਡੇਰਾ, ਹਰਪਾਲ ਸਿੰਘ ਰਾਮ ਦਿਵਾਲੀ, ਜਗਜੀਤ ਸਿੰਘ ਠੇਠਰਕੇ, ਮਹਿੰਦਰ ਸਿੰਘ ਨਿੱਕੋਸਰਾਂ ਤੋਂ ਇਲਾਵਾ ਹਲਕੇ ਦੇ ਸੀਨੀਅਰ ਆਗੂ ਤੇ ਵਰਕਰ ਆਦਿ ਹਾਜ਼ਰ ਸਨ।

29-Apral-PAGE-4.qxd 4/28/2024 9:06 PM Page 1

ਨਵਾਂ ਜ਼ਮਾਨਾ
ਸੋਮਵਾਰ, 29 ਅਪ੍ਰੈਲ 2024

# ਮੋਦੀ ਦੇ ਬਦਲਦੇ ਸੁਰ

ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਦੀ ਪੋਲਿੰਗ ਤੋਂ ਬਾਅਦ 'ਅਬ ਕੀ ਬਾਰ—ਚਾਰ ਸੌ ਪਾਰ' ਦਾ ਨਾਅਰਾ ਛੱਡ ਕੇ ਹਿੰਦੂ-ਮੁਸਲਿਮ ਕਰਨ ਵਾਲੇ ਪ੍ਰਧਾਨ ਮੰਤਰੀ ਦੂਜੇ ਗੇੜ ਦੀ ਪੋਲਿੰਗ ਤੋਂ ਬਾਅਦ ਦੱਬੇ-ਕੁਚਲਿਆਂ ਦੇ ਭਲੇ ਲਈ ਚਲਾਈਆਂ ਸਕੀਮਾਂ ਦਾ ਗੁਣਗਾਨ ਕਰਨ 'ਤੇ ਆ ਗਏ ਹਨ। ਮਹਾਰਾਸ਼ਟਰ ਦੇ ਕੋਲਾਪੁਰ ਵਿਚ ਸ਼ਨੀਵਾਰ ਜਦੋਂ ਭੀੜ ਨੇ 'ਫਿਰ ਏਕ ਬਾਰ' ਦੇ ਸੱਦੇ 'ਤੇ 'ਮੋਦੀ ਸਰਕਾਰ' ਨਾਲ ਹੁੰਗਾਰਾ ਭਰਿਆ ਤਾਂ ਮੋਦੀ ਨੇ ਕਿਹਾ ਕਿ ਉਸ ਕੋਲ ਇਕ ਹੋਰ ਨਾਅਰਾ ਹੈ। ਕੀ ਤੁਸੀਂ ਹੁੰਗਾਰਾ ਭਰੋਗੇ ? ਫਿਰ ਮੋਦੀ ਨੇ ਕਿਹਾ—ਪਹਿਲਾਂ ਮੈਂ ਕਹਿੰਦਾ ਸੀ 'ਫਿਰ ਏਕ ਬਾਰ' ਤੇ ਹੁਣ ਤੁਸੀਂ ਕਹਿਣਾ 'ਫਿਰ ਏਕ ਬਾਰ'। ਇਸ ਤੋਂ ਬਾਅਦ ਮੋਦੀ ਨੇ ਨਾਅਰਾ ਲਾਇਆ 'ਗਰੀਬੋਂ ਕੀ ਸਰਕਾਰ' ਤੇ ਇਕੱਠ 'ਚੋਂ ਆਵਾਜ਼ ਆਈ 'ਫਿਰ ਏਕ ਬਾਰ।' ਮੋਦੀ ਨੇ ਫਿਰ ਉਕਸਾਇਆ 'ਐੱਸ ਸੀ-ਐੱਸ ਟੀ-ਓ ਬੀ ਸੀ ਕੀ ਸਰਕਾਰ', ਜਵਾਬ ਆਇਆ 'ਫਿਰ ਏਕ ਬਾਰ'। ਮੋਦੀ ਨੇ ਫਿਰ 'ਵਿਕਾਸ ਕੋ ਸਮਰਪਿਤ ਸਰਕਾਰ', 'ਯੁਵਾਓਂ ਕੋ ਅਵਸਰ ਦੇਨੇ ਵਾਲੀ ਸਰਕਾਰ', 'ਮਹਿਲਾਓਂ ਕੋ ਸੁਵਿਧਾ ਦੇਨੇ ਵਾਲੀ ਸਰਕਾਰ' ਦੇ ਨਾਅਰੇ ਬੁਲੰਦ ਕੀਤੇ ਤੇ ਭੀੜ ਨੇ ਹਰ ਵਾਰ 'ਫਿਰ ਏਕ ਬਾਰ' ਨਾਲ ਹੁੰਗਾਰਾ ਭਰਿਆ।

ਮੋਦੀ ਨੇ ਚੋਣ ਮੁਹਿੰਮ ਦੀ ਸ਼ੁਰਆਤ 'ਚਾਰ ਸੌ ਪਾਰ' ਨਾਲ ਕੀਤੀ ਸੀ, ਪਰ 19 ਅਪ੍ਰੈਲ ਨੂੰ ਪਹਿਲੇ ਗੇੜ ਦੀ ਪੋਲਿੰਗ ਵਿਚ ਘੱਟ ਵੋਟਿੰਗ ਤੋਂ ਬਾਅਦ ਭਾਜਪਾ ਨੂੰ ਮਹਿਸੂਸ ਹੋਇਆ ਕਿ ਏਨੀ ਵੱਡੀ ਜਿੱਤ ਦੇ ਸੱਦੇ ਨੇ ਲੋਕਾਂ ਵਿਚ ਬੇਚੈਨੀ ਪੈਦਾ ਕਰ ਦਿੱਤੀ ਹੈ ਕਿ ਤੀਜੀ ਵਾਰ ਸੱਤਾ ਵਿਚ ਆ ਕੇ ਭਾਜਪਾ ਸੰਵਿਧਾਨ ਬਦਲ ਦੇਵੇਗੀ। 21 ਅਪ੍ਰੈਲ ਨੂੰ ਰਾਜਸਥਾਨ ਦੇ ਬਾਂਸਵਾੜਾ ਦੀ ਰੈਲੀ ਵਿਚ ਮੋਦੀ ਨੇ ਇਹ ਸ਼ੁਰਲੀ ਛੱਡੀ ਕਿ ਕਾਂਗਰਸ ਲੋਕਾਂ ਦੀਆਂ ਜਾਇਦਾਦਾਂ ਤੇ ਮਹਿਲਾਵਾਂ ਦੇ ਮੰਗਲਸੂਤਰ ਖੋਹ ਕੇ ਮੁਸਲਮਾਨਾਂ ਵਿਚ ਵੰਡਣ ਦੀ ਯੋਜਨਾ ਬਣਾ ਰਹੀ ਹੈ। ਉਹ ਵਿਰਾਸਤ ਟੈਕਸ ਵੀ ਲਾਵੇਗੀ। ਧਰੁਵੀਕਰਨ ਦੀ ਇਸ ਕੋਸ਼ਿਸ਼ ਨਾਲ ਵੀ ਦੂਜੇ ਗੇੜ ਵਿਚ ਪੋਲਿੰਗ ਦਾ ਅੰਕੜਾ ਵਧਣ ਦੀ ਥਾਂ ਡਿਗ ਗਿਆ ਤਾਂ ਮੋਦੀ ਨੂੰ ਹੁਣ ਐੱਸ ਸੀ-ਐੱਸ ਟੀ ਚੇਤੇ ਆ ਗਏ ਹਨ। ਭਾਜਪਾ ਲੀਡਰਸ਼ਿਪ ਨੂੰ ਹੇਠੋਂ ਰਿਪੋਰਟਾਂ ਪੁੱਜੀਆਂ ਹਨ ਕਿ ਇਹ ਗੱਲ ਲੋਕਾਂ ਵਿਚ ਘਰ ਕਰ ਰਹੀ ਹੈ ਕਿ ਭਾਜਪਾ ਸਰਕਾਰ ਰਿਜ਼ਰਵੇਸ਼ਨ ਖਤਮ ਕਰ ਦੇਵੇਗੀ। ਵੋਟਿੰਗ ਉਨ੍ਹਾਂ ਰਾਜਾਂ ਵਿਚ ਹੀ ਵੱਧ ਡਿੱਗੀ ਹੈ, ਜਿੱਥੇ ਭਾਜਪਾ ਜਾਂ ਉਸ ਦੇ ਇਤਿਹਾਦੀਆਂ ਦੀਆਂ ਸਰਕਾਰਾਂ ਹਨ। ਮਸਲਨ ਯੂ ਪੀ, ਮੱਧ ਪ੍ਰਦੇਸ਼, ਮਹਾਰਾਸ਼ਟਰ ਤੇ ਬਿਹਾਰ। ਹਾਲਾਂਕਿ ਹਿੰਦੂ-ਮੁਸਲਿਮ ਦੀ ਗੱਲ ਖੁਦ ਕੀਤੀ, ਪਰ ਕੋਲਾਪੁਰ ਵਿਚ ਮੋਦੀ ਨੇ ਇਹ ਕਹਿ ਕੇ ਦੋਸ਼ ਆਪੋਜ਼ੀਸ਼ਨ 'ਤੇ ਮੜ੍ਹਨ ਦਾ ਜਤਨ ਕੀਤਾ ਕਿ ਉਹ ਤਾਂ 'ਵਿਕਸਤ ਭਾਰਤ' ਲਈ ਵੋਟ ਮੰਗ ਰਹੇ ਸਨ, ਪਰ ਆਪੋਜ਼ੀਸ਼ਨ ਨੇ 370 ਧਾਰਾ ਦੀ ਬਹਾਲੀ ਤੇ ਨਾਗਰਿਕਤਾ ਸੋਧ ਕਾਨੂੰਨ ਨੂੰ ਖਤਮ ਕਰਨ ਦੀਆਂ ਗੱਲਾਂ ਕਰਕੇ ਚੋਣਾਂ ਨੂੰ ਹੋਰ ਰਾਹ 'ਤੇ ਪਾ ਦਿੱਤਾ। ਭਾਸ਼ਣ ਦੇ ਅਖੀਰ ਵਿਚ ਮੋਦੀ ਨੇ ਲੋਕਾਂ ਦੀਆਂ ਮਿੰਨਤਾਂ ਕੀਤੀਆਂ ਕਿ ਗਰਮੀ ਦੀ ਪਰਵਾਹ ਨਾ ਕਰਦਿਆਂ ਉਹ ਅਗਲੇ ਗੇੜਾਂ ਵਿਚ ਵੱਧ ਤੋਂ ਵੱਧ ਵੋਟਿੰਗ ਕਰਨ। ਤੀਜੇ ਗੇੜ ਵਿਚ ਵੀ ਵੋਟਿੰਗ ਨਾ ਵਧੀ ਤਾਂ ਨਾਅਰੇਬਾਜ਼ ਮੋਦੀ ਕੋਈ ਹੋਰ ਨਾਅਰਾ ਲੈ ਕੇ ਆ ਸਕਦੇ ਹਨ।

# ਸੀ ਪੀ ਆਈ ਦਾ ਚੋਣ ਮੈਨੀਫੈਸਟੋ ਦੇਸ਼ ਦੀ ਵਸੋਂ ਨੂੰ ਖੁਸ਼ਹਾਲ ਬਣਾਉਣ ਵਾਲਾ

ਪ੍ਰਿਥੀਪਾਲ ਮਾੜੀਮੇਘਾ

18ਵੀਂ ਲੋਕ ਸਭਾ ਲਈ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਨੇ ਵੋਟਰਾਂ ਨੂੰ ਆਪਣੀ ਪਾਰਟੀ ਵੱਲੋਂ ਕਰਨ ਗੋਚਰੇ ਕੰਮ, ਕੌਮਾਂਤਰੀ ਤੇ ਕੌਮੀ ਪੱਧਰ 'ਤੇ ਪਾਰਟੀ ਪਾਰਲੀਮੈਂਟ ਵਿੱਚ ਪਹੁੰਚ ਕੀ ਕਰਨਾ ਚਾਹੁੰਦੀ, ਉਹ ਦੱਸਣ ਦੀ ਕੋਸ਼ਿਸ਼ ਕੀਤੀ ਹੈ। ਮੈਨੀਫੈਸਟੋ ਵਿੱਚ ਦੇਸ਼ ਦੀ ਜਨਤਾ ਨੂੰ ਖੁਸ਼ਹਾਲ ਬਣਾਉਣ ਲਈ ਕਰਨ ਵਾਲੇ ਕੰਮਾਂ ਦੀ ਵਿਆਖਿਆ ਵੀ ਕੀਤੀ ਤੇ ਦੱਸਿਆ ਹੈ ਕਿ ਇਨ੍ਹਾਂ ਕੰਮਾਂ ਦੀ ਪੂਰਤੀ ਕਿਉਂ ਜ਼ਰੂਰੀ ਹੈ ਤੇ ਪੂਰਤੀ ਨਾਲ ਆਵਾਮ ਦੇ ਕੀ ਫਾਇਦੇ ਹੋਣਗੇ। ਮੈਨੀਫੈਸਟੋ ਵਿੱਚ ਵਿਦੇਸ਼, ਕੌਮੀ ਤੇ ਸੂਬਿਆਂ ਬਾਰੇ ਨੀਤੀ ਦਾ ਵਿਸਥਾਰ ਸਹਿਤ ਵਿਸ਼ਲੇਸ਼ਣ ਕੀਤਾ ਗਿਆ। ਮੈਨੀਫੈਸਟੋ ਦੱਸਦਾ ਹੈ ਕਿ ਕਾਰਪੋਰੇਟ ਘਰਾਣਿਆਂ ਵੱਲੋਂ ਅਜੋਕੇ ਦੌਰ ਵਿੱਚ ਸੰਸਾਰ ਭਰ ਵਿੱਚ ਕਿਨ੍ਹਾਂ-ਕਿਨ੍ਹਾਂ ਢੰਗਾਂ ਨਾਲ ਕਿਰਤੀ ਤੇ ਮਿਹਨਤੀ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ।ਹਿੰਦੁਸਤਾਨ ਦੇ ਅਵਾਮ ਨੂੰ ਅਪੀਲ ਕੀਤੀ ਗਈ ਕਿ ਕਾਰਪੋਰੇਟਾਂ ਦੀ ਮਾਰ ਤੋਂ ਬਚਣ ਲਈ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਨੂੰ ਹਰਾ ਕੇ 'ਇੰਡੀਆ ਫਰੰਟ' ਦੀ ਸਰਕਾਰ ਕਾਇਮ ਕਰਨੀ ਹੋਵੇਗੀ।ਮੈਨੀਫੈਸਟੋ ਇਹ ਵੀ ਕਹਿੰਦਾ ਹੈ ਕਿ ਵਧੇ-ਫੁੱਲੇ ਬੇਰੁਜ਼ਗਾਰੀ ਦੇ ਦੈਂਤ ਨੂੰ ਠੱਲ੍ਹ ਪਾ ਕੇ ਜੁਆਨੀ ਨੂੰ ਰੁਜ਼ਗਾਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਮਜ਼ਦੂਰਾਂ, ਕਿਸਾਨਾਂ, ਔਰਤਾਂ, ਬੱਚਿਆਂ, ਮੁਲਾਜ਼ਮਾਂ, ਬੁੱਧੀਜੀਵੀਆਂ ਤੇ ਦਰਮਿਆਨੇ ਵਰਗ ਦੀ ਜੀਵਨ ਸੁਰੱਖਿਆ ਲਾਜ਼ਮੀ ਤੌਰ 'ਤੇ ਯਕੀਨੀ ਬਣਾਈ ਜਾਵੇਗੀ।

ਮੈਨੀਫੈਸਟੋ ਅਨੁਸਾਰ ਜੁਆਨੀ ਨੂੰ ਰੁਜ਼ਗਾਰ ਦੇਣ ਵਾਸਤੇ ਸੰਵਿਧਾਨ ਨੂੰ ਸੋਧ ਕੇ ਕੰਮ ਕਰਨ ਦੇ ਅਧਿਕਾਰ ਨੂੰ ਮੌਲਿਕ ਭਾਵ ਬੁਨਿਆਦੀ ਅਧਿਕਾਰ ਵਜੋਂ ਸ਼ਾਮਲ ਕੀਤਾ ਜਾਵੇਗਾ। ਸੀ ਪੀ ਆਈ ਸ਼ਹਿਰੀ ਰੁਜ਼ਗਾਰ ਗਾਰੰਟੀ ਐਕਟ ਦਾ ਕਾਨੂੰਨ ਬਣਾਉਣ ਲਈ ਲੜੇਗੀ, ਜਿਸ ਵਿੱਚ ਘੱਟੋ-ਘੱਟ ਦਿਨਾਂ ਲਈ ਰੁਜ਼ਗਾਰ ਅਤੇ ਬੇਰੁਜ਼ਗਾਰੀ ਭੱਤੇ ਦਾ ਭਰੋਸਾ ਦਿੱਤਾ ਗਿਆ ਹੈ। ਬੇਰੁਜ਼ਗਾਰੀ ਨੂੰ ਰੋਕਣ ਲਈ ਕਿਰਤ ਮੁਖੀ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਸਾਰੇ ਖੇਤਰਾਂ 'ਚੋਂ ਖਾਲੀ ਪਈਆਂ ਅਸਾਮੀਆਂ ਪੁਰ ਕੀਤੀਆਂ ਜਾਣਗੀਆਂ ਅਤੇ ਸਰਕਾਰੀ ਨੌਕਰੀਆਂ ਵੀ ਬਹਾਲ ਹੋਣਗੀਆਂ। ਸਰਵਪੱਖੀ ਰਾਸ਼ਟਰੀ ਯੁਵਾ ਨੀਤੀ ਅਤੇ ਇੱਕ ਸਥਾਈ ਰਾਸ਼ਟਰੀ ਕਮਿਸ਼ਨ ਬਣਾਉਣਾ ਜੋ ਦੇਸ਼ ਦੇ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਦੀ ਨਿਗਰਾਨੀ ਕਰੇਗਾ। ਖੇਡਾਂ ਤੇ ਖੇਡਾਂ ਵਿੱਚ ਨੌਜਵਾਨਾਂ ਦੇ ਸਾਰੇ ਵਰਗਾਂ ਦੀ ਬਰਾਬਰ ਪਹੁੰਚ ਨੂੰ ਯਕੀਨੀ ਬਣਾਇਆ ਜਾਵੇਗਾ। ਪੇਂਡੂ ਖੇਤਰਾਂ ਤੇ ਵਿਦਿਅਕ ਸੰਸਥਾਵਾਂ ਵਿੱਚ ਖੇਡਾਂ ਲਈ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾਵੇਗਾ।

ਅਨੁਸੂਚਿਤ ਜਾਤਾਂ, ਅਨੁਸੂਚਿਤ ਕਬੀਲੇ ਅਤੇ ਹੋਰ ਪੱਛੜੀਆਂ ਜਾਤਾਂ ਨਾਲ ਹੋ ਰਹੇ ਵਿਤਕਰੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ। ਜ਼ਮੀਨ ਦੀ ਹੱਦਬੰਦੀ ਨੂੰ ਸਖ਼ਤੀ ਨਾਲ ਲਾਗੂ ਕਰਕੇ ਜ਼ਮੀਨ ਬੇਜ਼ਮੀਨੇ ਦਲਿਤ ਅਤੇ ਆਦਿਵਾਸੀ ਪਰਵਾਰਾਂ ਵਿੱਚ ਵੰਡੀ ਜਾਵੇਗੀ ਤਾਂ ਜੋ ਉਹ ਪਰਵਾਰ ਖੇਤੀਬਾੜੀ ਕਰਕੇ ਆਪਣੀ ਜ਼ਿੰਦਗੀ ਦਾ ਸੌਖੇ ਢੰਗ ਨਾਲ ਨਿਰਬਾਹ ਕਰ ਸਕਣ। ਬੀ ਜੇ ਪੀ ਦੀ ਸਰਕਾਰ ਨੇ ਜੰਗਲਾਤ ਲਾਉਣ ਦੇ ਬਹਾਨੇ ਆਦਿਵਾਸੀਆਂ ਦੀ ਜ਼ਮੀਨ ਖੋਹਣ ਵਾਲਾ ਜੋ ਕਾਨੂੰਨ ਬਣਾਇਆ ਹੈ, ਉਹ ਰੱਦ ਕਰਕੇ ਜ਼ਮੀਨ ਆਦਿਵਾਸੀਆਂ ਵਿੱਚ ਵੰਡ ਦਿੱਤੀ ਜਾਵੇਗੀ।ਰਾਖਵਾਂਕਰਨ ਸਹੀ ਢੰਗ ਨਾਲ ਲਾਗੂ ਕੀਤਾ ਜਾਵੇਗਾ। ਗਰੀਬਾਂ ਦੇ ਬੱਚਿਆਂ ਲਈ ਵਿੱਦਿਆ ਦਾ ਖ਼ਾਸ ਪ੍ਰਬੰਧ ਕੀਤਾ ਹੋਵੇਗਾ।

ਸੀਨੀਅਰ ਸਿਟੀਜ਼ਨ, ਅਸਮਰੱਥ ਅਤੇ ਹੋਰ ਕਮਜ਼ੋਰ ਵਰਗਾਂ ਲਈ ਸਪੈਸ਼ਲ ਪੈਨਸ਼ਨ ਸਕੀਮ ਬਣਾਈ ਜਾਵੇਗੀ। ਦੇਸ਼ ਦੇ ਸਾਰੇ ਜ਼ਿਲ੍ਹਿਆਂ ਵਿੱਚ ਬਿਰਧ ਆਸ਼ਰਮ ਬਣਾਏ ਜਾਣਗੇ ਅਤੇ ਸੀਨੀਅਰ ਨਾਗਰਿਕਾਂ ਲਈ ਹਸਪਤਾਲਾਂ ਅੰਦਰ ਇਲਾਜ ਦੇ ਵਿਸ਼ੇਸ਼ ਪ੍ਰਬੰਧ ਹੋਣਗੇ। ਰੇਲਵੇ ਵਿੱਚ ਸੀਨੀਅਰ ਨਾਗਰਿਕਾਂ ਨੂੰ ਜੋ ਵਿਸ਼ੇਸ਼ ਸਹੂਲਤਾਂ ਮਿਲਦੀਆਂ ਸਨ, ਉਹ ਬੀ ਜੇ ਪੀ ਸਰਕਾਰ ਨੇ ਖ਼ਤਮ ਕਰ ਦਿੱਤੀਆਂ ਸਨ, ਉਹ ਮੁੜ ਬਹਾਲ ਕਰ ਦਿੱਤੀਆਂ ਜਾਣਗੀਆਂ। ਖੁਰਾਕ ਸੁਰੱਖਿਆ ਅਤੇ ਜਨਤਕ ਵੰਡ ਪ੍ਰਣਾਲੀ ਅਧੀਨ ਪ੍ਰਧਾਨ ਮੰਤਰੀ ਕਲਿਆਣ ਯੋਜਨਾ ਤਹਿਤ ਦਿੱਤੇ ਜਾ ਰਹੇ ਅਨਾਜ ਦੇ ਨਾਲ ਤੁਰੰਤ ਹੀ ਲਾਭਪਾਤਰੀਆਂ ਨੂੰ ਖੁਰਾਕ ਸੁਰੱਖਿਆ ਕਾਨੂੰਨ ਦੇ ਅਧੀਨ ਹੱਕ ਮੁਫ਼ਤ ਉਪਲੱਬਧ ਕਰਵਾਏ ਜਾਣਗੇ। ਕੇਰਲ ਪੈਟਰਨ 'ਤੇ ਪੀ ਡੀ ਐਸ ਟੋਕਰੀ ਵਿੱਚ ਦਾਲਾਂ ਤੇ ਤੇਲ ਵੀ ਸ਼ਾਮਲ ਕੀਤੇ ਜਾਣਗੇ। ਖੁਰਾਕ ਵਾਲੀਆਂ ਵਸਤਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਇਆ ਜਾਵੇਗਾ। ਮਜ਼ਦੂਰਾਂ ਦੀ 9000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਲਈ ਪਾਰਲੀਮੈਂਟ ਅੰਦਰ ਆਵਾਜ਼ ਉਠਾਏਗੀ।

ਸਿੱਖਿਆ ਨੀਤੀ ਜੋ ਬੀ ਜੇ ਪੀ ਸਰਕਾਰ ਦੀ ਫਿਰਕਿਆਂ ਵਿੱਚ ਫੁੱਟ ਪਾਊ ਤੇ ਇਲਾਕਾਵਾਦ ਵਾਲੀ ਹੈ, ਉਹ ਸਰਕਾਰ ਬਣਦਿਆਂ ਸਾਰ ਹੀ ਰੱਦ ਕਰ ਦਿੱਤੀ ਜਾਵੇਗੀ। ਜੋ ਦੇਸ਼ ਭਗਤੀ ਦਾ ਸਿਲੇਬਸ ਵਿਦਿਆਰਥੀਆਂ ਦੇ ਸਿਲੇਬਸ ਭਾਵ ਕਿਤਾਬਾਂ ਵਿੱਚ ਆਰ ਐਸ ਐਸ ਭਗਤ ਬੀ ਜੇ ਪੀ ਸਰਕਾਰ ਨੇ ਹਟਾ ਦਿੱਤਾ ਹੈ, ਉਹ ਮੁੜ ਸ਼ਾਮਲ ਕੀਤਾ ਜਾਵੇਗਾ। ਵਿਦਿਆ ਇਕਸਾਰ, ਧਰਮਨਿਰਪੱਖ ਤੇ ਰੁਜ਼ਗਾਰ ਪੱਖੀ ਹੋਵੇਗੀ।ਵਿੱਦਿਆ 10+2 ਤੱਕ ਹਰੇਕ ਵਿਦਿਆਰਥੀ ਨੂੰ ਮੁਫ਼ਤ ਤੇ ਲਾਜ਼ਮੀ ਦਿੱਤੀ ਜਾਵੇਗੀ। ਉਚ ਸਿੱਖਿਆ ਦੇ ਖਰਚੇ ਵੀ ਘੱਟ ਕੀਤੇ ਜਾਣਗੇ। ਹੁਣ ਦੀ ਤਰ੍ਹਾਂ ਨਹੀਂ, ਜਿਸ ਤਰ੍ਹਾਂ ਸਸਤੀ ਮੈਡੀਕਲ ਸਿੱਖਿਆ ਲੈਣ ਲਈ ਭਾਰਤ ਹਜ਼ਾਰਾਂ ਵਿਦਿਆਰਥੀ ਯੂਕਰੇਨ ਵਿੱਚ ਗਏ ਤੇ ਰੂਸ ਅਤੇ ਯੂਕਰੇਨ ਜੰਗ ਲੱਗਣ ਕਰਕੇ ਹਿੰਦ ਦੀ ਸਰਕਾਰ ਨੇ ਉਨ੍ਹਾਂ ਨੂੰ ਸਪੈਸ਼ਲ ਜਹਾਜ਼ਾਂ ਰਾਹੀਂ ਹਿੰਦੁਸਤਾਨ ਲਿਆਂਦਾ ਹੈ। ਉਨ੍ਹਾਂ ਦੀ ਪੜ੍ਹਾਈ ਹਾਲ ਦੀ ਘੜੀ ਅਧਵਾਟੇ ਹੀ ਰਹਿ ਗਈ ਹੈ।

ਸਿਹਤ ਦੇ ਇਲਾਜ ਆਮ ਵਿਅਕਤੀ ਦੀ ਪਹੁੰਚ ਦੇ ਬਣਾਉਣ ਵਾਸਤੇ ਸਾਡੀ ਸਰਕਾਰ ਸਿਹਤ ਸੇਵਾਵਾਂ ਦੇ ਖਰਚ ਲਈ ਜੀ ਡੀ ਪੀ ਦਾ ਘੱਟੋ-ਘੱਟ 6% ਅਲਾਟ ਕਰੇਗੀ। ਯਕੀਨੀ ਬਣਾਵਾਂਗੇ ਕਿ ਅਲਾਟ ਕੀਤੇ ਬੱਜਟ ਨਾਲ ਜਨਤਕ ਸਿਹਤ ਸੰਭਾਲ ਪ੍ਰਣਾਲੀ ਮੁੜ ਵਿਕਸਤ ਹੋਵੇ। ਸਿਹਤ ਦੇ ਇਲਾਜ ਦੇ ਸੰਬੰਧ ਪ੍ਰਾਈਵੇਟਕਰਨ ਨੂੰ ਰੋਕਿਆ ਜਾਵੇਗਾ। ਪ੍ਰਾਈਵੇਟ ਡਾਕਟਰੀ ਫੀਸਾਂ ਵੀ ਨਿਯਮਿਤ ਕੀਤੀਆਂ ਜਾਣਗੀਆਂ। ਡਾਕਟਰਾਂ ਦੀਆਂ ਸੇਵਾਵਾਂ ਪਿੰਡਾਂ ਤੱਕ ਪਹੁੰਚਾਉਣ ਲਈ ਮੈਡੀਕਲ ਕਾਲਜਾਂ ਵਿੱਚ ਸੀਟਾਂ ਵਧਾਈਆਂ ਜਾਣਗੀਆਂ। ਸਾਡੀ ਪਾਰਟੀ ਵੱਲੋਂ ਨਿਯੰਤ੍ਰਿਤ ਅਤੇ ਮਿਆਰੀ ਡਾਕਟਰੀ ਸਹੂਲਤਾਂ ਦੇਣ ਲਈ ਦਵਾਈਆਂ ਦੀਆਂ ਕੀਮਤਾਂ ਬਾਰੇ ਇੱਕ ਰਾਸ਼ਟਰੀ ਕਮਿਸ਼ਨ ਬਣਾਇਆ ਜਾਵੇਗਾ, ਜੋ ਦਵਾਈਆਂ ਦੀਆਂ ਕੀਮਤਾਂ, ਡਾਇਗਨੋਸਟਿਕ ਟੈਸਟਾਂ ਅਤੇ ਹੋਰ ਪੈਥੋਲੌਜੀਕਲ ਟੈਸਟਾਂ ਨੂੰ ਆਮ ਲੋਕਾਂ ਦੀ ਪਹੁੰਚ ਵਿੱਚ ਅਤੇ ਸਸਤਾ ਰੱਖਿਆ ਜਾਵੇਗਾ। ਇਲਾਜ ਦੀ ਲਾਗਤ ਆਮ ਲੋਕਾਂ ਲਈ ਪਹੁੰਚ ਵਾਲੀ ਹੋਵੇਗੀ।

ਸੀ ਪੀ ਆਈ ਸਤਾ ਵਿੱਚ ਆਉਂਦੀ ਹੈ ਤੇ ਚੋਣ ਸੁਧਾਰ ਵੀ ਕਰੇਗੀ। ਜਿਸ ਵਿੱਚ ਮੁੱਖ ਤੌਰ 'ਤੇ ਸਰਮਾਏਦਾਰ ਪਾਰਟੀਆਂ ਵੱਲੋਂ ਬੇਹਿਸਾਬੇ ਧਨ ਦੀ ਵਰਤੋਂ ਕਰਨ 'ਤੇ ਪਾਬੰਦੀ ਲਾਉਣੀ ਜਾਂ ਇੱਕ ਹੱਦ ਤੋਂ ਵੱਧ ਖਰਚਾ ਨਾ ਕਰਨ ਦੇਣਾ।ਇਸ ਬਾਰੇ ਇੱਕ ਵਾਰ ਕਾਮਰੇਡ ਇੰਦਰਜੀਤ ਗੁਪਤਾ ਦੀ ਕਮੇਟੀ ਨੇ ਚੋਣ ਫੰਡ ਲੈਣ ਤੇ ਚੋਣ ਖਰਚ ਬਾਰੇ ਸਿਫਾਰਸ਼ ਕੀਤੀ ਸੀ ਪਰ ਉਸ 'ਤੇ ਹਕੂਮਤਾਂ ਨੇ ਕੋਈ ਗੌਰ ਨਹੀਂ ਕੀਤਾ। ਗੁਪਤਾ ਜੀ ਦੀ ਕਮੇਟੀ ਨੇ ਜੋ ਸਿਫਾਰਸ਼ ਕੀਤੀ ਸੀ, ਉਸ 'ਤੇ ਮੁੜ ਵਿਚਾਰ ਦੇ ਆਧਾਰ 'ਤੇ ਚੋਣ ਸੁਧਾਰ ਕੀਤੇ ਜਾਣਗੇ।ਚੋਣ ਪ੍ਰਕਿਰਿਆ ਨੂੰ ਕਾਰਪੋਰੇਟ ਘਰਾਣਿਆਂ ਅਤੇ ਕਾਲੇ ਧਨ ਦੇ ਪ੍ਰਭਾਵ ਤੋਂ ਬਚਾਉਣ ਲਈ ਅਪਾਰਦਰਸ਼ੀ ਤਰੀਕਿਆਂ ਅਤੇ ਕਾਰਪੋਰੇਟ ਫੰਡਿੰਗ ਦੁਆਰਾ ਰਾਜਨੀਤਕ ਪਾਰਟੀਆਂ ਨੂੰ ਦਾਨ ਦੇਣ ਦੀ ਪ੍ਰਣਾਲੀ ਨੂੰ ਹਟਾਇਆ ਜਾਏਗਾ। ਨਤੀਜੇ ਐਲਾਨ ਕਰਨ ਤੋਂ ਪਹਿਲਾਂ ਈ ਵੀ ਐਮ ਵਿੱਚ ਰਜਿਸਟਰਡ ਵੋਟਾਂ ਨਾਲ ਵੀ ਵੀ ਪੀ ਏ ਟੀ ਸਲਿੱਪਾਂ ਦਾ 100% ਮਿਲਾਨ ਕੀਤਾ ਜਾਵੇਗਾ।

ਨਿਆਂਇਕ ਤੇ ਪੁਲਸ ਸੁਧਾਰ ਦੇ ਮਾਮਲੇ ਵਿੱਚ ਸਥਾਨਕ ਪੱਧਰ ਦੀਆਂ ਅਦਾਲਤਾਂ ਚਲਾ ਕੇ ਆਮ ਵਿਅਕਤੀ ਲਈ ਨਿਆਂ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਦੇ ਯਤਨ ਕੀਤੇ ਜਾਣਗੇ। ਰਾਜ ਧ੍ਰੋਹ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਐਕਟ (ਯੂ ਏ ਪੀ ਏ) ਵਰਗੇ ਕਠੋਰ ਅਤੇ ਦਮਨਕਾਰੀ ਕਾਨੂੰਨਾਂ ਨੂੰ ਖ਼ਤਮ ਕਰ ਦਿੱਤਾ ਜਾਵੇਗਾ। ਵਿਦੇਸ਼ੀ ਕੰਟਰੀਬਿਊਸ਼ਨ ਰੈਗੂਲੇਸ਼ਨ ਐਕਟ ( ਐਫ ਸੀ ਆਰ ਏ), ਅਪਰਾਧਿਕ ਮਾਣਹਾਨੀ ਆਦਿ ਵਰਗੇ ਕਾਨੂੰਨ ਜਾਂ ਢੁਕਵੀਂ ਤਰ੍ਹਾਂ ਤਰਮੀਮ ਕੀਤੇ ਜਾਣਗੇ ਤੇ ਜਾਂ ਫਿਰ ਰੱਦ ਹੀ ਕੀਤੇ ਜਾਣਗੇ ਤਾਂ ਜੋ ਅਸਹਿਮਤੀ ਨੂੰ ਦਬਾਉਣ ਅਤੇ ਆਪਣੇ ਲਈ ਮੁਆਫੀ ਕਰਨ ਵਿੱਚੋਂ ਉਨ੍ਹਾਂ ਦੀ ਦੁਰਵਰਤੋਂ ਨੂੰ ਰੋਕਿਆ ਜਾ ਸਕੇ।

ਪਾਰਲੀਮੈਂਟ ਚੁਣਾਵ ਦੇ ਕੁਝ ਸਮਾਂ ਪਹਿਲਾਂ ਕਿਸਾਨਾਂ ਦੀ ਜ਼ਮੀਨ ਹੜੱਪਣ ਵਾਸਤੇ ਮੋਦੀ ਸਰਕਾਰ ਨੇ ਤਿੰਨ ਕਾਲੇ ਕਾਨੂੰਨ ਬਣਾਏ ਸਨ। ਉਨ੍ਹਾਂ ਕਾਨੂੰਨਾਂ ਦਾ ਪਾਰਟੀ ਨੇ ਜ਼ਬਰਦਸਤ ਵਿਰੋਧ ਕੀਤਾ ਤੇ ਦਿੱਲੀ ਦੇ ਬਾਰਡਰ 'ਤੇ ਲੜ ਰਹੇ ਕਿਸਾਨਾਂ ਦੀ ਪੁਰਜ਼ੋਰ ਹਮਾਇਤ ਕੀਤੀ ਸੀ।ਇਸ ਤੋਂ ਇਲਾਵਾ ਬੀ ਜੇ ਪੀ ਸਰਕਾਰ ਵੱਲੋਂ ਜੰਮੂ ਕਸ਼ਮੀਰ ਨੂੰ ਤੋੜ ਕੇ ਦੋ ਕੇਂਦਰੀ ਸ਼ਾਸਤ ਬਣਾਉਣ ਦਾ ਵੀ ਪਾਰਟੀ ਨੇ ਕਰੜਾ ਵਿਰੋਧ ਕੀਤਾ। ਜੰਮੂ ਕਸ਼ਮੀਰ ਨੂੰ ਦੇਸ਼ ਦੀ ਆਜ਼ਾਦੀ ਤੋਂ ਬਾਅਦ ਪਹਿਲੀ ਸਰਕਾਰ ਨੇ ਜਿਸ ਵਿਸ਼ੇਸ਼ ਧਾਰਾ ਰਾਹੀਂ ਜੰਮੂ ਕਸ਼ਮੀਰ ਨੂੰ ਵਿਸ਼ੇਸ਼ ਅਧਿਕਾਰ ਦਿੱਤੇ ਹੋਏ ਸਨ, ਉਹ ਮੋਦੀ ਸਰਕਾਰ ਨੇ ਧਾਰਾ ਤੋੜ ਦਿੱਤੀ ਤੇ ਜੰਮੂ ਕਸ਼ਮੀਰ ਦੋ ਹਿੱਸਿਆਂ ਵਿੱਚ ਵੰਡ ਦਿੱਤਾ। ਧਾਰਾ ਤੋੜਨ ਵਿਰੁੱਧ ਭਾਵੇਂ ਪਾਰਟੀ ਨੇ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨ ਕੀਤੇ ਸਨ, ਪਰ ਪੰਜਾਬ ਪਾਰਟੀ ਨੇ 'ਫਾਸ਼ੀ ਹਮਲੇ ਵਿਰੋਧੀ ਫਰੰਟ' ਬਣਾਇਆ, ਜਿਸ ਵਿੱਚ ਪੰਜਾਬ ਦੀਆਂ ਖੱਬੀਆਂ ਪਾਰਟੀਆਂ ਸਨ, ਉਸ ਫਰੰਟ ਰਾਹੀਂ ਮੋਦੀ ਦੀ ਇਸ ਫਿਰਕੂ ਨੀਤੀ ਦਾ ਜ਼ਿਆਦਾ ਤਕੜਾ ਵਿਰੋਧ ਕੀਤਾ। ਮੈਨੀਫੈਸਟੋ ਇਹ ਕਹਿੰਦਾ ਹੈ ਕਿ ਵਿਸ਼ੇਸ਼ ਦਰਜੇ ਰਾਹੀਂ ਜੰਮੂ, ਕਸ਼ਮੀਰ ਤੇ ਲਦਾਖ਼ ਨੂੰ ਪੂਰਨ ਰਾਜ ਦਾ ਦਰਜਾ ਦਿੱਤਾ ਜਾਵੇਗਾ ਅਤੇ ਰਾਜ ਵਿਧਾਨ ਸਭਾ ਦੀਆਂ ਤੁਰੰਤ ਚੋਣਾਂ ਕਰਵਾਈਆਂ ਜਾਣਗੀਆਂ।

ਮੋਦੀ ਸਰਕਾਰ ਨੇ ਸੀ ਏ ਏ ਵਰਗੇ ਘਾਤਕ ਕਾਨੂੰਨ ਲਿਆਂਦੇ ਪਾਰਟੀ ਨੇ ਇਨ੍ਹਾਂ ਕਾਨੂੰਨਾਂ ਦਾ ਵੀ ਸਖ਼ਤ ਵਿਰੋਧ ਕੀਤਾ, ਕਿਉਂਕਿ ਇਹ ਕਾਨੂੰਨ ਦੇਸ਼ ਵਿੱਚ ਜੁਗਾਂ ਤੋਂ ਵੱਸ ਰਹੀਆਂ ਘੱਟ-ਗਿਣਤੀਆਂ ਦੇ ਵਿਰੁੱਧ ਸਨ ਤੇ ਹਨ। ਸੀ ਪੀ ਆਈ ਦਾ ਫਰੰਟ ਜੇ ਕੇਂਦਰ ਵਿੱਚ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਗਿਆ ਤੇ ਇਨ੍ਹਾਂ ਘਾਤਕ ਕਾਨੂੰਨਾਂ ਨੂੰ ਖਤਮ ਕਰਾਉਣ ਲਈ ਸਰਕਾਰ ਤੇ ਦਬਾਅ ਪਾਵੇਗਾ।

ਸੀ ਪੀ ਆਈ ਅਨੁਸਾਰ ਸਾਡੇ ਬਹੁਭਾਂਤੀ, ਸਾਂਝੇ ਸੱਭਿਆਚਾਰ ਅਤੇ ਇਸ ਦੀਆਂ ਕਦਰਾਂ-ਕੀਮਤਾਂ ਬਰਕਰਾਰ ਰੱਖਣਾ ਅਤੇ ਸਮਰੂਪ ਆਖੰਡ ਬਣਾਉਣ ਦੇ ਹਮਲੇ ਤੋਂ ਰਾਖੀ ਕਰਨੀ। ਸਾਰੀਆਂ ਭਾਸ਼ਾਵਾਂ ਨੂੰ ਬਰਾਬਰ ਉਤਸ਼ਾਹਤ ਕਰਨਾ ਅਤੇ ਸੰਭਾਲ ਰੱਖਣੀ। ਕਬਾਇਲੀ ਭਾਸ਼ਾਵਾਂ ਦੀਆਂ ਲਿਪੀਆਂ ਅਤੇ ਉਪਭਾਸ਼ਾਵਾਂ ਦਾ ਵਿਕਾਸ ਕਰਨਾ। ਮਨੀਪੁਰ ਭਾਸ਼ਾ ਨੂੰ ਕਲਾਸੀਕਲ ਭਾਸ਼ਾ ਦਾ ਦਰਜਾ ਦੇਣ ਲਈ ਉਤਸ਼ਾਹਤ ਕਰਨਾ। ਕਲਚਰ ਨੂੰ ਅਸ਼ਲੀਲਤਾ ਤੋਂ ਬਚਾਇਆ ਅਤੇ ਲੋਕ ਪੱਖੀ ਲੀਹਾਂ 'ਤੇ ਪ੍ਰਫੁੱਲਤ ਕੀਤਾ ਜਾਵੇਗਾ।

ਕੇਂਦਰ ਵੱਲੋਂ ਛਾਪੇ ਚੋਣ ਮੈਨੀਫੈਸਟੋ ਤੋਂ ਇਲਾਵਾ ਪੰਜਾਬ ਦੇ ਵੀ ਅਹਿਮ ਮਸਲੇ ਹਨ, ਜੋ ਹਿੰਦੁਸਤਾਨ ਦੀ ਪਾਰਲੀਮੈਂਟ ਹੀ ਹੱਲ ਕਰ ਸਕਦੀ ਹੈ। ਮੋਦੀ ਸਰਕਾਰ ਨੇ ਪੰਜਾਬ ਵਾਸੀਆਂ ਦੀ ਤਾਕਤ ਨੂੰ ਕਮਜ਼ੋਰ ਕਰਨ ਵਾਸਤੇ ਚੰਡੀਗੜ੍ਹ ਕੇਂਦਰੀ ਸ਼ਾਸਤ 'ਚੋਂ ਪੰਜਾਬ ਦੇ ਮੁਲਾਜ਼ਮਾਂ ਦੀ ਭਰਤੀ ਨੂੰ ਬੰਦ ਕਰਕੇ ਕੇਂਦਰ ਸਰਕਾਰ ਅਧੀਨ ਕਰਨਾ। ਚੰਡੀਗੜ੍ਹ ਯੂਨੀਵਰਸਿਟੀ ਜੋ ਪੰਜਾਬ ਦਾ ਅਦਾਰਾ ਸੀ ਤੇ ਦੇਸ਼ ਦੀ ਆਜ਼ਾਦੀ ਤੋਂ ਬਾਅਦ ਲਾਹੌਰ ਯੂਨੀਵਰਸਿਟੀ ਦੇ ਪੈਟਰਨ 'ਤੇ ਪੰਜਾਬ ਸਰਕਾਰ ਨੇ ਬਣਾਇਆ ਸੀ, ਉਸ ਨੂੰ ਕੇਂਦਰ ਸਰਕਾਰ ਨੇ ਆਪਣੇ ਅਧੀਨ ਕਰ ਲਿਆ, ਭਾਖੜਾ ਬਿਜਲੀ ਪ੍ਰਾਜੈਕਟ 'ਚੋਂ ਪੰਜਾਬ ਦੇ ਮੁਲਾਜ਼ਮਾਂ ਦੀ ਭਰਤੀ ਬੰਦ ਕਰਨਾ ਅਤੇ ਬਾਰਡਰ ਤੋਂ 50 ਕਿਲੋਮੀਟਰ ਪੰਜਾਬ ਦੇ ਅੰਦਰ ਨੂੰ ਸਕਿਉਰਿਟੀ ਦੇ ਬੀ ਐਸ ਐਫ ਨੂੰ ਅਧਿਕਾਰ ਦੇਣ ਵਾਲੇ ਮਸਲੇ ਪਾਰਲੀਮੈਂਟ ਰਾਹੀਂ ਹੀ ਹੱਲ ਹੋ ਸਕਦੇ ਹਨ। ਉਕਤ ਮਸਲਿਆਂ ਤੋਂ ਇਹ ਨਜ਼ਰ ਆਉਂਦਾ ਹੈ ਕਿ ਮੋਦੀ ਪੰਜਾਬ ਵਾਸੀਆਂ ਨੂੰ ਸਬਕ ਸਿਖਾਉਣਾ ਚਾਹੁੰਦਾ ਹੈ।

ਪੰਜਾਬ ਵਿਰੋਧੀ ਮਸਲਿਆਂ ਦੇ ਹੱਲ ਲਈ ਪਾਰਲੀਮੈਂਟ ਵਿੱਚ ਆਵਾਜ਼ ਉਠਾਉਣ ਵਾਸਤੇ ਖਡੂਰ ਸਾਹਿਬ ਪਾਰਲੀਮੈਂਟ ਹਲਕੇ ਤੋਂ ਗੁਰਦਿਆਲ ਸਿੰਘ ਖਡੂਰ ਸਾਹਿਬ, ਅੰਮ੍ਰਿਤਸਰ ਹਲਕੇ ਤੋਂ ਬੀਬੀ ਦਸਵਿੰਦਰ ਕੌਰ ਤੇ ਫਰੀਦਕੋਟ ਹਲਕੇ ਤੋਂ ਗੁਰਚਰਨ ਸਿੰਘ ਮਾਨ ਨੂੰ ਵੋਟ ਪਾ ਕੇ ਕਾਮਯਾਬ ਬਣਾਓ, ਜਿਨ੍ਹਾਂ ਦਾ ਚੋਣ ਨਿਸ਼ਾਨ ਦਾਤਰੀ ਸਿੱਟਾ ਹੈ।

# ਕੌਮੀ ਕੌਂਸਲ ਮੈਂਬਰ, ਸੀ ਪੀ ਆਈ
ਸੰਪਰਕ : 98760-78731

# ਵਿਕਾਸ ਨਹੀਂ, ਵਿਨਾਸ਼ ਪੁਰਸ਼ ਹੈ ਮੋਦੀ

ਨਰਭਿੰਦਰ

2014 ਦੀਆਂ ਚੋਣਾਂ ਤੋਂ ਪਹਿਲਾਂ ਗੁਜਰਾਤ ਨੂੰ ਇੱਕ ਵਿਕਾਸ ਮਾਡਲ ਦੇ ਤੌਰ 'ਤੇ ਪ੍ਰਚਾਰਿਆ ਗਿਆ ਸੀ ਤੇ ਫਿਰ ਸਹਿਜੇ-ਸਹਿਜੇ ਮੋਦੀ ਨੂੰ ਵਿਕਾਸ ਪੁਰਸ਼ ਦੇ ਤੌਰ 'ਤੇ ਸਥਾਪਤ ਕਰਨ ਦੀ ਕਵਾਇਦ ਚੱਲੀ। ਭਾਜਪਾ ਤੇ ਸੰਘੀ ਲਾਣਾ ਅੱਜ ਵੀ ਨਰਿੰਦਰ ਮੋਦੀ ਉਰਫ਼ ਪ੍ਰਧਾਨ ਸੇਵਕ ਨੂੰ ਵਿਕਾਸ ਪੁਰਸ਼ ਦੇ ਤੌਰ 'ਤੇ ਪੇਸ਼ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੇ, ਪਰ ਪਿਛਲੇ ਦਸਾਂ ਸਾਲਾਂ ਦੀ ਹਕੀਕਤ ਕੁਝ ਹੋਰ ਹੀ ਹੈ।

ਵਿਕਾਸ ਕੀਹਨੂੰ ਕਿਹਾ ਜਾਂਦਾ ਹੈ ? ਕੀ ਦੇਸ਼ ਭਰ ਵਿੱਚ ਨਵੀਆਂ ਜੀ ਟੀ ਰੋਡ ਵਰਗੀਆਂ ਚਾਰ ਮਾਰਗੀ, ਛੇ ਮਾਰਗੀ ਸੜਕਾਂ ਨੂੰ ਵਿਕਾਸ ਵਿੱਚ ਗਿਣਿਆ ਜਾਵੇ ? ਕੀ ਅਡਾਨੀ-ਅੰਬਾਨੀ ਨੇ ਦੁਨੀਆ ਦੇ ਅਮੀਰਾਂ ਦੀ ਕਤਾਰ ਵਿੱਚ ਆਪਣੀ ਥਾਂ ਬਣਾ ਲਈ ਹੈ। ਇਹ ਦੇਸ਼ ਦਾ ਵਿਕਾਸ ਹੈ ? ਵਿਕਾਸ ਲਈ ਦੇਸ਼ ਦੀ ਸਮੁੱਚੀ ਆਬਾਦੀ ਦੇ ਜੀਵਨ ਪੱਧਰ 'ਤੇ ਢਾਂਚੇ ਵੱਲੋਂ ਆਮ ਲੋਕਾਈ ਪ੍ਰਤੀ ਨਿਭਾਈਆਂ ਜਾਂਦੀਆਂ ਭੂਮਿਕਾਵਾਂ ਤੋਂ ਦੇਖਿਆ ਜਾ ਰਿਹਾ ਹੈ। ਅਸਮਾਨ ਛੂੰਹਦੀਆਂ ਇਮਾਰਤਾਂ ਵਿਕਾਸ ਨਹੀਂ, ਜਦੋਂ 80 ਕਰੋੜ ਲੋਕ ਦਾਣੇ-ਦਾਣੇ ਦੇ ਮੁਥਾਜ਼ ਹੋਣ ? ਦੇਸ਼ ਦੀ ਯੁਵਾ ਸ਼ਕਤੀ ਸਥਾਈ ਰੋਜ਼ਗਾਰ ਤੋਂ ਵਾਂਝੀ ਹੋਵੇ ਤਾਂ ਕਿਹੜੇ ਵਿਕਾਸ ਦੇ ਦਾਅਵੇ ਭਾਜਪਾ ਤੇ ਮੋਦੀ ਕਰ ਰਹੇ ਹਨ। ਮੋਦੀ ਦੇ ਦਸਾਂ ਸਾਲਾਂ ਦੇ ਵਿਕਾਸ ਦਾ ਕਾਲਾ ਚਿੱਠਾ ਧਿਆਨ 'ਚ ਰਹਿਣਾ ਚਾਹੀਦਾ ਹੈ।

ਉਂਝ ਮੋਦੀ ਦੀ ਭਾਸ਼ਾ 'ਚ ਵਿਕਾਸ ਦੀ ਥਾਂ ਨਵਾਂ ਜੁਲਮਾਮਈ ਸ਼ਬਦ ਜੁੜ ਗਿਆ ਹੈ 'ਗਰੰਟੀ'। ਮੋਦੀ ਕੀ ਗਾਰੰਟੀ। ਇਸ ਗਾਰੰਟੀ 'ਚ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਤੀਸਰੇ ਕਾਰਜਕਾਲ ਵਿੱਚ ਭਾਰਤ ਦੀ ਅਰਥ ਵਿਵਸਥਾ ਦੁਨੀਆ 'ਚੋਂ ਤੀਸਰੀ ਅਰਥ ਵਿਵਸਥਾ ਉਤੇ ਪਹੁੰਚ ਜਾਵੇਗੀ। ਕਾਲੇ ਝੂਠ ਨੂੰ ਸਫੈਦ ਕਰਨ 'ਚ ਇਕੱਲਾ ਮੋਦੀ ਹੀ ਨਹੀਂ, ਭਾਜਪਾ ਤੇ ਭਾਜਪਾ ਦਾ ਆਈ ਟੀ ਸੈਲ ਵੀ ਅਹਿਮ ਭੂਮਿਕਾ ਨਿਭਾਅ ਰਿਹਾ ਹੈ। ਜਦੋਂ ਮੋਦੀ ਖੁਦ ਇਹ ਦਾਅਵਾ ਕਰ ਰਿਹਾ ਹੈ ਕਿ ਉਹ ਅਗਲੇਰੇ ਪੰਜ ਸਾਲ ਲਈ 80 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਦੇਣ ਦੀ ਗਾਰੰਟੀ ਦੇਵੇਗਾ, ਤਾਂ ਸਾਫ਼ ਹੈ 80 ਕਰੋੜ ਲੋਕ ਸਰਕਾਰ ਵੱਲੋਂ ਦਿੱਤੇ ਜਾ ਰਹੇ ਰਾਸ਼ਨ ਉੱਤੇ ਜਿਊਣ ਲਈ ਮਜਬੂਰ ਹੋ ਚੁੱਕੇ ਹਨ। ਦੇਸ਼ ਦੀ ਅਬਾਦੀ ਦਾ ਦੋ-ਤਿਹਾਈ ਹਿੱਸਾ ਭੁੱਖਮਰੀ ਦੀ ਰੇਖਾ ਤੋਂ ਹੇਠਾਂ ਜੀਵਨ ਜਿਊ ਰਿਹਾ ਹੈ। ਹਰ ਗੱਲ ਉਤੇ ਪਾਕਿਸਤਾਨ ਨਾਲ ਮੁਕਾਬਲਾ ਕਰਨ ਵਾਲੇ ਮੋਦੀ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਭਾਰਤ ਭੁੱਖਮਰੀ ਦੇ ਲਿਹਾਜ ਨਾਲ ਪਾਕਿਸਤਾਨ ਤੋਂ ਵੀ ਪਿੱਛੇ ਹੈ।

ਆਕਸਫੈਮ ਦੀ 2023 ਦੀ ਰਿਪੋਰਟ ਕਹਿੰਦੀ ਹੈ ਕਿ ਹੇਠਲੀ ਅੱਧੀ ਅਬਾਦੀ ਦੇ ਕੋਲ ਸਿਰਫ਼ ਤਿੰਨ ਫ਼ੀਸਦੀ ਸੰਪਤੀ ਹੈ, ਜਦੋਂ ਕਿ ਭਾਰਤ 'ਚ 21 ਸਭ ਤੋਂ ਅਮੀਰ ਅਰਬਪਤੀਆਂ ਕੋਲ ਵਰਤਮਾਨ ਦੌਰ ਵਿੱਚ 70 ਕਰੋੜ ਲੋਕਾਂ ਨਾਲੋਂ ਵੱਧ ਸੰਪਤੀ ਹੈ। ਸਾਲ 2020 'ਚ ਭਾਰਤ ਵਿੱਚ ਅਰਬਪਤੀਆਂ ਦੀ ਗਿਣਤੀ 102 ਸੀ। 2022 ਵਿੱਚ 166 ਹੋ ਗਈ ਹੈ। ਇੱਕ ਹੋਰ ਸੰਸਥਾ ਵਿਸ਼ਵ ਗੈਰ ਬਰਾਬਰੀ ਲੈਬ ਦੀ ਰਿਪੋਰਟ ਮੁਤਾਬਕ ਸਾਲ 22-23 ਵਿੱਚ ਇਕ ਫ਼ੀਸਦੀ ਆਬਾਦੀ ਦੀ ਆਮਦਨ ਵਿੱਚ ਹਿੱਸੇਦਾਰੀ 22.6 ਫ਼ੀਸਦੀ ਹੈ ਤੇ ਜਾਇਦਾਦ ਦੀ ਮਾਲਕੀ ਵਧ ਕੇ 40.1 ਫ਼ੀਸਦੀ ਪਹੁੰਚ ਗਈ ਹੈ। ਇਹ ਪਿਛਲੇਰੇ 100 ਸਾਲ ਵਿੱਚ ਪਹਿਲੀ ਵਾਰ ਹੋਇਆ ਹੈ। 1991 ਦੇ ਆਰਥਿਕ ਉਦਾਰੀਕਰਨ ਤੋਂ ਪਿੱਛੋਂ ਇਹ ਸਿਲਸਿਲਾ ਸ਼ੁਰੂ ਹੋਇਆ, ਪਰ ਪਿਛਲੇ ਇੱਕ ਦਹਾਕੇ ਵਿੱਚ ਆਮਦਨ ਤੇ ਸੰਪਤੀ ਵਿੱਚ ਗੈਰ ਬਰਾਬਰੀ ਬਹੁਤ ਵਧੀ ਹੈ। ਇਸ ਦੌਰ ਵਿੱਚ ਹੀ ਅਰਬਪਤੀ ਰਾਜ ਦਾ ਦਬਦਬਾ ਭਾਰੂ ਹੋਇਆ ਹੈ। ਇਹ ਗੈਰ ਬਰਾਬਰੀ ਦੀ ਰਫ਼ਤਾਰ, ਅਮਰੀਕਾ, ਬ੍ਰਾਜ਼ੀਲ ਤੇ ਦੱਖਣੀ ਅਫ਼ਰੀਕਾ ਨਾਲੋਂ ਵੱਧ ਹੈ। 1975 ਵਿੱਚ ਭਾਰਤ ਤੇ ਚੀਨ ਦੀ ਔਸਤ ਆਮਦਨ ਬਰਾਬਰ ਸੀ, ਪਰ 2000 ਵਿੱਚ ਚੀਨ ਦੀ ਔਸਤ ਆਮਦਨ ਭਾਰਤ ਨਾਲੋਂ 35 ਫ਼ੀਸਦੀ ਵਧ ਗਈ ਹੈ।

ਮੋਦੀ ਦੇ ਰਾਜ ਕਾਲ 'ਚ ਅਮੀਰ ਬਹੁਤ ਜ਼ਿਆਦਾ ਅਮੀਰ ਹੋਇਆ ਹੈ ਅਤੇ ਦੇਸ਼ ਦੀ ਮਜ਼ਦੂਰ ਮਿਹਨਤਕਸ਼ ਲੋਕਾਈ ਨੂੰ ਨੂੰ ਮੁੱਲ ਨਹੀਂ ਮਿਲਿਆ। ਉਂਝ ਤਾਂ ਇਹ ਨੀਤੀਆਂ ਕਾਂਗਰਸ ਰਾਜ ਕਾਲ ਤੋਂ ਹੀ ਸ਼ੁਰੂ ਹੋ ਗਈਆਂ ਸਨ, ਪਰ ਮੋਦੀ ਨੇ ਸੰਗ ਸ਼ਰਮ ਦੇ ਸਾਰੇ ਪੜਦੇ ਹੀ ਲਾਹ ਦਿੱਤੇ। ਉਂਝ ਇਹ ਪਹਿਲੀ ਵਾਰ ਹੋਇਆ ਹੈ ਕਿ ਅਖੌਤੀ ਲੋਕ ਰਾਜ ਨੰਗੇ ਚਿੱਟੇ ਰੂਪ ਵਿੱਚ ਬੇਪਰਦ ਹੋਇਆ ਹੈ। ਮੋਦੀ ਨੇ ਹੀ ਇਸ ਪੂੰਜੀਪਤੀ ਜਮਹੂਰੀਅਤ ਨੂੰ ਨਵੇਂ ਅਰਥ ਦਿੱਤੇ ਹਨ-ਪੂੰਜੀਪਤੀਆਂ ਦੀ, ਪੂੰਜੀਪਤੀਆਂ ਲਈ, ਪੂੰਜੀਪਤੀਆਂ ਵਾਸਤੇ। ਮੋਦੀ ਰਾਜ ਕਾਲ ਵਿੱਚ ਛੋਟੀ ਪੂੰਜੀ ਵਾਲੇ ਵੀ ਤਬਾਹੀ ਤੇ ਬਰਬਾਦੀ ਵੱਲ ਵਧੇ ਹਨ। ਗਰੀਬੀ ਤੇ ਕੰਗਾਲੀ ਵਧੀ ਹੈ। ਦਸਤਕਾਰੀ ਤੇ ਛੋਟੇ ਉਦਯੋਗ ਜਿਹੜੇ ਭਾਰਤੀ ਜਨਮਾਨਸ ਦੀ ਆਰਥਕਤਾ ਦੀ ਰੀੜ੍ਹ ਦੀ ਹੱਡੀ ਸਨ, ਦੀ ਜ਼ਿਆਦਾਤਰ ਤਬਾਹੀ ਮੋਦੀ ਦੇ ਰਾਜ ਕਾਲ ਵਿੱਚ ਹੀ ਹੋਈ ਹੈ। ਵਿਸ਼ੇਸ਼ ਕਰਕੇ ਕੋਰੋਨਾ ਕਾਲ ਤੇ ਉਸ ਪਿੱਛੋਂ ਜਿੰਨੀ ਵਿਆਪਕ ਤਬਾਹੀ ਹੋਈ ਹੈ ਨੂੰ ਪੈਰਾਂ ਸਿਰ ਕਰਨ ਲਈ ਮੋਦੀ ਤੇ ਭਾਜਪਾ ਸਰਕਾਰ ਨੇ ਕੋਈ ਨੀਤੀ ਹੀ ਨਹੀਂ ਬਣਾਈ। ਵੱਡੇ ਸਨਅਤਕਾਰਾਂ ਨੂੰ ਤਾਂ ਲੱਖਾਂ-ਕਰੋੜ ਰੁਪਏ ਦੇ ਟੈਕਸਾਂ ਦੀਆਂ ਛੋਟਾਂ ਤੋਂ ਇਲਾਵਾ ਲੱਖਾਂ-ਕਰੋੜਾਂ ਦੇ ਕਰਜ਼ੇ ਮੁਆਫ਼ੀ ਨਾਲ ਪ੍ਰਫੁੱਲਤ ਹੋਣ ਦੇ 'ਆਪਦਾ ਸਮੇਂ ਅਵਸਰ' ਤਾਂ ਦਿੱਤੇ ਹਨ। ਹਾਲਾਂਕਿ ਉਨ੍ਹਾਂ ਸਨਅਤਾ ਵਿੱਚ ਵੀ ਰੋਜ਼ਗਾਰ ਦੇ ਮੌਕੇ ਘਟੇ ਹਨ, ਪਰ ਜਿਹੜੀ ਸਨਅਤ ਸਵੈ ਨਿਰਭਰ ਰੋਜ਼ਗਾਰ ਮੁਹੱਈਆ ਕਰਦੀ ਸੀ, ਨੂੰ ਪਿਛਲੇਰੇ 10 ਸਾਲ ਬਿਲਕੁੱਲ ਹੀ ਅਣਗੌਲਿਆ ਕੀਤਾ ਹੈ। ਬਜਟ ਵਿੱਚ ਰੱਖੀ ਜਾਂਦੀ ਦਸਤਕਾਰੀ ਤੇ ਛੋਟੇ ਉਦਯੋਗਾਂ ਲਈ ਰਾਸ਼ੀ ਵੀ ਵੱਡੇ ਸਨਅਤਕਾਰ ਚੋਰ ਮੋਰੀਆਂ ਤੇ ਚਾਲਬਾਜ਼ੀਆਂ ਰਾਹੀਂ ਹੜੱਪ ਰਹੇ ਹਨ। ਇਹੀ ਕਾਰਨ ਕਿ ਪੇਂਡੂ ਤੇ ਸ਼ਹਿਰੀ ਦੋਵਾਂ ਖੇਤਰਾਂ ਵਿੱਚ ਹੀ ਸਿੱਖਿਅਤ ਅਤੇ ਅਸਿੱਖਿਅਤ ਕਾਮੇ ਬੇਰੁਜ਼ਗਾਰ ਘੁੰਮ ਰਹੇ ਹਨ ਤੇ ਉਨ੍ਹਾਂ ਕੋਲ ਕੋਈ ਭਵਿੱਖ ਨਹੀਂ।

'ਆਪਦਾ ਸਮੇਂ ਅਵਸਰ' ਦਾ ਮੌਕਾ ਕੀ ਕਾਰਪੋਰੇਟ ਘਰਾਣਿਆਂ ਨੂੰ ਹੀ ਦੇਣ ਦਾ ਨਾਂਅ ਕੋਰੋਨਾ ਕਾਲ ਸੀ। ਇੱਥੋਂ ਤੱਕ ਕਿ ਕੋਰੋਨਾ ਕਾਲ ਵਿੱਚ ਕੋਰੋਨਾ ਦਾ ਟੀਕਾ ਬਣਾਉਣ ਦਾ ਠੇਕਾ ਵੀ ਇੱਕ ਨਿੱਜੀ ਕੰਪਨੀ ਨੂੰ ਦਿੱਤਾ। ਸਰਕਾਰੀ ਟੈਕਸਾਂ ਨਾਲ ਇਕੱਠੇ ਕੀਤੇ ਪੈਸੇ ਨਾਲ ਦਵਾ ਬਣਾਉਣ ਵਾਲੀ ਇਸ ਕੰਪਨੀ ਨੇ ਇਹੋ ਦਵਾਈ ਮਹਿੰਗੇ ਭਾਅ ਵੇਚੀ ਤੇ ਸਰਕਾਰੀ ਧਨ ਦੀ ਅਦਾਇਗੀ ਨਾਲ ਖ਼ਰੀਦੀ, ਹਰ ਪਾਸਿਓਂ ਇਸ ਕੰਪਨੀ ਨੇ ਬੇਹਿਸਾਬ ਮੁਨਾਫ਼ਾ ਕਮਾਇਆ। ਜਿਸ ਵਿੱਚ ਚੋਣ ਬਾਂਡਾਂ ਰਾਹੀਂ ਮੋਦੀ ਤੇ ਭਾਜਪਾ ਨੂੰ ਹਿੱਸਾ ਪੱਤੀ ਵੀ ਮਿਲੀ। ਇਹੋ ਭਾਜਪਾ ਦੇ 'ਆਪਦਾ ਦੇ ਅਵਸਰ' ਦੀ ਮੂੰਹ ਬੋਲਦੀ ਤਸਵੀਰ ਹੈ।

ਆਕਸਫੈਮ ਦੀ ਰਿਪੋਰਟ ਕਹਿੰਦੀ ਹੈ ਕਿ 2021-22 ਵਿੱਚ ਇਸ ਤੋਂ ਪਹਿਲੇ ਸਾਲਾਂ ਦੇ ਮੁਕਾਬਲੇ ਕਾਰਪੋਰੇਟ ਖੇਤਰ ਨੇ 70 ਫ਼ੀਸਦੀ ਵੱਧ ਮੁਨਾਫ਼ਾ ਲੁੱਟਿਆ, ਜਦੋਂ ਕਿ ਇਸੇ ਦੌਰ ਵਿੱਚ 84 ਫ਼ੀਸਦੀ ਘਰਾਂ ਦੀ ਆਮਦਨੀ ਘਟੀ। ਕੀ ਮੋਦੀ ਜੁਆਬ ਦੇਵੇਗਾ ਕਿ ਨੋਟਬੰਦੀ ਤੇ ਜੀ ਐਸ ਟੀ ਟੈਕਸ ਪ੍ਰਣਾਲੀ ਕੀਹਦੇ ਲਈ ਸੀ ਅਤੇ ਇਨ੍ਹਾਂ ਕਦਮਾਂ ਨੇ ਭਾਰਤੀ ਅਰਥ ਵਿਵਸਥਾ ਨੂੰ ਕਿੰਨਾ ਵੱਡਾ ਝਟਕਾ ਲਾਇਆ। ਜਿਸ ਨੂੰ ਮੋਦੀ ਸਰਕਾਰ ਦੀ ਦੂਰਦਰਸ਼ਤਾ ਕਹਿ ਕੇ ਪ੍ਰਚਾਰਿਆ ਜਾ ਰਿਹਾ ਹੈ। ਇਹ ਉਸ ਦੀ ਛੋਟੀ ਤੇ ਕਮੀਨੀ ਸੋਚ ਦੀ ਹੀ ਉਪਜ ਸੀ ਤੇ ਹੈ। ਅੱਜ ਵਿਸ਼ਵ ਦੇ ਅਰਥ ਸ਼ਾਸਤਰੀ ਇਨ੍ਹਾਂ ਕਦਮਾਂ ਨੂੰ ਭਾਰਤੀ ਅਰਥ ਵਿਵਸਥਾ ਦੀ ਤਬਾਹੀ ਦੇ ਕਾਰਨ ਮੰਨਦੇ ਹਨ। ਕੋਰੋਨਾ ਕਾਲ ਵਿੱਚ ਵੀ ਜਬਰੀ ਥੋਪਿਆ ਗਿਆ ਲਾਕਡਾਊਨ ਕੋਰੋਨਾ ਵਾਇਰਸ ਨਾਲੋਂ ਕਿਤੇ ਜ਼ਿਆਦਾ ਭਿਆਨਕ ਸੀ।

'ਇੱਕ ਦੇਸ਼ ਇਕ ਟੈਕਸ' ਦੇ ਨਾਂਅ 'ਤੇ ਲਿਆਂਦਾ ਗਿਆ ਜੀ ਐਸ ਟੀ ਕਿਹਦੇ ਹੱਕ ਵਿੱਚ ਭੁਗਤਿਆ ਤੇ ਭੁਗਤ ਰਿਹਾ ਹੈ, ਹੁਣ ਜੱਗ ਜ਼ਾਹਿਰ ਹੋ ਗਿਆ ਹੈ। ਦੇਸ਼ ਦੀ ਹੇਠਲੀ 50 ਫ਼ੀਸਦੀ ਅਬਾਦੀ ਜੀ ਐਸ ਟੀ ਦਾ ਦੋ ਤਿਹਾਈ ਭਾਵ 70 ਫ਼ੀਸਦੀ ਅਦਾ ਕਰਦੇ ਹਨ, ਜਦੋਂ ਕਿ 10 ਫ਼ੀਸਦੀ ਅਮੀਰ ਲੋਕ 3 ਤੋਂ 4 ਫੀਸਦੀ ਹੀ ਟੈਕਸ ਅਦਾ ਕਰਦੇ ਹਨ ਬਾਕੀ 40 ਫੀਸਦੀ ਵਿਸ਼ੇਸ਼ ਕਰਕੇ ਜਿਸ ਵਿੱਚ ਕਰਮਚਾਰੀ ਵਰਗ ਆਉਂਦਾ ਹੈ ਦੀਆਂ, ਤਨਖ਼ਾਹਾਂ ਤੋਂ ਵਸੂਲਿਆ ਜਾਂਦਾ ਹੈ। ਉਧਰ ਜੀ ਐਸ ਟੀ ਦੀਆਂ ਮੁੱਖ ਤਿੰਨ ਕੈਟੇਗਰੀਆਂ ਤੋਂ ਵੀ ਇਹ ਤਸਵੀਰ ਵੇਖੀ ਜਾ ਸਕਦੀ ਹੈ। ਇਕ ਹੈ ਕੇਂਦਰੀ ਜੀ ਐਸ ਟੀ (ਜਿਹੜਾ ਕੇਂਦਰ ਦਾ ਹਿੱਸਾ ਹੈ। ਦੂਸਰਾ ਹੈ ਸਟੇਟ (ਰਾਜ) ਜੀ ਐਸ ਟੀ, ਰਾਜ ਸਰਕਾਰਾਂ ਦਾ ਤੀਸਰਾ ਹੈ ਇੰਪੋਰਟ ਜੀ ਐਸ ਟੀ 1 ਫ਼ਰਵਰੀ 2024 ਵਿੱਚ ਕੇਂਦਰੀ ਜੀ ਐਸ ਟੀ 31785 ਕਰੋੜ ਵਸੂਲਿਆ, ਸਟੇਟ ਜੀ ਐਸ ਟੀ 39615 ਕਰੋੜ ਵਸੂਲਿਆ ਅਤੇ ਇੰਪੋਰਟ ਜੀ ਐਸ ਟੀ 84098 ਕਰੋੜ ਵਸੂਲਿਆ। ਇਸ 'ਚੋਂ 38593 ਸਿਰਫ਼ ਆਯਾਤ ਖਪਤ ਦੀਆਂ ਵਸਤੂਆਂ ਤੋਂ ਵਸੂਲੇ ਗਏ। ਭਾਵ ਦੇਸ਼ ਦੀ ਸਮਾਲ ਸਕੇਲ ਤੇ ਦਸਤਕਾਰੀ ਤਬਾਹ ਕਰਕੇ ਜਾਂ ਇਹਨੂੰ ਵਿਕਸਤ ਕਰਨ ਦੀ ਥਾਂ ਬਾਹਰੋਂ ਦੇਸ਼ ਦੇ ਅੰਦਰ ਖਪਤ ਹੋਣ ਵਾਲੀਆਂ ਵਸਤੂਆਂ ਦਾ ਅਯਾਤ ਕਰਕੇ ਕੇਂਦਰ ਸਰਕਾਰ ਆਪਣੇ ਟੈਕਸਾਂ ਦੇ ਭੰਡਾਰ ਵਿੱਚ ਵਾਧਾ ਕਰਦੀ ਹੈ। ਦੇਸ਼ ਦੇ ਲੋਕਾਂ ਦੇ ਸਿਰੋਂ ਕਿਵੇਂ ਅਪ੍ਰੱਤਖ ਰੂਪ ਵਿੱਚ ਟੈਕਸ ਵਸੂਲਿਆ ਜਾ ਰਿਹਾ ਹੈ ਤੇ ਕਾਰਪੋਰੇਟ ਘਰਾਣੇ ਮਹਿਜ਼ 3.4 ਫ਼ੀਸਦੀ ਹੀ ਟੈਕਸ ਅਦਾ ਕਰ ਰਹੇ ਹਨ। ਉਨ੍ਹਾਂ ਲਈ ਵੱਡੀ ਮਸ਼ੀਨਰੀ ਬਾਹਰੋਂ ਮੰਗਵਾਉਣ 'ਤੇ ਵੀ ਛੋਟਾਂ ਹਨ। ਇਹ ਹੀਜ਼ ਪਿਆਜ਼ ਹੈ ਜੀ ਐਸ ਟੀ ਦਾ। ਇਹ ਦੇਸ਼ ਦਾ ਵਿਕਾਸ ਮਾਡਲ ਹੈ ਜਾਂ ਵਿਨਾਸ਼। ਮੋਦੀ ਦੇ ਆਰਥਿਕ ਵਿਕਾਸ ਦੇ ਦਾਅਵਿਆਂ ਦੀ ਪੋਲ ਖੁਦ ਉਹਦਾ ਸਾਬਕਾ ਆਰਥਿਕ ਸਲਾਹਕਾਰ ਖੋਲ੍ਹ ਦਿੰਦਾ ਹੈ, ਜਦੋਂ ਉਹ ਕੁਝ ਸਵਾਲ ਖੜੇ ਕਰਦਾ ਹੈ। ਅਰਵਿੰਦ ਸੁਬਰਾਮਨੀਅਮ ਨੇ ਜੀ ਡੀ ਪੀ ਉਤੇ ਸਵਾਲ ਖੜੇ ਕਰਦਿਆਂ ਕਿਹਾ ਕਿ ਇਸ ਵਧੇ ਹੋਏ ਆਰਥਿਕ ਵਿਕਾਸ ਦੇ ਅੰਕੜੇ ਦਾ ਬਿਜਲੀ ਉਤਪਾਦਨ ਤੇ ਖਪਤ ਨਾਲ ਕੋਈ ਤਾਲਮੇਲ ਨਹੀਂ ਬਹਿੰਦਾ। ਉਹਨੇ 17 ਅਜਿਹੇ ਨੁਕਤੇ ਦੱਸੇ, ਜਿਹੜੇ ਜੀ ਡੀ ਪੀ ਵਿੱਚ ਵਾਧੇ ਦੀ ਦਰ ਨਾਲ ਮੇਲ ਨਹੀਂ ਖਾਂਦੇ। ਮੋਦੀ ਸਰਕਾਰ ਤੇ ਉਹਦੇ ਆਰਥਿਕ ਮਾਹਰਾਂ ਨੇ ਇਨ੍ਹਾਂ ਸੁਆਲਾਂ ਦਾ ਕੋਈ ਜੁਆਬ ਨਹੀਂ ਦਿੱਤਾ। ਜਦੋਂ ਜੁਆਬ ਨਾ ਹੋਵੇ ਤਾਂ ਚੁੱਪ ਭਲੀ ਹੁੰਦੀ ਹੈ ਇਹ ਸੰਘ ਤੇ ਭਾਜਪਾ ਸਭ ਜਾਣਦੀ ਹੈ।

ਲੋਕਾਂ ਦੀਆਂ ਜੇਬਾਂ ਕੁਤਰਨ ਵਿੱਚ ਮੋਦੀ ਸਰਕਾਰ ਕਿਵੇਂ ਮਾਹਰ ਹੈ, ਇਹਦੇ ਕੁਝ ਤੱਥ ਸਾਂਝੇ ਕਰਨੇ ਜ਼ਰੂਰੀ ਹਨ। ਇਹ ਜੇਬ ਕੁਤਰਨ ਦੇ ਨਿਯਮ 2014 ਤੋਂ ਪਹਿਲਾਂ ਨਹੀਂ ਸਨ। ਮਨੀ ਕੰਟਰੋਲ ਨੇ ਇਕ ਜਨਵਰੀ 2018 ਦੀ ਰਿਪੋਰਟ ਵਿੱਚ ਕਿਹਾ, ਸਟੇਟ ਬੈਂਕ ਨੇ ਅਪ੍ਰੈਲ, ਨਵੰਬਰ 2018 ਵਿੱਚ ਘੱਟੋ-ਘੱਟ ਬੈਂਕ ਬੈਲੰਸ ਰੱਖਣ ਉਤੇ ਲਾਏ ਜੁਰਮਾਨੇ ਰਾਹੀਂ ਬੈਂਕ ਖਾਤਾਧਾਰਕਾਂ ਪਾਸੋਂ 1772 ਕਰੋੜ ਰੁਪਏ ਵਸੂਲੇ। ਇਹ 2018 ਸਾਲ ਦੇ ਸਿਰਫ਼ 8 ਮਹੀਨਿਆਂ 'ਚ ਕੀਤੀ ਜੇਬ ਕਤਰੀ ਹੀ ਹੈ। ਅੱਗੇ ਅੰਦਾਜ਼ਾ ਤੁਸੀਂ ਲਾ ਲਵੋ।

20 ਮਾਰਚ, 2024 ਦੇ 'ਹਿੰਦੂ' ਅਖ਼ਬਾਰ ਨੇ ਇਹ ਤੱਥ ਉਜਾਗਰ ਕੀਤਾ ਕਿ ਰੇਲਵੇ ਨੇ ਪਿਛਲੇ ਤਿੰਨ ਸਾਲਾਂ ਵਿੱਚ ਵੇਟਿੰਗ ਲਿਸਟ ਟਿਕਟਾਂ ਕੈਂਸਲ ਕਰਕੇ 1230 ਕਰੋੜ ਵਸੂਲੇ। ਇਸੇ ਅਖ਼ਬਾਰ ਨੇ 16 ਦਸੰਬਰ 2022 ਦੇ ਅੰਕ 'ਚ ਨੋਟ ਕੀਤਾ ਸੀ ਕਿ ਰੇਲਵੇ ਨੇ ਸੀਨੀਅਰ ਸਿਟੀਜ਼ਨ ਨੂੰ ਟਿਕਟਾਂ ਉਤੇ ਦਿੱਤੀ ਜਾਂਦੀ ਛੋਟ ਖ਼ਤਮ ਕਰਕੇ 2500 ਕਰੋੜ ਬਚਾਏ। ਇਹ ਰਿਪੋਰਟ ਦਸੰਬਰ 22 ਦੀ ਹੈ, ਅੱਜ 2024 ਦਾ ਅਪ੍ਰੈਲ ਹੈ, ਹਿਸਾਬ ਪਾਠਕ ਲਾ ਲੈਣ। ਦਾ ਇਕਨਾਮਿਕ ਟਾਈਮਜ਼ ਨੇ 5 ਫ਼ਰਵਰੀ 24 ਦੇ ਅੰਕ ਵਿੱਚ ਦੱਸਿਆ ਕਿ ਸਰਕਾਰ ਨੇ ਪੈਨ ਕਾਰਡ ਤੇ ਆਧਾਰ ਕਾਰਡ ਨੂੰ ਲਿੰਕ ਕਰਨ ਵਿੱਚ ਦੇਰੀ ਕਰਨ ਕਰਕੇ ਲਾਏ ਜੁਰਮਾਨੇ ਰਾਹੀਂ 600 ਕਰੋੜ ਵਸੂਲੇ ਅਤੇ 11.48 ਕਰੋੜ ਪੈਨ ਕਾਰਡ ਅਜੇ ਵੀ ਲਿੰਕਡ ਨਹੀਂ।

ਇਹਦੇ ਅਥਾਹ ਹਵਾਲੇ ਹਨ। ਇਹ ਭਾਰਤੀ ਲੋਕਾਂ ਦੀਆਂ ਜੇਬਾਂ ਉਤੇ ਅਛੋਪਲੇ ਚੱਲੀ ਕੈਂਚੀ ਹੈ। ਜੋ ਸਿਰਫ਼ ਮੋਦੀ ਹੈ ਤਾਂ ਮੁਮਕਿਨ ਹੈ। ਬੇਸ਼ੱਕ ਮੋਦੀ ਸਰਕਾਰ ਨੇ ਬਹੁਤ ਸਾਰੇ ਅੰਕੜੇ ਇਕੱਠੇ ਕਰਨੇ ਹੀ ਬੰਦ ਕਰ ਦਿੱਤੇ ਹਨ ਅਤੇ ਕਈ ਹੋਰ ਸੰਸਥਾਵਾਂ ਨੂੰ ਵੀ ਰੋਕ ਦਿੱਤਾ ਹੈ, ਤਾਂ ਕਿ ਸੱਚਾਈ ਬਾਹਰ ਨਾ ਆਵੇ, ਪਰ ਫੇਰ ਵੀ ਬਹੁਤ ਸਾਰੀਆਂ ਸਰਕਾਰੀ ਰਿਪੋਰਟਾਂ ਨੇ ਗਰੀਬੀ ਵਧਣ ਤੇ ਰੋਜ਼ਗਾਰ ਘਟਣ ਦੇ ਤੌਖਲੇ ਜ਼ਾਹਿਰ ਕੀਤੇ ਹਨ। ਖੁਦ ਭਾਰਤ ਸਰਕਾਰ ਵੱਲੋਂ ਜਾਰੀ ਭਾਰਤ ਵਿੱਚ ਗੈਰ ਬਰਾਬਰੀ ਦੀ ਸਥਿਤੀ ਨਾਂਅ ਦੀ ਰਿਪੋਰਟ ਕਹਿੰਦੀ ਹੈ ਕਿ ਦੇਸ਼ ਵਿੱਚ ਸਿਰਫ਼ 10 ਫ਼ੀਸਦੀ ਲੋਕ ਹੀ ਅਜਿਹੇ ਹਨ, ਜਿਨ੍ਹਾਂ ਦੀ ਮਾਸਿਕ ਆਮਦਨ 25000 ਰੁਪਏ ਤੋਂ ਵੱਧ ਹੈ। ਜਿਸ ਤੋਂ ਅੰਦਾਜ਼ਾ ਲੱਗ ਸਕਦਾ ਹੈ ਕਿ 90 ਫ਼ੀਸਦੀ ਲੋਕ ਉਹ ਹਨ, ਜਿਨ੍ਹਾਂ ਦੀ ਮਾਸਿਕ ਆਮਦਨ 25000 ਤੋਂ ਘੱਟ ਹੈ।

ਮੋਦੀ ਰਾਜ ਕਾਲ ਦੇ ਦਸ ਸਾਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵਿਕਾਸ ਤਾਂ ਕੀ ਹੋਣਾ ਸੀ, ਸਗੋਂ ਕਾਰਪੋਰੇਟਾਂ ਦੇ ਹਵਾਲੇ ਹੀ ਕੀਤਾ ਗਿਆ ਹੈ। ਵੱਡੀ ਗਿਣਤੀ 'ਚ ਪਬਲਿਕ ਖੇਤਰ ਦੇ ਅਦਾਰਿਆਂ ਨੂੰ ਨਿੱਜੀ ਪੂੰਜੀ ਦੇ ਹੱਥਾਂ 'ਚ ਹੀ ਨਹੀਂ ਸੌਂਪਿਆ ਗਿਆ ਤੇ ਜਾ ਰਿਹਾ ਹੈ, ਸਗੋਂ ਦੇਸ਼ ਭਰ ਵਿੱਚ ਉਹ ਖੇਤਰ ਜਿੱਥੇ ਧਰਤੀ ਦੇ ਹੇਠਾਂ ਬਹੁਮੁੱਲੇ ਖਣਿਜ ਪਦਾਰਥ ਹਨ, ਦੇ ਹਜ਼ਾਰਾਂ ਵਰਗ ਮੀਲਾਂ ਦੀਮਾ ਲਕੀ ਵੱਖ-ਵੱਖ ਕਾਰਪੋਰੇਟੀ ਘਰਾਣਿਆਂ ਨੂੰ ਦੇ ਦਿੱਤੀ ਗਈ ਹੈ ਅਤੇ ਉਨ੍ਹਾਂ ਖੇਤਰਾਂ ਵਿੱਚ ਸਦੀਆਂ ਤੋਂ ਵਸਦੇ ਆਦਿਵਾਸੀਆਂ ਨੂੰ ਉਜਾੜਨ ਲਈ ਨੀਮ ਫੌਜ ਦਸਤਿਆਂ ਵੱਲੋਂ ਹਰ ਮਹੀਨੇ ਸੈਂਕੜੇ ਆਦਿਵਾਸੀਆਂ ਨੂੰ ਮਾਰਨ, ਪਿੰਡ ਸਾੜਨ ਤੇ ਤਬਾਹ ਕਰਨ ਦੀਆਂ ਖ਼ਬਰਾਂ ਆ ਰਹੀਆਂ ਹਨ, ਜਿਸ ਕੁਕਰਮ ਨੂੰ ਦੇਸ਼ ਵਿੱਚ ਮਾਓਵਾਦ ਦਾ ਹਊਆ ਖੜਾ ਕਰਕੇ ਛੁਪਾਇਆ ਜਾ ਰਿਹਾ ਹੈ। ਦਰਅਸਲ ਮੋਦੀ ਨੇ ਦੇਸ਼ ਦੇ ਕੁਦਰਤੀ ਵਸੀਲਿਆਂ ਨੂੰ ਛਕਣ ਲਈ ਕਾਰਪੋਰੇਟਾਂ ਨੂੰ ਖੁੱਲ੍ਹੇ ਗੱਫੇ ਦਿੱਤੇ ਹਨ।

ਸੰਯੁਕਤ ਰਾਸ਼ਟਰ ਸੰਘ ਦੇ ਵਿਕਾਸ ਪ੍ਰੋਗਰਾਮ ਵਿੱਚ ਮਨੁੱਖੀ ਵਿਕਾਸ ਰਿਪੋਰਟ ਕਹਿੰਦੀ ਹੈ, ਭਾਰਤ ਕੁੱਲ 188 ਦੇਸ਼ਾਂ ਦੀ ਸੂਚੀ ਵਿੱਚ ਹੇਠਾਂ 131ਵੇਂ ਸਥਾਨ 'ਤੇ ਆ ਗਿਆ ਹੈ। ਦੱਖਣੀ ਏਸ਼ੀਆਈ ਦੇਸ਼ਾਂ ਵਿੱਚ ਤੀਸਰੇ ਸਥਾਨ 'ਤੇ ਹੈ। ਜਿਸ ਦੇਸ਼ ਦੇ 46 ਫ਼ੀਸਦੀ ਬੱਚੇ ਕੁਪੋਸ਼ਨ ਦਾ ਸ਼ਿਕਾਰ ਹੋਣ, 75 ਫ਼ੀਸਦੀ ਬੱਚੇ ਖ਼ੂਨ ਦੀ ਕਮੀ ਦਾ ਸ਼ਿਕਾਰ ਹੋਣ, 28 ਲੱਖ ਲੋਕ ਹਰ ਸਾਲ ਟੀ ਬੀ ਦੀ ਲਪੇਟ 'ਚ ਆਉਣ, ਉਹ ਕਿਹੜੇ ਮੂੰਹ ਨਾਲ ਵਿਕਾਸ ਦੇ ਅਤੇ ਦੁਨੀਆ ਦੀ ਤੀਸਰੀ ਅਰਥ ਵਿਵਸਥਾ ਬਣਨ ਦੇ ਦਾਅਵੇਂ ਠੋਕ ਰਿਹਾ ਹੈ। ਹਰ ਭਾਰਤੀ ਦੀ ਔਸਤ ਉਮਰ ਚੀਨ ਤੇ ਸ੍ਰੀਲੰਕਾ ਨਾਲੋਂ 7 ਸਾਲ ਘੱਟ ਹੈ, ਭੂਟਾਨ ਨਾਲੋਂ ਵੀ ਦੋ ਸਾਲ ਘੱਟ ਹੈ। ਪੰਜ ਸਾਲ ਦੀ ਉਮਰ ਦੇ ਬੱਚਿਆਂ ਦੀ ਮੌਤ ਦਰ ਚੀਨ ਦੇ ਮੁਕਾਬਲੇ ਤਿੰਨ ਗੁਣਾਂ ਹੈ, ਸ੍ਰੀਲੰਕਾ ਦੇ ਮੁਕਾਬਲੇ ਛੇ ਗੁਣਾਂ, ਇਥੋਂ ਤੱਕ ਕਿ ਬੰਗਲਾਦੇਸ਼ ਤੇ ਨੇਪਾਲ ਤੋਂ ਵਧੇਰੇ ਹੈ।

ਮੋਦੀ ਦੀ ਕੀ ਗਾਰੰਟੀ ਹੈ ? ਕੀ ਉਹ ਵੱਡੀ ਆਬਾਦੀ ਜਿਹੜੀ ਰੁਜ਼ਗਾਰ ਵਿਹੂਣੀ ਹਾਸ਼ੀਏ ਉਤੇ ਧੱਕ ਦਿੱਤੀ ਹੈ, ਨੂੰ ਨਵੀਂ ਪੂੰਜੀਵਾਦੀ ਗੁਲਾਮ ਵਿਵਸਥਾ ਦੀ ਫਾਹੀ ਪਾਉਣਾ। ਮੋਦੀ ਦੇ ਰਾਜ ਕਾਲ ਵਿੱਚ ਦੇਸ਼ ਵਿਕਾਸ ਨਹੀਂ, ਵਿਨਾਸ਼ ਵੱਲ ਵਧਿਆ ਹੈ ਤੇ ਜੇ ਅਗਲੇਰੇ ਪੰਜ ਸਾਲ ਹੋਰ ਜਾਰੀ ਰਿਹਾ ਤਾਂ ਗੁਲਾਮਦਾਰੀ ਵਿਵਸਥਾ ਦੀ 100 ਫ਼ੀਸਦੀ ਗਰੰਟੀ ਹੈ, ਇਹੋ ਮੋਦੀ ਦੀ ਗਾਰੰਟੀ ਹੈ।

# ਸੰਪਰਕ : 93544-30211

# ਹਿੰਮਤ ਨਾਲ ਕੁਝ ਵੀ ਕੀਤਾ ਜਾ ਸਕਦਾ

ਪ੍ਰਿੰਸੀਪਲ ਰੰਧਾਵਾ ਸਿੰਘ

ਪਿੰਡ ਕੋਠਾ ਗੁਰੂ, ਬਠਿੰਡਾ ਮੰਡੀ ਦਾ ਫੜ੍ਹ ਛੋਟਾ (ਮੰਡੀ ਛੋਟੀ) ਹੋਣ ਕਾਰਨ ਪਿੰਡ ਦੇ ਅਤੇ ਆਲੇ-ਦੁਆਲੇ ਪਿੰਡਾਂ ਦੇ ਕਿਸਾਨ ਕਣਕ ਜਾਂ ਝੋਨਾ ਅਕਸਰ ਸਕੂਲ ਦੇ ਅੰਦਰ ਵੀ ਢੇਰੀ ਲਗਾ ਦਿੰਦੇ ਸਨ।ਗਰਾਊਂਡ ਦੇ ਨਾਲ ਜਮਾਤਾਂ ਤੱਕ ਅਨਾਜ ਦੀਆਂ ਢੇਰੀਆਂ ਪਹੁੰਚ ਜਾਂਦੀਆਂ, ਇੰਝ ਲੱਗਦਾ ਸਕੂਲ ਨਾ ਹੋ ਕੇ ਕੋਈ ਅਨਾਜ ਮੰਡੀ ਹੋਵੇ।ਸਕੂਲ ਸੀਨੀਅਰ ਸੈਕੰਡਰੀ ਹੋਣ ਕਰਕੇ ਸਾਰੇ ਵੱਡੇ ਮੁੰਡੇ ਤੇ ਕੁੜੀਆਂ ਇਸੇ ਸਕੂਲ 'ਚ ਹੀ ਪੜ੍ਹਦੇ ਸਨ।ਇਸ ਸਮੇਂ ਸਕੂਲ ਦੇ ਇੰਚਾਰਜ ਅਮਰਜੀਤ ਸਿੰਘ ਸਨ, ਜੋ ਕਿ ਬਠਿੰਡਾ ਤੋਂ ਆਉਂਦੇ ਸਨ।ਜ਼ਿਆਦਾਤਰ ਅਧਿਆਪਕ ਭਗਤਾ ਭਾਈਕਾ ਜਾਂ ਨੇੜੇ ਦੇ ਪਿੰਡਾਂ ਤੋਂ ਹੀ ਆਉਂਦੇ ਸਨ, ਜਦੋਂਕਿ ਕੁਝ ਕੁ ਨਥਾਣੇ ਜਾ ਕੁਝ ਬਠਿੰਡਾ ਸ਼ਹਿਰ ਤੋਂ ਆਉਂਦੇ ਸਨ।ਕਿੰਨੇ ਸਾਲਾਂ ਤੋਂ ਹੀ ਇਸ ਸਕੂਲ ਦੇ ਵਿੱਚ ਦਾਣਾ ਮੰਡੀ ਵੀ ਲਗਦੀ ਆ ਰਹੀ ਸੀ।ਸਾਰੇ ਅਧਿਆਪਕ ਅਤੇ ਵਿਦਿਆਰਥੀ ਇਹੋ ਸੋਚਦੇ ਸਨ ਕਿ ਲੱਗੇ ਹੋਏ ਸਕੂਲ ਵਿੱਚ ਫਸਲ ਦੀ ਬੋਲੀ ਨਹੀਂ ਲੱਗਣੀ ਚਾਹੀਦੀ।ਜੀਰੀ ਜਾਂ ਕਣਕ ਨੂੰ ਸਾਫ ਕਰਨ ਲਈ ਸਾਰਾ ਦਿਨ ਪੱਖੇ ਚਲਦੇ ਰਹਿੰਦੇ ਤੇ ਧੂੜ ਮਿੱਟੀ ਉੱਡ-ਉੱਡ ਬੱਚਿਆਂ ਤੇ ਅਧਿਆਪਕਾਂ ਦਾ ਬੁਰਾ ਹਾਲ ਕਰੀ ਰੱਖਦੀ, ਖਾਂਸੀ, ਜੁਕਾਮ ਦੀ ਸਮੱਸਿਆ ਵੱਖਰੀ ਸੀ।ਫਸਲ ਦੀ ਰਾਖੀ 'ਤੇ ਬੈਠੇ ਹੋਏ ਕਿਸਾਨਾਂ ਦਾ ਪਹਿਰਾਵਾ ਵੀ ਸਕੂਲ ਦੇ ਮਾਹੌਲ ਅਨੁਸਾਰ ਬਹੁਤ ਓਪਰਾ ਜਿਹਾ ਹੀ ਹੁੰਦਾ ਸੀ।ਉਹ ਮੰਜੀਆਂ ਡਾਹ ਕੇ ਬਿਨਾਂ ਆਸੇ-ਪਾਸੇ ਦਾ ਧਿਆਨ ਕਰੇ ਸੁੱਤੇ ਰਹਿੰਦੇ ਸੀ ਤਾਂ ਅਜੀਬ ਜਿਹਾ ਮਾਹੌਲ਼ ਪੈਦਾ ਹੋ ਜਾਂਦਾ ਸੀ।ਜਦੋਂ ਕੋਈ ਟਰੱਕ ਅਨਾਜ ਲੋਡਿੰਗ ਕਰਕੇ ਸਕੂਲ 'ਚੋਂ ਬਾਹਰ ਨਿਕਲਦਾ ਸੀ, ਉਹ ਕਦੀ ਸਕੂਲ ਗੇਟ ਦੇ ਥੰਮ੍ਹਾਂ ਨੂੰ ਤੋੜ ਦਿੰਦਾ ਤੇ ਕਦੀ ਗਰਾਊਂਡ ਦੀ ਮਿੱਟੀ ਪੁੱਟ ਦਿੰਦਾ। ਪ੍ਰਿੰਸੀਪਲ ਸਮੇਤ ਸਾਰੇ ਅਧਿਆਪਕ ਇਸ ਗੱਲੋਂ ਤੰਗ ਸਨ ਕਿ ਸਕੂਲ ਨੂੰ ਦਾਣਾ ਮੰਡੀ ਕਿਉਂ ਬਣਾਇਆ ਹੋਇਆ ਹੈ, ਪਰੰਤੂ ਕਿਸਾਨਾਂ ਦੀ ਬੇਵੱਸੀ ਅੱਗੇ ਉਹ ਵੀ ਹਾਰ ਜਾਂਦੇ ਸਨ ਕਿ ਏਨੀ ਮਿਹਨਤ ਨਾਲ ਤਿਆਰ ਕਰੀ ਫਸਲ ਨੂੰ ਵਿਚਾਰੇ ਕਿਸਾਨ ਕਿੱਧਰ ਲੈ ਕੇ ਜਾਣ, ਜਿਸ ਕਰਕੇ ਪਿੰਡ ਦੇ ਕਿਸਾਨਾਂ ਨਾਲ ਸਾਰੇ ਸਟਾਫ ਦੀ ਹਮਦਰਦੀ ਵੀ ਹੁੰਦੀ ਸੀ।ਸਾਰੇ ਅਧਿਆਪਕਾਂ ਨੇ ਇਸ ਔਖੇ ਕੰਮ ਨੂੰ ਸਫ਼ਲ ਕਰਨ ਵਿੱਚ ਆਪਣਾ ਪੂਰਾ ਯੋਗਦਾਨ ਦਿੱਤਾ, ਪਰ ਸਕੂਲ ਪ੍ਰਿੰਸੀਪਲ ਅਮਰਜੀਤ ਸਿੰਘ, ਮਾਸਟਰ ਮਨੋਹਰ ਲਾਲ ਦੀ ਅਣਥੱਕ ਮਿਹਨਤ ਨੂੰ ਸਲਾਮ, ਜਿਨ੍ਹਾਂ ਪੂਰੀ ਹਿੰਮਤ ਵਿਖਾਉਂਦਿਆਂ ਪਿੰਡ ਦੀ ਪੰਚਾਇਤ, ਪੇਂਡੂ ਸਕੂਲ ਵਿਕਾਸ ਕਮੇਟੀ ਤੇ ਮੋਹਤਬਰ ਸੱਜਣਾਂ ਨੂੰ ਨਾਲ ਲੈ ਕੇ ਬਹੁਤ ਮੀਟਿੰਗਾ ਕੀਤੀਆਂ, ਅਖੀਰ ਇਹ ਫੈਸਲਾ ਕੀਤਾ ਗਿਆ ਕਿ ਇਸ ਸੰਬੰਧੀ ਪਿੰਡ ਦੇ ਸਾਰੇ ਕਿਸਾਨਾਂ ਅਤੇ ਸਾਰੇ ਆੜ੍ਹਤੀਆਂ ਨਾਲ ਬੈਠ ਕੇ ਗੱਲਬਾਤ ਕੀਤੀ ਜਾਵੇ।ਅਖੀਰ ਹੰਗਾਮੀ ਮੀਟਿੰਗ ਬੁਲਾਈ ਗਈ ਤਾਂ ਸਕੂਲ ਵਿੱਚ ਅਨਾਜ ਮੰਡੀ 'ਤੇ ਕਾਫ਼ੀ ਵਿਚਾਰ-ਵਟਾਂਦਰਾ ਹੋਇਆ।ਅੰਤ ਸਰਬਸੰਮਤੀ ਨਾਲ ਸਕੂਲ ਅਤੇ ਵਿਦਿਆਰਥੀ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ ਇਹ ਫੈਸਲਾ ਲਿਆ ਕਿ ਅਗਲੇ ਸਾਲ ਤੋਂ ਕਿਸੇ ਵੀ ਹਾਲਤ ਵਿੱਚ ਅਨਾਜ ਮੰਡੀ ਸਕੂਲ ਵਿੱਚ ਨਹੀਂ ਲੱਗੇਗੀ।ਇਸ ਦਾ ਕੋਈ ਹੋਰ ਬਦਲਵਾਂ ਪ੍ਰਬੰਧ ਕੀਤਾ ਜਾਵੇਗਾ।ਇਸ ਗੱਲ 'ਤੇ ਪ੍ਰਿੰਸੀਪਲ, ਸਾਰੇ ਅਧਿਆਪਕਾਂ ਤੇ ਸਾਰੇ ਬੱਚਿਆਂ ਨੇ ਸੁੱਖ ਦਾ ਸਾਹ ਲਿਆ।ਅਗਲੀ ਵਾਢੀ ਦੀ ਫਸਲ ਵੇਲੇ ਸਾਰੇ ਅਧਿਆਪਕ ਇਸ ਗੱਲ ਵੱਲ ਧਿਆਨ ਦਿੰਦੇ ਰਹੇ ਕਿ ਕੋਈ ਦਾਣਿਆਂ ਵਾਲੀ ਟਰਾਲੀ ਸਕੂਲ ਦੇ ਅੰਦਰ ਨਾ ਆ ਜਾਵੇ।ਅੱਜ ਵੀ ਜਦੋਂ ਮੈਂ ਕਿਸੇ ਦਾਣਾ ਮੰਡੀ ਕੋਲ ਲੰਘਦਾ ਹਾਂ ਤਾਂ ਮੈਨੂੰ ਕੋਠਾ ਗੁਰੂ ਦੇ ਸਕੂਲ ਵਾਲੀ ਦਾਣਾ ਮੰਡੀ ਦੀ ਯਾਦ ਆ ਜਾਂਦੀ ਹੈ। ਹਿੰਮਤ ਅਤੇ ਦਲੇਰੀ ਨਾਲ ਸਾਰੇ ਸਕੂਲ ਸਟਾਫ ਮੈਂਬਰਾਂ ਨੇ ਸਕੂਲ ਵਿੱਚੋਂ ਦਾਣਾ ਮੰਡੀ ਬੰਦ ਕਰਵਾਈ ਸੀ।

ਸੰਪਰਕ : 94171-31332

# ਕਰਮਜੀਤ ਦੇ ਹੱਕ 'ਚ ਨੁੱਕੜ ਮੀਟਿੰਗਾਂ ਨੇ ਰੈਲੀ ਦਾ ਰੂਪ ਧਾਰਿਆ



ਵਾਰਡ ਨੰ.15 ਵਿਖੇ ਚੋਣ ਜਲਸੇ ਨੂੰ ਸੰਬੋਧਨ ਕਰਦੇ ਕਰਮਜੀਤ ਅਨਮੋਲ, ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ।

**ਮੋਗਾ (ਇਕਬਾਲ ਸਿੰਘ ਖਹਿਰਾ)**

ਲੋਕ ਸਭਾ ਹਲਕਾ ਫਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਦੇ ਚੋਣ ਪ੍ਰਚਾਰ ਨੂੰ ਸਿਖਰਾਂ 'ਤੇ ਪਹੁੰਚਾਉਣ ਲਈ ਹਲਕਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਮੋਗਾ ਦੇ ਵਾਰਡ ਨੰ: 15 ਵਿੱਚ ਨੁੱਕੜ ਮੀਟਿੰਗਾਂ ਕੀਤੀਆਂ ਗਈਆਂ। ਚੌਕ ਮਜੀਠੀਆ ਤੇ ਵਾਰਡ ਨੰਬਰ-15 ਵਿੱਚ ਇਨ੍ਹਾਂ ਨੁੱਕੜ ਮੀਟਿੰਗਾਂ ਵਿੱਚ ਸ਼ਾਮਲ ਹੋਏ ਸੈਂਕੜੇ ਲੋਕਾਂ ਦੇ ਵਿਸ਼ਾਲ ਇਕੱਠ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਇਨ੍ਹਾਂ ਚੋਣ ਜਲਸਿਆਂ ਦੌਰਾਨ ਪਹੁੰਚੇ 'ਆਪ' ਉਮੀਦਵਾਰ ਕਰਮਜੀਤ ਅਨਮੋਲ ਦਾ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ 'ਚ ਫੁੱਲਾਂ ਦੀ ਵਰਖਾ ਕਰਕੇ ਤੇ ਗਲੇ 'ਚ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਇਕੱਠਾਂ ਨੂੰ ਸੰਬੋਧਨ ਕਰਦਿਆਂ 'ਆਪ' ਉਮੀਦਵਾਰ ਕਰਮਜੀਤ ਅਨਮੋਲ ਨੇ ਕਿਹਾ ਕਿ ਉਹ ਲੋਕ ਸਭਾ ਹਲਕਾ ਫਰੀਦਕੋਟ ਤੇ ਮੋਗਾ ਦੇ ਵਾਸੀਆਂ ਵੱਲੋਂ ਮਿਲ ਰਹੇ ਭਰਪੂਰ ਸਮਰਥਨ ਤੋਂ ਬਹੁਤ ਖੁਸ਼ ਹਨ। ਉਨ੍ਹਾ ਕਿਹਾ ਕਿ ਤੁਸੀਂ ਮੇਰਾ ਸਾਥ ਦਿਓ ਤੇ ਮੈਨੂੰ ਪਾਰਲੀਮੈਂਟ ਵਿੱਚ ਭੇਜੋ, ਤਾਂ ਜੋ ਮੈਂ ਪਾਰਲੀਮੈਂਟ ਮੈਂਬਰ ਬਣ ਕੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਬੁਲੰਦ ਕਰ ਸਕਾਂ। ਮੰਗਾਂ ਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰ ਸਕਾਂ। ਉਨ੍ਹਾ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੀਤੇ ਇਨ੍ਹਾਂ ਚੋਣ ਜਸਲਿਆਂ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਆਪ' ਉਮੀਦਵਾਰ ਕਰਮਜੀਤ ਅਨਮੋਲ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਲੋਕ ਸਭਾ 'ਚ ਭੇਜਿਆ ਜਾਵੇਗਾ। ਉਨ੍ਹਾ ਕਿਹਾ ਕਿ ਅੱਜ ਹਰ ਵਰਗ ਖੁਸ਼ੀ-ਖੁਸ਼ੀ ਆਮ ਆਦਮੀ ਪਾਰਟੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਨਾਲ ਜੁੜ ਰਿਹਾ ਹੈ। ਇਸ ਦੌਰਾਨ ਵਾਰਡ ਵਾਸੀਆਂ ਵੱਲੋਂ 'ਆਪ' ਉਮੀਦਵਾਰ ਕਰਮਜੀਤ ਅਨਮੋਲ ਨੂੰ ਲੱਡੂਆਂ ਨਾਲ ਤੋਲਿਆ ਗਿਆ। ਇਸ ਉਪਰੰਤ 'ਆਪ' ਉਮੀਦਵਾਰ ਕਰਮਜੀਤ ਅਨਮੋਲ ਤੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਵਾਰਡ ਵਾਸੀਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ

ਇਸ ਮੌਕੇ ਸਿਟੀ ਪ੍ਰਧਾਨ ਪ੍ਰੇਮ ਚੰਦ ਚੱਕੀਵਾਲਾ, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਮੇਅਰ ਬਲਜੀਤ ਸਿੰਘ ਚਾਨੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸ਼ਰਮਾ ਪੀਨਾ, ਕੌਂਸਲਰ ਪ੍ਰਵੀਨ ਮੱਕੜ, ਰਾਕੇਸ਼ ਮਿੱਡਾ, ਸਨਮਾਨ ਤਾਇਲ, ਕੁਲਵਿੰਦਰ ਸਿੰਘ ਤਾਰੇਵਾਲਾ, ਗੌਰਵ ਗਰਗ, ਆਤਮਾ ਸਿੰਘ ਨੇਤਾ, ਕੌਂਸਲਰ ਵਿਕਰਮਜੀਤ ਸਿੰਘ ਘਾਤੀ, ਦੀਪ ਦਾਰਾਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਲੰਟੀਅਰ ਤੇ ਵਾਰਡ ਨੰ: 15 ਅਤੇ ਚੌਕ ਮਜੀਠੀਆ ਦੇ ਦੁਕਾਨਦਾਰ ਹਾਜ਼ਰ ਸਨ।

## ਸਹੁਰਿਆਂ ਤੋਂ ਤੰਗ ਨੇ ਨਹਿਰ 'ਚ ਛਾਲ ਮਾਰ ਕੇ ਕੀਤੀ ਖੁਦਕੁਸ਼ੀ, 10 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਲਵੰਡੀ ਭਾਈ ਵਿਖੇ ਇੱਕ ਵਿਅਕਤੀ ਵੱਲੋਂ ਸਹੁਰਿਆਂ ਤੋਂ ਤੰਗ ਪ੍ਰੇਸ਼ਾਨ ਹੋ ਕੇ ਨਹਿਰ ਵਿੱਚ ਛਾਲ ਮਾਰ ਕੇ ਖੁਦਕੁਸ਼ੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਘੱਲ ਖੁਰਦ ਪੁਲਸ ਨੇ 10 ਲੋਕਾਂ ਖਿਲਾਫ 306 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਿਰਮਲਾ ਦੇਵੀ ਪਤਨੀ ਬਲਵੀਰ ਸਿੰਘ ਵਾਸੀ ਗੁਰੂ ਨਾਨਕ ਨਗਰ ਤਲਵੰਡੀ ਭਾਈ ਨੇ ਦੱਸਿਆ ਕਿ ਉਸ ਦੇ ਲੜਕੇ ਲਵਪ੍ਰੀਤ ਸਿੰਘ ਦੀ ਪਹਿਲੀ ਪਤਨੀ ਨਾਲ ਤਲਾਕ ਹੋ ਗਿਆ ਹੈ ਤੇ ਦੂਜਾ ਵਿਆਹ 6 ਮਹੀਨੇ ਬਾਅਦ ਕੁਲਜੀਤ ਕੌਰ ਪੁੱਤਰੀ ਰਾਮ ਚੰਦਰ ਵਾਸੀ ਤੂੰਬੜਭੰਨ ਨਾਲ ਹੋਇਆ ਸੀ। ਲਵਪ੍ਰੀਤ ਸਿੰਘ, ਜੋ ਬੇਕਰੀ ਦੀ ਦੁਕਾਨ 'ਤੇ ਕੰਮ ਕਰਦਾ ਸੀ ਤੇ ਜਿਸ ਦਾ ਸਹੁਰਾ ਪਰਿਵਾਰ ਦਿਮਾਗੀ ਤੌਰ 'ਤੇ ਉਸ ਨੂੰ ਤੰਗ ਕਰਦੀ ਸੀ, ਜੋ ਕਿ ਅਕਸਰ ਪ੍ਰੇਸ਼ਾਨ ਰਹਿੰਦਾ ਸੀ। ਨਿਰਮਲਾ ਦੇਵੀ ਨੇ ਦੱਸਿਆ ਕਿ ਬੀਤੀ 25 ਅਪ੍ਰੈਲ 2024 ਨੂੰ ਆਪਣੇ ਮੋਟਰਸਾਈਕਲ ਉੱਪਰ ਕੰਮ 'ਤੇ ਗਿਆ ਸੀ, ਪਰ ਵਾਪਸ ਨਹੀਂ ਆਇਆ, ਜਿਸ ਦੀ ਭਾਲ ਕਰਨ 'ਤੇ ਪਿੰਡ ਠੇਠਰ ਸਰਹਿੰਦ ਨਹਿਰ 'ਤੇ ਪਹੁੰਚੇ ਤਾਂ ਉਸ ਦਾ ਮੋਟਰਸਾਈਕਲ, ਚੱਪਲਾਂ ਦਾ ਜੋੜਾ ਤੇ ਪੰਜਾਬੀ ਵਿੱਚ ਲਿਖਿਆ ਸੁਸਾਇਡ ਨੋਟ ਬਰਾਮਦ ਹੋਇਆ, ਜਿਸ ਵਿੱਚ ਲਵਪ੍ਰੀਤ ਸਿੰਘ ਨੇ ਆਪਣੇ ਸਹੁਰੇ ਪਰਿਵਾਰ ਤੋਂ ਤੰਗ ਆ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰਨ ਬਾਰੇ ਲਿਖਿਆ ਸੀ, ਜਿਸ 'ਤੇ ਲਵਪ੍ਰੀਤ ਸਿੰਘ ਨੇ ਨਹਿਰ ਵਿੱਚ ਛਾਲ ਮਾਰ ਦਿੱਤੀ ਤੇ ਇਸ ਦੀ ਲਾਸ਼ ਪਿੰਡ ਮਚਾਕੀ ਤੋਂ ਬਰਾਮਦ ਹੋ ਗਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਮ੍ਰਿਤਕ ਦੇ ਸਹੁਰਿਆਂ, ਜਿਨ੍ਹਾਂ 'ਚ ਰਾਮ ਚੰਦਰ, ਮਨਦੀਪ ਕੌਰ ਪਤਨੀ ਰਾਮ ਚੰਦਰ, ਅਕਾਸ਼ਦੀਪ ਸਿੰਘ ਪੁੱਤਰ ਰਾਮ ਚੰਦ ਵਾਸੀਅਨ ਪਿੰਡ ਤੂੰਬੜਭੰਨ, ਮੰਦਰ ਸਿੰਘ ਪੁੱਤਰ ਜੰਗੀਰ ਸਿੰਘ, ਮੰਦਰ ਸਿੰਘ ਦੀ ਪਤਨੀ ਵਾਸੀਅਨ ਤਲਵੰਡੀ ਭਾਈ, ਕੁਲਜੀਤ ਕੌਰ ਵਾਸੀ ਗੁਰੂ ਨਾਨਕ ਨਗਰ ਤਲਵੰਡੀ ਭਾਈ, ਪਰਮਜੀਤ ਸਿੰਘ, ਸੋਨੀ ਪੁੱਤਰ ਪਰਮਜੀਤ ਸਿੰਘ ਵਾਸੀਅਨ ਸ਼ਾਹਕੋਟ (ਜਲੰਧਰ), ਜਸਵੀਰ ਸਿੰਘ ਵਾਸੀ ਧਰਮਕੋਟ ਜ਼ਿਲ੍ਹਾ ਮੋਗਾ ਤੇ ਛੰਨੋ ਪਤਨੀ ਜਗੀਰ ਸਿੰਘ ਵਾਸੀ ਧਰਮਕੋਟ ਜ਼ਿਲ੍ਹਾ ਮੋਗਾ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਟੋਲ ਪਲਾਜ਼ੇ ਤੋਂ ਔਖੇ ਟਰੱਕਾਂ ਵਾਲਿਆਂ ਨੇ ਜੀ ਟੀ ਰੋਡ ਕੀਤਾ ਜਾਮ

### ਪ੍ਰਸ਼ਾਸਨ ਨੇ ਫੈਸਲਾ ਕੱਲ੍ਹ ਤੱਕ ਟਾਲਿਆ



**ਮਲੋਟ (ਗੁਰਮੀਤ ਸਿੰਘ ਮੱਕੜ)**

ਮਲੋਟ ਤੋਂ ਡੱਬਵਾਲੀ ਰੋਡ 'ਤੇ ਪੈਂਦੇ ਅਬੁੱਲ ਖੁਰਾਣਾ ਟੋਲ ਪਲਾਜ਼ੇ 'ਤੇ ਸਵੇਰ ਤੋਂ ਹੀ ਟਰੱਕ ਆਪਰੇਟਰਾਂ ਨੇ ਟਰੱਕਾਂ ਨੂੰ ਸੜਕ 'ਤੇ ਖੜੇ ਕਰਕੇ ਜਾਮ ਲਗਾ ਦਿੱਤਾ। ਟਰੱਕ ਆਪਰੇਟਰਾਂ ਦਾ ਕਹਿਣਾ ਸੀ ਕਿ ਮਾਹੂਆਣਾ ਪਿੰਡ ਟੋਲ ਪਲਾਜ਼ੇ ਤੋਂ ਸਿਰਫ਼ ਇੱਕ ਕਿਲੋਮੀਟਰ 'ਤੇ ਹੀ ਹੈ ਅਤੇ ਦਾਣਾ ਮੰਡੀਆਂ 'ਚ ਕਣਕ ਦੀ ਢੁਆਈ ਦਾ ਕੰਮ ਚੱਲ ਰਿਹਾ ਹੈ। ਟਰੱਕਾਂ ਦੇ ਦਿਨ 'ਚ ਕਈ ਵਾਰ ਚੱਕਰ ਲੱਗਦੇ ਹਨ ਤੇ ਟੋਲ ਪਲਾਜ਼ਾ ਕਰਮਚਾਰੀ ਟੋਲ ਲੈਣ ਤੋਂ ਬਾਅਦ ਵੀ ਟਰੱਕਾਂ ਵਾਲਿਆਂ ਨਾਲ ਬਦਸਲੂਕੀ ਕਰਦੇ ਹਨ। ਉਨ੍ਹਾਂ ਮੰਗ ਕੀਤੀ ਕਿ ਲੋਕਲ ਗੱਡੀਆਂ ਨੂੰ ਟੋਲ ਮੁਫ਼ਤ ਕੀਤਾ ਜਾਵੇ। ਦੂਜੇ ਪਾਸੇ ਟੋਲ 'ਤੇ ਕੰਮ ਕਰਨ ਵਾਲਿਆਂ ਨੇ ਕਿਹਾ ਕਿ ਸਾਨੂੰ ਪ੍ਰਸ਼ਾਸਨ ਵੱਲੋਂ ਕੋਈ ਲਿਖਤੀ ਨਹੀਂ ਦਿੱਤਾ ਗਿਆ ਅਤੇ ਜਦੋਂ ਉਨ੍ਹਾਂ ਕੋਲ ਪ੍ਰਸ਼ਾਸਨ ਤੋਂ ਕੋਈ ਲਿਖਤੀ ਆ ਜਾਵੇਗਾ, ਉਹ ਟੋਲ ਮੁਫ਼ਤ ਕਰ ਦੇਣਗੇ। ਇਸ ਮਸਲੇ ਨੂੰ ਪ੍ਰਸ਼ਾਸਨ ਵੱਲੋਂ ਕੁੱਝ ਸਮੇਂ ਲਈ ਹੱਲ ਕਰ ਦਿੱਤਾ ਗਿਆ ਅਤੇ ਅੱਜ ਛੁੱਟੀ ਹੋਣ ਕਰਕੇ ਪੂਰੇ ਮਸਲੇ ਦਾ ਪ੍ਰਸ਼ਾਸਨ ਦੀ ਮੀਟਿੰਗ ਤੋਂ ਬਾਅਦ ਕੋਈ ਪੱਤਰ ਆਉਣ 'ਤੇ ਹੱਲ ਕੱਢਿਆ ਜਾਵੇਗਾ। ਇਸ ਸਬੰਧੀ ਉਪ ਕਪਤਾਨ ਮਲੋਟ ਪੁਲਸ ਪਵਨਜੀਤ ਨੇ ਦੱਸਿਆ ਕਿ ਇਸ ਮਸਲੇ ਦਾ ਹੱਲ ਕੱਢ ਕੇ ਆਵਾਜਾਈ ਬਹਾਲ ਕਰ ਦਿੱਤੀ ਗਈ ਹੈ। ਦੂਜੇ ਪਾਸੇ ਟੋਲ ਪਲਾਜ਼ਾ ਦੇ ਮੌਕੇ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਉਪ ਮੰਡਲ ਮੈਜਿਸਟ੍ਰੇਟ ਨਾਲ ਗੱਲਬਾਤ ਹੋਣ 'ਤੇ ਸਥਿਤੀ ਬਹਾਲ ਕਰ ਦਿੱਤੀ ਗਈ ਹੈ, ਕੱਲ੍ਹ ਪ੍ਰਸ਼ਾਸਨ ਨਾਲ ਮੀਟਿੰਗ ਹੋਣ 'ਤੇ ਕੀ ਹੁਕਮ ਮਿਲਦੇ ਹਨ, ਇਹ ਕੱਲ੍ਹ ਤੱਕ ਪਤਾ ਲੱਗੇਗਾ।

## ਅਣਪਛਾਤਿਆਂ ਵੱਲੋਂ ਅਕਾਲੀ ਆਗੂ ਮਠਾੜੂ 'ਤੇ ਹਮਲਾ, ਗੰਭੀਰ ਜ਼ਖਮੀ


ਇਲਾਜ ਅਧੀਨ ਮਲਕੀਤ ਸਿੰਘ ਮਠਾੜੂ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਸੀ ਪਠਾਣਾਂ ਵਿਖੇ ਨਾਮਾਲੂਮ ਵਿਅਕਤੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਬੀ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਮਠਾੜੂ 'ਤੇ ਹਮਲਾ ਕਰਕੇ ਉਨ੍ਹਾਂ ਨੂੰ ਗੰਭੀਰ ਜ਼ਖਮੀ ਕਰਨ ਦਾ ਸਮਾਚਾਰ ਹੈ।ਗੰਭੀਰ ਜ਼ਖਮੀ ਹੋਏ ਮਲਕੀਤ ਸਿੰਘ ਮਠਾੜੂ ਨੂੰ ਬਸੀ ਪਠਾਣਾਂ ਦੇ ਸਿਵਲ ਹਸਪਤਾਲ 'ਚ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨੂੰ ਗੰਭੀਰ ਦੇਖਦਿਆਂ ਉਨ੍ਹਾਂ ਨੂੰ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਰੈਫਰ ਕਰ ਦਿੱਤਾ, ਜਿੱਥੇ ਉਨ੍ਹਾਂ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਬਸੀ ਪਠਾਣਾਂ ਦੇ ਬਾਜ਼ਾਰ 'ਚੋਂ ਨਿੱਕਲ ਕੇ ਆਪਣੇ ਘਰ ਨੂੰ ਜਾ ਰਹੇ ਸਨ ਤਾਂ ਨਾਮਦੇਵ ਮੰਦਰ ਨਜ਼ਦੀਕ ਤਿੰਨ ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ਦੇ ਰਾਡਾਂ ਤੇ ਹੋਰ ਹਥਿਆਰਾਂ ਨਾਲ ਜਾਨਲੇਵਾ ਹਮਲਾ ਕਰ ਦਿੱਤਾ।ਜਥੇਦਾਰ ਮਠਾੜੂ ਨੇ ਦੱਸਿਆ ਕਿ ਹਮਲਾਵਰ ਉਸ ਦੀ ਕੁੱਟਮਾਰ ਕਰਦੇ ਹੋਏ ਕਹਿ ਰਹੇ ਸਨ ਕਿ ਅੱਜ ਤੈਨੂੰ ਬੰਦਾ ਬਣਾਵਾਂਗੇ।ਹਸਪਤਾਲ 'ਚ ਜਥੇਦਾਰ ਅਵਤਾਰ ਸਿੰਘ ਰਿਆ ਨਾਲ ਉਨ੍ਹਾਂ ਦਾ ਪਤਾ ਲੈਣ ਪਹੁੰਚੇ ਸੀਨੀਅਰ ਅਕਾਲੀ ਆਗੂ ਦਰਬਾਰਾ ਸਿੰਘ ਗੁਰੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਲਕੀਤ ਸਿੰਘ ਮਠਾੜੂ 'ਤੇ ਕੀਤਾ ਗਿਆ ਹਮਲਾ ਬੇਹੱਦ ਨਿੰਦਣਯੋਗ ਹੈ ਤੇ ਅਜਿਹਾ ਕਰਨ ਵਾਲਿਆਂ ਵਿਰੁੱਧ ਪ੍ਰਸ਼ਾਸਨ ਨੂੰ ਸਖਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਉਹ ਮਾਮਲੇ ਦੀ ਤਹਿ ਤੱਕ ਪਹੁੰਚਣਗੇ ਕਿ ਇਹ ਸਾਜ਼ਿਸ਼ ਕਿਸ ਵੱਲੋਂ ਰਚੀ ਗਈ ?

## ਕਾਤਰਾਂ

### ਹੈੱਡਕਾਂਸਟੇਬਲ ਕੋਲੋਂ ਤੰਬਾਕੂ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੇ ਦਿਨ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਵਰਜਿਤ ਵਸਤੂਆਂ ਸਪਲਾਈ ਕਰਨ ਵਾਲੇ ਪੰਜਾਬ ਪੁਲਸ ਹੈੱਡਕਾਂਸਟੇਬਲ ਕਮਾਡੋਂ ਕੋਲੋਂ 4 ਪੁੜੀਆਂ ਤੰਬਾਕੂ (ਜਰਦਾ) ਬਰਾਮਦ ਹੋਇਆ। ਇਸ ਸੰਬਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਹੈੱਡਕਾਂਸਟੇਬਲ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 4536 ਰਾਹੀਂ ਸੁਖਜਿੰਦਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਨੂੰ ਤੇ ਰਾਜਦੀਪ ਸਿੰਘ ਬਰਾੜ ਵਧੀਕ ਸੁਪਰਡੈਂਟ ਨੂੰ ਗੁਪਤ ਸੂਚਨਾ ਸੀ ਕਿ ਪੰਜਾਬ ਪੁਲਸ ਹੈੱਡਕਾਂਸਟੇਲਬ ਕਮਾਂਡੋ ਬਲਵੀਰ ਸਿੰਘ ਪੇਟੀ ਨੰਬਰ 424, ਜਿਸ ਦੀ ਡਿਊਟੀ ਜੇਲ੍ਹ ਅੰਦਰ ਬਣੇ ਹਾਈ ਸਕਿਊਰਿਟੀ ਜ਼ੋਨ 'ਤੇ ਲੱਗੀ ਹੋਈ ਸੀ, ਜੇਲ੍ਹ ਅੰਦਰ ਵਰਜਿਤ ਵਸਤੂਆਂ ਸਪਲਾਈ ਕਰ ਰਿਹਾ ਹੈ। ਬੀਤੀ 27 ਅਪ੍ਰੈਲ 2024 ਨੂੰ ਕਰੀਬ ਸ਼ਾਮ 6.25 'ਤੇ ਜਦ ਹੈੱਡਕਾਂਸਟੇਬਲ ਆਪਣੀ ਡਿਊਟੀ 'ਤੇ ਜਾਣ ਲਈ ਅੰਦਰ ਦਾਖਲ ਹੋਇਆ ਤਾਂ ਡਿਊੜੀ ਵਿੱਚ ਤਲਾਸ਼ੀ ਦੌਰਾਨ ਇਸ ਦੇ ਪਹਿਨੇ ਹੋਏ ਬੂਟਾਂ ਵਿੱਚੋਂ 2-2 ਪੁੜੀਆਂ ਤੰਬਾਕੂ (ਜਰਦਾ) ਬਰਾਮਦ ਹੋਇਆ। ਜਾਂਚਕਰਤਾ ਗੁਰਮੇਲ ਸਿੰਘ ਨੇ ਦੱਸਿਆ ਕਿ ਉਕਤ ਹੈੱਡਕਾਂਸਟੇਬਲ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਕੇਂਦਰੀ ਜੇਲ੍ਹ 'ਚੋਂ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਸ਼ੀ ਦੌਰਾਨ 1 ਮੋਬਾਇਲ ਫੋਨ ਬਰਾਮਦ ਹੋਇਆ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇੱਕ ਕੈਦੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ ਰਾਹੀਂ ਸੁਖਜਿੰਦਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਬੀਤੇ ਦਿਨ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਲੰਗਰ ਬੈਰਕਾਂ ਦਾ ਚੱਕਰ ਲਗਾ ਰਹੇ ਸੀ ਤਾਂ ਲੰਗਰ ਪੰਜਾ ਨੰਬਰ 3 ਵਿੱਚ ਕੈਦੀ ਸੰਜੀਵ ਕੁਮਾਰ ਉਰਫ ਚਰਬੀ ਪੁੱਤਰ ਗੁਲਸ਼ਨ ਕੁਮਾਰ ਵਾਸੀ ਆਰਿਆ ਨਗਰ ਫਾਜ਼ਿਲਕਾ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੀ ਤਲਾਸ਼ੀ ਲੈਣ 'ਤੇ 1 ਮੋਬਾਇਲ ਫੋਨ ਮੋਟਰੋਲਾ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਕੈਦੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਕਿੱਲੋ ਅਫ਼ੀਮ ਸਣੇ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਸੀ ਪਠਾਣਾਂ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਇੱਕ ਕਿੱਲੋ ਅਫ਼ੀਮ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ।ਥਾਣਾ ਬਸੀ ਪਠਾਣਾਂ ਦੇ ਐੱਸ.ਐੱਚ.ਓ. ਸਬ-ਇੰਸਪੈਕਟਰ ਨਰਪਿੰਦਰ ਪਾਲ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬੀਤੇ ਕੱਲ੍ਹ ਥਾਣਾ ਬਸੀ ਪਠਾਣਾਂ ਦੀ ਇੱਕ ਪੁਲਸ ਪਾਰਟੀ ਵੱਲੋਂ ਚੋਣਾਂ ਦੇ ਸਬੰਧ 'ਚ ਬਸੀ ਪਠਾਣਾਂ ਦੇ ਮੋਰਿੰਡਾ ਟੀ-ਪੁਆਇੰਟ 'ਤੇ ਊਸ਼ਾ ਮਾਤਾ ਮੰਦਰ ਨਜ਼ਦੀਕ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਪੁਲਸ ਕਰਮਚਾਰੀਆਂ ਨੇ ਪੈਦਲ ਆ ਰਹੇ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਜਿਸ ਨੇ ਪੁੱਛੇ ਜਾਣ 'ਤੇ ਆਪਣੀ ਪਹਿਚਾਣ ਲਖਵੀਰ ਸਿੰਘ ਉਰਫ ਲੱਖੀ ਵਾਸੀ ਖਮਾਣੋਂ ਵਜੋਂ ਦੱਸੀ।ਸਬ-ਇੰਸਪੈਕਟਰ ਕੁਲਵਿੰਦਰ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ 'ਚੋਂ ਇੱਕ ਕਿੱਲੋ ਅਫ਼ੀਮ ਬਰਾਮਦ ਹੋਈ।ਐੱਸ.ਐੱਚ.ਓ. ਨਰਪਿੰਦਰ ਪਾਲ ਸਿੰਘ ਨੇ ਦੱਸਿਆ ਕਿ ਥਾਣਾ ਬਸੀ ਪਠਾਣਾਂ ਵਿਖੇ ਅ/ਧ 18/61/85 ਐੱਨ.ਡੀ.ਪੀ.ਐੱਸ. ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਲਖਵੀਰ ਸਿੰਘ ਉਰਫ ਲੱਖੀ ਨੂੰ ਗ੍ਰਿਫ਼ਤਾਰ ਕਰਕੇ ਅਦਾਲਤ 'ਚ ਪੇਸ਼ ਕੀਤਾ ਗਿਆ, ਜਿਸ ਨੂੰ ਅਦਾਲਤ ਨੇ ਦੋ ਦਿਨ ਦੇ ਪੁਲਸ ਰਿਮਾਂਡ 'ਤੇ ਭੇਜਣ ਦੇ ਹੁਕਮ ਸੁਣਾਏ।

# ਪਦਮਸ਼੍ਰੀ ਸੁਰਜੀਤ ਪਾਤਰ ਵੱਲੋਂ 'ਨਵੇਂ ਦਿਸਹੱਦੇ' ਪ੍ਰੋਗਰਾਮ ਦਾ ਪੋਸਟਰ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**

ਨਵੇਂ ਦਿਸਹੱਦੇ ਪ੍ਰੋਗਰਾਮ ਮਾਂ ਬੋਲੀ ਪੰਜਾਬੀ ਦੀ ਪ੍ਰਫੁੱਲਤਾ ਤੇ ਪੰਜਾਬ ਭਰ ਦੇ ਵਿਦਿਆਰਥੀਆਂ ਲਈ ਕਲਾਤਮਿਕਤਾ ਦੇ ਅੰਬਰ 'ਚ ਉੱਚੀਆਂ ਉਡਾਰੀਆਂ ਭਰਨ ਦੀ ਇਕ ਨਵੀਂ ਪਹਿਲ ਕਦਮੀਂ ਹੋਵੇਗਾ, ਜਿਸ ਦੇ ਭਵਿੱਖ 'ਚ ਸਾਰਥਿਕ ਸਿੱਟੇ ਸਾਹਮਣੇ ਆਉਣਗੇ।ਪਦਮਸ਼੍ਰੀ ਸੁਰਜੀਤ ਪਾਤਰ ਨੇ ਸਿੱਖਿਆ ਅਤੇ ਕਲਾ ਮੰਚ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ 'ਨਵੇਂ ਦਿਸਹੱਦੇ' ਪ੍ਰੋਗਰਾਮ ਦਾ ਪੋਸਟਰ ਜਾਰੀ ਕਰਦਿਆਂ ਪੰਜਾਬ ਦੀਆਂ ਸਿੱਖਿਆ, ਸਾਹਿਤਕ, ਸੱਭਿਆਚਾਰਕ ਸੰਸਥਾਵਾਂ ਨੂੰ ਵਿਦਿਆਰਥੀਆਂ ਦੀ ਕਲਾ ਨੂੰ ਉਭਾਰਨ ਲਈ ਉਸਾਰੀ ਜਾ ਰਹੀ ਲਹਿਰ ਦਾ ਹਿਸਾ ਬਣਨ ਦਾ ਸੱਦਾ ਦਿੱਤਾ ਗਿਆ।ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਚੇਅਰਮੈਨ ਅਤੇ ਪ੍ਰਸਿੱਧ ਸ਼ਾਇਰ ਸੁਰਜੀਤ ਪਾਤਰ ਨੇ ਪ੍ਰਾਇਮਰੀ ਪੱਧਰ ਤੋਂ ਲੈ ਕੇ ਸੈਕੰਡਰੀ ਪੱਧਰ ਤੱਕ ਕਰਾਏ ਜਾ ਰਹੇ ਮੁਕਾਬਲਿਆਂ ਸਬੰਧੀ ਕਿਹਾ ਕਿ ਬੱਚਿਆਂ ਦੇ ਭੋਲੇ ਮਨ ਵਿੱਚ ਬੀਜੀ ਜਾ ਰਹੀ 'ਨਵ ਦਿਸਹੱਦਿਆਂ' ਦੀ ਫ਼ਸਲ ਭਰਪੂਰ ਰੰਗ ਲਿਆਵੇਗੀ।

ਪ੍ਰੋਗਰਾਮ ਦੇ ਪ੍ਰੋਜੈਕਟ ਕੋਆਰਡੀਨੇਟਰ ਜੱਸ ਸ਼ੇਰਗਿੱਲ, ਮਨਦੀਪ ਕੌਰ ਜੱਸੀ, ਗੋਪਾਲ ਸਿੰਘ ਰਟੌਲਾ ਨੇ ਦੱਸਿਆ ਕਿ 'ਨਵੇਂ ਦਿਸਹੱਦੇ' ਪ੍ਰੋਗਰਾਮ ਦੌਰਾਨ ਪਹਿਲੇ ਪੜਾਅ ਦੌਰਾਨ ਸ਼ਬਦ ਗਾਇਨ, ਸੁੰਦਰ ਲਿਖਾਈ, ਕਵਿਤਾ ਉਚਾਰਨ, ਲੋਕ ਗੀਤ, ਸੋਲੋ ਡਾਂਸ (ਕੇਵਲ ਲੜਕੀਆਂ), ਕਵੀਸ਼ਰੀ ਤੇ ਦੂਜੇ ਪੜਾਅ ਦੌਰਾਨ ਭਾਸ਼ਣ, ਚਿੱਤਰਕਾਰੀ, ਕਲੇਅ ਮਾਡਲਿੰਗ, ਕੋਰੀਓਗ੍ਰਾਫੀ, ਗਿੱਧਾ, ਭੰਗੜਾ ਦੇ ਆਨਲਾਈਨ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ ਦੋਵਾਂ ਪੜਾਵਾਂ ਦੇ ਆਨਲਾਈਨ ਮੁਕਾਬਲਿਆਂ ਤੋਂ ਬਾਅਦ ਚੋਣਵੀਆਂ ਟੀਮਾਂ ਦੀ ਚੋਣ ਕਰਕੇ ਪੰਜਾਬ ਪੱਧਰ 'ਤੇ ਮੁਕਾਬਲੇ ਕਰਾਏ ਜਾਣਗੇ।

ਸਿੱਖਿਆ ਕਲਾ ਮੰਚ ਪੰਜਾਬ ਦੇ ਸ੍ਰਪ੍ਰਸਤ ਮੈਡਮ ਦੀਪ ਸੰਧੂ, ਪ੍ਰਧਾਨ ਹਰਦੀਪ ਸਿੰਘ ਸਿੱਧੂ ਨੇ ਦੱਸਿਆ ਸਰਕਾਰੀ ਸਕੂਲਾਂ ਨੂੰ ਪ੍ਰਾਇਮਰੀ, ਅੱਪਰ ਪ੍ਰਾਇਮਰੀ ਵਰਗ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਅੱਪਰ ਪ੍ਰਾਇਮਰੀ ਵਰਗ 'ਚ ਵੰਡਿਆ ਗਿਆ ਹੈ, ਜੇਤੂ ਵਿਦਿਆਰਥੀਆਂ ਨੂੰ ਮੈਡਲ, ਟਰਾਫ਼ੀਆਂ, ਸਰਟੀਫਿਕੇਟ ਤੋਂ ਇਲਾਵਾ ਓਵਰ ਆਲ ਟਰਾਫ਼ੀ ਜਿੱਤਣ ਵਾਲੇ ਤਿੰਨ ਵਰਗਾਂ ਦੇ ਇੱਕ-ਇੱਕ ਸਕੂਲ ਨੂੰ 31000 ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਦੀ ਰਜਿਸਟ੍ਰੇਸ਼ਨ ਪਹਿਲੀ ਮਈ ਤੋਂ ਸ਼ੁਰੂ ਹੋ ਰਹੀ ਹੈ।

## ਪ੍ਰਿੰ. ਦਰਸ਼ਨ ਸਿੰਘ ਢਿੱਲੋਂ ਨੂੰ ਭਾਵਪੂਰਤ ਅੰਤਮ ਵਿਦਾਇਗੀ



**ਮਾਨਸਾ (ਆਤਮਾ ਸਿੰਘ ਪਮਾਰ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਅਧਿਆਪਕਾਂ ਦੇ ਹੱਕੀ ਘੋਲਾਂ ਨੂੰ ਧੜੱਲੇ ਨਾਲ ਲੜਨ ਵਾਲੇ ਸੇਵਾ ਮੁਕਤ ਪ੍ਰਿੰਸੀਪਲ ਦਰਸ਼ਨ ਸਿੰਘ ਢਿੱਲੋਂ ਦੇ ਅੰਤਿਮ ਸੰਸਕਾਰ ਮੌਕੇ ਉਨ੍ਹਾਂ ਨੂੰ ਭਾਵਪੂਰਤ ਵਿਦਾਇਗੀ ਦਿੱਤੀ ਗਈ।ਬੀਤੀ ਰਾਤ ਉਨ੍ਹਾਂ ਦਾ ਇਕ ਸੰਖੇਪ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ ਸੀ।ਉਨ੍ਹਾਂ ਦੇ ਅਚਾਨਕ ਦਿਹਾਂਤ 'ਤੇ ਸਿੱਖਿਆ ਵਿਭਾਗ 'ਚ ਕੰਮ ਕਰਦੇ ਅਧਿਆਪਕਾਂ, ਸੰਘਰਸ਼ੀ ਜਥੇਬੰਦੀਆਂ ਦੇ ਆਗੂਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਅੰਤਿਮ ਸੰਸਕਾਰ ਮੌਕੇ ਹਾਜ਼ਰ ਜ਼ਿਲ੍ਹਾ ਯੋਜਨਾ ਬੋਰਡ ਮਾਨਸਾ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਸੋਸ਼ਲਿਸਟ ਪਾਰਟੀ ਇੰਡੀਆ ਦੇ ਕੌਮੀ ਵਾਈਸ ਪ੍ਰਧਾਨ ਹਰਿੰਦਰ ਮਾਨਸ਼ਾਹੀਆ, ਡੈਮੋਕ੍ਰੇਟਿਕ ਇੰਪਲਾਈਜ਼ ਫਰੰਟ ਦੇ ਆਗੂ ਕਾ. ਸੁਖਦਰਸ਼ਨ ਨੱਤ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਜੁਗਰਾਜ ਸਿੰਘ, ਸਾਬਕਾ ਪ੍ਰਧਾਨ ਜਗਦੀਸ਼ ਰਾਏ, ਸੀ ਪੀ ਆਈ ਦੇ ਸੀਨੀਅਰ ਆਗੂ ਕ੍ਰਿਸ਼ਨ ਚੌਹਾਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ, ਅਧਿਆਪਕ ਦਲ ਦੇ ਪ੍ਰਧਾਨ ਗੁਰਜੀਤ ਲਾਲਿਆਂਵਾਲੀ, ਅਧਿਆਪਕ ਆਗੂ ਆਤਮਾ ਸਿੰਘ ਪਮਾਰ ਨੇ ਉਨ੍ਹਾਂ ਦੇ ਦਿਹਾਂਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।ਇਸ ਮੌਕੇ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ, ਖੋਜ ਅਫ਼ਸਰ ਗੁਰਪ੍ਰੀਤ, ਰੰਗ ਕਰਮੀ ਰਾਜ ਜੋਸ਼ੀ, ਪ੍ਰੋ. ਸੁਪਨਦੀਪ ਕੌਰ, ਡਾ. ਸੰਦੀਪ ਘੰਡ, ਸੇਵਾ ਮੁਕਤ ਪ੍ਰਿੰਸੀਪਲ ਕਰਨੈਲ ਸਿੰਘ, ਲੈਕਚਰਾਰ ਨਰਿੰਦਰ ਮਾਨਸ਼ਾਹੀਆ, ਲੈਕਚਰਾਰ ਇੰਦਰਪਾਲ, ਲੈਕਚਰਾਰ ਗੁਰਪ੍ਰੀਤ ਕੌਰ, ਲੋਕ ਕਲਾ ਮੰਚ ਮਾਨਸਾ ਦੇ ਕਨਵੀਨਰ ਬਿੱਟੂ ਮਾਨਸਾ, ਸੱਭਿਆਚਾਰਕ ਤੇ ਸਮਾਜ ਸੇਵਾ ਮੰਚ ਦੇ ਆਗੂ ਰਕੇਸ਼ ਗਰਗ, ਹਰਦੀਪ ਸਿੱਧੂ ਤੇ ਹੋਰਨਾਂ ਵੱਖ ਵੱਖ ਧਿਰਾਂ ਤੋਂ ਵੀ ਆਗੂ ਸ਼ਾਮਲ ਸਨ।

# ਸਾਂਝੇ ਉਮੀਦਵਾਰ ਮਾਸਟਰ ਗੁਰਚਰਨ ਸਿੰਘ ਮਾਨ ਦੇ ਚੋਣ ਦਫ਼ਤਰਾਂ ਦਾ ਉਦਘਾਟਨ ਅੱਜ

### ਦੋਵਾਂ ਕਮਿਊਨਿਸਟ ਪਾਰਟੀਆਂ ਨੇ ਸਾਂਝੀ ਮੀਟਿੰਗ 'ਚ ਬਣਾਈ ਰਣਨੀਤੀ



**ਫਰੀਦਕੋਟ (ਐਲਿਗਜੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)**

ਲੋਕ ਸਭਾ ਹਲਕਾ ਫਰੀਦਕੋਟ ਤੋਂ ਸੀ ਪੀ ਆਈ ਤੇ ਸੀ ਪੀ ਆਈ (ਐੱਮ) ਦੇ ਸਾਂਝੇ ਉਮੀਦਵਾਰ ਮਾਸਟਰ ਗੁਰਚਰਨ ਸਿੰਘ ਮਾਨ ਦੇ ਕੋਟਕਪੂਰਾ ਚੋਣ ਦਫਤਰ, ਦਾ ਉਦਘਾਟਨ 29 ਅਪ੍ਰੈਲ ਨੂੰ ਸਵੇਰੇ 10 ਵਜੇ ਕੀਤਾ ਜਾਵੇਗਾ।ਇਹ ਚੋਣ ਦਫ਼ਤਰ ਸੀ ਪੀ ਐੱਮ ਦੇ ਦਫ਼ਤਰ ਵਿੱਚ ਹੀ ਹੋਵੇਗਾ, ਜੋ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਨੇੜੇ ਸਥਿਤ ਹੈ।ਇਸ ਤੋਂ ਕੁੱਝ ਸਮਾਂ ਬਾਅਦ ਫਰੀਦਕੋਟ ਵਾਲੇ ਮੁੱਖ ਚੋਣ ਦਫ਼ਤਰ ਦਾ ਉਦਘਾਟਨ 12 ਵਜੇ ਕੀਤਾ ਜਾਣਾ ਹੈ।ਇਹ ਫੈਸਲਾ ਦੋਹਾਂ ਪਾਰਟੀਆਂ ਦੇ ਜ਼ਿਲ੍ਹਾ ਸਕੱਤਰਾਂ ਕਾਮਰੇਡ ਅਸ਼ੋਕ ਕੌਸ਼ਲ ਤੇ ਕਾਮਰੇਡ ਅਪਾਰ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ ਸਾਂਝੀ ਮੀਟਿੰਗ ਵਿੱਚ ਕੀਤਾ ਗਿਆ।ਮੀਟਿੰਗ ਵਿੱਚ ਸੀਨੀਅਰ ਕਾਮਰੇਡ ਇੰਦਰਜੀਤ, ਅਸ਼ਵਨੀ ਕੁਮਾਰ, ਚਰਨਜੀਤ ਸਿੰਘ ਚੰਬੇਲੀ, ਵੀਰ ਸਿੰਘ ਕੰਮੇਆਣਾ ਤੇ ਸਬੰਧਤ ਉਮੀਦਵਾਰ ਮਾਸਟਰ ਗੁਰਚਰਨ ਸਿੰਘ ਮਾਨ ਨੇ ਆਪਣੇ ਵਿਚਾਰ ਪੇਸ਼ ਕੀਤੇ।ਆਗੂਆਂ ਨੇ ਚੋਣਾਂ ਦੇ ਦੋ ਗੇੜ ਮੁਕੰਮਲ ਹੋਣ ਬਾਅਦ ਪ੍ਰਾਪਤ ਇਨ੍ਹਾਂ ਰਿਪੋਰਟਾਂ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਕਿ ਦੇਸ਼ ਭਰ ਵਿੱਚ ਭਾਜਪਾ ਦਾ ਪਾਣੀ ਉਤਰ ਰਿਹਾ ਹੈ ਤੇ ਉਸ ਨੂੰ ਆਪਣੇ ਮਜ਼ਬੂਤ ਸਮਝੇ ਜਾਂਦੇ ਗੜ੍ਹ ਰਾਜਸਥਾਨ ਤੇ ਯੂ ਪੀ ਵਿੱਚ ਵੀ ਇੰਡੀਆ ਗੱਠਜੋੜ ਤੋਂ ਸਖ਼ਤ ਚੁਣੌਤੀ ਮਿਲ ਰਹੀ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੀ ਪੰਜਾਬ ਦੀ ਧਰਤੀ ਦੇ ਸੂਝਵਾਨ ਵੋਟਰ ਭਾਜਪਾ ਦਾ ਨਫ਼ਰਤ ਫੈਲਾਓ ਏਜੰਡਾ ਪੂਰੀ ਤਾਕਤ ਨਾਲ ਰੱਦ ਕਰ ਦੇਣਗੇ।ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਗੁਰਨਾਮ ਸਿੰਘ ਤੇ ਨਰੇਗਾ ਮਜ਼ਦੂਰ ਆਗੂ ਕਾਮਰੇਡ ਗੋਰਾ ਪਿਪਲੀ ਨੇ ਇਸ ਵਾਰ ਦਾ ਮਈ ਦਿਵਸ ਸਮਾਗਮ ਸਥਾਨਕ ਬਸ ਸਟੈਂਡ ਵਿਖੇ ਸਾਂਝੇ ਤੌਰ 'ਤੇ ਮਨਾਉਣ ਦੀ ਅਪੀਲ ਕੀਤੀ, ਜਿਸ ਨੂੰ ਸਰਬ ਸੰਮਤੀ ਨਾਲ ਸਵੀਕਾਰ ਕੀਤਾ ਗਿਆ।

## ਤੇਜਿੰਦਰ ਖਹਿਰਾ ਨੂੰ ਪੰਜਾਬ ਜੁਆਇੰਟ ਸਕੱਤਰ ਯੂਥ ਵਿੰਗ ਲੱਗਣ 'ਤੇ ਕੀਤਾ ਸਨਮਾਨਤ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਵੱਲੋਂ ਹਮੇਸ਼ਾ ਹੀ ਮਿਹਨਤੀ ਤੇ ਇਮਾਨਦਾਰ ਵਰਕਰਾਂ ਅਤੇ ਆਗੂਆਂ ਨੂੰ ਅਹੁਦੇਦਾਰੀਆਂ ਦੇ ਕੇ ਬਣਦਾ ਮਾਨ ਸਨਮਾਨ ਦਿੱਤਾ ਜਾਂਦਾ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਤੇਜਿੰਦਰ ਸਿੰਘ ਖਹਿਰਾ ਨੂੰ ਜੁਆਇੰਟ ਸਕੱਤਰ ਯੂਥ ਵਿੰਗ ਪੰਜਾਬ ਆਮ ਆਦਮੀ ਪਾਰਟੀ ਲੱਗਣ ਤੇ ਸਿਰੋਪਾ ਪਾ ਕੇ ਸਨਮਾਨਤ ਕਰਨ ਉਪਰੰਤ ਪ੍ਰਗਟਾਏ।ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਹਮੇਸ਼ਾ ਹੀ ਵਰਕਰਾਂ ਨੂੰ ਮਾਨ ਸਨਮਾਨ ਦੇ ਕੇ ਨਿਵਾਜਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕ੍ਰਾਂਤੀਕਾਰੀ ਤੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਐੱਮ.ਐਲ.ਏ ਮਨਜਿੰਦਰ ਸਿੰਘ ਲਾਲਪੁਰ ਪ੍ਰਧਾਨ ਪੰਜਾਬ ਯੂਥ ਵਿੰਗ ਆਮ ਆਦਮੀ ਪੰਜਾਬ ਦਾ ਇਸ ਨਿਯੁਕਤੀ ਲਈ ਧੰਨਵਾਦ ਤਹਿ ਦਿਲੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਮਿਹਨਤੀ ਵਰਕਰ ਨੂੰ ਅਹੁਦਾ ਦੇ ਕੇ ਨਿਵਾਜਿਆ ਹੈ।ਦੇਵ ਮਾਨ ਨੇ ਕਿਹਾ ਕਿ ਇਹ ਨੌਜਵਾਨ ਪੀੜੀ ਸਾਡੇ ਪੰਜਾਬ ਦੀ ਰੀੜ੍ਹ ਦੀ ਹੱਡੀ ਹਨ, ਕਿਉਂਕਿ ਇਸ ਨੌਜਵਾਨ ਪੀੜ੍ਹੀ ਨੇ ਹਮੇਸ਼ਾ ਹੀ ਚੋਣਾਂ ਵਿੱਚ ਦਿਨ-ਰਾਤ ਮਿਹਨਤ ਕੀਤੀ ਹੈ।ਸਨਮਾਨਤ ਹੋਣ ਉਪਰੰਤ ਤੇਜਿੰਦਰ ਖਹਿਰਾ ਨੇ ਸੂਬੇ ਦੇ ਮੁੱਖ ਮੰਤਰੀ ਤੇ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਹੀ ਦਿਨ-ਰਾਤ ਮਿਹਨਤ ਕਰਾਂਗੇ ਤੇ 'ਆਪ' ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਆਗਾਮੀ ਲੋਕ ਸਭਾ ਚੋਣਾਂ ਵਿੱਚ ਲੋਕ ਸਭਾ ਪਟਿਆਲਾ ਤੋਂ ਉਮੀਦਵਾਰ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਡਾਕਟਰ ਬਲਬੀਰ ਸਿੰਘ ਨੂੰ ਹਲਕੇ ਵਿੱਚੋਂ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਾਂਗੇ।

# ਮੁੱਖ ਮੰਤਰੀ ਦੇ ਰੋਡ ਸ਼ੋਅ ਦੌਰਾਨ ਠੇਕਾ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ


ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੇ ਮੁਲਾਜ਼ਮਾਂ ਨੂੰ ਪੁਲਸ ਪ੍ਰਦਰਸ਼ਨ ਕਰਨ ਤੋਂ ਰੋਕਦੀ ਹੋਈ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੇ ਆਗੂ ਰੁਪਿੰਦਰ ਸਿੰਘ ਦੀ ਅਗਵਾਈ ਵਿੱਚ ਜਲ ਸਪਲਾਈ ਕੰਟਰੈਕਟ ਵਰਕਰ ਯੂਨੀਅਨ ਰਜਿ. ਨੰਬਰ 31, ਬਿਜਲੀ ਬੋਰਡ, ਵੇਰਕਾ ਮਿਲਕ ਪਲਾਂਟ ਦੇ ਸਮੂਹ ਵਰਕਰਾਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਰੋਡ ਸ਼ੋਅ ਦੌਰਾਨ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਵਰਕਰਾਂ ਨੇ ਜਿੱਥੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ, ਉੱਥੇ ਹੀ ਕਾਲੀਆਂ ਝੰਡੀਆਂ ਵਿਖਾ ਕੇ ਰੋਸ ਪ੍ਰਦਰਸ਼ਨ ਕੀਤਾ।ਇਸ ਦੌਰਾਨ ਪੁਲਸ ਪ੍ਰਸ਼ਾਸਨ ਵੱਲੋਂ ਵਰਕਰਾਂ ਨੂੰ ਧੱਕਾ ਮੁੱਕੀ ਕੀਤੀ ਤੇ ਲਾਠੀਚਾਰਜ ਵੀ ਕੀਤਾ ਗਿਆ।ਕਈ ਮੁਲਾਜ਼ਮ ਲਾਠੀਚਾਰਜ ਦੌਰਾਨ ਜ਼ਖ਼ਮੀ ਵੀ ਹੋਏ, ਉੱਥੇ ਹੀ ਮੀਡੀਆ ਕਰਮੀਆਂ ਦੇ ਮੋਬਾਈਲ ਤੱਕ ਖੋਹੇ ਗਏ।ਸਮੂਹ ਵਰਕਰਾਂ ਦੇ ਮੋਬਾਈਲ ਫੋਨ ਜ਼ਬਤ ਕਰ ਲਏ ਗਏ, ਪਰ ਵਰਕਰਾਂ ਨੇ ਆਪਣਾ ਰੋਸ ਪ੍ਰਦਰਸ਼ਨ ਜਾਰੀ ਰੱਖਿਆ।ਰੋਸ ਪ੍ਰਦਰਸ਼ਨ ਤੋਂ ਬਾਅਦ ਸਮੂਹ ਵਰਕਰਾਂ ਤੇ ਆਗੂਆਂ ਨੂੰ ਪੁਲਸ ਹਿਰਾਸਤ ਵਿੱਚ ਲਿਆ ਗਿਆ ਤੇ ਆਰਿਫ਼ ਕੇ ਥਾਣੇ ਵਿੱਚ ਬੰਦ ਕਰ ਦਿੱਤਾ ਗਿਆ, ਜਦਕਿ ਮੁੱਖ ਮੰਤਰੀ ਇਨ੍ਹਾਂ ਮੁਲਾਜ਼ਮਾਂ ਦੇ ਆਗੂਆਂ ਨੂੰ 20 ਵਾਰ ਮੀਟਿੰਗ ਦੇ ਕੇ ਮੁੱਕਰ ਚੁੱਕਾ ਹੈ।ਵਰਕਰਾਂ ਦੀ ਮੰਗ ਸੀ ਕਿ ਸਮੂਹ ਵਿਭਾਗਾਂ ਦੇ ਵਰਕਰਾਂ ਨੂੰ ਮਹਿਕਮੇ ਵਿੱਚ ਲੈ ਕੇ ਪੱਕਾ ਕੀਤਾ ਜਾਵੇ, ਪਰ ਕਈ ਸਰਕਾਰਾਂ ਆਈਆਂ ਤੇ ਗਈਆਂ, ਪਰ 15 ਸਾਲ ਤੋਂ ਵਰਕਰ ਪ੍ਰਦਰਸ਼ਨ ਕਰ ਰਹੇ ਹਨ। ਭਗਵੰਤ ਮਾਨ ਨੇ ਕਿਹਾ ਸੀ ਕਿ ਮੇਰੀ ਸਰਕਾਰ ਆਉਣ 'ਤੇ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਪਹਿਲ ਦੇ ਆਧਾਰ 'ਤੇ ਪੱਕਾ ਕੀਤਾ ਜਾਵੇਗਾ, ਪਰ ਮੁੱਖ ਮੰਤਰੀ ਨੇ ਇਨ੍ਹਾਂ ਆਗੂਆਂ ਨਾਲ ਮੀਟਿੰਗ ਕਰਨੀ ਵੀ ਜ਼ਰੂਰੀ ਨਹੀਂ ਸਮਝੀ।ਇਸ ਕਰਕੇ ਜਿੱਥੇ ਵੀ ਮੁੱਖ ਮੰਤਰੀ ਪੰਜਾਬ ਜਾਣਗੇ, ਉਨ੍ਹਾਂ ਨੂੰ ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੇ ਵਰਕਰਾਂ ਦੇ ਤਿੱਖੇ ਰੋਸ ਪ੍ਰਦਰਸ਼ਨ ਦਾ ਸਾਹਮਣਾ ਕਰਨਾ ਪਵੇਗਾ।ਇਸ ਮਗਰੋਂ ਬਾਅਦ ਦੁਪਹਿਰ ਸਮੂਹ ਵਰਕਰਾਂ ਤੇ ਆਗੂਆਂ ਨੂੰ ਆਰਿਫ਼ ਕੇ ਥਾਣੇ ਵਿੱਚ ਬੰਦ ਕਰ ਦਿੱਤਾ ਗਿਆ।ਮੁਲਾਜ਼ਮਾਂ ਨੂੰ ਰਿਹਾਅ ਕਰਾਉਣ ਲਈ ਵੀ ਥਾਣੇ ਦੇ ਗੇਟ ਅੱਗੇ ਬਾਕੀ ਆਗੂਆਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਫਿਰ ਦੇਰ ਰਾਤ ਤੱਕ ਸਮੂਹ ਵਰਕਰਾਂ ਤੇ ਆਗੂਆਂ ਨੂੰ ਰਿਹਾਅ ਕਰ ਦਿੱਤਾ ਗਿਆ।ਇਸ ਦੌਰਾਨ ਪ੍ਰੈੱਸ ਸਕੱਤਰ ਰਣਜੀਤ ਸਿੰਘ ਖਾਲਸਾ, ਬਲਜੀਤ ਸਿੰਘ ਸਰਕਲ ਪ੍ਰਧਾਨ, ਹਰਦੀਪ ਸਿੰਘ ਫਿੱਡੇ, ਸ਼ੇਰ ਸਿੰਘ, ਵਿਸ਼ਾਲ ਸਿੰਘ ਬਿਜਲੀ ਬੋਰਡ, ਸੁਰਜੀਤ ਸਿੰਘ, ਤੇਜਿੰਦਰ ਸਿੰਘ ਵੇਰਕਾ ਮਿਲਕ ਪਲਾਂਟ, ਬਲਜਿੰਦਰ ਸਿੰਘ ਸਤਪਾਲ ਸਿੰਘ, ਸੰਤੋਖ ਸਿੰਘ ਆਦਿ ਆਗੂ ਵਰਕਰ ਹਾਜ਼ਰ ਸਨ।

## ਮਲੂਕਾ ਦੇ ਨਜ਼ਦੀਕੀ ਮਨਹੀਰ ਗੋਚਾ 'ਆਪ' 'ਚ ਸ਼ਾਮਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ, ਜਦੋਂ ਪਾਰਟੀ ਦੇ ਹਲਕਾ ਰਾਮਪੁਰਾ ਫੂਲ ਦਾ ਮੁੱਖ ਬੁਲਾਰਾ ਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਨਜ਼ਦੀਕੀ ਮਨਹੀਰ ਸਿੰਘ ਗੋਚਾ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਿਆ।ਇਸ ਮੌਕੇ ਮਨਹੀਰ ਗੋਚਾ ਨੇ ਕਿਹਾ ਕਿ ਉਹ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਪ੍ਰੇਰਣਾ ਸਦਕਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ 'ਆਪ' ਵਿੱਚ ਸ਼ਾਮਲ ਹੋਏ ਹਨ।ਉਨ੍ਹਾ ਕਿਹਾ ਕਿ ਵਿਧਾਇਕ ਬਲਕਾਰ ਸਿੰਘ ਸਿੱਧੂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਹਲਕੇ ਦੇ ਸਾਰੇ ਪਿੰਡਾਂ, ਸ਼ਹਿਰਾਂ ਦਾ ਬਿਨਾਂ ਕਿਸੇ ਭੇਦਭਾਵ ਤੋਂ ਵਿਕਾਸ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਨੂੰ ਅਜਿਹਾ ਲੀਡਰ ਪਹਿਲੀ ਵਾਰ ਮਿਲਿਆ ਹੈ, ਜੋ ਅਕਾਲੀ-ਕਾਂਗਰਸੀ ਵੇਖੇ ਬਿਨਾਂ ਸਾਰੇ ਲੋਕਾਂ ਲਈ ਵਧੀਆ ਭਾਵਨਾ ਨਾਲ ਕੰਮ ਕਰ ਰਹੇ ਹਨ ਅਤੇ ਇਸੇ ਗੱਲ ਤੋਂ ਪ੍ਰਭਾਵਿਤ ਹੋ ਕੇ ਉਹ ਉਨ੍ਹਾਂ ਦੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।

ਇਸ ਮੌਕੇ ਵਿਧਾਇਕ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੇ ਮੇਰੇ ਘਰ ਦੇ ਦਰਵਾਜ਼ੇ ਹਰ ਉਸ ਇਨਸਾਨ ਲਈ ਸਦਾ ਖੁੱਲ੍ਹੇ ਹਨ, ਜਿਸ ਦੀ ਨੀਅਤ ਲੋਕਾਂ ਤੇ ਪਾਰਟੀ ਪ੍ਰਤੀ ਸਾਫ ਹੈ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਕੇ ਹੱਲ ਕਰ ਰਹੀ ਹੈ, ਜਿਸ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਪੰਜਾਬ ਦਾ ਭਲਾ ਸੋਚਣ ਵਾਲੇ ਲੋਕ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਸਰਬਾ ਬਰਾੜ ਬਲਾਕ ਪ੍ਰਧਾਨ ਫੂਲ, ਨਿਰਮਲ ਸਿੰਘ ਨਿੰਮਾ, ਪਰਮਜੀਤ ਸਿੰਘ ਕਾਂਗੜ, ਕ੍ਰਿਸ਼ਨ ਸਿੰਘ ਫੌਜੀ, ਹਰਪ੍ਰੀਤ ਸਿੰਘ ਭੋਡੀਪੁਰਾ ਆਦਿ ਹਾਜ਼ਰ ਸਨ।

## ਵਿਵੇਕਾਨੰਦ ਵਰਲਡ ਸਕੂਲ 'ਚ ਰਾਸ਼ਟਰੀ ਸਿੱਖਿਆ ਨੀਤੀ 'ਤੇ ਸੈਮੀਨਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਿਵੇਕਾਨੰਦ ਵਰਲਡ ਸਕੂਲ 'ਚ ਅਧਿਆਪਕਾਂ ਲਈ ਰਾਸ਼ਟਰੀ ਸਿੱਖਿਆ ਨੀਤੀ 2020 'ਤੇ ਸੈਮੀਨਾਰ ਕੀਤਾ ਗਿਆ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਡਾ: ਐੱਸ. ਐੱਨ. ਰੁਦਰ ਨੇ ਕਿਹਾ ਕਿ ਅੱਜ ਸਕੂਲ ਵਿੱਚ ਸੀ ਬੀ ਐੱਸ ਈ ਨੇ ਭਾਰਤੀ ਸਿੱਖਿਆ ਦੇ ਦ੍ਰਿਸ਼ਟੀਕੋਣ ਵਿੱਚ ਪਰਿਵਰਤਨਸ਼ੀਲ ਸੁਧਾਰਾਂ ਬਾਰੇ ਜਾਣਕਾਰੀ ਦੇਣ ਲਈ ਰਾਸ਼ਟਰੀ ਸਿੱਖਿਆ ਨੀਤੀ 2020 (ਐੱਨਈਪੀ 2020) ਉੱਤੇ ਇੱਕ ਵਿਆਪਕ ਸੈਮੀਨਾਰ ਕੀਤਾ।ਇਸ ਸੈਮੀਨਾਰ ਦੇ ਬੁਲਾਰੇ ਰਾਕੇਸ਼ ਸਹਿਗਲ, ਸੇਵਾਮੁਕਤ ਅੰਗਰੇਜ਼ੀ ਲੈਕਚਰਾਰ ਤੇ ਡੀ.ਏ.ਵੀ. ਕਾਲਜ ਦੇ ਲੈਕਚਰਾਰ ਅਜੇ ਖੋਸਲਾ ਸਨ।ਰਾਸ਼ਟਰੀ ਸਿੱਖਿਆ ਨੀਤੀ 2020 ਭਾਰਤ ਸਰਕਾਰ ਦੁਆਰਾ ਉਜਾਗਰ ਕੀਤੀ ਗਈ, ਸਿੱਖਿਆ ਪ੍ਰਣਾਲੀ ਵਿੱਚ ਇੱਕ ਪੈਰਾਡਾਈਮ ਤਬਦੀਲੀ ਦੀ ਨਿਸ਼ਾਨਦੇਹੀ ਕਰਦੀ ਹੈ, ਸੰਪੂਰਨ ਵਿਕਾਸ, ਲਚਕਤਾ ਤੇ ਬਹੁ-ਅਨੁਸ਼ਾਸਨੀ ਸਿੱਖਿਆ 'ਤੇ ਜ਼ੋਰ ਦਿੰਦੀ ਹੈ।ਸੈਮੀਨਾਰ ਦੌਰਾਨ ਬੁਲਾਰਿਆਂ ਨੇ ਐੱਨਈਪੀ-2020 ਦੇ ਵੱਖ-ਵੱਖ ਪਹਿਲੂਆਂ, ਜਿਸ ਵਿੱਚ ਇਸ ਦੇ ਦ੍ਰਿਸ਼ਟੀਕੋਣ, ਮੂਲ ਸਿਧਾਂਤਾਂ ਤੇ ਪਰਿਵਰਤਨਸ਼ੀਲ ਉਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਸੈਸ਼ਨਾਂ ਵਿੱਚ ਬੁਨਿਆਦੀ ਸਿੱਖਿਆ ਤੇ ਗਣਿਤ, ਵੋਕੇਸ਼ਨਲ ਸਿੱਖਿਆ ਦੇ ਏਕੀਕਰਨ ਅਤੇ ਅਨੁਭਵੀ ਸਿੱਖਿਆ ਨੂੰ ਉਤਸ਼ਾਹਤ ਕਰਨ 'ਤੇ ਐੱਨਈਪੀ-2020 ਦੀ ਮਹੱਤਤਾ ਬਾਰੇ ਵੀ ਵਿਸਥਾਰਪੂਰਵਕ ਦੱਸਿਆ ਗਿਆ।ਨਾਲ ਹੀ, ਮਾਹਰਾਂ ਨੇ ਤਕਨਾਲੋਜੀ ਏਕੀਕਰਨ, ਅਧਿਆਪਕ ਸਿਖਲਾਈ ਤੇ ਮੁਲਾਂਕਣ ਸੁਧਾਰਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ, ਜੋ ਐੱਨਈਪੀ-2020 ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਜ਼ਰੂਰੀ ਹਨ।

# ਡੀ ਸੀ ਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ ਵੱਲੋਂ ਜ਼ਿਲ੍ਹੇ ਦੀਆਂ ਮੁੱਖ ਅਨਾਜ ਮੰਡੀਆਂ ਦਾ ਦੌਰਾ



**ਸੰਗਰੂਰ (ਪ੍ਰਵੀਨ ਸਿੰਘ)**

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਸੰਗਰੂਰ ਦੀਆਂ ਵੱਖ-ਵੱਖ ਮੁੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਖਰੀਦ ਦੇ ਚੱਲ ਰਹੇ ਸਾਰੇ ਪ੍ਰਬੰਧਾਂ ਦਾ ਨਿਰੀਖਣ ਕੀਤਾ। ਡਿਪਟੀ ਕਮਿਸ਼ਨਰ ਨੇ ਅਨਾਜ ਮੰਡੀਆਂ ਵਿੱਚ ਹੁਣ ਤੱਕ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਲਿਫਟਿੰਗ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ।ਇਸੇ ਦੌਰਾਨ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਤਹਿਤ ਸਮੂਹ ਉਪ ਮੰਡਲ ਮੈਜਿਸਟਰੇਟ ਨੇ ਵੀ ਆਪੋ ਆਪਣੀਆਂ ਸਬ ਡਵੀਜ਼ਨਾਂ ਅਧੀਨ ਆਉਂਦੀਆਂ ਮੁੱਖ ਮੰਡੀਆਂ ਦਾ ਦੌਰਾ ਕਰਕੇ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਅਨਾਜ ਮੰਡੀਆਂ ਵਿੱਚ ਮੌਜੂਦ ਕਿਸਾਨਾਂ, ਆੜਤੀਆਂ, ਮਜ਼ਦੂਰਾਂ ਆਦਿ ਨਾਲ ਗੱਲਬਾਤ ਵੀ ਕੀਤੀ।ਉਨ੍ਹਾਂ ਕਿਹਾ ਕਿ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੁਆਰਾ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਸੁੱਕੀ ਫ਼ਸਲ ਦੀ ਨਾਲੋ-ਨਾਲ ਖਰੀਦ ਕਰਨ ਦੀ ਹਦਾਇਤ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਬਹਾਦਰਪੁਰ ਤੇ ਘਰਾਚੋਂ ਵਿਖੇ ਅਨਾਜ ਮੰਡੀਆਂ ਦੇ ਦੌਰੇ ਦੌਰਾਨ ਕਿਹਾ ਕਿ ਜ਼ਿਲ੍ਹਾ ਪੱਧਰ ਤੇ ਉਹ ਖੁਦ ਸਾਰੇ ਪ੍ਰਬੰਧਾਂ ਦੀ ਨਿਗਰਾਨੀ ਨਿਯਮਤ ਤੌਰ 'ਤੇ ਕਰ ਰਹੇ ਹਨ ਅਤੇ ਇਨ੍ਹਾਂ ਕਾਰਜਾਂ ਨਾਲ ਸੰਬੰਧਤ ਸਾਰੇ ਅਧਿਕਾਰੀਆਂ ਨੂੰ ਲਗਾਤਾਰ ਅਨਾਜ ਮੰਡੀਆਂ ਦਾ ਦੌਰਾ ਕਰਨ ਤੇ ਹਰੇਕ ਪ੍ਰਬੰਧ ਨੂੰ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਹੋਏ ਹਨ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 8 ਲੱਖ 10 ਹਜ਼ਾਰ 921 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 7 ਲੱਖ 65 ਹਜ਼ਾਰ 580 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਮਾਰਕਫੈਡ, ਪਨਗ੍ਰੇਨ, ਵੇਅਰ ਹਾਊਸ, ਪਨਸਪ ਆਦਿ ਸਰਕਾਰੀ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ ਨੂੰ ਹਦਾਇਤ ਕੀਤੀ ਕਿ ਉਹ ਲਿਫਟਿੰਗ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨਿਰਧਾਰਤ ਸਮਾਂ ਸੀਮਾ ਅਨੁਸਾਰ ਨੇਪਰੇ ਚੜ੍ਹਾਉਣ।ਜ਼ਿਲ੍ਹੇ ਦੀਆਂ ਮੁੱਖ ਅਨਾਜ ਮੰਡੀਆਂ ਦਾ ਐਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਸ.ਡੀ.ਐਮ. ਸੁਨਾਮ ਪ੍ਰਮੋਦ ਸਿੰਗਲਾ, ਐਸ.ਡੀ.ਐਮ. ਦਿੜ੍ਹਬਾ ਰਾਜੇਸ਼ ਸ਼ਰਮਾ, ਐਸ. ਡੀ. ਐਮ. ਲਹਿਰਾ ਤੇ ਮੂਨਕ ਸੂਬਾ ਸਿੰਘ, ਐਸ.ਡੀ.ਐਮ. ਭਵਾਨੀਗੜ੍ਹ ਵਿਨੀਤ ਕੁਮਾਰ, ਐਸ.ਡੀ.ਐਮ. ਧੂਰੀ ਅਮਿਤ ਕੁਮਾਰ ਤੇ ਡੀਐਫਐਸਸੀ ਮੇਜਰ ਗੁਰਪ੍ਰੀਤ ਸਿੰਘ ਕੰਗ ਸਮੇਤ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਦੌਰਾ ਕਰਕੇ ਕਣਕ ਦੀ ਆਮਦ, ਖਰੀਦ, ਚੁਕਾਈ, ਟਰਾਂਸਪੋਰਟੇਸ਼ਨ ਤੇ ਅਦਾਇਗੀ ਆਦਿ ਦਾ ਜਾਇਜ਼ਾ ਲਿਆ ਗਿਆ।

## ਸੂਬੇ ਦੇ ਚੰਗੇ ਭਵਿੱਖ ਲਈ ਇਮਾਨਦਾਰ ਲੀਡਰਾਂ ਨੂੰ ਅੱਗੇ ਲਿਆਓ : ਅਮੀਤ ਖੁੱਡੀਆਂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸੂਬੇ ਦੇ ਚੰਗੇ ਭਵਿੱਖ ਲਈ ਇਮਾਨਦਾਰ ਲੀਡਰਾਂ ਨੂੰ ਅੱਗੇ ਲਿਆਉਣਾ ਸਮੇਂ ਦੀ ਲੋੜ ਹੈ।ਇਹ ਵਿਚਾਰ ਬਠਿੰਡਾ ਲੋਕ ਸਭਾ ਹਲਕੇ ਤੋਂ ਆਪ ਦੇ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਦੇ ਸਪੁੱਤਰ ਅਮੀਤ ਖੁੱਡੀਆਂ ਨੇ ਸੰਗਤ ਖੇਤਰ ਦੇ ਪਿੰਡ ਜੋਧਪੁਰ ਰੋਮਾਣਾ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।ਉਨ੍ਹਾ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਇਮਾਨਦਾਰ ਲੀਡਰਾਂ ਦੀ ਜ਼ਰੂਰਤ ਹੈ, ਇਸ ਲਈ ਪੰਜਾਬ ਦੇ ਲੋਕ ਇਸ ਵਾਰ ਇਮਾਨਦਾਰ ਤੇ ਸ਼ਰੀਫ ਲੀਡਰਾਂ ਨੂੰ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਣਗੇ।ਉਨ੍ਹਾ ਕਿਹਾ ਕਿ ਬਠਿੰਡਾ ਲੋਕ ਸਭਾ ਹਲਕੇ ਤੋਂ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਚੋਣ ਜਿੱਤ ਕੇ ਹਮੇਸ਼ਾ ਦੀ ਤਰ੍ਹਾਂ ਤੁਹਾਡੀ ਸੇਵਾ ਵਿੱਚ ਹਾਜ਼ਰ ਰਹਿਣਗੇ।ਉਨ੍ਹਾ ਲੋਕਾਂ ਨੂੰ ਪੁੱਛਿਆ ਕਿ ਇਸ ਤੋਂ ਪਹਿਲਾਂ ਬਣੇ ਮੈਂਬਰ ਪਾਰਲੀਮੈਂਟ ਤੁਹਾਨੂੰ ਕਦੇ ਮਿਲੇ ਹਨ ਤਾਂ ਲੋਕਾਂ ਨੇ ਨਾ ਵਿੱਚ ਜਵਾਬ ਦਿੱਤਾ। ਅਮੀਤ ਖੁੱਡੀਆ ਨੇ ਕਿਹਾ ਕਿ ਜਥੇਦਾਰ ਗੁਰਮੀਤ ਸਿੰਘ ਆਮ ਲੋਕਾਂ ਦੀ ਤਰ੍ਹਾਂ ਸਧਾਰਨ ਪਰਿਵਾਰ ਵਿੱਚੋਂ ਹਨ ਤੇ ਉਨ੍ਹਾਂ ਨੂੰ ਕਦੋਂ ਵੀ, ਕਿੱਥੇ ਵੀ ਮਿਲਿਆ ਜਾ ਸਕਦਾ ਹੈ।ਉਨ੍ਹਾ ਕਿਹਾ ਕਿ ਅਸਲ ਵਿੱਚ ਬਠਿੰਡਾ ਲੋਕ ਸਭਾ ਹਲਕੇ ਤੋਂ ਨਿਤਾਣਿਆਂ ਦਾ ਮੁਕਾਬਲਾ ਜਰਵਾਣਿਆਂ ਨਾਲ ਹੋ ਰਿਹਾ।ਰਵਾਇਤੀ ਪਾਰਟੀਆਂ ਦੇ ਉਮੀਦਵਾਰ ਜਗੀਰਦਾਰ ਤੇ ਧਨਾਢ ਹਨ, ਜਿਹੜੇ ਪੈਸੇ ਤੇ ਆਪਣੀ ਜਾਇਦਾਦ ਦਾ ਹੰਕਾਰ ਕਰ ਰਹੇ ਹਨ।ਜਦੋਂਕਿ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਕੋਲ ਲੋਕਾਂ ਦੀ ਵੱਡੀ ਤਾਕਤ ਹੈ।ਇਸ ਮੌਕੇ ਇਕੱਠੀਆਂ ਹੋਈਆਂ ਵੱਡੀ ਗਿਣਤੀ ਔਰਤਾਂ ਨੂੰ ਸੰਬੋਧਨ ਕਰਦਿਆਂ ਅਮੀਤ ਖੁੱਡੀਆਂ ਨੇ ਕਿਹਾ ਕਿ ਆਪਣੇ ਬੱਚਿਆਂ ਦੇ ਭਵਿੱਖ ਲਈ ਉਹ ਜਥੇਦਾਰ ਖੁੱਡੀਆਂ ਨੂੰ ਜਿਤਾ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਹੱਥ ਮਜ਼ਬੂਤ ਕਰਨ।

## ਮੁਫ਼ਤ ਕੋਚਿੰਗ ਕਲਾਸਾਂ ਜਾਰੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਕਮਿਊਨਿਟੀ ਡਿਵੈਲਪਮੈਂਟ ਪ੍ਰੋਗਰਾਮ ਦੇ ਤਹਿਤ ਸਲਾਈਟ ਲੌਂਗੋਵਾਲ ਵੱਲੋਂ ਆਈ.ਸੀ.ਡੀ. (ਡਿਪਲੋਮਾ) ਦਾਖਲਾ ਪ੍ਰੀਖਿਆ ਲਈ ਮੁਫਤ ਕੋਚਿੰਗ ਕਲਾਸਾਂ ਸਫਲਤਾਪੂਰਵਕ ਆਯੋਜਿਤ ਕੀਤੀਆਂ ਜਾ ਰਹੀਆਂ ਹਨ।ਇਸ ਸਮੇਂ ਆਸ-ਪਾਸ ਦੇ 220 ਦੇ ਕਰੀਬ ਵਿਦਿਆਰਥੀ ਕਲਾਸਾਂ 'ਚ ਹਾਜ਼ਰੀ ਭਰ ਰਹੇ ਹਨ।ਸਲਾਈਟ ਨਿਰਦੇਸ਼ਕ ਪ੍ਰੋ. ਮਣੀਕਾਂਤ ਪਾਸਵਾਨ ਨੇ ਪ੍ਰਬੰਧਕਾਂ ਪ੍ਰੋ. ਸੀ.ਐਸ. ਰਿਆੜ, ਪ੍ਰੋ. ਐਸ.ਐਸ. ਵਰਮਾ ਤੇ ਪ੍ਰੋ. ਜੇ.ਆਰ. ਸ਼ਰਮਾ ਦੇ ਨਾਲ ਕੋਚਿੰਗ ਸੈਂਟਰ ਦਾ ਦੌਰਾ ਕੀਤਾ।

ਡਾਇਰੈਕਟਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਤੇ ਸਥਾਨਕ ਖੇਤਰ ਦੇ ਵਿਕਾਸ ਅਤੇ ਸਿੱਖਿਆ ਲਈ ਸਲਾਈਟ ਵੱਲੋਂ ਕੀਤੇ ਗਏ ਵਿਕਾਸ ਪਹਿਲਕਦਮੀਆਂ ਬਾਰੇ ਜਾਣੂ ਕਰਾਇਆ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



page-6-29-Apri.-2024.qxd 4/28/2024 9:13 PM Page 1



# ਸੰਵਿਧਾਨ ਤੇ ਦੇਸ਼ ਪ੍ਰਤੀ ਭਾਜਪਾ ਦੀ ਨੀਅਤ ਸਾਫ਼ ਨਹੀਂ : ਜਸਵੰਤ ਰਾਓ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਪ੍ਰਬੁੱਧਾ ਰੀਪਬਲਿਕਨ ਪਾਰਟੀ ਇੰਡੀਆ ਦੇ ਕੌਮੀ ਪ੍ਰਧਾਨ ਅਤੇ ਲੋਕ ਸਭਾ ਹੁਸ਼ਿਆਰਪੁਰ ਤੋਂ ਉਮੀਦਵਾਰ ਭੀਮ ਰਾਓ ਜਸਵੰਤ ਰਾਓਂ ਅੰਬੇਡਕਰ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਿਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੇਟੇ ਜਸਵੰਤ ਰਾਓਂ ਅੰਬੇਡਕਰ ਨੇ 1962 ਵਿੱਚ ਹੁਸ਼ਿਆਰਪੁਰ ਤੋਂ ਰਿਪਬਲਿਕਨ ਪਾਰਟੀ ਇੰਡੀਆ ਵਲੋਂ ਲੋਕ ਸਭਾ ਦੀ ਚੋਣ ਲੜੀ ਸੀ ਜੋ ਕਿ 9 ਹਜ਼ਾਰ ਵੋਟ ਦੇ ਫਰਕ ਨਾਲ ਹਾਰ ਗਏ ਸਨ।ਉਨ੍ਹਾਂ ਨੇ ਸਿਰਫ 40 ਦਿਨ ਪ੍ਰਚਾਰ ਕੀਤਾ ਸੀ, ਉਸ ਸਮੇਂ ਰਿਪਬਲਿਕਨ ਪਾਰਟੀ ਦਾ ਬਹੁਤ ਜੋਰ ਸੀ। ਉਨ੍ਹਾਂ ਦੱਸਿਆ ਕਿ ਬਾਬਾ ਸਾਹਿਬ ਅੰਬੇਡਕਰ ਦੇ ਆਦਰਸ਼ਾਂ ਨੂੰ ਲੈ ਕੇ ਉਹ ਲੋਕ ਸਭਾ ਹੁਸ਼ਿਆਰਪੁਰ ਤੋਂ ਆਪਣੇ ਪੇਪਰ ਦਾਖਲ ਕਰਨਗੇ ਤੇ ਚੋਣ ਲੜ ਕੇ ਜਿੱਤ ਪ੍ਰਾਪਤ ਕਰਨਗੇ, ਜਿਸ ਲਈ ਉਹ ਪਿਛਲੇ ਛੇ ਮਹੀਨੇ ਤੋਂ ਤਿਆਰੀ ਵਿੱਚ ਲੱਗੇ ਹੋਏ ਹਨ। ਇਕ ਸਵਾਲ ਦੇ ਜਬਾਬ ਵਿਚ ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਦਸ ਸਾਲਾਂ ਤੋਂ ਰਾਜ ਕਰ ਰਹੀ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੀ ਨੀਅਤ ਦੇਸ਼ ਅਤੇ ਸੰਵਿਧਾਨ ਪ੍ਰਤੀ ਸਾਫ ਨਹੀਂ ਹੈ ਬਦਨੀਤ ਹੋ ਚੁੱਕੀ ਹੈ।ਇਸੇ ਕਰਕੇ ਭਾਜਪਾ ਦੇ ਆਗੂ, ਮੰਤਰੀ ਅਤੇ ਆਰ ਐਸ ਐਸ ਦੇ ਲੋਕ ਸੰਵਿਧਾਨ ਬਦਲਣ, ਰਾਖਵਾਂਕਰਨ ਖਤਮ ਕਰਨ ਵਰਗੇ ਗੈਰ ਸੰਵਿਧਾਨਕ, ਗੈਰ ਜਿੰਮੇਵਰਾਨਾ ਬਿਆਨ ਦਿੰਦੇ ਰਹਿੰਦੇ ਹਨ।ਇਕ ਹੋਰ ਸਵਾਲ ਦੇ ਜਬਾਬ ਵਿਚ ਉਨ੍ਹਾਂ ਕਿਹਾ ਕਿਸਾਨ ਸੜਕਾਂ 'ਤੇ ਧਰਨੇ ਲਗਾ ਕੇ ਬੈਠੇ ਹਨ, ਪਰ ਸਰਕਾਰ ਉਨ੍ਹਾਂ ਦੀ ਗੱਲ ਨਹੀਂ ਸੁਣ ਰਹੀ ਜੋ ਕਿ ਦੇਸ਼ ਦੇ ਅੰਨਦਾਤਾ ਕਿਸਾਨਾਂ ਮਜ਼ਦੂਰਾਂ ਨਾਲ ਵੱਡਾ ਅਨਿਆਏ ਅਤੇ ਧੋਖਾ ਹੈ।ਉਨ੍ਹਾਂ ਕਿਹਾ ਉਹ ਲੋਕ ਸਭਾ ਹੁਸ਼ਿਆਰਪੁਰ ਤੋਂ ਜਿੱਤ ਪ੍ਰਾਪਤ ਕਰਕੇ ਲੋਕ ਸਭਾ ਅੰਦਰ ਕਿਸਾਨਾਂ ਦੇ ਮਸਲੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਣਗੇ।ਭੀਮ ਰਾਓ ਜਸਵੰਤ ਰਾਓਂ ਨੇ ਕਿਹਾ ਮਹਿੰਗਾਈ, ਬੇਰੁਜ਼ਗਾਰੀ ਇਸ ਦੇਸ਼ ਦੀ ਸਭਤੋਂ ਵੱਡੀ ਸਮੱਸਿਆ ਹੈ ਜਿਸਨੂੰ ਹੱਲ ਕਰਨ ਵਿੱਚ ਕੇਂਦਰ ਦੀ ਮੋਦੀ ਸਰਕਾਰ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ।ਉਨ੍ਹਾਂ ਕਿਹਾ ਮੋਦੀ ਇਕ ਤਾਨਾਸ਼ਾਹ ਪ੍ਰਧਾਨ ਮੰਤਰੀ ਹੈ ਜੋ ਕਿਸੇ ਨੂੰ ਵੀ ਬਿਨਾਂ ਜਾਂਚ ਕਰਾਏ ਜੇਲ ਭੇਜ ਸਕਦਾ ਹੈ।ਉਨ੍ਹਾਂ ਕਿਹਾ ਭਾਜਪਾ ਝੂਠ ਅਤੇ ਨਫਰਤ ਦੀ ਰਾਜਨੀਤੀ ਕਰਦੀ ਹੈ, ਅਗਰ ਦਵਾਰਾ ਦੇਸ਼ ਅੰਦਰ ਮੋਦੀ ਸਰਕਾਰ ਬਣੀ ਤਾਂ ਫਿਰ ਚੋਣਾਂ ਨਹੀਂ ਹੋਣਗੀਆਂ। ਉਨ੍ਹਾਂ ਕਿਹਾ ਸੰਵਿਧਾਨ ਅਤੇ ਦੇਸ਼ ਨੂੰ ਬਚਾਉਣ ਲਈ ਭਾਜਪਾ, ਕਾਂਗਰਸ ਤੇ ਆਪ ਵਰਗੀਆਂ ਮਜ਼ਦੂਰ, ਕਿਸਾਨ, ਛੋਟਾ ਵਪਾਰੀ ਵਿਰੋਧੀ ਸੋਚ ਵਾਲੀਆਂ ਪਾਰਟੀਆਂ ਨੂੰ ਹਰਾਉਣਾ ਬਹੁਤ ਜਰੂਰੀ ਹੈ।ਡਾ. ਅੰਬੇਡਕਰ ਸਾਹਿਬ ਦੇ ਸੰਵਿਧਾਨ ਰਾਹੀਂ ਮਿਲੀ ਵੋਟ ਦੀ ਤਾਕਤ ਨਾਲ ਇਨ੍ਹਾਂ ਸੰਵਿਧਾਨ ਵਿਰੋਧੀ ਪਾਰਟੀਆਂ ਨੂੰ ਹਰਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਮੈਨੂੰ ਵਿਸ਼ਵਾਸ ਹੈ ਕਿ ਕਿਸਾਨ, ਮਜ਼ਦੂਰ, ਵਪਾਰੀ, ਨੌਜਵਾਨ ਹਰ ਵਰਗ ਆਪਣਾ ਭਾਰੀ ਸਮਰਥਨ ਦੇ ਕੇ ਜਰੂਰ ਸਫਲ ਬਣਾਉਣਗੇ।ਇਸ ਮੌਕੇ ਪੰਜਾਬ ਮਾਮਲਿਆਂ ਦੇ ਇੰਚਾਰਜ ਓਮ ਪ੍ਰਕਾਸ਼ ਇੰਦਲ ਅਤੇ ਸੰਤੋਸ਼ ਕੁਮਾਰੀ ਪੰਜਾਬ ਪ੍ਰਧਾਨ ਵੀ ਹਾਜ਼ਰ ਸਨ।

# ਹਰਬੰਸ ਹੀਓਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪੰਜਾਬ ਦੇ ਕੋਨੇ-ਕੋਨੇ ਤੋਂ ਪਹੁੰਚੇ ਸੰਘਰਸ਼ਸ਼ੀਲ ਲੋਕ ਆਗੂ

**ਬੰਗਾ (ਅਵਤਾਰ ਕਲੇਰ)**-ਹਰਬੰਸ ਹੀਓਂ ਇਲਾਕੇ ਵਿਚ ਇਨਕਲਾਬੀ-ਜਮਹੂਰੀ ਤੇ ਲੋਕ-ਪੱਖੀ ਸਾਹਿਤਕ ਸਰਗਰਮੀਆਂ ਦਾ ਧੁਰਾ ਸਨ। ਉਨ੍ਹਾ ਦਾ ਤੁਰ ਜਾਣਾ ਸਾਹਿਤਕ ਤੇ ਸੰਘਰਸ਼ਸ਼ੀਲ ਹਲਕਿਆਂ ਲਈ ਇਕ ਵੱਡਾ ਖੱਪਾ ਹੈ, ਜਿਸ ਨੂੰ ਛੇਤੀਂ ਕੀਤਿਆਂ ਪੂਰਾ ਨਹੀਂ ਕੀਤਾ ਜਾ ਸਕਦਾ। ਪਰ ਉਨ੍ਹਾਂ ਦੇ ਲੋਕ-ਪੱਖੀ ਕੰਮ ਹਮੇਸ਼ਾ ਯਾਦ ਰਹਿਣਗੇ। ਇਹ ਵਿਚਾਰ ਅੱਜ ਪਿੰਡ ਹੀਓਂ ਵਿਖੇ ਹਰਬੰਸ ਹੀਓਂ ਦੀ ਯਾਦ 'ਚ ਆਯੋਜਿਤ ਕੀਤੇ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ, ਪਲਸ ਮੰਚ ਦੇ ਸੂਬਾ ਪ੍ਰਧਾਨ ਅਮੋਲਕ ਸਿੰਘ, ਸੀ ਪੀ ਆਈ ਐੱਮ ਐੱਲ ਦੇ ਸੂਬਾਈ ਆਗੂ ਕੁਲਵਿੰਦਰ ਸਿੰਘ ਵੜੈਚ, ਪੰਜਾਬ ਜਮਹੂਰੀ ਮੋਰਚਾ ਦੇ ਸੂਬਾਈ ਆਗੂ ਸਵਰਨਜੀਤ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਗੁਰਮੀਤ ਸਿੰਘ ਮਹਿਮਾ, ਪ੍ਰਗਤੀਸ਼ੀਲ ਲੇਖਕ ਸੰਘ ਦੇ ਪ੍ਰਧਾਨ ਪ੍ਰੋਫੈਸਰ ਸੁਰਜੀਤ ਜੱਜ, ਕਿਸਾਨ ਕਮੇਟੀ ਦੇ ਆਗੂ ਹਰਪਾਲ ਸੰਘਾ, ਇਨਕਲਾਬੀ ਗਾਇਕਾ ਇਕਬਾਲ ਕੌਰ ਉਦਾਸੀ, ਸੁਰਿੰਦਰ ਸਿੰਘ, ਹਲਕਾ ਵਿਧਾਇਕ ਸੁਖਵਿੰਦਰ ਸੁੱਖੀ, ਆਪ ਦੇ ਹਲਕਾ ਇੰਚਾਰਜ ਕੁਲਜੀਤ ਸਰਹਾਲ, ਬਸਪਾ ਆਗੂ ਪ੍ਰਵੀਨ ਬੰਗਾ ਅਤੇ ਹੋਰ ਬੁਲਾਰਿਆਂ ਨੇ ਪੇਸ਼ ਕੀਤੇ। ਬੁਲਾਰਿਆਂ ਨੇ ਕਿਹਾ ਕਿ ਹਰਬੰਸ ਹੀਓਂ ਨੇ ਇਕ ਦੱਬੇ-ਕੁਚਲੇ ਸਾਧਾਰਨ ਕਿਰਤੀ ਪਰਵਾਰ ਵਿਚ ਜਨਮ ਲੈ ਕੇ ਜਿੱਥੇ ਅਧਿਆਪਨ ਦੇ ਖੇਤਰ ਵਿਚ ਨਾਮਣਾ ਖੱਟਿਆ, ਉੱਥੇ ਨਾਲ-ਨਾਲ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਲੋਕ-ਪੱਖੀ ਸਾਹਿਤਕ ਅਤੇ ਇਨਕਲਾਬੀ ਜਮਹੂਰੀ ਜਥੇਬੰਦੀਆਂ ਵਿਚ ਸਰਗਰਮ ਭੂਮਿਕਾ ਨਿਭਾ ਕੇ ਲੋਕਾਈ ਨੂੰ ਚੇਤਨਾ ਦਾ ਚਾਨਣ ਵੰਡਣ ਦੇ ਲੇਖੇ ਲਾਇਆ। ਉਨ੍ਹਾਂ ਦਾ ਲਾਇਲਾਜ ਬਿਮਾਰੀ ਦਾ ਬੁਲੰਦ ਹੌਂਸਲੇ ਨਾਲ ਮੁਕਾਬਲਾ ਕਰਨਾ ਅਤੇ ਹਰ ਤਰ੍ਹਾਂ ਦੇ ਰੂੜ੍ਹੀਵਾਦੀ ਧਾਰਮਿਕ ਕਰਮਕਾਡਾਂ ਨੂੰ ਤਿਆਗ ਕੇ ਆਪਣੇ ਅੰਤਮ ਸੰਸਕਾਰ ਦੀ ਵਸੀਅਤ ਕਰਨਾ ਅਤੇ ਪਰਵਾਰ ਵੱਲੋਂ ਉਨ੍ਹਾਂ ਨੂੰ ਸੂਹੇ ਕਮਿਊਨਿਸਟ ਝੰਡੇ ਵਿਚ ਲਪੇਟ ਕੇ



ਨਾਅਰਿਆਂ ਦੀ ਗੂੰਜ ਵਿਚ ਵਿਦਾਇਗੀ ਦੇਣਾ ਦਰਸਾਉਂਦਾ ਹੈ ਕਿ ਉਹ ਆਪਣੇ ਵਿਚਾਰਧਾਰਕ ਅਕੀਦੇ ਦੇ ਕਿੰਨੇ ਮਜ਼ਬੂਤ ਸਨ। ਉਨ੍ਹਾਂ ਦੀ ਇਹ ਬਹੁਪੱਖੀ ਘਾਲਣਾ ਇਤਿਹਾਸ ਦੇ ਪੰਨਿਆਂ 'ਤੇ ਹਮੇਸ਼ਾ ਲਈ ਉੱਕਰੀ ਗਈ ਹੈ। ਬੁਲਾਰਿਆਂ ਨੇ ਕਿਹਾ ਕਿ ਅੱਜ ਉਹ ਲੋਕ ਸੱਤਾ ਤੇ ਕਾਬਜ਼ ਹਨ ਜਿਨ੍ਹਾਂ ਦਾ ਦੇਸ਼ ਦੀ ਆਜ਼ਾਦੀ ਲਈ ਕੋਈ ਵੀ ਯੋਗਦਾਨ ਨਹੀਂ। ਕੇਂਦਰ ਦੀ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਲੁੱਟਣ ਦੀ ਖੁੱਲ੍ਹੀ ਛੋਟ ਦਿੱਤੀ ਹੋਈ ਹੈ। ਮਾਸਟਰ ਹਰਬੰਸ ਹੀਓਂ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਨ੍ਹਾਂ ਵਲੋਂ ਵਿੱਢਿਆ ਹੋਇਆ ਕਾਫਲਾ ਜਾਰੀ ਰੱਖੀਏ। ਇਸ ਮੌਕੇ ਇੰਗਲੈਂਡ, ਕੈਨੇਡਾ ਅਤੇ ਹੋਰ ਦੇਸ਼ਾਂ ਤੋਂ ਸਾਹਿਤਕ ਸੱਭਿਆਚਾਰਕ ਜਥੇਬੰਦੀਆਂ, ਉਨ੍ਹਾਂ ਦੇ ਦਰਜਨਾਂ ਸੰਗੀ-ਸਾਥੀਆਂ ਅਤੇ ਹੋਰ ਸਨੇਹੀਆਂ ਵੱਲੋਂ ਭੇਜੇ ਸ਼ੋਕ ਮਤੇ ਪੜ੍ਹੇ ਗਏ। ਇਸ ਮੌਕੇ ਪੰਜਾਬੀ ਸਾਹਿਤ ਸਭਾ ਖਟਕੜ ਕਲਾਂ ਵੱਲੋਂ ਉਨ੍ਹਾਂ ਦੀ ਯਾਦ ਵਿਚ ਹਰ ਸਾਲ ਸਾਹਿਤਕ ਐਵਾਰਡ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਸੈਂਕੜਿਆਂ ਦੀ ਗਿਣਤੀ 'ਚ ਪਿੰਡ ਵਾਸੀਆਂ ਅਤੇ ਸਕੇ-ਸੰਬੰਧੀਆਂ ਤੋਂ ਇਲਾਵਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਦਲਿਤ ਤੇ ਮਜ਼ਦੂਰ ਮੁਕਤੀ ਮੋਰਚਾ, ਜਮਹੂਰੀ ਅਧਿਕਾਰ ਸਭਾ, ਡੈਮੋਕਰੇਟਿਕ ਟੀਚਰਜ਼ ਫਰੰਟ, ਤਰਕਸ਼ੀਲ ਸੁਸਾਇਟੀ, ਸਾਹਿਤ ਤੇ ਲੇਖਕ ਸਭਾਵਾਂ ਦੇ ਆਗੂਆਂ ਅਤੇ ਕਾਰਕੁਨਾਂ ਗੁਰਮੀਤ ਸਿੰਘ ਦਿੱਤੂਪੁਰ, ਬਲਵੀਰ ਸਿੰਘ ਰੰਧਾਵਾ, ਜੁਗਰਾਜ ਟੱਲੇਵਾਲ, ਬੂਟਾ ਸਿੰਘ ਮਹਿਮੂਦਪੁਰ, ਪ੍ਰਸਿੱਧ ਬੁੱਧੀਜੀਵੀ ਪ੍ਰੋਫੈਸਰ ਬਾਵਾ ਸਿੰਘ, ਸੁਰਿੰਦਰ ਸਿੰਘ ਲੁਧਿਆਣਾ, ਜਸਵੀਰ ਦੀਪ, ਬਲਵੀਰ ਸਿੰਘ ਰੰਧਾਵਾ, ਇੰਜੀਨੀਅਰ ਨਰਦੇਵ ਸਿੰਘ, ਗੁਰਪ੍ਰੀਤ ਕੌਰ, ਇਸਤਰੀ ਜਾਗਰਿਤੀ ਮੰਚ ਦੀ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਤਰਕਸ਼ੀਲ ਸੁਸਾਇਟੀ ਦੇ ਸੂਬਾਈ ਆਗੂ ਜਸਵਿੰਦਰ ਫ਼ਗਵਾੜਾ, ਰਿਟਾਇਰਡ ਪ੍ਰਿੰਸੀਪਲ ਮੋਹਣ ਲਾਲ ਰਾਹੀ, ਕਵੀ ਜਸਵੰਤ ਖਟਕੜ, ਗੀਤਕਾਰ ਸ਼ਮਸ਼ੇਰ ਸੰਧੂ, ਸੋਮਾ ਸਬਲੋਕ, ਡਾ. ਗੁਰਜੰਟ ਸਿੰਘ, ਕਵੀ ਤਲਵਿੰਦਰ ਸ਼ੇਰਗਿੱਲ, ਇਨਕਲਾਬੀ ਗਾਇਕ ਧਰਮਿੰਦਰ ਮਸਾਣੀ, ਕਹਾਣੀਕਾਰ ਅਜਮੇਰ ਸਿੱਧੂ, ਕਿਸਾਨ ਆਗੂ ਸੁਰਿੰਦਰ ਸਿੰਘ ਬੈਂਸ, ਤਲਵਿੰਦਰ ਹੀਰ ਤੇ ਚਰਨਜੀਤ ਚੰਨੀ, ਪੱਤਰਕਾਰ ਹਰਮੇਸ਼ ਵਿਰਦੀ, ਅਵਤਾਰ ਕਲੇਰ, ਚਰਨਜੀਤ ਸੱਲਾਂ, ਸੁਰਿੰਦਰ ਸਿੰਘ ਕਰਮ, ਨਰਿੰਦਰ ਮਾਹੀ, ਕਵੀ ਦੀਪ ਕਲੇਰ, ਤੀਰਥ ਰਾਮ ਰਸੂਲਪੁਰੀ, ਡਾ. ਗੁਰਮੀਤ ਸਿੰਘ, ਰਵਿੰਦਰ ਸਿੰਘ ਝਿੱਕਾ, ਬਾਵਾ ਸਿੰਘ ਅਟਵਾਲ, ਸ਼ਿੰਗਾਰਾ ਸਿੰਘ ਲੰਗੇਰੀ, ਇੰਜੀਨੀਅਰ ਹਰਪਾਲ ਸਿੰਘ, ਐਡਵੋਕੇਟ ਪਰਮਜੀਤ ਸਿੰਘ ਖੱਟੜਾ, ਮੋਹਣ ਬੀਕਾ, ਡਾ. ਨਰੰਜਣ ਪਾਲ, ਧਰਮਵੀਰ ਪਾਲ ਹੀਓਂ , ਦਲਵੀਰ ਕਾਨੂੰਗੋ, ਡਾ. ਹਰੀ ਵਿਲਾਸ, ਖੁਸ਼ੀਰਾਮ ਗੁਣਾਚੌਰ, ਸਮੇਤ ਇਲਾਕੇ ਦੀਆਂ ਬਹੁਤ ਸਾਰੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਬਾਬਾ ਬੁੱਢਾ ਪਬਲਿਕ ਸਕੂਲ ਬੀੜ ਸਾਹਿਬ ਦਾ ਦਸਵੀਂ ਦਾ ਨਤੀਜਾ ਸੌ ਫੀਸਦੀ



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦਾ ਦਸਵੀਂ ਕਲਾਸ ਦਾ ਨਤੀਜਾ 100 ਫੀਸਦੀ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਬੋਰਡ ਦੇ ਨਤੀਜਿਆਂ ਵਿੱਚ ਸਕੂਲ ਵਿਦਿਆਰਥਣ ਕੋਮਲਜੀਤ ਕੌਰ (87.5%) ਨੇ ਪਹਿਲਾ ਸਥਾਨ, ਰੁਪਿੰਦਰ ਕੌਰ (85.3%) ਨੇ ਦੂਸਰਾ ਸਥਾਨ, ਸੁਖਮਨਪ੍ਰੀਤ ਕੌਰ (84.4%) ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਪ੍ਰਿੰ. ਤਰਨਜੀਤ ਸਿੰਘ ਨੇ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਅਤੇ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕਰਦਿਆਂ ਆਖਿਆ ਕਿ ਜੋ ਵਿਦਿਆਰਥੀ ਪੜ੍ਹਾਈ ਲਗਨ ਤੇ ਮਿਹਨਤ ਨਾਲ ਕਰਦੇ ਹਨ, ਉਹ ਹੀ ਬੁਲੰਦੀਆਂ ਨੂੰ ਹਾਸਲ ਕਰਦੇ ਹਨ। ਉਨ੍ਹਾਂ ਕਿਹਾ ਕਿ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਹਰ ਸਾਲ ਡਾ. ਸੰਦੀਪ ਕੌਰ ਅਮਰੀਕਾ ਵੱਲੋਂ 50000 ਰੁਪਏ (ਕ੍ਰਮਵਾਰ 25000, 15000, 10000 ਰੁਪਏ) ਦੀ ਵਜ਼ੀਫਾ ਰਾਸ਼ੀ ਦੇ ਕੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਜਾਂਦੀ ਹੈ। ਇਸ ਮੌਕੇ ਗੁਰਮੀਤ ਸਿੰਘ, ਮਨਿੰਦਰ ਸਿੰਘ, ਮੈਡਮ ਕੁਲਜਿੰਦਰ ਕੌਰ, ਦਵਿੰਦਰਪਾਲ ਕੌਰ, ਗੁਰਦੀਪ ਸਿੰਘ, ਰੁਪਿੰਦਰਬੀਰ ਸਿੰਘ, ਜਸਵਿੰਦਰ ਕੌਰ, ਸਿਮਰਨ ਕੌਰ, ਅਕਵਿੰਦਰ ਕੌਰ, ਰਾਜਬੀਰ ਕੌਰ, ਤਰਸੇਮ ਸਿੰਘ, ਜਗਮੀਤ ਸਿੰਘ, ਭੁਪਿੰਦਰ ਸਿੰਘ ਆਦਿ ਸਕੂਲ ਸਟਾਫ ਨੇ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ

**ਗੁਰਦਾਸਪੁਰ, (ਜਨਕ ਮਹਾਜਨ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ। ਗੁਰਦਾਸਪੁਰ ਜ਼ਿਲ੍ਹਾ ਕਣਕ ਦੀ ਖ਼ਰੀਦ ਦੌਰਾਨ ਕਿਸਾਨਾਂ ਨੂੰ ਸਭ ਤੋਂ ਪਹਿਲਾਂ ਤੇ ਜਲਦ ਅਦਾਇਗੀ ਕਰਨ ਵਿੱਚ ਸੂਬੇ ਭਰ ਵਿੱਚੋਂ ਮੋਹਰੀ ਚੱਲ ਰਿਹਾ ਹੈ। ਇਸ ਤੋਂ ਇਲਾਵਾ ਖ਼ਰੀਦੀ ਗਈ ਕਣਕ ਦੀ ਲਿਫ਼ਟਿੰਗ ਕਰਨ ਦੇ ਮਾਮਲੇ ਵਿੱਚ ਵੀ ਜ਼ਿਲ੍ਹਾ ਗੁਰਦਾਸਪੁਰ ਸੂਬੇ 'ਚੋਂ ਤੀਸਰੇ ਸਥਾਨ 'ਤੇ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 199431 ਮੀਟਰਿਕ ਟਨ ਕਣਕ ਪਹੁੰਚ ਚੁੱਕੀ ਹੈ ਜਿਸ ਵਿੱਚੋਂ 179708 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਏਜੰਸੀ ਵਾਈਜ਼ ਖ਼ਰੀਦ ਦਾ ਬਿਉਰਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਖ਼ਰੀਦ ਏਜੰਸੀ ਪਨਗਰੇਨ ਨੇ 5720 ਮੀਟਰਿਕ ਟਨ, ਮਾਰਕਫੈੱਡ ਨੇ 38296 ਮੀਟਰਿਕ ਟਨ, ਪਨਸਪ ਨੇ 44553 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 37099 ਮੀਟਰਿਕ ਟਨ ਅਤੇ ਐੱਫ਼ਸੀਆਈ ਨੇ 2490 ਮੀਟਰਿਕ ਟਨ ਕਣਕ ਖ਼ਰੀਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਸਭ ਤੋਂ ਪਹਿਲਾਂ ਤੇ ਜਲਦ ਅਦਾਇਗੀ ਕਰਨ ਵਿੱਚ ਸੂਬੇ ਭਰ ਵਿੱਚੋਂ ਮੋਹਰੀ ਚੱਲ ਰਿਹਾ ਹੈ ਅਤੇ ਬੀਤੀ ਸ਼ਾਮ ਤੱਕ ਕਿਸਾਨਾਂ ਨੂੰ 257.4 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਖ਼ਰੀਦ ਏਜੰਸੀਆਂ ਨੂੰ ਇਹ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਕਿਸਾਨਾਂ ਦੀ ਜਿਣਸ ਨੂੰ ਖ਼ਰੀਦ ਕੇ ਬਿਨਾਂ ਕਿਸੇ ਦੇਰੀ ਉਸਦੀ ਅਦਾਇਗੀ ਕੀਤੀ ਜਾਵੇ। ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਆਵੇ, ਇਸ ਲਈ ਖ਼ਰੀਦੀ ਗਈ ਕਣਕ ਦੀ ਲਿਫ਼ਟਿੰਗ ਵੀ ਨਾਲ ਦੀ ਨਾਲ ਹੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਣਕ ਦੀ ਲਿਫ਼ਟਿੰਗ ਕਰਨ ਦੇ ਮਾਮਲੇ ਵਿੱਚ ਵੀ ਜ਼ਿਲ੍ਹਾ ਗੁਰਦਾਸਪੁਰ ਸੂਬੇ ਵਿੱਚ ਤੀਸਰੇ ਸਥਾਨ 'ਤੇ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚੋਂ ਬੀਤੀ ਸ਼ਾਮ ਤੱਕ 61651.5 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਲਿਫ਼ਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਵੀ ਕੀਤੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਣਕ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

# ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਵੱਲੋਂ ਅਹਿਮ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਦੀ ਇੱਕ ਅਹਿਮ ਮੀਟਿੰਗ ਹਰਦੇਵ ਸਿੰਘ ਕੌਸ਼ਲ ਪ੍ਰਧਾਨ ਇੰਡੀਆ ਦੀ ਅਗਵਾਈ ਹੇਠ ਸਥਾਨਕ ਮੋਤੀ ਮਹਿਲ ਰੈਸਟੋਰੈਂਟ ਹੁਸ਼ਿਆਰਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਸਿੰਘਪੁਰ ਬਰਨਾਲਾ ਦੇ ਪ੍ਰਧਾਨ ਹਰਬੰਸ ਸਿੰਘ ਅਤੇ ਹੋਰਨਾਂ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 301ਵੇਂ ਜਨਮ ਦਿਨ ਨੂੰ ਮਨਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਡੀਆ ਪ੍ਰਧਾਨ ਹਰਦੇਵ ਸਿੰਘ ਕੌਸ਼ਲ ਨੇ ਦੱਸਿਆ ਕਿ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਅਤੇ ਆਲ ਇੰਡੀਆ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਕੌਮੀ ਮਹਾਨ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਸੂਬਾ ਪੱਧਰੀ ਜਨਮ ਦਿਹਾੜਾ 13 ਮਈ ਦਿਨ ਸੋਮਵਾਰ ਨੂੰ ਗੁਰਦੁਆਰਾ ਬਾਬਾ ਸੇਵਾ ਸਿੰਘ ਹਾਲ ਸੁਲਤਾਨ ਵਿੰਡ ਗੇਟ ਅੰਮ੍ਰਿਤਸਰ ਵਿਖੇ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਚੇਅਰਮੈਨ ਪੇਡਾ ਐੱਚ. ਐੱਸ. ਹੰਸਪਾਲ ਸਾਬਕਾ ਮੈਂਬਰ ਪਾਰਲੀਮੈਂਟ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦਾ ਪੋਤਾ ਇੰਦਰਜੀਤ ਸਿੰਘ ਬੱਬੂ, ਐੱਮਐੱਲਏ ਇੰਦਰਬੀਰ ਸਿੰਘ ਨਿੱਝਰ, ਐੱਮਐੱਲਏ ਜੀਵਨਜੋਤ ਕੌਰ ਅਤੇ ਜਤਿੰਦਰ ਪਾਲ ਸਿੰਘ ਗਾਗੀ ਪ੍ਰਧਾਨ ਰਾਮਗੜ੍ਹੀਆ ਬੋਰਡ ਦਿੱਲੀ ਸ਼ਿਰਕਤ ਕਰਨਗੇ। ਉਨ੍ਹਾਂ ਨੇ ਦੱਸਿਆ ਕਿ ਇਸ ਵਾਰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਐਵਾਰਡ ਰਾਮਗੜ੍ਹੀਆ ਭਾਈਚਾਰੇ ਦੀ ਮਹਾਨ ਸ਼ਖ਼ਸੀਅਤ ਓਂਕਾਰ ਸਿੰਘ ਸੰਧੂ ਅਤੇ ਪਿਆਰਾ ਸਿੰਘ ਮਠਾਰੂ ਨੂੰ ਦਿੱਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਬੰਸ ਸਿੰਘ ਪ੍ਰਧਾਨ ਮਹਾਰਾਜਾ ਜੱਸਾ ਸਿੰਘ ਮੈਮੋਰੀਅਲ ਐਜੂਕੇਸ਼ਨਲ ਸੋਸਾਇਟੀ ਸਿੰਘਪੁਰ ਬਰਨਾਲਾ ਨੇ ਦੱਸਿਆ ਕਿ ਇਸ ਵਾਰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ 5 ਮਈ ਦਿਨ ਐਤਵਾਰ ਨੂੰ ਕਿਲ੍ਹਾ ਸਿੰਘਪੁਰ ਬਰਨਾਲਾ ਨਜ਼ਦੀਕ ਦਸੂਹਾ ਜ਼ਿਲਾ ਹੁਸ਼ਿਆਰਪੁਰ ਵਿਖੇ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਬਲਵਿੰਦਰ ਸਿੰਘ ਯੂਏਈ ਅਤੇ ਵਿਸ਼ੇਸ਼ ਮਹਿਮਾਨ ਸੰਤੋਸ਼ ਕੁਮਾਰ ਤੋਸ਼ੀ ਦਸੂਹਾ ਸ਼ਾਮਿਲ ਹੋਣਗੇ। ਇਸ ਮੀਟਿੰਗ ਵਿੱਚ ਕੁਲਦੀਪ ਸਿੰਘ ਖਾਂਬਾ ਚੇਅਰਮੈਨ ਇੰਡੀਆ, ਸਤਵੰਤ ਸਿੰਘ ਸਿਆਣ ਸਕੱਤਰ ਜਨਰਲ ਇੰਡੀਆ, ਗੁਰਬਿੰਦਰ ਸਿੰਘ ਪਲਾਹਾ ਪ੍ਰੈੱਸ ਸਕੱਤਰ ਇੰਡੀਆ, ਗੁਰਦੇਵ ਸਿੰਘ ਪਵਾਰ, ਪਰਮਜੀਤ ਸਿੰਘ ਕਲਿਆਣ, ਅਮਰਜੀਤ ਸਿੰਘ ਆਸੀ, ਬਾਬਾ ਪਰਮਿੰਦਰ ਸਿੰਘ ਪਨੇਸਰ, ਸੁਖਵਿੰਦਰ ਸਿੰਘ ਕਲਸੀ, ਸਮੇਤ ਵੱਡੀ ਗਿਣਤੀ ਵਿੱਚ ਰਾਮਗੜ੍ਹੀਆ ਭਾਈਚਾਰੇ ਦੇ ਨੁਮਾਇੰਦੇ ਹਾਜ਼ਰ ਹੋਏ।

# ਹੋਮਿਓਪੈਥਿਕ ਦਵਾਈ ਨਾਲ ਤਿੰਨ ਮਹੀਨੇ ਦੀ ਬੱਚੀ ਦੇ ਪੇਟ ਵਿਚਲੀਆਂ ਹਰਨੀਆਂ ਕੀਤੀਆਂ ਖਤਮ

**ਸਮਾਣਾ 28 ਅਪ੍ਰੈਲ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਹੋਮਿਓਪੈਥਿਕ ਦਵਾਈਆਂ ਗੰਭੀਰ ਤੋਂ ਗੰਭੀਰ ਬਿਮਾਰੀ ਨੂੰ ਜੜ ਤੋਂ ਖਤਮ ਕਰਦੀਆਂ ਹਨ ਜੇਕਰ ਕਿਸੇ ਵੀ ਬਿਮਾਰੀ ਤੋਂ ਪੀੜਤ ਰੋਗੀ ਹੋਮਿਓਪੈਥੀ ਦੇ ਮਾਹਰ ਡਾਕਟਰ ਪਾਸੋਂ ਇਲਾਜ ਕਰਵਾਵੇ ਤਾਂ ਰੋਗ ਹੋਮਿਓਪੈਥਿਕ ਦਵਾਈਆਂ ਨਾਲ ਜੜ ਤੋਂ ਖਤਮ ਹੋ ਜਾਂਦਾ ਹੈ ਅਤੇ ਅਪ੍ਰੇਸ਼ਨ ਤੋਂ ਵੀ ਬਚਿਆ ਜਾ ਸਕਦਾ ਹੈ। ਇਹ ਜਾਣਕਾਰੀ ਹੋਮਿਓਪੈਥੀ ਦੇ ਮਾਹਰ ਡਾਕਟਰ ਨਿਰਮਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ ਜੋ ਪੁਰਾਣੀ ਅਗਰਵਾਲ ਗਊਸ਼ਾਲਾ ਵਿਖੇ ਹਰ ਸਨਿਚਰਵਾਰ ਆਪਣੀਆਂ ਮੁਫਤ ਸੇਵਾਵਾਂ ਦੇ ਨਾਲ ਨਾਲ ਅਤੇ ਰੋਗੀਆਂ ਨੂੰ ਮੁਫਤ ਦਵਾਈਆਂ ਦਿੰਦੇ ਹਨ ।ਉਹਨਾਂ ਦੱਸਿਆ ਕਿ ਇੱਕ ਤਿੰਨ ਸਾਲ ਦੀ ਬੱਚੀ ਦੇ ਪੇਟ ਵਿੱਚ ਹਰਨੀਆਂ ਸਨ ਜੋ ਦਰਦ ਨਾਲ ਸਾਰਾ ਦਿਨ ਰੋਂਦੀ ਰਹਿੰਦੀ ਸੀ ਜਿਨਾਂ ਨੂੰ ਪੀ ਜੀ ਆਈ ਤੱਕ ਦੇ ਡਾਕਟਰਾਂ ਨੇ ਅਪਰੇਸ਼ਨ ਹੀ ਹੱਲ ਦੱਸਿਆ ਉਸ ਬੱਚੀ ਦੇ ਮਾਪੇ ਬੱਚੀ ਨੂੰ ਲੈ ਕੇ ਉਹਨਾਂ ਕੋਲ ਆਏ ਤਾਂ ਉਹਨਾਂ ਬੱਚੀ ਦੀਆਂ ਟੈਸਟ ਰਿਪੋਰਟਾਂ ਦੇਖ ਕੇ ਦਵਾਈ ਦਿੱਤੀ ਤਾਂ 15 ਦਿਨਾਂ ਵਿੱਚ ਉਸ ਬੱਚੀ ਦੀਆਂ ਹਰਨੀਆਂ ਠੀਕ ਹੋ ਗਈਆਂ ਹਨ।

ਬੱਚੀ ਦੇ ਪਿਤਾ ਰਮਨ ਨੇ ਦੱਸਿਆ ਕਿ ਉਹਨਾਂ ਦੀ ਬੱਚੀ ਜਦੋਂ ਇੱਕ ਮਹੀਨੇ ਦੀ ਸੀ ਜ਼ਿਆਦਾ ਰੋਣ ਕਰਕੇ ਉਸਦੀ ਪਤਨੀ ਨੇ ਵੇਖਿਆ ਕਿ ਬੱਚੀ ਦੇ ਹਰਨੀਆ ਵਾਲੇ ਪਾਸਿਓਂ ਪੇਟ ਫੁੱਲ ਰਿਹਾ ਸੀ ਤਾਂ ਉਹ ਬੱਚਿਆਂ ਦੇ ਮਾਹਰ ਡਾਕਟਰ ਕੋਲੇ ਲੈ ਕੇ ਗਏ ਜਿਸ ਨੇ ਚੈੱਕ ਅਪ ਕਰਨ ਉਪਰੰਤ ਕਿਹਾ ਕਿ ਬੱਚੀ ਦੇ ਪੇਟ ਵਿੱਚ ਹਰਨੀਆਂ ਹਨ ਇਹਨਾਂ ਦਾ ਆਪਰੇਸ਼ਨ ਕਰਾਉਣਾ ਪਵੇਗਾ ਫਿਰ ਉਹ ਪਟਿਆਲਾ ਵਿਖੇ ਬੱਚਿਆਂ ਦੇ ਮਾਹਰ ਡਾਕਟਰਾਂ ਫਿਰ ਪੀ ਜੀ ਆਈ ਚੰਡੀਗੜ੍ਹ ਬੱਚੀ ਨੂੰ ਇਲਾਜ ਲਈ ਲੈ ਕੇ ਗਏ ਜਿਨਾਂ ਨੇ ਸਿਰਫ ਆਪਰੇਸ਼ਨ ਹੀ ਹੱਲ ਦੱਸਿਆ।

ਫਿਰ ਅਸੀਂ ਬੱਚੀ ਨੂੰ ਹੋਮਿਓਪੈਥੀ ਦੇ ਡਾਕਟਰ ਨਿਰਮਲ ਸਿੰਘ ਕੋਲ ਗਏ ਤਾਂ ਉਹਨਾਂ ਨੇ ਚੈੱਕ ਅਪ ਕਰਨ ਉਪਰੰਤ ਕਿਹਾ ਕਿ ਹੋਮਿਓਪੈਥਿਕ ਦਵਾਈਆਂ ਨਾਲ ਹਰਨੀਆਂ ਠੀਕ ਹੋ ਜਾਣਗੀਆਂ ਤੁਹਾਨੂੰ ਆਪਰੇਸ਼ਨ ਕਰਾਉਣ ਦੀ ਲੋੜ ਨਹੀਂ ਉਨ੍ਹਾਂ 15 ਦਿਨ ਦੀ ਦਵਾਈ ਦਿੱਤੀ ਉਸ ਦਵਾਈ ਨਾਲ ਹੀ ਹਰਨੀਆ ਠੀਕ ਹੋ ਗਈਆਂ ਹੁਣ ਬੱਚੀ ਬਿਲਕੁਲ ਤੰਦਰੁਸਤ ਹੈ। ਡਾ. ਨਿਰਮਲ ਸਿੰਘ ਨੇ ਕਿਹਾ ਕਿ ਬਹੁਤ ਸਾਰੀਆਂ ਬਿਮਾਰੀਆਂ ਜਿਨਾਂ ਵਿੱਚ ਆਲੋਪੈਥੀ ਦੇ ਡਾਕਟਰਾਂ ਵੱਲੋਂ ਆਪਰੇਸ਼ਨ ਦੱਸੇ ਜਾਂਦੇ ਹਨ । ਉਹਨਾਂ ਕਿਹਾ ਕਿ ਅਗਰਵਾਲ ਗਊਸ਼ਾਲਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹਰ ਸ਼ਨੀਵਾਰ ਪੁਰਾਣੀ ਅਗਰਵਾਲ ਗਊਸ਼ਾਲਾ ਵਿਖੇ ਮਰੀਜ਼ਾਂ ਨੂੰ ਮੁਫਤ ਵੇਖਦੇ ਅਤੇ ਮੁਫਤ ਦਵਾਈਆਂ ਦਿੰਦੇ ਹਨ।

# ਫਸਲ ਦੀ ਲਿਫਟਿੰਗ ਦੀ ਸਮੱਸਿਆ ਦੇ ਹੱਲ ਲਈ ਆੜ੍ਹਤੀ ਐਸੋਸੀਏਸ਼ਨ ਤੇ ਅਧਿਕਾਰੀਆਂ ਦੀ ਮੀਟਿੰਗ

## ਫੜ੍ਹਾਂ ਵਿਚੋਂ ਫਸਲ ਦੀ ਢੋਆ ਢੁਆਈ ਲਈ ਆੜ੍ਹਤੀਆਂ ਨੂੰ ਬਰਾਬਰ ਟਰੱਕ ਦਿੱਤੇ ਜਾਣਗੇ : ਮੋਹਿਤ ਕੁੰਦਰਾ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** - ਮਾਛੀਵਾੜਾ ਅਨਾਜ ਮੰਡੀ ਵਿੱਚ ਫਸਲ ਦੀ ਲਿਫਟਿੰਗ ਦੀ ਸਮੱਸਿਆ ਦੇ ਹੱਲ ਲਈ ਅੱਜ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਦੀ ਇੱਕ ਮੀਟਿੰਗ ਮਾਰਕੀਟ ਕਮੇਟੀ ਦਫ਼ਤਰ ਵਿਖੇ ਹੋਈ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਆੜ੍ਹਤੀ ਐਸੋ. ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਪਿਛਲੇ ਸਾਲ ਕਣਕ ਦੀ ਆਮਦ 1 ਅਪ੍ਰੈਲ ਤੋਂ ਸ਼ੁਰੂ ਹੋਈ ਸੀ ਤੇ 15 ਮਈ ਤੱਕ ਸੀਜਨ ਚੱਲਦਾ ਰਿਹਾ ਸੀ ਪਰ ਇਸ ਵਾਰ ਮੰਡੀਆਂ ਵਿੱਚ ਫਸਲ 15 ਅਪ੍ਰੈਲ ਨੂੰ ਆਈ ਅਤੇ 28 ਅਪ੍ਰੈਲ ਤੱਕ ਇੱਕ ਦਮ 75 ਫੀਸਦੀ ਤੋਂ ਵੱਧ ਕੰਮ ਮੁਕੰਮਲ ਹੋ ਗਿਆ ਜਿਸ ਕਾਰਨ ਲਿਫਟਿੰਗ ਦੀ ਕੋਈ ਸਮੱਸਿਆ ਆਈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਖਰੀਦ ਏਜੰਸੀ ਵੇਅਰਹਾਊਸ, ਪਨਗ੍ਰੇਨ, ਮਾਰਕਫੈਡ ਤੇ ਪਨਸਪ ਦੇ ਅਧਿਕਾਰੀਆਂ ਨਾਲ ਵਿਚਾਰ ਵਟਾਂਦਾਰਾ ਕੀਤਾ ਗਿਆ ਤੇ ਇਹ ਫੈਸਲਾ ਹੋਇਆ ਕਿ ਸਭ ਤੋਂ ਪਹਿਲਾਂ ਉਨ੍ਹਾਂ ਆੜ੍ਹਤੀਆਂ ਨੂੰ ਟਰੱਕ ਦਿੱਤੇ ਜਾਣਗੇ ਜਿਨਾਂ ਦੇ ਫੜ੍ਹਾਂ ਵਿਚੋਂ ਫਸਲ ਦੀ ਚੁਕਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਅਧਿਕਾਰੀ ਸਾਰੇ ਹੀ ਆੜ੍ਹਤੀਆਂ ਨੂੰ ਟਰੱਕ ਬਰਾਬਰ ਦੇਣਗੇ ਤਾਂ ਜੋ ਕਿਸੇ ਨੂੰ ਕੋਈ ਮੁਸ਼ਕਿਲ ਨਾ ਆਵੇ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਫਸਲ ਲਿਫਟਿੰਗ ਦੀ ਸਮੱਸਿਆ 2 ਦਿਨਾਂ 'ਚ ਹੱਲ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਇਸ ਵਾਰ ਕਣਕ ਦੇ ਸੀਜਨ ਵਿਚ ਆੜ੍ਹਤੀਆਂ ਨੂੰ ਬਾਰਦਾਨੇ ਦੀ ਕੋਈ ਕਮੀ ਨਹੀਂ ਆਈ ਜਦਕਿ ਪਹਿਲਾਂ ਬਾਰਦਾਨਾ ਲੈਣ ਲਈ ਆੜ੍ਹਤੀਆਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਮਾਰਨੇ ਪੈਂਦੇ ਸਨ। ਇਸ ਮੌਕੇ ਫਸਲ ਦੀ ਢੋਆ ਢੁਆਈ ਕਰ ਰਹੇ ਠੇਕੇਦਾਰ ਮਹਿੰਦਰ ਸਿੰਘ ਨੇ ਕਿਹਾ ਕਿ ਉਨਾਂ ਕੋਲ ਟਰੱਕਾਂ ਦੀ ਕੋਈ ਕਮੀ ਨਹੀਂ ਤੇ ਜੇਕਰ ਅੱਗੇ ਗੋਦਾਮਾਂ 'ਚ ਟਰੱਕ ਜਾਂਦੇ ਹੀ ਤੁਰੰਤ ਖਾਲੀ ਹੋ ਜਾਣ ਤਾਂ ਵੱਧ ਤੋਂ ਵੱਧ ਚੱਕਰ ਲਗਾ ਕੇ ਫਸਲ ਦੀ ਲਿਫਟਿੰਗ ਦੀ ਸਮੱਸਿਆ ਤੋਂ ਰਾਹਤ ਮਿਲ ਜਾਵੇਗੀ। ਇਸ ਮੌਕੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਫਸਲ ਦੀ ਆਮਦ ਦਾ ਕੰਮ ਲਗਭਗ ਮੁਕੰਮਲ ਹੋਣ ਨੇੜੇ ਹੈ ਤੇ ਹੁਣ ਲਿਫਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇਗੀ। ਇਸ ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਆੜ੍ਹਤੀ ਐਸੋ. ਦੇ ਅਹੁਦੇਦਾਰ ਸਰਪ੍ਰਸਤ ਗੁਰਨਾਮ ਸਿੰਘ ਨਾਗਰਾ, ਰਾਜੀਵ ਕੌਸ਼ਲ, ਸ਼ਸ਼ੀ ਭਾਟੀਆ, ਬਲਵਿੰਦਰ ਸਿੰਘ ਮਾਨ, ਨਿਤਿਨ ਜੈਨ, ਸਨੀ ਸੂਦ ਵੀ ਮੌਜੂਦ ਸਨ।

# ਪਸ਼ੂਆਂ ਅੰਦਰ ਬਿਮਾਰੀ ਦੇ ਪ੍ਰਕੋਪ ਨੂੰ ਰੋਕਣ ਲਈ ਪਸ਼ੂ ਮੰਡੀਆਂ ਅਸਥਾਈ ਤੌਰ 'ਤੇ ਬੰਦ



**ਖੰਨਾ, (ਸੁਖਵਿੰਦਰ ਸਿੰਘ ਭਾਦਲਾ/ਪਰਮਿੰਦਰ ਸਿੰਘ ਮੋਨੂੰ)**-ਪਿਛਲੇ ਦਿਨੀਂ ਪੰਜਾਬ ਦੇ ਕਈ ਹਿੱਸਿਆਂ ਵਿੱਚ ਪਸ਼ੂਆਂ ਅੰਦਰ ਫੈਲੀ ਬਿਮਾਰੀ ਦੇ ਪ੍ਰਕੋਪ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਇੱਕ ਲਿਖਤੀ ਹੁਕਮ ਜਾਰੀ ਕਰਕੇ ਪਸ਼ੂ ਮੰਡੀਆਂ ਲੱਗਣ ਤੇ ਮੁਕੰਮਲ ਰੋਕ ਲਗਾ ਦਿੱਤੀ ਹੈ। ਇਸ ਸਬੰਧ ਵਿੱਚ ਪਸ਼ੂ ਪਾਲਣ ਵਿਭਾਗ ਦੇ ਸੰਯੁਕਤ ਸਕੱਤਰ ਵੱਲੋਂ ਬਕਾਇਦਾ ਲਿਖਤੀ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਦੀ ਪਾਲਣਾ ਤਹਿਤ ਹੀ ਅੱਜ ਜ਼ਿਲਾ ਪ੍ਰਸ਼ਾਸਨ ਨੇ ਖੰਨਾ ਵਿਖੇ ਲੱਗਣ ਵਾਲੀ ਪਸ਼ੂ ਮੰਡੀ ਵੀ ਨਾ ਲੱਗਣ ਦਿੱਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾਕਟਰ ਪਰਮਦੀਪ ਸਿੰਘ ਵਾਲੀਆ ਨੇ ਇੱਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਪੰਜਾਬ ਦੇ ਵੱਖ-ਵੱਖ ਇਲਾਕਿਆਂ ਅੰਦਰ ਪਸ਼ੂਆਂ ਵਿੱਚ ਮੂੰਹ-ਖੁਰ ਅਤੇ ਗਲ਼ ਘੋਟੂ ਬਿਮਾਰੀ ਦੇ ਲੱਛਣ ਪਾਏ ਗਏ ਸਨ ਜਿਸ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਅਤੇ ਪਸ਼ੂਆਂ ਅੰਦਰ ਵੱਖ-ਵੱਖ ਬਿਮਾਰੀਆਂ ਦੀ ਜਾਂਚ ਲਈ ਜਲੰਧਰ ਵਿੱਚ ਸਥਾਪਤ ਖੇਤਰੀ ਲੈਬੋਰੇਟਰੀ ਦੀਆਂ ਸਾਂਝੀਆਂ ਸਿਫ਼ਾਰਸ਼ਾਂ ਨੂੰ ਮੁੱਖ ਰੱਖਦੇ ਹੋਏ ਪਸ਼ੂ ਮੰਡੀਆਂ ਉੱਪਰ 30 ਅਪ੍ਰੈਲ ਤੱਕ ਰੋਕ ਲਗਾ ਦਿੱਤੀ ਹੈ। ਅਗਲੇ ਦਿਨਾਂ ਵਿਚ ਤਾਜ਼ਾ ਹਾਲਾਤ ਦੀ ਨਜ਼ਰਸਾਨੀ ਕਰਨ ਉਪਰੰਤ ਇਸ ਸਬੰਧੀ ਮਹਿਕਮਾ ਪਸ਼ੂ ਪਾਲਣ ਵੱਲੋਂ ਫਿਰ ਤੋਂ ਨਵਾਂ ਫੈਸਲਾ ਲਏ ਜਾਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਮੂੰਹ-ਖੁਰ ਅਤੇ ਗਲ਼ ਘੋਟੂ ਗਾਵਾਂ ਅਤੇ ਮੱਝਾਂ ਵਿੱਚ ਲਾਗ ਦੀਆਂ ਬਿਮਾਰੀਆ ਹਨ ਜੋ ਤੰਦਰੁਸਤ ਪਸ਼ੂ ਦੇ ਬਿਮਾਰ ਪਸ਼ੂ ਨਾਲ ਸੰਪਰਕ ਵਿੱਚ ਆਉਣ ਕਾਰਨ ਫੈਲਦੀਆਂ ਹਨ।ਇਸ ਤੋਂ ਇਲਾਵਾ ਬਿਮਾਰ ਪਸ਼ੂਆਂ ਦੇ ਸੰਪਰਕ ਵਿੱਚ ਆਉਣ ਵਾਲੇ ਵਿਅਕਤੀ ਵੀ ਬਿਮਾਰੀ ਫੈਲਾਅ ਸਕਦੇ ਹਨ।ਡਿਪਟੀ ਕਮਿਸ਼ਨਰ ਲੁਧਿਆਣਾ ਸਾਕਸ਼ੀ ਸਾਹਨੀ ਆਈ. ਏ. ਐੱਸ. ਪੰਜਾਬ ਦੇ ਦੱਸਿਆ ਕਿ ਪਸ਼ੂ ਮੰਡੀਆਂ ਵਿੱਚ ਵੱਡੇ ਪੱਧਰ ਤੇ ਪਸ਼ੂਆ ਦੀ ਖ਼ਰੀਦੋ ਫਰੋਖਤ ਹੁੰਦੀ ਹੈ। ਇਸ ਲਈ ਇਨ੍ਹਾਂ ਬਿਮਾਰੀਆਂ ਦੇ ਫੈਲਣ ਦੀ ਸੰਭਾਵਨਾ ਕਾਫ਼ੀ ਵੱਧ ਜਾਂਦੀ ਹੈ ਅਤੇ ਪੰਜਾਬ ਦੇ ਪਸ਼ੂ ਧਨ ਨੂੰ ਇਨ੍ਹਾਂ ਬਿਮਾਰੀਆਂ ਦੇ ਪ੍ਰਕੋਪ ਤੋਂ ਬਚਾਉਣ ਲਈ ਅਹਿਤਿਆਤ ਵਜੋਂ ਇਹ ਕਦਮ ਉਠਾਇਆ ਗਿਆ ਹੈ।ਉਨ੍ਹਾਂ ਪਸ਼ੂਪਾਲਕਾਂ, ਪਸ਼ੂ ਵਪਾਰੀਆਂ ਤੋਂ ਇਲਾਵਾ ਆਮ ਜਨਤਾ ਨੂੰ ਇਸ ਸਬੰਧੀ ਸਹਿਯੋਗ ਦੀ ਅਪੀਲ ਕੀਤੀ।ਦੂਜੇ ਪਾਸੇ ਡਿਪਟੀ ਡਾਇਰੈਕਟਰ ਡਾਕਟਰ ਪਸ਼ੂ ਪਾਲਣ ਲੁਧਿਆਣਾ ਡਾ. ਪਰਮਦੀਪ ਸਿੰਘ ਵਾਲੀਆ ਅਨੁਸਾਰ ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਵੱਲੋਂ ਪਸ਼ੂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਮੂੰਹ-ਖੁਰ ਅਤੇ ਗਲ਼ ਘੋਟੂ ਤੋਂ ਬਚਾਅ ਦੇ ਟੀਕੇ ਘਰ-ਘਰ ਜਾ ਕੇ ਜੰਗੀ ਪੱਧਰ 'ਤੇ ਲਗਾਏ ਜਾ ਰਹੇ ਹਨ ਤਾਂ ਜੋ ਪਸ਼ੂਪਾਲਕਾਂ ਦਾ ਨੁਕਸਾਨ ਹੋਣੋਂ ਬਚਾਇਆ ਜਾ ਸਕੇ।

# ਰਵਨੀਤ ਬਿੱਟੂ ਦੇ ਹੱਕ 'ਚ ਚੋਣ ਜਲਸਾ



**ਜਗਰਾਉਂ (ਅਮਿਤ ਖੰਨਾ)**-ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਭਾਜਪਾ ਆਗੂ ਬਲਵਿੰਦਰ ਸਿੰਘ ਸੇਹਲ ਵੱਲੋਂ ਡਾਬਾ-ਲੁਹਾਰਾ ਭਾਜਪਾ ਮੰਡਲ ਸਥਿਤ ਭਾਜਪਾ ਦੇ ਲੋਕ ਸਭਾ ਉਮੀਦਵਾਰ ਰਵਨੀਤ ਸਿੰਘ ਬਿੱਟੂ ਦੇ ਹੱਕ ਵਿੱਚ ਇੱਕ ਚੋਣ ਜਲਸੇ ਦਾ ਆਯੋਜਨ ਕੀਤਾ ਗਿਆ ਜਿੱਥੇ ਰਵਨੀਤ ਸਿੰਘ ਬਿੱਟੂ ਤੋਂ ਇਲਾਵਾ ਜ਼ਿਲਾ ਪ੍ਰਧਾਨ ਰਜਨੀਸ਼ ਧੀਮਾਨ, ਸਤਿੰਦਰਪਾਲ ਸਿੰਘ ਸੱਠਾ, ਗੁਰਦੀਪ ਸਿੰਘ ਗੋਸ਼ਾ, ਸੁਨੀਲ ਸ਼ੁਕਲਾ ਸਮੇਤ ਵੱਡੀ ਗਿਣਤੀ 'ਚ ਭਾਜਪਾ ਆਗੂ ਹਾਜ਼ਰ ਸਨ।ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਪ੍ਰਵਾਸੀ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਇੱਥੇ ਵੱਸਦੇ ਵੱਖ-ਵੱਖ ਭਾਈਚਾਰੇ ਦੇ ਲੋਕਾਂ ਦੇ ਸੁਮੇਲ ਤੋਂ ਭਾਰਤ ਦੇਸ਼ ਦਾ ਗੁਲਦਸਤਾ ਨਜ਼ਰ ਆਉਂਦਾ ਹੈ।ਪ੍ਰੰਤੂ ਵਿਰੋਧੀ ਪਾਰਟੀਆਂ ਵਾਲਿਆਂ ਨੇ ਇਸ ਗੁਲਦਸਤੇ ਨੂੰ ਮੋਦੀ ਸਰਕਾਰ ਦੀਆਂ ਸਰਕਾਰੀ ਲੋਕ-ਭਲਾਈ ਸਕੀਮਾਂ ਤੋਂ ਵਾਂਝੇ ਰੱਖਿਆ ਹੋਇਆ ਹੈ, ਜਿਸ ਦੇ ਚਲਦਿਆਂ ਮੋਦੀ ਸਰਕਾਰ ਦੀਆਂ ਸਕੀਮਾਂ ਹਾਸਲ ਕਰਨ ਲਈ ਮੋਦੀ ਸਰਕਾਰ ਨੂੰ ਫਿਰ ਤੋਂ ਲਿਆਉਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਅਤੇ ਦੇਸ਼ ਦੇ ਲੋਕਾਂ ਨੂੰ ਸਮਰਪਿਤ ਹਨ ਤੇ ਪੰਜਾਬ ਦੇ ਲੋਕਾਂ ਦਾ ਵੀ ਭਲਾ ਚਾਹੁੰਦੇ ਹਨ।ਰਵਨੀਤ ਸਿੰਘ ਬਿੱਟੂ ਨੇ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਮੋਦੀ ਆਪਣੇ ਪੰਜਾਬ ਦੇ ਦੌਰੇ ਦੌਰਾਨ ਪੰਜਾਬ ਦੇ ਲੋਕਾਂ ਲਈ ਕਈ ਵੱਡੇ ਐਲਾਨ ਕਰਨਗੇ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Jaskarn Singh S/o Satwinder Singh R/o Mohalla Mojowal, VPO Kalanaur, Tehsil Kalanaur, Distt. Gurdaspur, Punjab have changed my name Jaskaran Singh.

I, Mehak D/o Satish Kumar R/o 560/7 Shankar Nagar Mohalla, Gurdaspur, Tehsil/Distt. Gurdaspur, Punjab have changed my name from Mehak to Mehak Kaur.

I, Nishu Goyal W/o Sandeep Goyal R/o H.No.E.G-1081/C, Mohalla Gobindgarh, S.D. College Road, Jalandhar-144001 declare that I have changed my name from Nishu Gupta to Nishu Goyal , after marriage.

I, Sushma Rani W/o Naresh Chander R/o H.No.116 Maan Enclave, Tanda Road, Adda Nurpur, Jalandhar, have changed my name from Sushma Rani to Sushma, after marriage.

I, Hitherto Known As Sushma Sharma Wife Of Prem Kumar R/O House No.288, Ward No.5, Sheikhan Mohall, Dasuya Hoshiarpur, Punjab-144205 Have Changed My Name And Shall Hereafterbe Known As Sushma Rani.

I, Hitherto Known As Shadi Ram Son Of Gurbachan Dass R/O Post Office Nasrala, Vtc: Nasrala, Po: Nasrala, District Hoshiarpur, Punjab-146022 Have Changed My Name And Shall Hereafterbe Known As Shadi Lal.

I, Swaran Singh S/O Gurdev Singh, R/O- Hno-79ekta Nagar, Po Chugitti,Jalandhar, Punjab-144009 Have Changed My Name From Swarn Singh To Swaran Singh.

I, Amanpreet w/o Lakhwinder Singh r/o H.No. B1, Model House, Jalandhar, Punjab have changed my name to Amanpreet Kaur. All Please Note.

I, Reena d/o Narinder Kumar w/o Rajesh Kapoor r/o H.No. 2, Main Adda, Basti Danishmanda, Jalandhar-144002, Punjab have changed my name to Reena Kapoor. All Please Note.

I, Ranjana Rani w/o Rajinder Kumar r/o Vill. Salempur Musalmana, Distt. Jalandhar have changed my minor son name from Sahib Badhan to Badhan Sahib (Surname as Badhan) All Please Note.

I, Ranjana Rani w/o Rajinder Kumar r/o Vill. Salempur Musalmana, Jalandhar have changed my name to Rani Ranjana (Surname as Rani) All Please Note.

I, Reena Kumari w/o Satbir Singh r/o VPO. Daroli Khurd, Distt. Jalandhar-144104, Punjab have changed my name to Reena Minhas. All Please Note.

I, Manisha Klair W/o Sanjeev Kumar R/o Vill. Khanpur, Po. Landhran, Distt. Jalandhar, Punjab have changed my name from Manisha to Manisha Klair (Klair as surname). All Please Note.

I, Manjit Kaur @ Sarbjit Kaur W/o Harinder Jit R/o VPO. Maqsudpur, Tehsil Bholath, Distt. Kapurthala, Punjab have changed my name from Manjit Kaur @ Sarbjit Kaur to Sarbjit Kaur. All Please Note.

## Change of Name

I, Anju Devi D/o Jaspal Singh R/o 199, Patwi (38), Ambala, Haryana-134201. have changed my name and shall hereafter be Known as Nimrat Kaur. All Please Note.

I, Chanchal Chawla alias Chanchal D/o Ganesh Dass W/o Mitter Sain R/o H. No. 585, Ward No. 23, D.L.F Colony, Rohtak, Haryana-124001. have changed my name and shall hereafter be Known as Chanchal Rani. All Please Note.

I, Jai Bhagwan S/o Dharmbir Singh R/o Kharar (149), Kharar Alipur, Hisar, Haryana- 125044, I have changed the name of my minor Son Teneshwar aged about 2 Years and He shall hereafter be known as Teneshwar Sehrawat. All Please Note.

I, Jaswinder Singh S/o Ashok Kumar R/o Ward No-9, V.P.O. Begowal, Kapurthala, Punjab-144621, I have changed the name of my minor Son Abhishek aged about 7 Years and He shall hereafter be known as Abhishek Farmaye. All Please Note.

I, Gurjeet Singh S/o Sarwan Singh R/o Vill. Padde, Po. Pheruman, Teh. Baba Bakala, Amritsar, Punjab-143112, have changed my name and shall hereafter be Known as Gurjeet Singh Virk. All Please Note.

I, Ravinder Kaur W/o Jagtar Singh R/o Village Chohan, Tahli, Dasuya Hoshiarpur, Punjab- 144202. have changed my name and shall hereafter be Known as Lakhwinder Kaur. All Please Note.

I, hitherto Known as Amrit Kaur W/o Manjit Singh residing at H.No. 454/12, Moh. Preet Nagar, Block-B, Near Happy Bakery, Kapurthala-144601, Punjab, India, have changed my name and shall hereafter be known as Neelam Kaur.

I, Ajit Kour alias Ajit Kaur D/o Teja Singh W/o Rajinder Singh Cheema R/o H. No. 354, Sector 37 A, Chandigarh- 160036. have changed my name and shall hereafter be Known as Ajit Kaur Cheema. All Please Note.

I, Sukhwinder Singh Nahar S/o Tarsem Lal R/o Vill. Ismailpur, Po. Umarewal Billa, Distt. Jalandhar, Punjab have changed my name from Sukhwinder Singh Nahar to Sukhwinder Singh. All Please Note.

I, Gurbaksh Singh S/o Jagir Singh R/o VPO. Muridwal, Tehsil Shahkot, Distt. Jalandhar, Punjab have changed my name from Gurbaksh Singh to Gurbax Singh. All Please Note.

I, Jyoti W/o Tejveer Singh R/o H.No. 2446, Block A, Green Field Colony, Nhpc Colony, Faridabad, Haryana- 121010. have changed my name and shall hereafter be Known as Jyoti Singh. All Please Note.

## Change of Name

I, Tejveer Singh S/o Ramji Lal R/o Plot No-2466, Block A, Green Field Colony, Nhpc Colony Faridabad, Haryana- 121010, I have changed the name of my minor daughter Priyanshi aged about 5 Years and She shall hereafter be known as Priyanshi Singh.

## ਨਾਂਅ ਦੀ ਬਦਲੀ

ਮੈਂ, ਰੋਹਿਤ ਪੁੱਤਰ ਮੁਕੇਸ਼ ਭਾਰਦਵਾਜ ਵਾਸੀ ਰਾਮਸ਼ਰਨ ਕਾਲੋਨੀ, ਐੱਸ. ਡੀ. ਕਾਲਜ, ਕਾਹਨੂੰਵਾਨ ਰੋਡ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੈਂ ਆਪਣਾ ਨਾਂਅ ਰੋਹਿਤ ਤੋਂ ਬਦਲ ਕੇ ਰੋਹਿਤ ਭਾਰਦਵਾਜ ਰੱਖ ਲਿਆ ਹੈ।

ਮੈਂ, ਸਰਵਣ ਸਿੰਘ ਪੁੱਤਰ ਸੁਲੱਖਣ ਸਿੰਘ, ਵਾਸੀ ਪਿੰਡ ਬਖਤਪੁਰ, ਡਾਕਖਾਨਾ ਭੁੰਬਲੀ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਪੰਜਾਬ। ਹੁਣ ਮੈਂ ਆਪਣਾ ਨਾਂਅ ਸਰਵਣ ਅਤੇ ਸਰਨੇਮ ਸਿੰਘ ਰੱਖ ਲਿਆ ਹੈ।

ਮੈਂ, ਅੰਜੂ ਬਾਲਾ ਪਤਨੀ ਪਰਮਜੀਤ ਕੁਮਾਰ ਵਾਸੀ ਪਿੰਡ ਧਰਮਪੁਰਾ ਅਬਾਦੀ, ਡਾਕਖਾਨਾ ਖਾਂਬਰਾ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਮ ਅੰਜੂ ਬਾਲਾ ਤੋਂ ਬਦਲ ਕੇ ਅੰਜੂ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਜਸਵੰਤ ਸਿੰਘ ਪੁੱਤਰ ਹਰਬੰਸ ਲਾਲ ਵਾਸੀ ਵਾਰਡ ਨੰ: 6 ਡੇਰਾ ਬਾਬਾ ਨਾਨਕ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਜਸਬੀਰ ਸਿੰਘ ਅਤੇ ਉਸ ਦੀ ਪਤਨੀ ਲਵਪ੍ਰੀਤ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਜ ਕੁਮਾਰੀ ਪਤਨੀ ਲੇਟ ਮਨੋਹਰ ਲਾਲ ਵਾਸੀ ਮਕਾਨ ਨੰ. 309/2, ਆਰੀਆ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਨੀਰਜ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP17/0448X ਹਰਦੀਪ ਸਿੰਘ ਪੁੱਤਰ ਹਰਨਾਮ ਸਿੰਘ ਪਿੰਡ ਗਗੋਵਾਲੀ ਨਾਮ ਚਲਦਾ ਹੈ । ਬਲਜਿੰਦਰ ਸਿੰਘ ਪੁੱਤਰ ਹਰਦੀਪ ਸਿੰਘ ਪਿੰਡ ਗਗੋਵਾਲੀ ਨਾਮ ਤਬਦੀਲ ਹੋਣਾ ਹੈ । ਇਤਰਾਜੀ 15 ਦਿਨਾਂ ਅੰਦਰ ਉਪ ਮੰਡਲ ਅਫਸਰ ਪਾਵਰਕਾਮ ਨੌਸ਼ਹਿਰਾ ਮੱਝਾ ਸਿੰਘ ਸਾਹਮਣੇ ਇਤਰਾਜ ਪੇਸ਼ ਕਰ ਸਕਦਾ ਹੈ ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP03/0916P ਰਘਬੀਰ ਸਿੰਘ ਪੁੱਤਰ ਅਮਰ ਸਿੰਘ ਪਿੰਡ ਬਾਂਗੋਵਾਣੀ ਨਾਮ ਤੋਂ ਗੁਰਮੁਖ ਸਿੰਘ ਪੁੱਤਰ ਰਘਬੀਰ ਸਿੰਘ ਪਿੰਡ ਬਾਂਗੋਵਾਣੀ ਨਾਮ ਕਰਨਾ ਹੈ । ਜੇਕਰ ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਅੰਦਰ ਉਪ ਮੰਡਲ ਅਫਸਰ ਪਾਵਰਕਾਮ ਨੌਸ਼ਹਿਰਾ ਮੱਝਾ ਸਿੰਘ ਸਾਹਮਣੇ ਪੇਸ਼ ਕਰ ਸਕਦਾ ਹੈ ।

## ਪਬਲਿਕ ਨੋਟਿਸ

ਭਾਰਤ ਸਰਕਾਰ ਵਲੋਂ ਕਿਸਾਨਾਂ ਨੂੰ ਪੂਰੀ ਤਰ੍ਹਾਂ ਲਾਭ ਦੇਂਦੇ ਹੋਏ ਮੌਜੂਦਾ ਸਾਲ 2024-25 ਵਿੱਚ ਮੱਕੀ ਦੀ ਖਰੀਦ ਲਈ ਐਨ ਸੀ ਸੀ ਐਫ ਨੂੰ ਨਾਮਿਤ ਕੀਤਾ ਹੈ। ਐਨ ਸੀ ਸੀ ਐਫ ਮੱਕੀ ਖਰੀਦ ਲਈ ਚਾਹਵਾਨ ਪੇਕਸ/ਸਮਿਤੀ/ਫੈਡਰੇਸ਼ਨ ਨੂੰ ਬੁਲਾਵਾ ਦੇਂਦੀ ਹੈ। ਇਸ ਲਈ ਆਪਣੇ ਬਯੌਰੇ ਸਮੇਤ ਚੰਡੀਗੜ੍ਹ ਸ਼ਾਖਾ ਵਿੱਚ ਸੰਪਰਕ ਕੀਤਾ ਜਾ ਸਕਦਾ ਹੈ। ਵੱਲੋਂ : ਸ਼ਾਖਾ ਪ੍ਰਬੰਧ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਮਜ਼ਦੂਰ ਦਿਹਾੜਾ ਕਿਰਤੀਆਂ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਮਨਾਇਆ ਜਾਵੇਗਾ : ਨੂਰਪੁਰੀ

**ਜਲੰਧਰ (ਰਾਜੇਸ਼ ਥਾਪਾ)**-ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਬਲਦੇਵ ਨੂਰਪੁਰੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਹਿਲੀ ਮਈ ਦਾ ਦਿਹਾੜਾ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਫਗਵਾੜੀ ਮੁਹੱਲਾ ਗੜ੍ਹਾ ਜਲੰਧਰ ਵਿੱਚ ਮਨਾਇਆ ਜਾਵੇਗਾ ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ, ਜਿਨ੍ਹਾਂ ਦੀ ਕੁਰਬਾਨੀ ਸਦਕਾ ਮਜ਼ਦੂਰਾਂ ਨੂੰ 8 ਘੰਟੇ ਦੀ ਦਿਹਾੜੀ ਦਾ ਹੱਕ ਮਿਲਿਆ ਸੀ। ਮਜ਼ਦੂਰ ਵਿਰੋਧੀ ਮੋਦੀ ਸਰਕਾਰ ਨੇ ਅੱਠ ਘੰਟੇ ਦੀ ਥਾਂ 12 ਘੰਟੇ ਦੀ ਦਿਹਾੜੀ ਦਾ ਨੋਟੀਫਿਕੇਸ਼ਨ ਕਰਕੇ ਕਿਰਤੀਆਂ ਦੀ ਲੁੱਟ ਕਰਨ ਲਈ ਕਾਰਪੋਰੇਟ ਘਰਾਣਿਆਂ ਵਾਸਤੇ ਰਾਹ ਖੋਲ੍ਹ ਦਿੱਤਾ ਹੈ ।ਮਜ਼ਦੂਰਾਂ ਵਲੋਂ ਲੰਬੇ ਸੰਘਰਸ਼ਾਂ ਨਾਲ ਬਣਵਾਏ ਗਏ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ 4 ਕੋਡ ਬਣਾ ਕੇ ਮੋਦੀ ਸਰਕਾਰ ਨੇ ਮਜ਼ਦੂਰਾਂ ਨੂੰ ਅਧਿਕਾਰਾਂ ਤੋਂ ਵਾਂਝੇ ਕਰ ਦਿੱਤਾ ਹੈ। ਇਸ ਦਿਨ 'ਤੇ ਕਿਰਤੀਆਂ ਕਾਮਿਆਂ ਵੱਲੋਂ ਭਾਜਪਾ ਹਰਾਓ, ਕਾਰਪੋਰੇਟ ਭਜਾਓ ਅਤੇ ਦੇਸ਼ ਬਚਾਉਣ ਲਈ ਪਿੰਡਾਂ ਵਿਚ ਜਾ ਕੇ ਸਾਰੇ ਲੋਕਾਂ ਜਾਗਰੂਕ ਕਰਨ ਦਾ ਐਲਾਨ ਕੀਤਾ ਜਾਵੇਗਾ।

# ਯੂਥ ਆਗੂ ਸੁਨੰਦਨ ਸ਼ਰਮਾ ਕਈ ਸਾਥੀਆਂ ਸਣੇ ਭਾਜਪਾ 'ਚ ਸ਼ਾਮਲ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਭਾਜਪਾ ਦੇ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੇ ਇੰਚਾਰਜ ਪਰਮਿੰਦਰ ਸਿੰਘ ਗਿੱਲ ਅਤੇ ਸੀਨੀਅਰ ਭਾਜਪਾ ਆਗੂ ਨਵਨੀਤ ਵਿੱਜ ਦੀ ਪ੍ਰੇਰਨਾ ਸਦਕਾ ਸ਼ਹਿਰ ਧਾਰੀਵਾਲ ਦੇ ਰਹਿਣ ਵਾਲੇ ਯੂਥ ਆਗੂ ਸੁਨੰਦਨ ਸ਼ਰਮਾ, ਰਘੁਨੰਦਨ ਬੱਬਰ, ਦੀਪਕ ਕੁਮਾਰ, ਉਮੇਸ਼ ਸ਼ਰਮਾ ਅਤੇ ਅਸ਼ੋਕ ਗਿੱਲ ਵੱਖ -ਵੱਖ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਭਾਜਪਾ ਮੰਡਲ ਗੁਰਦਾਸਪੁਰ ਦਿਹਾਤੀ (ਤਿੱਬੜ) ਦੇ ਪਿੰਡ ਡੱਲਾਗੋਰੀਆ ਵਿਖੇ ਵਿਸ਼ੇਸ਼ ਮੀਟਿੰਗ ਦੌਰਾਨ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਭਾਜਪਾ ਦੇ ਉਮੀਦਵਾਰ ਦਿਨੇਸ਼ ਸਿੰਘ ਬੱਬੂ ਦੀ ਅਗਵਾਈ ਅਤੇ ਜ਼ਿਲ੍ਹਾ ਪ੍ਰਧਾਨ ਸ਼ਿਵਬੀਰ ਸਿੰਘ ਰਾਜਨ ਦੀ ਮੌਜੂਦਗੀ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਗੁਰਦਾਸਪੁਰ ਦਿਹਾਤੀ ਮੰਡਲ ਪ੍ਰਧਾਨ ਡਾ. ਦਿਲਬਾਗ ਰਾਏ, ਰਜੇਸ਼ ਸੂਦ ਆਦਿ ਪਾਰਟੀ ਆਗੂ ਅਤੇ ਵਰਕਰ ਵੀ ਮੌਜੂਦ ਸਨ। ਇਸ ਮੌਕੇ ਦਿਨੇਸ਼ ਬੱਬੂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸੀਨੀਅਰ ਭਾਜਪਾ ਆਗੂ ਨਵਨੀਤ ਵਿੱਜ ਨੇ ਕਿਹਾ ਕਿ ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਗੁਰਦਾਸਪੁਰ ਲੋਕ ਸਭਾ ਸੀਟ ਭਾਰੀ ਬਹੁਮਤ ਨਾਲ ਜਿੱਤਣਗੇ ਅਤੇ ਕੇਂਦਰ ਵਿੱਚ ਤੀਸਰੀ ਵਾਰ ਵੀ ਭਾਜਪਾ ਦੀ ਸਰਕਾਰ ਬਣੇਗੀ। ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਨੇ ਕਿਹਾ ਕਿ ਜੇ ਹਲਕੇ ਦੇ ਲੋਕ ਉਨ੍ਹਾਂ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਣਗੇ ਤਾਂ ਉਹ ਗੁਰਦਾਸਪੁਰ ਹਲਕੇ ਅੰਦਰ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡਣਗੇ।

# ਕੁਲਤਾਰ ਸਿੰਘ ਸੰਧਵਾਂ ਵੱਲੋਂ ਸਰਬਜੀਤ ਸਿੰਘ ਪੰਧੇਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਪੰਧੇਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇੱਥੋਂ ਜਾਰੀ ਬਿਆਨ ਵਿੱਚ ਵਿਧਾਨ ਸਭਾ ਸਪੀਕਰ ਨੇ ਕਿਹਾ ਕਿ ਸਰਬਜੀਤ ਸਿੰਘ ਪੰਧੇਰ ਨਾ ਸਿਰਫ ਨਾਮਵਰ ਪੱਤਰਕਾਰ ਸਨ, ਸਗੋਂ ਇੱਕ ਸੁਲਝੇ ਹੋਏ, ਸਿਆਣੇ ਅਤੇ ਜ਼ਿੰਦਾਦਿਲ ਇਨਸਾਨ ਸਨ।ਉਹ ਬਤੌਰ ਪੱਤਰਕਾਰ 'ਦਿ ਹਿੰਦੂ' ਅਖ਼ਬਾਰ ਨਾਲ ਜੁੜੇ ਹੋਏ ਸਨ।ਸੰਧਵਾਂ ਨੇ ਕਿਹਾ ਕਿ ਸ੍ਰੀ ਪੰਧੇਰ ਦਾ ਚਲੇ ਜਾਣਾ ਮੀਡੀਆ ਭਾਈਚਾਰੇ ਅਤੇ ਸਮਾਜ ਲਈ ਬਹੁਤ ਵੱਡਾ ਘਾਟਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਪੰਧੇਰ ਨੂੰ ਪੱਤਰਕਾਰੀ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਲਈ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।ਸਪੀਕਰ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਤਮਿਕ ਸ਼ਾਂਤੀ ਤੇ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖ਼ਸ਼ਣ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

# .ਗਲਤੀ ਨਾਲ ਸਰਹੱਦ ਪਾਰ ਕਰਕੇ ਆਏ ਨਾਬਾਲਗ ਬੱਚਿਆਂ ਨੂੰ ਪਾਕਿਸਤਾਨ ਵਾਪਸ ਭੇਜਿਆ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)
ਸ਼੍ਰੀਮਤੀ ਨਵਜੋਤ ਕੌਰ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਕਰੀਬ 20 ਮਹੀਨੇ ਪਹਿਲਾਂ ਗ਼ਲਤੀ ਨਾਲ ਭਾਰਤ-ਪਾਕਿਸਤਾਨ ਸਰਹੱਦ ਪਾਰ ਕਰਕੇ ਆਏ ਦੋ ਪਾਕਿਸਤਾਨੀ ਨਾਬਾਲਗ ਬੱਚਿਆਂ ਨੂੰ ਆਖ਼ਰਕਾਰ ਉਨ੍ਹਾਂ ਦੇ ਵਤਨ ਵਾਪਸ ਭੇਜ ਦਿੱਤਾ ਗਿਆ, ਹਾਲਾਂਕਿ ਉਨ੍ਹਾਂ ਨੂੰ ਰਿਹਾਈ ਦੇ ਹੁਕਮ ਪਿਛਲੇ ਮਹੀਨੇ 28 ਮਾਰਚ ਨੂੰ ਆਏ ਸਨ ਅਤੇ ਬੱਚਿਆਂ ਨੂੰ ਪਾਕਿਸਤਾਨ ਨੂੰ ਸੌਂਪਣ ਲਈ ਅਟਾਰੀ ਸਰਹੱਦ ਪੁਚਾ ਦਿੱਤਾ ਗਿਆ ਸੀ, ਪਰ ਪਾਕਿਸਤਾਨ ਨੇ ਇਹ ਹੁਕਮ ਨਹੀਂ ਮੰਨਿਆ ਸੀ। ਉਨ੍ਹਾਂ ਦੱਸਿਆ ਕਿ 31 ਅਗਸਤ 2022 ਨੂੰ ਪਾਕਿਸਤਾਨ ਦੇ ਲਾਹੌਰ ਦੇ ਰਹਿਣ ਵਾਲੇ ਦੋ ਨਾਬਾਲਗ ਬੱਚੇ ਅਬਾਸ ਹਸਨ ਤੇ ਜਾਹਿਦ ਅੱਬਾਸ ਗਲਤੀ ਨਾਲ ਸਰਹੱਦ ਪਾਰ ਕਰਕੇ ਪੰਜਾਬ ਵਿੱਚ ਦਾਖਲ ਹੋ ਗਏ ਸਨ। ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ ਤੇ ਬਾਅਦ ਵਿਚ ਇਨ੍ਹਾਂ ਬੱਚਿਆਂ ਨੂੰ ਅਪ੍ਰੈਲ 2023 ਵਿਚ ਅਦਾਲਤ ਨੇ ਬਰੀ ਕਰ ਦਿੱਤਾ ਸੀ, ਬਰੀ ਹੋਣ ਉਪਰੰਤ ਦੋਨੋਂ ਬੱਚੇ ਆਪਣੀ ਰਿਹਾਈ ਦੀ ਉਡੀਕ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਕੁਝ ਮਹੀਨੇ ਪਹਿਲਾਂ ਜਦੋਂ ਓਨਰੇਬਲ ਮਿਸਟਰ ਜਸਟਿਸ ਐਨ.ਐਸ.ਸ਼ੇਖਾਵਤ ਜੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਨੇ ਫ਼ਰੀਦਕੋਟ ਦੇ ਬਾਲ ਘਰ ਦਾ ਦੌਰਾ ਕੀਤਾ ਤਾਂ ਸਰਹੱਦ ਪਾਰ ਕਰਕੇ ਆਏ ਦੋਨਾਂ ਬੱਚਿਆਂ ਨੇ ਉਨ੍ਹਾਂ ਨੂੰ ਆਪਣੀ ਰਿਹਾਈ ਦੀ ਅਪੀਲ ਕੀਤੀ। ਉਨ੍ਹਾਂ ਦੀ ਰਿਹਾਈ ਦੀਆਂ ਸਾਰੀਆਂ ਪ੍ਰਕਿਰਿਆਵਾਂ ਪੂਰੀਆਂ ਕਰਨ ਤੋਂ ਬਾਅਦ ਬੱਚਿਆਂ ਨੂੰ 28 ਮਾਰਚ ਨੂੰ ਅਟਾਰੀ ਸਰਹੱਦ ਤੇ ਪਾਕਿਸਤਾਨ ਡਿਪੋਰਟ ਕਰਨ ਲਈ ਭੇਜਿਆ ਗਿਆ ਸੀ, ਪਰ ਪਾਕਿਸਤਾਨ ਤੋਂ ਸਬੰਧਤ ਦਸਤਾਵੇਜ਼ਾਂ ਦੇ ਨਾ ਮਿਲਨ ਕਰਕੇ ਉਨ੍ਹਾਂ ਦੀ ਰਿਹਾਈ 'ਤੇ ਰੋਕ ਲਾ ਦਿੱਤੀ ਗਈ ਸੀ। ਜ਼ਿਲ੍ਹਾ ਸੈਸ਼ਨ ਜੱਜ ਨੇ ਦੱਸਿਆ ਕਿ ਹੁਣ ਬੱਚਿਆਂ ਨਾਲ ਸਬੰਧਤ ਸਾਰੇ ਦਸਤਾਵੇਜ਼ਾਂ ਦੀ ਜਾਂਚ ਤੋਂ ਬਾਅਦ ਨਾਬਾਲਗ ਬੱਚਿਆਂ ਨੂੰ ਵਾਹਗਾ ਬਾਰਡਰ ਰਾਹੀਂ ਪਾਕਿਸਤਾਨ ਅਧਕਾਰੀਆਂ ਨੂੰ ਸੌਂਪ ਦਿੱਤਾ ਗਿਆ ਹੈ।

## ਗਲੋਬਲ ਫਲਾਇਰਜ਼ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ

ਅਜੀਤਵਾਲ (ਨਛੱਤਰ ਸੰਧੂ)-ਗਲੋਬਲ ਫਲਾਇਰਜ਼ ਆਈਲਟਸ ਤੇ ਇਮੀਗ੍ਰੇਸ਼ਨ ਸੰਸਥਾ ਜੋ ਕਿ ਮਿੰਨੀ ਬੱਸ ਸਟੈਂਡ ਲੋਪੋ ਰੋਡ ਬੱਧਨੀ ਕਲਾਂ (ਮੋਗਾ) ਵਿਖੇ ਹੈ, ਵਿਦਿਆਰਥੀਆਂ ਨੂੰ ਆਈਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਤੇ ਚੰਗੇ ਬੈਂਡ ਦਿਵਾ ਕੇ ਇਮੀਗ੍ਰੇਸ਼ਨ ਖੇਤਰ ਵਿੱਚ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੀ ਹੈ ਅਤੇ ਹੁਣ ਤੱਕ ਅਨੇਕਾਂ ਵਿਦਿਆਰਥੀਆਂ ਨੂੰ ਉਚੇਰੀ ਪੜ੍ਹਾਈ ਲਈ ਵਿਦੇਸ਼ ਭੇਜ ਕੇ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰ ਰਹੀ ਹੈ।ਇਸ ਸੰਸਥਾ ਨੇ ਸੁਖਦੀਪ ਕੌਰ ਪਤਨੀ ਰਵਿੰਦਰ ਸਿੰਘ ਧਾਲੀਵਾਲ ਵਾਸੀ ਪਿੰਡ ਬੀੜ ਰਾਊਕੇ, ਜਿਸ ਦੀ ਸੰਸਥਾ ਵਿੱਚ ਆਉਣ ਤੋਂ ਪਹਿਲਾਂ 3 ਵਾਰ ਫਾਈਲ ਰਫਿਊਜ਼ ਹੋ ਚੁੱਕੀ ਸੀ, ਦਾ ਬਹੁਤ ਘੱਟ ਸਮੇਂ ਵਿੱਚ ਕੈਨੇਡਾ ਦੇ ਕੋਨਸਟੋਗਾ ਕਾਲਜ ਦਾ ਸਟੱਡੀ ਵੀਜ਼ਾ ਲਗਵਾ ਕੇ ਦਿੱਤਾ ਹੈ।

ਐੱਮ ਡੀ ਰਜਤ ਪਲਤਾ ਨੇ ਦੱਸਿਆ ਕਿ ਮਿਹਨਤੀ ਤੇ ਤਜਰਬੇਕਾਰ ਸਟਾਫ ਸਦਕਾ ਸੁਖਦੀਪ ਕੌਰ ਨੇ ਵੀਜ਼ਾ ਪ੍ਰਾਪਤ ਕੀਤਾ ਤੇ ਨਾਲ ਹੀ ਦੱਸਿਆ ਕਿ ਗਲੋਬਲ ਫਲਾਇਰਜ਼ ਸੰਸਥਾ ਵੱਲੋਂ ਵੀਜ਼ੇ ਲਗਵਾਉਣ ਲਈ ਮੋਹਰੀ ਸੰਸਥਾ ਰਹੀ ਹੈ। ਇਸ ਮੌਕੇ ਸੁਖਦੀਪ ਕੌਰ ਤੇ ਉਨ੍ਹਾਂ ਦੇ ਪਰਵਾਰ ਨਾਲ ਖ਼ੁਸ਼ੀ ਜ਼ਾਹਰ ਕਰਦਿਆਂ ਐੱਮ ਡੀ ਰਜਤ ਪਲਤਾ ਨੇ ਪੂਰੇ ਸਟਾਫ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਆਉਣ ਵਾਲੇ ਸੁਨਹਿਰੀ ਭਵਿੱਖ ਲਈ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਮਜ਼ਦੂਰ ਦਿਵਸ ਮੌਕੇ ਮੁਲਾਜ਼ਮਾਂ ਵੱਲੋਂ ਕੀਤੇ ਜਾਣਗੇ ਝੰਡਾ ਮਾਰਚ



ਸੰਗਰੂਰ (ਪ੍ਰਵੀਨ ਸਿੰਘ)-ਦੀ ਕਲਾਸ ਫੋਰ ਗੌ: ਇੰਪ: ਯੂਨੀਅਨ ਪੰਜਾਬ ਬ੍ਰਾਂਚ ਜ਼ਿਲ੍ਹਾ ਸੰਗਰੂਰ ਦੀ ਵਰਕਿੰਗ ਕਮੇਟੀ ਦੀ ਵਧਾਈ ਹੋਈ ਮੀਟਿੰਗ ਜ਼ਿਲ੍ਹਾ ਪ੍ਰਧਾਨ ਮੇਲਾ ਸਿੰਘ ਪੁੰਨਾਂਵਾਲ ਤੇ ਪਸਸਫ ਦੇ ਜ਼ਿਲ੍ਹਾ ਪ੍ਰਧਾਨ ਸੀਤਾ ਰਾਮ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖੋ ਵੱਖ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ ਦੇ ਪ੍ਰਮੁੱਖ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ।ਮੀਟਿੰਗ ਵਿੱਚ 20 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਕੰਪਲੈਕਸ ਜਲੰਧਰ ਵਿਖੇ ਹੋਈ ਯੂਨੀਅਨ ਦੀ ਸੂਬਾਈ ਕਾਨਫਰੰਸ ਦੀ ਰਿਪੋਰਟਿੰਗ ਸਾਥੀ ਮੇਲਾ ਸਿੰਘ ਪੁੰਨਾਂਵਾਲ ਵੱਲੋਂ ਵਿਸਥਾਰ ਵਿੱਚ ਕੀਤੀ, ਜਿਸ ਵਿੱਚ ਅਗਲੇ ਸਮੇਂ ਲਈ ਸਰਬਸੰਮਤੀ ਨਾਲ ਚੁਣੀ ਸੂਬਾਈ ਲੀਡਰਸ਼ਿਪ ਪਾਸ ਕੀਤੇ ਮਤਿਆਂ ਤੇ ਅਗਲੇ ਸੰਘਰਸ਼ਾਂ ਬਾਰੇ ਜਾਣਕਾਰੀ ਦਿੱਤੀ, ਜਿਸ ਨੂੰ ਮੀਟਿੰਗ ਵੱਲੋਂ ਸਰਬਸੰਮਤੀ ਨਾਲ ਪ੍ਰਵਾਨ ਕਰਦਿਆਂ ਸੂਬਾ ਡੈਲੀਗੇਟ ਅਜਲਾਸ ਵਿੱਚ ਜ਼ਿਲ੍ਹਾ ਸੰਗਰੂਰ ਨੂੰ ਦਿੱਤੇ ਮਾਣ, ਜਿਸ ਵਿੱਚ ਰਣਜੀਤ ਸਿੰਘ ਰਾਣਵਾਂ ਨੂੰ ਮੁੜ 12ਵੇਂ ਸਾਲ ਵਿੱਚ ਮੁੜ ਪੰਜਾਬ ਦਾ ਸਕੱਤਰ ਜਨਰਲ ਚੁਣੇ ਜਾਣ 'ਤੇ ਸਾਥੀ ਰਾਣਵਾਂ ਦਾ ਸਨਮਾਨ ਕੀਤਾ।

ਇਨ੍ਹਾਂ ਦੇ ਨਾਲ ਸਾਥੀ ਮੇਲਾ ਸਿੰਘ ਪੁੰਨਾਂਵਾਲ ਨੂੰ ਸੀਨੀਅਰ ਮੀਤ ਪ੍ਰਧਾਨ, ਹੰਸ ਰਾਜ ਦੀਦਾਰਗੜ੍ਹ ਨੂੰ ਐਡੀਸ਼ਨਲ ਜਨਰਲ ਸਕੱਤਰ, ਸੀਤਾ ਰਾਮ ਸ਼ਰਮਾ ਨੂੰ ਆਡੀਟਰ ਤੇ ਕੁਲਦੀਪ ਸਿੰਘ (ਮੰਡੀ ਬੋਰਡ) ਨੂੰ ਸੂਬਾ ਪ੍ਰਚਾਰ ਸਕੱਤਰ ਚੁਣੇ ਜਾਣ 'ਤੇ ਮੀਟਿੰਗ ਵੱਲੋਂ ਮੁਬਾਰਕਾਂ ਦਿੱਤੀਆਂ ਅਤੇ ਹਾਰ ਪਾ ਕੇ ਸਨਮਾਨ ਕੀਤਾ ਗਿਆ।ਮੀਟਿੰਗ ਵਿੱਚ ਫੈਸਲਾ ਕੀਤਾ ਕਿ ਸੂਬਾਈ ਫੈਸਲੇ ਮੁਤਾਬਕ ਜ਼ਿਲ੍ਹਾ ਸੰਗਰੂਰ ਵਿੱਚ ਤਹਿਸੀਲ ਪੱਧਰ ਤੱਕ 1 ਮਈ ਨੂੰ ਮਜ਼ਦੂਰ ਦਿਵਸ ਵਜੋਂ ਧੂਮਧਾਮ ਨਾਲ ਮਨਾਇਆ ਜਾਵੇਗਾ ਤੇ ਝੰਡਾ ਮਾਰਚ ਕੀਤੇ ਜਾਣਗੇ। 30 ਅਪ੍ਰੈਲ ਨੂੰ ਕਾਰਜਕਾਰੀ ਇੰਜੀਨੀਅਰ ਜਲ ਸਰੋਤ ਵਿਭਾਗ ਦੇ ਦਫਤਰ ਅੱਗੇ ਮਜ਼ਦੂਰ ਵਿਰੋਧੀ ਰਵੱਈਏ ਕਾਰਨ ਅਰਥੀ ਫੂਕ ਮੁਜ਼ਾਹਰੇ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

## ਵਾਹਨਾਂ 'ਤੇ ਉੱਚੀ ਅਵਾਜ਼ 'ਚ ਗੀਤ ਵਜਾਉਣ ਵਾਲਿਆਂ ਖਿਲਾਫ ਡੀ ਐੱਸ ਪੀ ਵੱਲੋਂ ਸਖ਼ਤ ਕਾਰਵਾਈ ਦੇ ਨਿਰਦੇਸ਼

ਬਾਘਾ ਪੁਰਾਣਾ (ਮਨੀ ਸਿੰਗਲਾ)-ਟਰੈਕਟਰਾਂ ਜਾਂ ਹੋਰ ਵ੍ਹੀਕਲਾਂ ਉਪਰ ਵੱਡੇ-ਵੱਡੇ ਸਾਊਂਡ ਸਿਸਟਮ ਲਾ ਕੇ ਉੱਚੀ ਅਵਾਜ਼ ਵਿੱਚ ਗੀਤ ਵਜਾਉਂਦੇ ਹਨ, ਉਹ ਹੁਣ ਸਾਵਧਾਨ ਹੋ ਜਾਣ, ਕਿਉਂਕਿ ਹੁਣ ਜੋ ਵੀ ਟਰੈਕਟਰ ਜਾਂ ਲੰਡੀਆਂ ਜੀਪਾਂ ਜਾਂ ਹੋਰ ਸਾਧਨਾਂ 'ਤੇ ਜੇਕਰ ਕੋਈ ਵੱਡਾ ਸਪੀਕਰ ਲਾ ਕੇ ਗੀਤ ਵਜਾਏਗਾ ਤਾਂ ਉਸ ਨੂੰ ਮੋਟਾ ਜੁਰਮਾਨਾ ਅਦਾ ਕਰਨਾ ਪਵੇਗਾ। ਸਥਾਨਕ ਸ਼ਹਿਰ ਵਿੱਚ ਟਰੈਕਟਰਾਂ ਉਪਰ ਉੱਚੀ ਉੱਚੀ ਗੀਤ ਵੱਜਣ ਦੀਆਂ ਸ਼ਿਕਾਇਤਾਂ ਨੂੰ ਧਿਆਨ ਵਿੱਚ ਰੱਖਦਿਆਂ ਡੀਐੱਸਪੀ ਬਾਘਾ ਪੁਰਾਣਾ ਦਲਵੀਰ ਸਿੰਘ ਨੇ ਅਜਿਹੇ ਅਨਸਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਵੀ ਵ੍ਹੀਕਲ ਟਰੈਕਟਰ, ਲੰਡੀਆਂ ਜੀਪਾਂ ਜਾਂ ਕਿਸੇ ਹੋਰ ਵ੍ਹੀਕਲ 'ਤੇ ਉੱਚੀ ਆਵਾਜ਼ ਵਿੱਚ ਗੀਤ ਵੱਜਦੇ ਦਿਖਾਈ ਦਿੱਤੇ ਤਾਂ ਉਹ ਕਿਸੇ ਵੀ ਕੀਮਤ 'ਤੇ ਬਖ਼ਸ਼ੇ ਨਹੀਂ ਜਾਣਗੇ, ਕਿਉਂਕਿ ਉੱਚੀ ਆਵਾਜ਼ ਦੇ ਨਾਲ ਗੀਤ ਵੱਜਣ ਨਾਲ ਜਿੱਥੇ ਸ਼ੋਰ ਪ੍ਰਦੂਸ਼ਣ ਪੈਦਾ ਹੁੰਦਾ ਹੈ, ਉਥੇ ਹੀ ਜੋ ਵਿਅਕਤੀ ਹਾਰਟ ਅਟੈਕ ਦੇ ਮਰੀਜ਼ ਹਨ, ਉਨ੍ਹਾਂ ਲਈ ਸ਼ੋਰ ਪ੍ਰਦੂਸ਼ਣ ਸਿਹਤ ਲਈ ਬਹੁਤ ਹੀ ਮਾੜਾ ਹੈ ਅਤੇ ਮਾਨਯੋਗ ਅਦਾਲਤ ਵੱਲੋਂ ਉੱਚੀ ਆਵਾਜ਼ ਲਾ ਕੇ ਗੀਤ ਵਜਾਉਣ ਵਾਲਿਆਂ 'ਤੇ ਪਾਬੰਦੀ ਲਗਾਈ ਹੋਈ ਹੈ। ਡੀਐੱਸਪੀ ਨੇ ਕਿਹਾ ਕਿ ਹੁਣ ਉਨ੍ਹਾਂ ਦੀ ਅਗਵਾਈ ਵਿੱਚ ਥਾਣਾ ਬਾਘਾ ਪੁਰਾਣਾ ਦੀ ਟੀਮ ਸਮੇਤ ਟ੍ਰੈਫਿਕ ਪੁਲਸ ਵੱਲੋਂ ਸ਼ੋਰ ਪ੍ਰਦੂਸ਼ਣ ਪੈਦਾ ਕਰਨ ਵਾਲਿਆਂ ਖ਼ਿਲਾਫ਼ ਮੁਹਿੰਮ ਵਿੱਢੀ ਜਾਵੇਗੀ, ਜੇਕਰ ਕੋਈ ਵੱਡੇ ਸਾਊਂਡ ਸਿਸਟਮ ਨਾਲ ਉੱਚੀ ਆਵਾਜ਼ ਵਿੱਚ ਸ਼ੋਰ ਪ੍ਰਦੂਸ਼ਣ ਕਰਦਾ ਫੜਿਆ ਗਿਆ ਤਾਂ ਉਸ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮੌਕੇ ਉਨ੍ਹਾਂ ਟ੍ਰੈਫਿਕ ਸਿਸਟਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸ਼ਹਿਰ ਵਾਸੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਕੋਈ ਦੁਕਾਨਦਾਰ ਜਾਂ ਵ੍ਹੀਕਲ ਚਾਲਕ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਦਾ ਹੋਇਆ ਆਪਣੀ ਜ਼ਿੰਮੇਵਾਰ ਸਮਝੇ ਤੇ ਦੁਕਾਨਦਾਰ ਆਪਣੀ ਦੁਕਾਨ ਦਾ ਸਾਮਾਨ ਤੇ ਫਲੈਕਸ ਬੋਰਡ ਆਪਣੀ ਹੱਦ ਵਿੱਚ ਹੀ ਰੱਖਣ ਅਤੇ ਕੋਈ ਵ੍ਹੀਕਲ ਚਾਲਕ ਰਸਤੇ ਵਿੱਚ ਗੱਡੀ ਨਾ ਖੜੀ ਕਰੇ।

## ਕਾਤਰਾਂ

### ਬੱਚਿਆਂ ਦੀ ਜੇਲ੍ਹ 'ਚੋਂ ਮੋਬਾਈਲ ਮਿਲਣ ਦਾ ਮਾਮਲਾ ਆਇਆ ਸਾਹਮਣੇ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਕੇਂਦਰੀ ਜੇਲ੍ਹ ਅੰਦਰੋਂ ਮੋਬਾਇਲ ਫੋਨ ਬਰਾਮਦ ਹੋਣ ਦੇ ਮਾਮਲੇ ਤਾਂ ਅਕਸਰ ਹੀ ਸਾਹਮਣੇ ਆਉਂਦੇ ਰਹਿੰਦੇ ਸਨ, ਪਰ ਬਾਲ ਸੁਧਾਰ ਘਰ (ਬੱਚਿਆਂ ਦੀ ਜੇਲ੍ਹ) 'ਚੋਂ ਵੀ ਹੁਣ ਇੱਕ ਪਹਿਲਾਂ ਮਾਮਲਾ ਸਾਹਮਣੇ ਆਇਆ, ਜਦੋਂ ਇਸ ਬਾਲ ਸੁਧਾਰ ਘਰ ਅੰਦਰ ਬੰਦ ਬਾਲ ਕੈਦੀਆਂ ਤੋਂ ਤਿੰਨ ਮੋਬਾਇਲ ਫੋਨ ਬਰਾਮਦ ਕੀਤੇ ਗਏ ਹਨ ਤੇ ਇਹ ਮੋਬਾਇਲ ਫੋਨ ਵੀ ਉਸੇ ਬਾਲ ਸੁਧਾਰ ਘਰ 'ਚ ਤੈਨਾਤ ਇੱਕ ਮੁਲਾਜ਼ਮ ਵੱਲੋਂ ਹੀ ਮੁਹੱਈਆ ਕਰਾਏ ਗਏ ਸਨ। ਹੁਣ ਜੇਲ੍ਹ ਪ੍ਰਬੰਧਕਾਂ ਦੀ ਸ਼ਿਕਾਇਤ 'ਤੇ ਥਾਣਾ ਸਿਟੀ ਫ਼ਰੀਦਕੋਟ ਵਿਖੇ ਸੱਤ ਬਾਲ ਕੈਦੀਆਂ ਤੇ ਇੱਕ ਮੁਲਾਜ਼ਮ ਜਸਵੰਤ ਸਿੰਘ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਡੀਐਸਪੀ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਇਹ ਪਹਿਲਾ ਮਾਮਲਾ ਹੈ ਜਦੋਂ ਬਾਲ ਸੁਧਾਰ ਘਰ ਅੰਦਰ ਬੰਦ ਬਾਲ ਕੈਦੀਆਂ ਕੋਲੋਂ ਮੋਬਾਇਲ ਫੋਨ ਬਰਾਮਦ ਹੋਏ ਹਨ ਤੇ ਇੱਕ ਮੁਲਾਜ਼ਮ ਦੀ ਸ਼ਮੂਲੀਅਤ ਹੋਣ ਕਾਰਨ ਉਸਦੇ ਖਿਲਾਫ਼ ਵੀ ਮਾਮਲਾ ਦਰਜ ਕੀਤਾ ਗਿਆ ਹੈ, ਜਿਸ ਤੋਂ ਜਲਦ ਪੁੱਛਗਿੱਛ ਕੀਤੀ ਜਾਵੇਗੀ।

### ਸੋਨੂੰ ਸੇਠੀ 'ਆਪ' ਦੇ ਬਲਾਕ ਪ੍ਰਧਾਨ ਨਿਯੁਕਤ



ਮਮਦੋਟ (ਜਸਬੀਰ ਸਿੰਘ ਕੰਬੋਜ)-ਆਮ ਆਦਮੀ ਪਾਰਟੀ ਵੱਲੋਂ ਬੂਥ ਪੱਧਰ ਤੱਕ ਪਾਰਟੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਨਗਰ ਪੰਚਾਇਤ ਮਮਦੋਟ ਵਿੱਚ ਬਤੌਰ ਐੱਮ ਸੀ ਸੇਵਾਵਾਂ ਨਿਭਾ ਰਹੇ ਸੁਰਿੰਦਰ ਕੁਮਾਰ ਸੋਨੂ ਸੇਠੀ ਨੂੰ ਬਲਾਕ ਮਮਦੋਟ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸੋਨੂ ਸੇਠੀ ਦੀ ਇਸ ਨਿਯੁਕਤੀ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ ਪ੍ਰਭਾਰੀ ਫਿਰੋਜ਼ਪੁਰ, ਡਾਕਟਰ ਅੰਮ੍ਰਿਤ ਪਾਲ ਸਿੰਘ ਸੋਢੀ ਪ੍ਰਭਾਰੀ ਮਮਦੋਟ, ਦਲਜੀਤ ਸਿੰਘ ਬਾਬਾ ਐੱਮ ਸੀ, ਸੰਜੀਵ ਕੁਮਾਰ ਚਿੰਟੂ ਧਵਨ ਬਲਾਕ ਪ੍ਰਧਾਨ ਸ਼ਹਿਰੀ, ਸੀਨੀਅਰ ਆਗੂ ਡਾਕਟਰ ਦਲਜੀਤ ਸਿੰਘ ਜੋਸਨ, ਸੰਦੀਪ ਕੁਮਾਰ, ਦੀਪ ਸੋਨੀ. ਜਸਬੀਰ ਸਿੰਘ ਚੇਅਰਮੈਨ ਐੱਸਐੱਮਸੀ, ਬਲਵੀਰ ਸਿੰਘ ਫਤਿਹਵਾਲਾ, ਬਲਵਿੰਦਰ ਸਿੰਘ ਲੱਡੂ ਹਜਾਰਾ ਤੇ ਹਕੀਮ ਬਲਵੀਰ ਸਿੰਘ ਜਲੋਕੇ ਨੇ ਸੋਨੂ ਸੇਠੀ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਸ ਨਾਲ ਪਾਰਟੀ ਬੂਥ ਪੱਧਰ 'ਤੇ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐੱਮ ਸੀ ਸੁਰਿੰਦਰ ਕੁਮਾਰ ਸੋਨੂ ਸੇਠੀ ਨੇ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

### ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਪੱਤਰਕਾਰ ਤੱਗੜ ਦੀ ਗ੍ਰਿਫਤਾਰੀ ਦੀ ਨਿੰਦਾ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਮੋਹਾਲੀ ਪੁਲਸ ਦੁਆਰਾ ਇੱਕ ਝੂਠੇ ਮਾਮਲੇ ਵਿੱਚ ਸੀਨੀਅਰ ਪੱਤਰਕਾਰ ਰਜਿੰਦਰ ਤੱਗੜ ਨੂੰ ਗ੍ਰਿਫਤਾਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਯੂਨੀਅਨ ਦੇ ਚੇਅਰਮੈਨ ਬਲਵਿੰਦਰ ਜੰਮੂ, ਪ੍ਰਧਾਨ ਬਲਵੀਰ ਜੰਡੂ, ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ, ਖਜ਼ਾਨਚੀ ਬਿੰਦੂ ਸਿੰਘ, ਸਕੱਤਰ ਸੰਤੋਖ ਸਿੰਘ ਗਿੱਲ, ਚੰਡੀਗੜ੍ਹ ਯੂਨਿਟ ਦੇ ਚੇਅਰਮੈਨ ਜਗਤਾਰ ਭੁੱਲਰ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਇਸ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਤੱਗੜ ਨੇ ਕੁੱਝ ਸਮਾਂ ਪਹਿਲਾਂ ਮੋਹਾਲੀ ਪੁਲਸ ਦੀਆਂ ਧੱਕੇਸ਼ਾਹੀ ਦੀਆਂ ਕੁਝ ਰਿਪੋਰਟਾਂ ਨਸ਼ਰ ਕੀਤੀਆਂ ਸਨ, ਜਿਸ ਕਰਕੇ ਮੋਹਾਲੀ ਪੁਲਸ ਨੇ ਬਦਲਾਖ਼ੋਰੀ ਦੀ ਭਾਵਨਾ ਨਾਲ ਉਸ ਨੂੰ ਗ੍ਰਿਫਤਾਰ ਕੀਤਾ ਹੈ। ਆਗੂਆਂ ਨੇ ਇਸ ਕਾਰਵਾਈ ਨੂੰ ਪ੍ਰੈੱਸ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਨੇ ਉਸ ਵਿਰੁੱਧ ਉਸ ਸਮੇਂ ਕਾਰਵਾਈ ਕੀਤੀ ਹੈ, ਜਦੋਂ ਲੋਕ ਸਭਾ ਦੀਆਂ ਚੋਣਾਂ ਚੱਲ ਰਹੀਆਂ ਹਨ। ਆਗੂਆਂ ਨੇ ਚੋਣ ਕਮਿਸ਼ਨ ਕੋਲੋਂ ਵੀ ਮੰਗ ਕੀਤੀ ਹੈ ਕਿ ਉਹ ਇਸ ਮਾਮਲੇ ਦਾ ਫੌਰੀ ਨੋਟਿਸ ਲਵੇ ਤੇ ਪੱਤਰਕਾਰ ਨੂੰ ਰਿਹਾਅ ਕਰਵਾਉਣ ਲਈ ਕਾਰਵਾਈ ਕਰੇ। ਆਗੂਆਂ ਨੇ ਮੰਗ ਕੀਤੀ ਕਿ ਪੱਤਰਕਾਰ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਯੂਨੀਅਨ ਦੇ ਜ਼ਿਲ੍ਹਾ ਬਠਿੰਡਾ ਯੂਨਿਟ ਨੇ ਵੀ ਮੋਹਾਲੀ ਪੁਲਸ ਦੀ ਇਸ ਕਾਰਵਾਈ ਦੀ ਸਖਤ ਨਿਖੇਧੀ ਕੀਤੀ ਹੈ।

## ਐੱਸ ਆਰ ਐੱਸ ਵਿੱਦਿਆਪੀਠ 'ਚ ਅਧਿਆਪਕ-ਮਾਪੇ ਮੀਟਿੰਗ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਵਿੱਚ ਨਵੇਂ ਸੈਸ਼ਨ 2024-25 ਦੌਰਾਨ 27 ਅਪ੍ਰੈਲ 2024 ਨੂੰ ਪਹਿਲੀ ਅਧਿਆਪਕ-ਮਾਪੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮਾਪਿਆਂ ਨੇ ਅਧਿਆਪਕਾਂ ਨੂੰ ਮਿਲ ਕੇ ਆਪਣੇ ਬੱਚੇ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਮਾਪਿਆਂ ਨੇ ਆਪਣੇ ਬੱਚੇ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਅਧਿਆਪਕ ਨਾਲ ਗੱਲਬਾਤ ਕੀਤੀ ਤੇ ਅਧਿਆਪਕ ਵੱਲੋਂ ਬੱਚਿਆਂ ਨੂੰ ਪੜ੍ਹਾਈ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮਿਸ ਮਿਲੀ ਬੋਸ, ਚੇਅਰਮੈਨ ਅਮਿਤ ਸਿੰਗਲਾ ਤੇ ਸੈਕਟਰੀ ਲਲਿਤ ਸਿੰਗਲਾ ਨੇ ਮਾਪਿਆਂ ਨੂੰ ਆਪਣੇ ਬੱਚੇ ਬਾਰੇ ਜਾਣਕਾਰੀ ਲੈਣ ਲਈ ਹਰ ਮੀਟਿੰਗ 'ਤੇ ਆਉਣ ਲਈ ਕਿਹਾ।



# ਆਪ ਤੇ ਭਾਜਪਾ ਉਮੀਦਵਾਰਾਂ ਨੂੰ ਜਨਤਾ ਸਬਕ ਸਿਖਾਏਗੀ : ਖਹਿਰਾ

■ ਖਹਿਰਾ ਵੱਡੀ ਲੀਡ 'ਤੇ ਜਿੱਤ ਪ੍ਰਾਪਤ ਕਰਨਗੇ : ਭੋਲਾ ਸਿੰਘ ਵਿਰਕ



ਬਰਨਾਲਾ (ਰਾਜਿੰਦਰ ਬਰਾੜ/ ਗੁਰਮੀਤ ਸਿੰਘ)-ਕਾਂਗਰਸੀ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਦੇ ਹੱਕ ਵਿੱਚ ਸਟੇਟ ਐਵਾਰਡੀ ਭੋਲਾ ਵਿਰਕ ਨੇ ਆਪਣੇ ਦਫਤਰ ਦੇ ਬਾਹਰ ਵਿਸ਼ਾਲ ਰੈਲੀ ਕੀਤੀ। ਲੋਕ ਸਭਾ ਹਲਕਾ ਸੰਗਰੂਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਦੇ ਪਹੁੰਚਣ 'ਤੇ ਵੱਡੀ ਗਿਣਤੀ 'ਚ ਹੋਏ ਭਰਵੇਂ ਇਕੱਠ ਤੋਂ ਇਹ ਸਾਬਿਤ ਹੋ ਗਿਆ ਹੈ ਕਿ ਸੁਖਪਾਲ ਸਿੰਘ ਖਹਿਰਾ ਵੱਡੀ ਲੀਡ 'ਤੇ ਜਿੱਤ ਪ੍ਰਾਪਤ ਕਰਕੇ ਪਾਰਲੀਮੈਂਟ ਪਹੁੰਚਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭੋਲਾ ਸਿੰਘ ਵਿਰਕ ਨੇ ਆਪਣੇ ਨਿਵਾਸ ਸਥਾਨ ਵਿਰਕ ਕੰਪਲੈਕਸ ਵਿਖੇ ਸੈਂਕੜਿਆਂ ਦੀ ਗਿਣਤੀ 'ਚ ਪਹੁੰਚੇ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਭਰਵਾਂ ਇਕੱਠ ਦੱਸਦਾ ਹੈ ਕਿ ਸੰਗਰੂਰ ਦੇ ਲੋਕ ਵੱਡੀ ਲੀਡ 'ਤੇ ਸੁਖਪਾਲ ਸਿੰਘ ਖਹਿਰਾ ਨੂੰ ਜਿਤਾਉਣਗੇ। ਇਸ ਮੌਕੇ ਸੁਖਪਾਲ ਖਹਿਰਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਕਾਂਗਰਸ ਪਾਰਟੀ 'ਤੇ ਭਰੋਸਾ ਹੈ ਤੇ ਕਾਂਗਰਸ ਸਾਰੀਆਂ ਸੀਟਾਂ 'ਤੇ ਜਿੱਤ ਪ੍ਰਾਪਤ ਕਰੇਗੀ। ਉਨ੍ਹਾ ਕਿਹਾ ਕਿ ਦੇਸ਼ ਦੀ ਜਨਤਾ ਭਾਜਪਾ ਨੂੰ ਵੀ ਅਜਮਾ ਚੁੱਕੀ ਹੈ, ਜਿਸ ਨੇ ਮਹਿੰਗਾਈ ਤੋਂ ਸਿਵਾਏ ਕੁਝ ਨਹੀਂ ਕੀਤਾ ਤੇ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਦਿੱਤਾ। ਅੱਜ ਪੰਜਾਬ ਦੇ ਕਿਸਾਨ ਸੜਕਾਂ 'ਤੇ ਹਨ, ਪਰ ਸੱਤਾ ਦੇ ਨਸ਼ੇ 'ਚ ਕੇਂਦਰ ਦੀ ਸੱਤਾਧਾਰੀ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਉਨ੍ਹਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ, ਪੰਜਾਬ 'ਚ 'ਆਪ' ਤੇ ਭਾਜਪਾ ਦੇ ਉਮੀਦਵਾਰਾਂ ਨੂੰ ਜਨਤਾ ਜ਼ਰੂਰ ਸਬਕ ਸਿਖਾਏਗੀ। ਇਸ ਮੌਕੇ ਸੁਰਿੰਦਰ ਪਾਲ ਸਿੰਘ ਸਿਵੀਆ, ਕੁਲਦੀਪ ਸਿੰਘ ਕਾਲਾ ਢਿੱਲੋਂ, ਮੱਖਣ ਸ਼ਰਮਾ, ਗੁਰਜੀਤ ਸਿੰਘ ਰਾਮਣਵਾਸੀਆ, ਚੰਦ ਸਿੰਘ ਸਰਪੰਚ, ਬਲਦੇਵ ਦਾਸ ਸੰਘੇੜਾ, ਜਸਮੇਲ ਡੇਰੀਵਾਲਾ, ਬਲਦੇਵ ਸਿੰਘ ਭੁੱਚਰ ਬਰਨਾਲਾ, ਜਗਤਾਰ ਸਿੰਘ ਪੱਖੋਂ, ਸੂਰਤ ਸਿੰਘ ਬਾਜਵਾ, ਮਹੇਸ਼ ਕੁਮਾਰ ਲੋਟਾ, ਨਰਿੰਦਰ ਸ਼ਰਮਾ, ਗੁਰਮੇਲ ਸਿੰਘ ਮੌੜ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕ ਸ਼ਾਮਲ ਸਨ।

## ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੀ ਐਸੋਸੀਏਸ਼ਨ ਵੱਲੋਂ ਰੋਸ ਮਾਰਚ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਕਰਮਚਾਰੀਆਂ ਵੱਲੋਂ ਬਣਾਈ ਗਈ ਐਸੋਸੀਏਸਨ ਨੇ ਰੋਸ ਮਾਰਚ ਕੱਢਿਆ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਸ੍. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਦੋ ਮਹੀਨਿਆਂ ਤੋਂ ਵੱਧ ਸਮੇਂ ਤੋਂ ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਿੰਸੀਪਲ ਤੇ ਕਾਲਜ ਪ੍ਰਸ਼ਾਸਨ ਦੀਆਂ ਮਿਨਤਾਂ-ਤਰਲੇ ਕਰ ਰਹੇ ਹਨ, ਪਰ ਅਜੇ ਤੱਕ ਪ੍ਰਿੰਸੀਪਲ ਤੇ ਮੈਨੇਜਮੈਂਟ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕੀ ਹੈ, ਜਿਸ ਤੋਂ ਨਿਰਾਸ਼ ਕਰਮਚਾਰੀਆਂ ਨੇ ਆਪਣਾ ਰੋਸ ਆਮ ਜਨਤਾ ਵਿੱਚ ਲੈ ਕੇ ਜਾਣ ਦਾ ਫੈਸਲਾ ਲਿਆ ਹੈ। ਇਸ ਗੱਲ ਨੂੰ ਅੱਗੇ ਵਧਾਉਂਦਿਆਂ ਜਨ ਸਕੱਤਰ ਸ੍. ਹਰਬੰਸ ਸਿੰਘ ਨੇ ਰੋਸ ਪ੍ਰਗਟ ਕੀਤਾ ਕਿ ਪ੍ਰਿੰਸੀਪਲ ਸਿਰਫ ਆਪਣੀ ਕੁਰਸੀ ਬਚਾਉਣ ਲਈ ਹੀ ਨੱਠ-ਭੱਜ ਕਰ ਰਿਹਾ ਹੈ। ਉਸ ਨੂੰ ਕਰਮਚਾਰੀਆਂ ਦੇ ਹਿੱਤਾਂ ਦਾ ਤੇ ਕਾਲਜ ਦੇ ਹਿੱਤਾਂ ਦਾ ਕੋਈ ਖਿਆਲ ਨਹੀਂ ਹੈ। ਮੁੱਖ ਬੁਲਾਰਾ ਸ੍. ਸਨਪ੍ਰੀਤ ਸਿੰਘ ਨੇ ਦੱਸਿਆ ਕਿ ਪ੍ਰਿੰਸੀਪਲ ਕਾਲਜ ਕਰਮਚਾਰੀਆਂ ਦੇ ਰੋਸ ਨੂੰ ਮੈਨੇਜਮੈਂਟ ਸਾਹਮਣੇ ਗਲਤ ਤਰੀਕੇ ਨਾਲ ਪੇਸ਼ ਕਰ ਰਿਹਾ ਹੈ, ਜਿਸ ਕਾਰਨ ਕਰਮਚਾਰੀ ਆਪਣੀਆਂ ਮੰਗਾਂ ਦੇ ਨਾਲ ਨਾਲ ਪ੍ਰਿੰਸੀਪਲ ਖਿਲਾਫ ਵੀ ਸਖਤ ਰੋਸ ਪ੍ਰਦਰਸ਼ਨ ਕਰ ਰਹੇ ਹਨ ਤੇ ਕਰਮਚਾਰੀਆਂ ਵਿੱਚ ਪ੍ਰਿੰਸੀਪਲ ਨੂੰ ਹਟਾਉਣ ਦੀ ਮੰਗ ਵੀ ਉੱਠ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਇਹ ਸੰਘਰਸ਼ ਆਰ ਪਾਰ ਦਾ ਹੋਵੇਗਾ।

# ਮਜ਼ਦੂਰ ਆਪਣੇ ਕਰਜ਼ ਮਾਫ਼ੀ ਲਈ ਮੈਨੂੰ ਪਾਰਲੀਮੈਂਟ 'ਚ ਭੇਜਣ : ਭਗਵੰਤ ਸਮਾਓਂ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-"ਮਜ਼ਦੂਰ ਵਰਗ ਦਲ-ਬਦਲੂ ਲੁਟੇਰੇ ਲੀਡਰਾਂ ਨੂੰ ਮੂੰਹ ਨਾ ਲਾਵੇ ਤੇ ਐੱਸ ਸੀ/ਬੀ ਸੀ ਸਮਾਜ ਦਾ ਅਪਮਾਨ ਕਰਨ ਵਾਲੇ ਆਪ, ਭਾਜਪਾ, ਕਾਂਗਰਸ, ਅਕਾਲੀਆਂ ਨੂੰ ਸਬਕ ਸਿਖਾਉਣ ਲਈ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਤਾਕਤ ਨੂੰ ਮਜ਼ਬੂਤ ਕਰੋ।" ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਬਠਿੰਡਾ ਤੋਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਉਮੀਦਵਾਰ ਭਗਵੰਤ ਸਿੰਘ ਸਮਾਓਂ ਨੇ ਪਿੰਡ ਸੇਮਾ (ਨਥਾਣਾ) ਵਿਖੇ ਮਜ਼ਦੂਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾ ਮਜ਼ਦੂਰਾਂ, ਔਰਤਾਂ ਸਿਰ ਚੜ੍ਹੇ ਕਰਜ਼ੇ ਦੀ ਮੁਆਫ਼ੀ ਦੀ ਅਵਾਜ਼ ਪਾਰਲੀਮੈਂਟ ਵਿੱਚ ਰੱਖਣ ਲਈ ਵੋਟ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਅੱਛੇ ਦਿਨਾਂ ਦਾ ਨਾਅਰਾ ਦੇ ਕੇ ਦਸ ਸਾਲ ਪਹਿਲਾਂ ਭਾਜਪਾ ਮੋਦੀ ਨੇ ਕੇਂਦਰ ਦੀ ਸੱਤਾ ਹੜੱਪ ਕੇ ਜਿਸ ਕਦਰ ਦੇਸ਼ ਤੇ ਜਨਤਾ ਨੂੰ ਲੁੱਟਿਆ, ਉਸੇ ਤਰ੍ਹਾਂ 'ਆਪ' ਭਗਵੰਤ ਮਾਨ ਨੇ ਇਨਕਲਾਬੀ ਬਦਲਾਅ ਦੇ ਨਾਂ 'ਤੇ ਵੋਟਾਂ ਲੈ ਕੇ ਪੰਜਾਬੀਆਂ ਨੂੰ ਮੂਰਖ ਬਣਾਇਆ ਹੈ ਅਤੇ ਅੱਜ ਮੁੱਖ ਮੰਤਰੀ ਮਾਨ ਪੰਜਾਬੀਆਂ ਨਾਲ ਕੀਤੀਆਂ ਗਰੰਟੀਆਂ ਤੋਂ ਭੱਜ ਰਿਹਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਵਰਗ ਆਪਣੇ ਸਿਰ ਚੜ੍ਹੇ ਕਰਜ਼ੇ ਦੀ ਮਾਫ਼ੀ ਲਈ ਮੈਨੂੰ ਪਾਰਲੀਮੈਂਟ ਵਿੱਚ ਭੇਜਣ। ਸਮਾਓਂ ਨੇ ਕਿਹਾ ਕਿ ਅੱਜ ਵੋਟਾਂ ਲਈ ਗੇੜੇ ਮਾਰਨ ਵਾਲੇ ਰਜਵਾੜੇ ਲੀਡਰ ਆਮ ਦਿਨਾਂ 'ਚ ਦਲਿਤਾਂ ਦੇ ਹੱਕ ਵਿਚ ਆਵਾਜ਼ ਬੰਦ ਰੱਖਦੇ ਹਨ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਸੇਮਾ ਨੇ ਕਿਹਾ ਕਿ ਸੱਤਾ ਦੀ ਕੁਰਸੀ ਲਈ ਆਪਣਾ ਜ਼ਮੀਰ ਵੇਚਣ ਵਾਲੇ ਲੀਡਰ ਕਦੇ ਵੀ ਗਰੀਬਾਂ ਦੇ ਵਫ਼ਾਦਾਰ ਨਹੀਂ ਹੋ ਸਕਦੇ। ਉਨ੍ਹਾਂ ਕਿਹਾ ਕਿ ਸੰਘਰਸ਼ਸ਼ੀਲ ਕਿਸਾਨ, ਮੁਲਾਜ਼ਮ, ਬੇਰੁਜ਼ਗਾਰ ਨੌਜਵਾਨ, ਮਜ਼ਦੂਰ ਭਗਵੰਤ ਸਮਾਓਂ ਨੂੰ ਵੋਟ ਦੇਣ। ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਰਾਮਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਜਸਵੰਤ ਸਿੰਘ ਖਾਲਸਾ, ਰਾਜ ਸਿੰਘ ਪੂਹਲੀ, ਜਸਵਿੰਦਰ ਸਿੰਘ ਸੇਮਾ, ਮਨਜੀਤ ਸਿੰਘ ਸੇਮਾ, ਹਰਜੀਤ ਕੌਰ ਸੇਮਾ ਤੇ ਪ੍ਰੇਮ ਸਿੰਘ ਸੇਮਾ ਸਮੇਤ ਹੋਰ ਲੋਕ ਹਾਜ਼ਰ ਸਨ।

## ਰਿੰਕਾ ਕੁਤਬਾ ਬਾਹਮਣੀਆਂ ਨੇ ਕੀਤੀ ਬਾਦਲ ਨਾਲ ਮੀਟਿੰਗ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਆਗਾਮੀ ਲੋਕ ਸਭਾ ਚੋਣਾਂ ਦੌਰਾਨ ਪਾਰਟੀ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਕੌਮੀ ਮੀਤ ਪ੍ਰਧਾਨ ਰਿੰਕਾ ਕੁਤਬਾ ਬਾਹਮਣੀਆਂ ਵੱਲੋਂ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਪਿੰਡ ਬਾਦਲ ਵਿਖੇ ਮੁਲਾਕਾਤ ਕੀਤੀ ਗਈ। ਉਨ੍ਹਾਂ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਸਿਆਸੀ ਸਮੀਕਰਨਾਂ ਬਾਦਲ ਨੂੰ ਜਾਣੂ ਕਰਾਇਆ। ਕੌਮੀ ਮੀਤ ਪ੍ਰਧਾਨ ਰਿੰਕਾ ਨੇ ਦੱਸਿਆ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਮਿਲਣ ਦੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੁਣ ਉਹ ਪੂਰੇ ਪੰਜਾਬ ਦੇ 13 ਲੋਕ ਸਭਾ ਹਲਕਿਆਂ 'ਚ ਐਸ ਸੀ ਭਾਈਚਾਰੇ ਦੇ ਲੋਕਾਂ ਨੂੰ ਪਾਰਟੀ ਉਮੀਦਵਾਰਾਂ ਦੇ ਹੱਕ ਭੁਗਤਾਉਣ ਲਈ ਦਿਨ-ਰਾਤ ਇੱਕ ਕਰਨਗੇ। ਉਨ੍ਹਾਂ ਕਿਹਾ ਕਿ ਜਲਦ ਹੀ ਯੋਜਨਾਬੱਧ ਤਰੀਕੇ ਨਾਲ ਪ੍ਰਚਾਰ ਮੁਹਿੰਮ ਆਰੰਭੀ ਜਾਵੇਗੀ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਤੋਂ ਦੁਖੀ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਮੁੜ ਚੇਤੇ ਕਰਨ ਲੱਗੇ ਹਨ, ਅੱਜ ਹਰ ਘਰ 'ਚ ਸ਼੍ਰੋਮਣੀ ਅਕਾਲੀ ਦਲ ਮੁੜ ਚੱਲ ਪਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਇਨ੍ਹਾਂ ਲੋਕ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਇਤਿਹਾਸਕ ਜਿੱਤ ਦਿਵਾਉਣਗੇ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਨੇ ਚੋਣ ਮੁਹਿੰਮ ਆਰੰਭੀ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਰਾਜ ਜਤਿੰਦਰ ਸਿੰਘ ਨੇ ਮਾਛੀਵਾੜਾ ਵਿੱਚ ਚੋਣ ਮੁਹਿੰਮ ਆਰੰਭੀ, ਜਿਸ ਤਹਿਤ ਉਨ੍ਹਾਂ ਗੋਬਿੰਦ ਨਗਰ ਵਿੱਚ ਭਰਵੀਂ ਮੀਟਿੰਗ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਮੀਦਵਾਰ ਰਾਜ ਜਤਿੰਦਰ ਸਿੰਘ ਨੇ ਕਿਹਾ ਕਿ ਅੱਜ ਕੇਂਦਰ ਤੇ ਆਪ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਕਿਸਾਨ ਸੰਘਰਸ਼ ਕਰ ਰਿਹਾ ਹੈ, ਕਿਉਂਕਿ ਉਸ ਨੂੰ ਫਸਲਾਂ ਦਾ ਪੂਰਾ ਭਾਅ ਨਹੀਂ ਮਿਲ ਰਿਹਾ। ਉਨ੍ਹਾ ਕਿਹਾ ਕਿ ਸ਼ੰਭੂ ਬਾਰਡਰ 'ਤੇ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਗੋਲੀਆਂ ਚਲਾਈਆਂ ਗਈਆਂ, ਪਰ ਉਨ੍ਹਾਂ ਨੂੰ ਕਿਸੇ ਨੇ ਵੀ ਇਨਸਾਫ਼ ਨਹੀਂ ਦਿੱਤਾ। ਉਮੀਦਵਾਰ ਰਾਜ ਜਤਿੰਦਰ ਸਿੰਘ ਨੇ ਕਿਹਾ ਕਿ ਸਾਡੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦਾ ਉਦੇਸ਼ ਪੰਜਾਬ ਦੀ ਕਿਸਾਨੀ ਤੇ ਜਵਾਨੀ ਨੂੰ ਬਚਾ ਕੇ ਸੂਬੇ ਨੂੰ ਖੁਸ਼ਹਾਲ ਬਣਾਉਣਾ ਹੈ। ਉਨ੍ਹਾ ਕਿਹਾ ਕਿ ਲੋਕਾਂ ਵੱਲੋਂ ਉਨ੍ਹਾਂ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ। ਇਸ ਮੌਕੇ ਮਨਜੀਤ ਸਿੰਘ ਗੜ੍ਹੀ, ਹਰਪ੍ਰੀਤ ਸਿੰਘ ਭਰਥਲਾ, ਰਾਮ ਗੋਪਾਲ ਦੌਲਤਪੁਰ, ਸੰਤੋਖ ਸਿੰਘ, ਕਸ਼ਮੀਰ ਸਿੰਘ, ਪਰਮਿੰਦਰ ਸਿੰਘ ਨਾਨੋਵਾਲ ਤੇ ਲਾਲੀ ਲੁਬਾਣਗੜ੍ਹ ਮੌਜੂਦ ਸਨ।

# ਸ਼ਿਵਾਲਿਕ ਪਬਲਿਕ ਸਕੂਲ 'ਚ ਸ਼ਿਖਰ ਧਵਨ ਅਕੈਡਮੀ ਦਾ ਨਿਰਮਾਣ



ਜੈਤੋ (ਸਤੀਸ਼ ਕੁਮਾਰ ਭੀਰੀ)-ਇਸ ਇਲਾਕੇ ਦੀ ਨਾਮਵਰ ਸੰਸਥਾ ਸ਼ਿਵਾਲਿਕ ਪਬਲਿਕ ਸਕੂਲ ਪਹਿਲਾ ਅਜਿਹਾ ਸਕੂਲ ਬਣ ਗਿਆ ਹੈ, ਜਿੱਥੇ ਸ਼ਿਖਰ ਧਵਨ ਅਕੈਡਮੀ ਦਾ ਨਿਰਮਾਣ ਹੋ ਗਿਆ ਹੈ। ਇਸ ਅਕੈਡਮੀ ਦੇ ਨਿਰਮਾਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਬੌਧਿਕ ਤੇ ਅਧਿਆਤਮਕ ਤੌਰ 'ਤੇ ਵਿਕਾਸ ਕਰਨਾ ਹੈ। ਜਦੋਂ ਵਿਦਿਆਰਥੀ ਇਸ ਅਕੈਡਮੀ ਦਾ ਹਿੱਸਾ ਬਣਨਗੇ ਤਾਂ ਉਨ੍ਹਾਂ ਵਿੱਚ ਬਹੁਤ ਸਾਰੇ ਗੁਣ ਪੈਦਾ ਹੋਣਗੇ, ਜਿਵੇਂ ਮਿਲਵਰਤਨ, ਸਹਿਣਸ਼ੀਲਤਾ, ਅਨੁਸ਼ਾਸਨ, ਸਦਭਾਵਨਾ ਆਦਿ ਗੁਣਾਂ ਦਾ ਵਿਕਾਸ ਹੋਵੇਗਾ। ਇਸ ਅਕੈਡਮੀ ਰਾਹੀਂ ਵਿਦਿਆਰਥੀ ਨਾ ਸਿਰਫ ਚੰਗੇ ਖਿਡਾਰੀ ਬਣਨਗੇ, ਸਗੋਂ ਇੱਕ ਚੰਗੇ ਨਾਗਰਿਕ ਵੀ ਬਣਨਗੇ। ਵਿਦਿਆਰਥੀਆਂ ਦਾ ਸਰੀਰਕ ਵਿਕਾਸ ਦੇ ਨਾਲ-ਨਾਲ ਮਾਨਸਿਕ ਵਿਕਾਸ ਵੀ ਹੋਵੇਗਾ। ਇਸ ਅਕੈਡਮੀ ਵਿੱਚ ਵੱਖ-ਵੱਖ ਖੇਡਾਂ ਦੇ ਨਵੇਂ ਖੇਡ ਦੇ ਮੈਦਾਨ ਬਣਾਏ ਗਏ ਹਨ, ਜਿਵੇਂ ਕ੍ਰਿਕਟ, ਬਾਸਕਟਬਾਲ ਟੈਨਿਸ, ਬੈਡਮਿੰਟਨ, ਵਾਲੀਬਾਲ, ਤਾਈਕਵਾਂਡੋ। ਵਿਦਿਆਰਥੀਆਂ ਦੀ ਸਰੀਰਕ ਸਿਹਤ ਨੂੰ ਮੁੱਖ ਰੱਖਦਿਆਂ ਇੱਕ ਓਪਨ ਜਿੰਮ ਵੀ ਸ਼ੁਰੂ ਕੀਤੀ ਗਈ ਹੈ। ਸ਼ਿਵਾਲਿਕ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਹੋਰ ਵਿਦਿਆਰਥੀ ਵੀ ਇਨ੍ਹਾਂ ਮੈਦਾਨਾਂ ਤੇ ਜਿੰਮ ਦਾ ਲਾਭ ਉਠਾ ਸਕਣਗੇ। ਸ਼ਿਖਰ ਧਵਨ ਇੱਕ ਮਸ਼ਹੂਰ ਭਾਰਤੀ ਕ੍ਰਿਕਟਰ ਹੈ, ਜੋ ਸਮੇਂ-ਸਮੇਂ ਵਿਦਿਆਰਥੀਆਂ ਦੀ ਅਗਵਾਈ ਕਰਨ ਲਈ ਆਉਂਦੇ ਰਹਿਣਗੇ। ਪ੍ਰਿੰਸੀਪਲ ਨਿਖਿਲ ਗਾਂਧੀ ਨੇ ਵਿਦਿਆਰਥੀਆਂ ਨੂੰ ਇਸ ਅਕੈਡਮੀ ਦਾ ਪੂਰਾ ਲਾਭ ਉਠਾਉਣ ਲਈ ਉਤਸ਼ਾਹਤ ਕੀਤਾ। ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ, ਅਸ਼ੋਕ ਗਰਗ, ਜਗਮੇਲ ਸਿੰਘ, ਗੌਰਵ ਗਰਗ, ਸ੍ਰੀਮਤੀ ਦੀਪੀ ਗਰਗ ਨੇ ਪ੍ਰਿੰਸੀਪਲ ਨਿਖਿਲ ਗਾਂਧੀ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਇਨ੍ਹਾਂ ਖੇਡ ਦੇ ਮੈਦਾਨਾਂ ਤੇ ਜਿੰਮ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।

## ਨਾੜ ਨੂੰ ਅੱਗ ਨਾਲ ਸੜਕ ਕਿਨਾਰੇ ਖੜੇ ਰੁੱਖ ਸੜੇ



ਦਿੜ੍ਹਬਾ (ਜਸਵੀਰ ਲਾਡੀ)-ਪੰਜਾਬ ਵਿੱਚ ਕਣਕ ਦੀ ਵਾਢੀ ਦਾ ਕੰਮ ਸਿਰੇ 'ਤੇ ਹੈ।ਕਣਕ ਦੇ ਨਾੜ ਨੂੰ ਅੱਗ ਵੀ ਵੱਡੀ ਪੱਧਰ 'ਤੇ ਲਾਈ ਜਾ ਰਹੀ ਹੈ, ਜਿਸ ਨਾਲ ਵਾਤਾਵਰਣ ਦੂਸ਼ਿਤ ਹੋ ਰਿਹਾ ਹੈ, ਉੱਥੇ ਸਾਡੇ ਮਿੱਤਰ ਕੀੜੇ ਵੀ ਮਾਰੇ ਜਾਂਦੇ।ਇੱਕ ਹੋਰ ਵੱਡਾ ਨੁਕਸਾਨ ਦਰੱਖ਼ਤਾਂ ਦਾ ਕੀਤਾ ਜਾ ਰਿਹਾ।ਛਾਜਲੀ ਲਹਿਰਾ ਰੋਡ 'ਤੇ ਜਾ ਰਿਹਾ ਤਾਂ ਖੋਖਰ ਖੁਰਦ ਦੇ ਬੱਸ ਸਟੈਂਡ ਦੇ ਬਿਲਕੁਲ ਨੇੜੇ ਕਿਸੇ ਕਿਸਾਨ ਨੇ ਕਣਕ ਦੇ ਨਾੜ ਨੂੰ ਅੱਗ ਲਾਈ ਹੋਈ ਸੀ, ਜਿਸ ਨਾਲ ਸੜਕ ਦੇ ਕਿਨਾਰੇ ਖੜੇ ਰੁੱਖ ਵੀ ਉਸ ਅੱਗ ਨਾਲ ਸੜ ਗਏ ਹਨ। ਜੰਗਲਾਤ ਵਿਭਾਗ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਤੇ ਵਾਤਾਵਰਣ ਪ੍ਰੇਮੀ ਰੁੱਖ ਲਾਉਣ ਦੀ ਦੁਹਾਈ ਪਾ ਰਹੇ ਹਨ।ਅੱਗ ਲਾਉਣ ਤੋਂ ਪਹਿਲਾਂ ਕਿਸਾਨ ਨੂੰ ਵੀ ਹਵਾ ਦਾ ਰੁਖ ਦੇਖ ਕੇ ਨਾੜ ਨੂੰ ਅੱਗ ਲਾਉਣੀ ਚਾਹੀਦੀ ਹੈ।

# ਲੋਕ ਸੇਵਾ ਦੇ ਨਾਂਅ 'ਤੇ ਅਰਬਾਂਪਤੀ ਬਣੇ ਲੀਡਰਾਂ ਨੂੰ ਘਰੇ ਭੇਜਣ ਦਾ ਢੁੱਕਵਾਂ ਮੌਕਾ : ਖੁੱਡੀਆਂ



ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)-ਸੂਬੇ ਦੀਆਂ ਰਵਾਇਤੀ ਪਾਰਟੀਆਂ ਦੇ ਆਗੂਆਂ ਨੇ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਲੋਕਾਂ ਦੀ ਲੁੱਟ ਕਰਦਿਆਂ ਅਰਬਾਂ ਦੀਆਂ ਜਾਇਦਾਦਾਂ ਇਕੱਠੀਆਂ ਕੀਤੀਆਂ ਹਨ। ਹੁਣ ਲੋਕ ਸਭਾ ਚੋਣਾਂ ਦੌਰਾਨ ਢੁੱਕਵਾਂ ਮੌਕਾ ਹੈ ਕਿ ਲੋਕ ਸੇਵਾ ਦੇ ਨਾਂ 'ਤੇ ਲੋਕਾਂ ਨੂੰ ਧੋਖਾ ਦੇ ਕੇ ਅਰਬਾਂਪਤੀ ਬਣੇ ਅਜਿਹੇ ਲੀਡਰਾਂ ਨੂੰ ਹਰਾ ਕੇ ਘਰ ਭੇਜ ਦਿੱਤਾ ਜਾਵੇ। ਇਹ ਵਿਚਾਰ ਬਠਿੰਡਾ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਵੱਖ-ਵੱਖ ਪਿੰਡਾਂ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਸਲ ਵਿੱਚ ਇਸ ਤੋਂ ਪਹਿਲਾਂ ਵੱਖ-ਵੱਖ ਰਵਾਇਤੀ ਪਾਰਟੀਆਂ ਦੇ ਆਗੂ ਪੰਜਾਬ ਨੂੰ ਦੋਵੇਂ ਹੱਥੀਂ ਲੁੱਟਦੇ ਆਏ ਹਨ। ਆਜ਼ਾਦੀ ਤੋਂ ਬਾਅਦ ਸਿਆਸਤ ਕਰਨ ਵਾਲੇ ਆਗੂਆਂ ਦੀ ਵਧੀ ਹੋਈ ਜਾਇਦਾਦ ਤੁਸੀਂ ਆਪ ਦੇਖ ਸਕਦੇ ਹੋ। ਖੁੱਡੀਆਂ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਜਥੇਦਾਰ ਜਗਦੇਵ ਸਿੰਘ ਖੁੱਡੀਆਂ ਵੀ ਪ੍ਰਕਾਸ਼ ਸਿੰਘ ਬਾਦਲ ਦੇ ਸਮੇਂ ਤੋਂ ਸਿਆਸਤ ਕਰਦੇ ਆ ਰਹੇ ਸਨ, ਪਰ ਸਾਡੇ ਮੁਕਾਬਲੇ ਬਾਦਲ ਪਰਿਵਾਰ ਦੀ ਜਾਇਦਾਦ ਦੇਖੀ ਜਾ ਸਕਦੀ ਹੈ। ਉਨ੍ਹਾ ਕਿਹਾ ਕਿ ਸਾਡਾ ਪਰਿਵਾਰ ਉਥੇ ਹੀ ਖੜਾ ਹੈ, ਜਦੋਂ ਕਿ ਬਾਦਲ ਪਰਿਵਾਰ ਨੇ ਵੱਡੇ ਵੱਡੇ ਹੋਟਲ, ਟਰਾਂਸਪੋਰਟ ਤੇ ਹੋਰ ਕਾਰੋਬਾਰ ਲੋਕਾਂ ਦੀ ਲੁੱਟ ਕਰਕੇ ਖੜੇ ਕੀਤੇ ਹਨ। ਉਨ੍ਹਾ ਕਿਹਾ ਕਿ ਅਜਿਹਾ ਹੀ ਕਾਂਗਰਸ ਪਾਰਟੀ ਦੇ ਲੀਡਰਾਂ ਨੇ ਪੰਜਾਬ ਨਾਲ ਕੀਤਾ ਹੈ। ਉਨ੍ਹਾਂ ਲੋਕਾਂ ਨੂੰ ਸੰਬੋਧਨ ਹੁੰਦੇ ਆ ਕਿਹਾ ਕਿ ਹੁਣ ਢੁੱਕਵਾਂ ਸਮਾਂ ਆ ਗਿਆ ਹੈ ਕਿ ਪੰਜਾਬ ਦੀ ਲੁੱਟ ਕਰਕੇ ਆਪਣੇ ਕਾਰੋਬਾਰ ਖੜੇ ਕਰਨ ਵਾਲੇ ਅਜਿਹੇ ਲੀਡਰਾਂ ਨੂੰ ਹਰਾ ਕੇ ਘਰ ਬਿਠਾ ਦਿੱਤਾ ਜਾਵੇ। ਉਨ੍ਹਾ ਕਿਹਾ ਕਿ ਅਕਾਲੀ ਦਲ ਦੇ ਉਮੀਦਵਾਰ ਨੂੰ ਵੋਟ ਪਾਉਣ ਦਾ ਮਤਲਬ ਭਾਰਤੀ ਜਨਤਾ ਪਾਰਟੀ ਨੂੰ ਵੋਟ ਪਾਉਣਾ ਹੋਵੇਗਾ, ਕਿਉਂਕਿ ਇਹ ਦੋਵੇਂ ਪਾਰਟੀਆਂ ਅੰਦਰੋਂ ਘਿਓ ਖਿਚੜੀ ਹਨ।

ਇਸ ਮੌਕੇ ਬਠਿੰਡਾ ਸ਼ਹਿਰੀ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਆਖਿਆ ਕਿ ਬਠਿੰਡਾ ਲੋਕ ਸਭਾ ਹਲਕੇ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਦਾ ਇਥੋਂ ਜਿੱਤਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵੋਟਾਂ ਪਾ ਕੇ ਜਥੇਦਾਰ ਖੁੱਡੀਆਂ ਨੂੰ ਪਾਰਲੀਮੈਂਟ ਵਿੱਚ ਭੇਜਣ।

# ਐਡਵੋਕੇਟ ਮਨਬੀਰ ਵਿਰਕ ਨੇ ਲਿਆ ਬਾਬਾ ਬਲਬੀਰ ਸਿੰਘ ਤੋਂ ਆਸ਼ੀਰਵਾਦ

■ ਨੌਜਵਾਨਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨਾ ਚਾਹੀਦਾ : ਬਾਬਾ ਬਲਬੀਰ ਸਿੰਘ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪਟਿਆਲਾ ਦੇ ਉੱਘੇ ਵਕੀਲ ਐਡਵੋਕੇਟ ਮਨਬੀਰ ਸਿੰਘ ਵਿਰਕ ਅਬਲੋਵਾਲ ਨੇ ਬੁੱਢਾ ਦਲ ਦੇ 14ਵੇਂ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਤੋਂ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਬਾਬਾ ਬਲਬੀਰ ਸਿੰਘ ਨੇ ਮਨਬੀਰ ਸਿੰਘ ਵਿਰਕ ਨੂੰ ਆਸ਼ੀਰਵਾਦ ਦਿੰਦਿਆਂ ਆਖਿਆ ਕਿ ਨੌਜਵਾਨਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨਾ ਚਾਹੀਦਾ ਹੈ। ਬਾਬਾ ਬਲਬੀਰ ਸਿੰਘ ਨੇ ਆਖਿਆ ਕਿ ਨੌਜਵਾਨ ਪੰਜਾਬ ਤੇ ਦੇਸ਼ ਦਾ ਭਵਿੱਖ ਹਨ। ਉਨ੍ਹਾ ਆਖਿਆ ਕਿ ਐਡਵੋਕੇਟ ਮਨਬੀਰ ਸਿੰਘ ਵਿਰਕ ਇੱਕ ਬਹੁਤ ਹੀ ਸਮਝਦਾਰ ਐਡਵੋਕੇਟ ਹੈ, ਜਿਸ ਨੂੰ ਕਾਨੂੰਨ ਦੀ ਵੱਡੀ ਮੁਹਾਰਤ ਹਾਸਲ ਹੈ। ਅਜਿਹੇ ਨੌਜਵਾਨ ਆਪਣੇ ਹੁਨਰ ਰਾਹੀਂ ਜਿੱਥੇ ਲੋਕਾਂ ਨੂੰ ਇਨਸਾਫ ਦਿਵਾਉਂਦੇ ਹਨ, ਉੱਥੇ ਸਮਾਜ ਵਿੱਚੋਂ ਬੁਰਾਈਆਂ ਦੇ ਖਾਤਮੇ ਵਿੱਚ ਵੀ ਅਹਿਮ ਰੋਲ ਅਦਾ ਕਰਦੇ ਹਨ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਅੱਜ ਸਮੁੱਚੇ ਨੌਜਵਾਨਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਲੋੜ ਹੈ। ਅੱਜ ਦਾ ਨੌਜਵਾਨ ਨਸ਼ਿਆਂ ਵਰਗੀਆਂ ਬਿਮਾਰੀਆਂ ਵਿੱਚ ਗ੍ਰਿਫਤ ਹੁੰਦਾ ਜਾ ਰਿਹਾ ਹੈ ਤੇ ਦੂਸਰੇ ਪਾਸੇ ਪੰਜਾਬ ਦੀ ਜਵਾਨੀ ਵਿੱਚ ਵਿਦੇਸ਼ਾਂ ਨੂੰ ਜਾਣ ਦੀ ਦੌੜ ਲੱਗੀ ਹੋਈ ਹੈ ਤੇ ਅਜਿਹੇ ਸਮੇਂ ਵਿੱਚ ਐਡਵੋਕੇਟ ਮਨਬੀਰ ਸਿੰਘ ਵਿਰਕ ਵਰਗੇ ਨੌਜਵਾਨਾਂ ਨੇ ਵਿਦੇਸ਼ਾਂ ਦਾ ਰਾਹ ਤਿਆਗ ਕੇ ਆਪਣੇ ਪੰਜਾਬ ਵਿੱਚ ਆਪਣੀ ਕਿਰਤ ਕਾਰ ਕਰਕੇ ਇਹ ਦਿਖਾਇਆ ਹੈ ਕਿ ਪੰਜਾਬ ਵਿੱਚ ਜਿਹੜੇ ਨੌਜਵਾਨ ਮਿਹਨਤ ਕਰਦੇ ਹਨ, ਉਨ੍ਹਾਂ ਲਈ ਪੰਜਾਬ ਵਿੱਚ ਸਭ ਕੁੱਝ ਹੈ। ਉਨ੍ਹਾ ਆਖਿਆ ਕਿ ਪੰਜਾਬ ਗੁਰੂ ਨਾਨਕ ਦੀ ਧਰਤੀ ਹੈ। ਇਸ ਲਈ ਸਮੁੱਚੇ ਨੌਜਵਾਨਾਂ ਨੂੰ ਆਪਣੀ ਮਿੱਟੀ ਨਾਲ ਜੁੜ ਕੇ ਇਸ ਦੀ ਸੇਵਾ ਵੀ ਕਰਨੀ ਚਾਹੀਦੀ ਹੈ।

ਉਨ੍ਹਾਂ ਐਡਵੋਕੇਟ ਮਨਬੀਰ ਸਿੰਘ ਵਿਰਕ ਨੂੰ ਆਸ਼ੀਰਵਾਦ ਦਿੰਦਿਆਂ ਆਪਣੇ ਕਿੱਤੇ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਐਡਵੋਕੇਟ ਮਨਬੀਰ ਸਿੰਘ ਵਿਰਕ ਨੇ ਬਾਬਾ ਬਲਬੀਰ ਸਿੰਘ ਤੋਂ ਆਸ਼ੀਰਵਾਦ ਲੈਂਦਿਆਂ ਆਖਿਆ ਕਿ ਬਾਬਾ ਜੀ ਨੇ ਹਮੇਸ਼ਾ ਹੀ ਉਨ੍ਹਾਂ ਨੂੰ ਆਸ਼ੀਰਵਾਦ ਤੇ ਹੱਲਾਸ਼ੇਰੀ ਦਿੱਤੀ ਹੈ। ਇਸ ਲਈ ਉਹ ਉਨ੍ਹਾਂ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਐਡਵੋਕੇਟ ਮਨਬੀਰ ਸਿੰਘ ਵਿਰਕ ਨੇ ਬਾਬਾ ਬਲਬੀਰ ਸਿੰਘ ਨਾਲ ਬੁੱਢਾ ਦਲ ਨਾਲ ਜੁੜੇ ਮਸਲਿਆਂ 'ਤੇ ਕਾਨੂੰਨੀ ਵਿਚਾਰ ਵਟਾਂਦਰਾ ਵੀ ਕੀਤਾ।

# ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਯਕੀਨੀ ਬਣਾਈ ਜਾਵੇ : ਡੀ ਸੀ

■ ਜ਼ਿਲ੍ਹੇ ਦੇ 42 ਸਕੂਲਾਂ ਦੇ 352 ਵਾਹਨਾਂ ਦੀ ਕੀਤੀ ਜਾਂਚ



ਮਾਨਸਾ (ਆਤਮਾ ਸਿੰਘ ਪਮਾਰ)
ਜ਼ਿਲ੍ਹੇ ਵਿੱਚ ਸੇਫ਼ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਹਰ ਹਾਲ ਯਕੀਨੀ ਬਣਾਈ ਜਾਵੇ। ਬੱਚਿਆਂ ਦੀ ਸੁਰੱਖਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਹੋਵੇਗੀ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਤੇ ਵੈਨ ਚਾਲਕਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਤੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਯਕੀਨੀ ਬਣਾਉਣ ਲਈ ਜ਼ਿਲ੍ਹੇ ਅੰਦਰ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਕੀਤਾ।

ਉਨ੍ਹਾ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜ਼ਿਲ੍ਹੇ ਵਿੱਚ ਰੋਜ਼ਾਨਾ ਵੱਖ-ਵੱਖ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਤੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਸਕੂਲੀ ਵਾਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ। ਉਨ੍ਹਾ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 42 ਸਕੂਲਾਂ 'ਚ 352 ਦੇ ਕਰੀਬ ਵਾਹਨਾਂ ਦੀ ਚੈਕਿੰਗ ਕੀਤੀ ਜਾ ਚੁੱਕੀ ਹੈ ਤੇ 128 ਸਕੂਲੀ ਵਾਹਨਾਂ ਦੇ ਚਲਾਨ ਕੀਤੇ ਗਏ ਹਨ। ਰੀਜਨਲ ਟਰਾਂਸਪੋਰਟ ਅਫ਼ਸਰ ਸ੍. ਮਨਜੀਤ ਸਿੰਘ ਰਾਜਲਾ ਨੇ ਕਿਹਾ ਕਿ ਸਕੂਲਾਂ ਦੇ ਪ੍ਰਿੰਸੀਪਲ ਤੇ ਸਕੂਲ ਵੈਨ/ਬੱਸਾਂ ਦੇ ਚਾਲਕ ਇਹ ਪੂਰਨ ਤੌਰ 'ਤੇ ਯਕੀਨੀ ਬਣਾਉਣ ਕਿ ਸਕੂਲ ਵਾਹਨ, ਸੇਫ ਸਕੂਲ ਵਾਹਨ ਪਾਲਿਸੀ ਤਹਿਤ ਨਿਰਧਾਰਤ ਮਾਪਦੰਡ ਪੂਰੇ ਕਰਦੇ ਹੋਣ।

ਉਨ੍ਹਾ ਕਿਹਾ ਕਿ ਸਕੂਲ ਬਸ ਦੇ ਰੁਕਣ 'ਤੇ ਹੀ ਬੱਚਿਆਂ ਨੂੰ ਚੜ੍ਹਾਇਆ ਤੇ ਉਤਾਰਿਆ ਜਾਵੇ। ਉਨ੍ਹਾ ਬੱਚਿਆਂ ਦੇ ਮਾਪਿਆਂ ਤੇ ਸਕੂਲ ਪ੍ਰਬੰਧਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਵੀ ਸਕੂਲੀ ਵਾਹਨਾਂ ਦੀ ਚੈਕਿੰਗ ਕਰਦੇ ਰਹਿਣ।

# ਡੀ ਬੀ ਯੂ ਨੇ ਕਰਵਾਇਆ ਵਿਸ਼ਵ ਬੌਧਿਕ ਸੰਪਤੀ ਦਿਵਸ 'ਤੇ ਸੈਮੀਨਾਰ




ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਫੈਕਲਟੀ ਆਫ਼ ਐਗਰੀਕਲਚਰ ਐਂਡ ਲਾਈਫ ਸਾਇੰਸਿਜ਼ ਦੇ ਐਗਰਿਮ ਕਲੱਬ ਨੇ ਦੇਸ਼ ਭਗਤ ਯੂਨੀਵਰਸਿਟੀ ਵਿੱਚ ਏਡੀਆਰ ਸੈਂਟਰ, ਆਈਆਈਸੀ ਤੇ ਪੇਟੈਂਟ ਸੈੱਲ ਦੇ ਸਹਿਯੋਗ ਨਾਲ ਵਿਸ਼ਵ ਬੌਧਿਕ ਸੰਪਤੀ ਦਿਵਸ ਮਨਾਉਣ ਲਈ ਇੱਕ ਸਿੰਪੋਜ਼ੀਅਮ ਦਾ ਆਯੋਜਨ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਵੱਲੋਂ ਰਸਮੀ ਦੀਪਮਾਲਾ ਤੇ ਡੀ.ਬੀ.ਯੂ. ਗੀਤ ਨਾਲ ਹੋਈ।ਸੈਮੀਨਾਰ ਦੌਰਾਨ ਡਾ: ਜ਼ੋਰਾ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਨਵੀਨਤਾਕਾਰੀ ਵਿਚਾਰਾਂ ਨੂੰ ਉਤਸ਼ਾਹਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋ. ਦੀਪਇੰਦਰਪਾਲ ਸਿੰਘ ਨੇ ਪਤਵੰਤਿਆਂ ਨੂੰ ਬੂਟੇ ਭੇਟ ਕਰਕੇ ਜੀ ਆਇਆਂ ਆਖਿਆ।ਸਮਾਗਮ ਦੀ ਵਿਸ਼ੇਸ਼ਤਾ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਦੇ ਸਾਬਕਾ ਡਾਇਰੈਕਟਰ ਜਨਰਲ ਪ੍ਰੋਫੈਸਰ ਨੀਲਿਮਾ ਜੈਰਥ ਦੁਆਰਾ ਦਿੱਤਾ ਗਿਆ ਇੱਕ ਮਾਹਰ ਭਾਸ਼ਣ ਸੀ।ਡਾ. ਜੈਰਥ ਨੇ ਬੌਧਿਕ ਸੰਪਤੀ ਦੀ ਮਹੱਤਤਾ 'ਤੇ ਜ਼ੋਰ ਦੇਣ ਲਈ ਵਿਹਾਰਕ ਉਦਾਹਰਨਾਂ ਦੀ ਵਰਤੋਂ ਕਰਦੇ ਹੋਏ ਨਵੀਨਤਾਵਾਂ ਤੇ ਵਿਕਾਸ ਟੀਚਿਆਂ ਵਿਚਕਾਰ ਸਬੰਧ ਦੀ ਵਿਆਖਿਆ ਕੀਤੀ।ਡਾ. ਜੈਰਥ ਨੇ ਹਾਜ਼ਰੀਨ ਨੂੰ ਵੱਖ-ਵੱਖ ਕਿਸਮਾਂ ਦੀਆਂ ਬੌਧਿਕ ਸੰਪਤੀਆਂ ਜਿਵੇਂ ਕਿ ਪੇਟੈਂਟ, ਕਾਪੀਰਾਈਟ, ਵਪਾਰਕ ਭੇਦ ਤੇ ਟ੍ਰੇਡਮਾਰਕ ਬਾਰੇ ਵੀ ਜਾਣਕਾਰੀ ਦਿੱਤੀ, ਜਿਸ ਨਾਲ ਅੱਜ ਸਾਡੇ ਸਾਹਮਣੇ ਬਹੁਪੱਖੀ ਚੁਣੌਤੀਆਂ ਹਨ।ਉਨ੍ਹਾਂ ਨੇ ਇਨ੍ਹਾਂ ਚੁਣੌਤੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਸਾਰੇ ਉਪਲਬਧ ਸਾਧਨਾਂ, ਖਾਸ ਕਰਕੇ ਬੌਧਿਕ ਖ਼ਜ਼ਾਨੇ ਦੀ ਵਰਤੋਂ ਕਰਨ ਦੀ ਅਪੀਲ ਕੀਤੀ।ਖੇਤੀਬਾੜੀ ਤੇ ਜੀਵਨ ਵਿਗਿਆਨ ਦੇ ਡੀਨ ਡਾ: ਐੱਚ. ਕੇ. ਸਿੱਧੂ ਨੇ ਰਿਸੋਰਸ ਪਰਸਨ ਬਾਰੇ ਸੰਖੇਪ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਵਿਸ਼ਵ ਬੌਧਿਕ ਸੰਪਤੀ ਦਿਵਸ ਦੀ ਮਹੱਤਤਾ ਬਾਰੇ ਦੱਸਿਆ।

ਲੀਗਲ ਸਟੱਡੀਜ਼ ਦੇ ਮੁਖੀ ਡਾ: ਅਨੂ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਇਸ ਪ੍ਰੋਗਰਾਮ ਵਿੱਚ ਡਾ: ਦਵਿੰਦਰਜੀਤ ਸਿੰਘ ਬੈਨੀਪਾਲ, ਡਾ: ਸੁਰਜੀਤ ਕੌਰ ਪਥੇਜਾ, ਡਾ: ਰਜਨੀ ਸਲੂਜਾ, ਡਾ: ਖ਼ੁਸ਼ਬੂ ਬਾਂਸਲ, ਡਾ: ਅਰਸ਼ਦੀਪ ਸਿੰਘ, ਡਾ: ਪ੍ਰਭਜੋਤ ਕੌਰ ਤੇ ਡਾ: ਆਰਤੀ ਨੇ ਸ਼ਮੂਲੀਅਤ ਕੀਤੀ।

# ਸਤਲੁਜ 'ਚ ਤਾਸ਼ ਦੇ ਪੱਤਿਆਂ ਵਾਂਗ ਖਿੱਲਰਿਆ ਸੋਲਰ ਪਾਵਰ ਪਲਾਂਟ



**ਨੰਗਲ, (ਸੁਰਜੀਤ ਸਿੰਘ)**-ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐੱਮ.ਬੀ.) ਦੀ ਦੇਖ-ਰੇਖ 'ਚ ਚਲਾਏ ਜਾ ਰਹੇ ਬਹੁ-ਕਰੋੜੀ ਪ੍ਰੋਜੈਕਟ ਦੇ ਢਹਿ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਦੇ ਨਾਲ ਤਾਸ਼ ਦੇ ਪੱਤਿਆਂ ਵਾਂਗ ਖਿੱਲਰੇ ਇਸ ਪ੍ਰੋਜੈਕਟ ਦੇ ਸਾਰੇ ਹਿੱਸੇ ਵਹਿ ਕੇ ਸਤਲੁਜ ਦਰਿਆ ਰਾਹੀਂ ਪਿੰਡ ਬਰਮਲਾ/ਨਹਿਲਾ ਪਿੰਡ ਤੋਂ ਕਰੀਬ 6 ਕਿਲੋਮੀਟਰ ਦੂਰ ਨੰਗਲ ਡੈਮ ਤੱਕ ਪਹੁੰਚ ਗਏ ਹਨ। ਕਿਸੇ ਵੀ ਅਧਿਕਾਰੀ ਦਾ ਇਸ ਨੁਕਸਾਨ ਨੂੰ ਲੈ ਕੇ ਸਾਹਮਣੇ ਨਾ ਆਉਣਾ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰਦਾ ਹੈ। ਬੀ.ਬੀ.ਐਮ.ਬੀ. ਦੇ ਇਸ ਸੋਲਰ ਪਲਾਂਟ ਦੇ ਡਿੱਗਣ ਦੀ ਸੂਚਨਾ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਦਾ ਵਰਚੂਅਲ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2 ਮਹੀਨੇ ਪਹਿਲਾਂ ਹੀ ਕੀਤਾ ਸੀ। 18 ਮਾਰਚ ਨੂੰ ਬੀ ਬੀ ਐੱਮ ਬੀ ਅਤੇ ਉਕਤ ਕੰਪਨੀ ਦੇ ਅਦਿਕਾਰੀ ਤੇ ਇੰਜ ਪਿੰਡ ਬਰਮਲਾ/ਨਹਿਲਾ ਇਸ ਦਾ ਨੀਂਹ ਪੱਥਰ ਰੱਖਣ ਪਹੁੰਚੇ ਸੀ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੀ ਸਿਫਾਰਸ਼ 'ਤੇ ਇਹ ਪ੍ਰੋਜੈਕਟ ਸਤਲੁਜ ਦਰਿਆ 'ਤੇ ਓਲਿੰਡਾ-ਬ੍ਰਹਮਲਾ-ਨਹਿਲਾ ਨੇੜੇ ਸਥਾਪਤ ਕੀਤਾ ਗਿਆ ਹੈ। 92 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਸੋਲਰ ਪਾਵਰ ਪਲਾਂਟ ਨੂੰ ਸਥਾਪਤ ਕਰਨ ਅਤੇ ਚਲਾਉਣ ਦੀ ਜ਼ਿੰਮੇਵਾਰੀ ਬੀ ਬੀ ਐਮ ਬੀ ਅਤੇ ਇੱਕ ਨਿੱਜੀ ਕੰਪਨੀ ਸਤਲੁਜ ਜਲ ਵਿਧੁਤ ਨਿਗਮ ਲਿਮਟਡ (ਐਸ ਜੇ ਬੀ ਐਨ ਐੱਲ) ਨੇ ਲਈ ਸੀ। ਬੀਤੀ ਰਾਤ ਦਰਿਆ 'ਤੇ ਲਗਾਏ ਇਸ ਪ੍ਰਾਜੈਕਟ ਦੀ ਸਾਂਭ-ਸੰਭਾਲ ਨਾ ਹੋਣ ਕਾਰਨ ਇਹ ਤਾਸ਼ ਦੇ ਪੱਤਿਆਂ ਵਾਂਗ ਦਰਿਆ 'ਚ ਖਿੱਲਰ ਗਿਆ। ਜਿਸ ਤੋਂ ਬਾਅਦ ਵੱਡੀ ਗਿਣਤੀ 'ਚ ਸੋਲਰ ਪੈਨਲ ਵਹਿ ਗਏ ਅਤੇ ਉਥੋਂ ਕਈ ਕਿਲੋਮੀਟਰ ਦੂਰ ਨੰਗਲ ਡੈਮ 'ਤੇ ਆ ਪਹੁੰਚੇ। ਅੱਜ ਜਿਵੇਂ ਹੀ ਇਹ ਸੂਚਨਾ ਸ਼ਹਿਰ ਵਿੱਚ ਫੈਲੀ ਤਾਂ ਲੋਕਾਂ ਦੀ ਵੱਡੀ ਭੀੜ ਇਸ ਨੂੰ ਦੇਖਣ ਲਈ ਪੁੱਜ ਗਈ।

ਜਾਣਕਾਰੀ ਮੁਤਾਬਿਕ 15 ਮੈਗਾਵਾਟ ਬਿਜਲੀ ਪੈਦਾ ਕਰਨ ਦੀ ਸਮਰੱਥਾ ਵਾਲੇ ਇਸ ਸੋਲਰ ਪਲਾਂਟ ਕਾਰਨ ਸਰਕਾਰ ਨੂੰ 92 ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਝੱਲਣਾ ਪੈ ਸਕਦਾ ਹੈ। ਦੱਸਿਆ ਗਿਆ ਹੈ ਕਿ ਇਹ ਪ੍ਰੋਜੈਕਟ 33 ਮਿਲੀਅਨ ਯੂਨਿਟ ਬਿਜਲੀ ਪੈਦਾ ਕਰਨ ਲਈ ਲਗਾਇਆ ਗਿਆ ਸੀ। ਉਦਘਾਟਨ ਵਾਲੇ ਦਿਨ ਇਸਦੇ ਰੱਖ-ਰਖਾਵ ਸਬੰਧੀ ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦਾ ਜਵਾਬ ਦਿੰਦਿਆਂ ਬੋਰਡ ਦੇ ਅਧਿਕਾਰੀਆਂ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਇਹ ਇੰਜਨੀਅਰਾਂ ਦਾ ਅਧਿਕਾਰਤ ਖੇਤਰ ਹੈ, ਜਦੋਂ ਉਹ ਭਾਖੜਾ ਡੈਮ ਵਰਗੇ ਪ੍ਰਾਜੈਕਟ ਨੂੰ ਸੰਭਾਲ ਰਹੇ ਹਨ। ਹੁਣ ਅਚਾਨਕ ਸਾਹਮਣੇ ਆਈ ਇਸ ਘਟਨਾ ਬਾਰੇ ਬੀ ਬੀ ਐਮ ਬੀ ਦਾ ਕੋਈ ਵੀ ਅਧਿਕਾਰੀ ਕੁਝ ਨਹੀਂ ਕਹਿ ਸਕਦਾ। ਦੂਜੇ ਪਾਸੇ ਇਸ ਮਾਮਲੇ ਵਿੱਚ ਬੀ.ਬੀ.ਐਮ.ਬੀ. ਅਤੇ ਐਸ.ਜੀ.ਬੀ.ਐਨ.ਐੱਲ ਦੇ ਸਾਂਝੇ ਪ੍ਰੋਜੈਕਟ ਦੀ ਦੇਖ-ਰੇਖ ਕਰਨ ਵਾਲੀ ਇੱਕ ਹੋਰ ਏਜੰਸੀ ਹਾਰਟੇਕ ਸੋਲਰ ਪਾਵਰ ਪ੍ਰਾਈਵੇਟ ਲਿਮਟਿਡ, ਮੋਹਾਲੀ ਦੇ ਅਧਿਕਾਰੀ ਨਵੀਨ ਪਾਰਿਖ ਨੇ ਕਿਹਾ ਕਿ ਕੋਈ ਵੱਡਾ ਨੁਕਸਾਨ ਨਹੀਂ ਹੋਇਆ, ਕੁਝ ਇੰਸਟਾਲੇਸ਼ਨ ਇੱਥੇ ਚੱਲ ਰਿਹਾ ਸੀ, ਇਸ ਦੌਰਾਨ ਪਾਣੀ ਦਾ ਵਹਾਅ ਜ਼ਿਆਦਾ ਸੀ, ਜਿਸ ਕਾਰਨ ਇਸ ਸੋਲਰ ਪ੍ਰੋਜੈਕਟ ਦਾ ਕੁਝ ਹਿੱਸਾ ਵਹਿ ਗਿਆ ਹੈ। ਜਿਸ ਤੋਂ ਬਾਅਦ ਬਾਕੀ ਦੀ ਇੰਸਟਾਲੇਸ਼ਨ ਰੋਕ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਲਦੀ ਹੀ ਇਸ ਨੂੰ ਠੀਕ ਕਰ ਲਿਆ ਜਾਵੇਗਾ। ਕੰਪਨੀ ਅਧਿਕਾਰੀਆਂ ਨੇ ਕਿਹਾ ਕਿ ਜਾਂਚ ਕੀਤੀ ਜਾ ਰਹੀ ਹੈ। ਜਦੋਂ ਬੀ ਬੀ ਐੱਮ ਬੀ ਦੇ ਡਿਪਟੀ ਚੀਫ, ਜੋ ਉਦਘਾਟਨ ਸਮੇਂ 18 ਮਾਰਚ ਨੂੰ ਮੌਕੇ 'ਤੇ ਸੀ, ਤਾਂ ਉਨ੍ਹਾਂ ਕਿਹਾ ਕਿ ਸਾਡੇ ਡਿਪਾਰਟਮੈਂਟ ਨਾਲ ਇਸ ਦਾ ਕੋਈ ਲੈਣਾ ਦੇਣਾ ਨਹੀਂ ਤੇ ਉਹ ਨਾ ਹੀ ਕੁਝ ਕਹਿ ਸਕਦੇ ਹਨ।

# ਟਰਾਲਾ ਬੇਕਾਬੂ ਹੋ ਕੇ ਪਲਟਿਆ



**ਨੰਗਲ, (ਸੁਰਜੀਤ ਸਿੰਘ)**- ਮਹਿਤਪੁਰ ਤੋਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਨੈਸ਼ਨਲ ਹਾਈਵੇ 'ਤੇ ਨਿੱਤ ਸੜਕੀ ਹਾਦਸੇ ਵਾਪਰ ਰਹੇ ਹਨ। ਐਤਵਾਰ ਦੁਪਹਿਰ ਨੰਗਲ ਫਲਾਈਓਵਰ ਪੁਰਾਣਾ ਕੁਸ਼ਟ ਆਸ਼ਰਮ ਕੋਲ ਇੱਕ ਸਕਰੈਪ ਨਾਲ ਭਰਿਆ ਵੱਡਾ ਟਰਾਲਾ ਬੇਕਾਬੂ ਹੋ ਕੇ ਪਲਟ ਗਿਆ। ਗਨੀਮਤ ਇਹ ਰਹੀ ਕਿ ਇਸ ਸੜਕੀ ਹਾਦਸੇ ਵਿੱਚ ਕਿਸੇ ਦਾ ਜਾਨੀ ਨੁਕਸਾਨ ਨਹੀਂ ਹੋਇਆ ਪਰ ਟਰਾਲੇ ਦਾ ਭਾਰੀ ਨੁਕਸਾਨ ਹੋਇਆ ਤੇ ਟਰਾਲਾ ਚਾਲਕ ਨੇ ਸ਼ੀਸ਼ਾ ਤੋੜ ਆਪਣੇ ਆਪ ਨੂੰ ਬਾਹਰ ਕੱਢਿਆ। ਚਾਲਕ ਰਾਜੇਸ਼ ਕੁਮਾਰ ਨੇ ਕਿਹਾ ਕਿ ਜਦੋਂ ਉਸ ਨੂੰ ਇੱਕ ਛੋਟੀ ਗੱਡੀ ਨੇ ਓਵਰਟੇਕ ਕੀਤਾ ਤਾਂ ਉਸ ਦਾ ਟਰਾਲਾ ਅਚਾਨਕ ਬੇਕਾਬੂ ਹੋ ਗਿਆ ਤੇ ਨਾਲ ਲਗਦੀ ਮਿੱਟੀ ਦੇ ਢੇਰ 'ਤੇ ਹੁੰਦਾ ਹੋਇਆ ਪਲਟ ਗਿਆ। ਹਾਦਸੇ 'ਚ ਰਾਜੇਸ਼ ਦੇ ਮਾਮੂਲੀ ਸੱਟਾਂ ਲੱਗੀਆਂ।

ਘਟਨਾ ਦੀ ਜਾਣਕਾਰੀ ਮਿਲਦਿਆਂ ਨੰਗਲ ਪੁਲਿਸ ਮੌਕੇ ਤੇ ਪਹੁੰਚੀ ਤੇ ਜਾਣਕਾਰੀ ਦਿੰਦਿਆਂ ਏ ਐਸ ਆਈ ਕੇਸ਼ਵ ਕੁਮਾਰ ਨੇ ਕਿਹਾ ਕਿ ਟਰਾਲਾ ਚਾਲਕ ਲੁਧਿਆਣਾ ਤੋਂ ਸਕਰੈਪ ਲੈ ਕੇ ਨੰਗਲ ਦੇ ਬਿਲਕੁਲ ਨਾਲ ਲਗਦੇ ਹਿਮਾਚਲ ਪ੍ਰਦੇਸ਼ ਦੇ ਉਦਯੋਗਿਕ ਖ਼ੇਤਰ ਗੋਲਥਾਈ ਨੂੰ ਜਾ ਰਿਹਾ ਸੀ ਪਰ ਟਰਾਲਾ ਬੇਕਾਬੂ ਹੋ ਕੇ ਪਲਟ ਗਿਆ ਤੇ ਇਸ ਨੂੰ ਸਿੱਧਾ ਕਰਵਾਉਣ ਲਈ ਮਸ਼ੀਨਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਟਰਾਲੇ ਦੇ ਕਨਟੇਨਰ 'ਚ 28 ਕੁਇੰਟਲ ਦੇ ਕਰੀਬ ਸਕਰੈਪ ਦੱਸਿਆ ਜਾ ਰਿਹਾ ਹੈ। ਲੋਕਾਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਕਤ ਸੜਕ ਨੂੰ ਜਲਦ ਤੋਂ ਜਲਦ ਫੋਰ ਲਾਈਨ ਜਾਂ ਸਿਕਸ ਲਾਈਨ ਕੀਤਾ ਜਾਵੇ ਤਾਂ ਜੋ ਹਾਦਸਿਆਂ ਨੂੰ ਠੱਲ੍ਹ ਪਾਈ ਜਾ ਸਕੇ।

# ਕੋਈ ਵੀ ਬੱਚਾ ਸੰਪੂਰਨ ਟੀਕਾਕਰਨ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ : ਡਾ. ਗੀਤਾਂਜਲੀ ਸਿੰਘ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੁਢਲਾ ਸਿਹਤ ਕੇਂਦਰ, ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਨਿਯਮਤ ਟੀਕਾਕਰਨ ਪ੍ਰੋਗਰਾਮ (ਈ.ਪੀ.ਆਈ.) ਦੀ 50ਵੀਂ ਵਰ੍ਹੇਗੰਢ ਦੇ ਮੱਦੇਨਜ਼ਰ ਵਿਸ਼ਵ ਟੀਕਾਕਰਨ ਸਪਤਾਹ ਮਨਾ ਜਾ ਰਿਹਾ ਹੈ।

ਇਸੇ ਕੜੀ ਤਹਿਤ ਮੁਢਲਾ ਸਿਹਤ ਕੇਂਦਰ, ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਹਿਆਲਾ ਦੇ ਸਲੱਮ ਏਰੀਏ ਵਿੱਚ ਟੀਕਾਕਰਨ ਕੈਂਪ ਵਿੱਚ ਪਹੁੰਚ ਕੇ ਟੀਕੇ ਲਗਾਉਣ ਦੇ ਕੰਮਕਾਜ ਦਾ ਨਿਰੀਖਣ ਕੀਤਾ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਟੀਕਾਕਰਨ ਸਟਾਫ ਨੂੰ ਹਰ ਲਾਭਪਾਤਰੀ ਦੇ ਸੰਪੂਰਨ ਟੀਕਾਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਉਮਰ ਦੇ ਹਿਸਾਬ ਨਾਲ ਜਿਨ੍ਹਾਂ ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਅਧੂਰਾ ਹੈ, ਉਨ੍ਹਾਂ ਦਾ ਸੰਪੂਰਨ ਟੀਕਾਕਰਨ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਲਾਭਪਾਤਰੀ ਸੰਪੂਰਨ ਟੀਕਾਕਰਨ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ ਹੈ। ਡਾ. ਗੀਤਾਂਜਲੀ ਸਿੰਘ ਨੇ ਦੱਸਿਆ ਕਿ ਵਿਸ਼ਵ ਸਿਹਤ ਸੰਗਠਨ ਵੱਲੋਂ ਸਾਲ 1974 ਵਿਚ ਈ.ਪੀ.ਆਈ. ਪ੍ਰੋਗਰਾਮ ਸ਼ੁਰੂ ਕੀਤਾ ਸੀ।

ਇਸ ਸਾਲ 2024 ਵਿਚ ਈ.ਪੀ.ਆਈ. ਦੀ 50ਵੀਂ ਵਰ੍ਹੇਗੰਢ ਇਸ ਪ੍ਰੋਗਰਾਮ ਦੀਆਂ ਪ੍ਰਾਪਤੀਆਂ ਦੇ ਜਸ਼ਨ ਮਨਾਉਣ, ਟੀਕਾਕਰਨ ਨਾਲ ਬਚਾਈਆਂ ਗਈਆਂ ਜਾਨਾਂ ਤੇ ਇਸ ਦੇ ਪ੍ਰਭਾਵ ਨੂੰ ਉਜਾਗਰ ਕਰਨ ਅਤੇ ਨਿਯਮਤ ਟੀਕਾਕਰਨ ਪਹਿਲ ਨੂੰ ਮਜ਼ਬੂਤ ਬਣਾਉਣ ਲਈ ਨਵੇਂ ਯਤਨਾਂ ਨੂੰ ਉਤਸ਼ਾਹਤ ਕਰਨ ਲਈ ਇਕ ਮਹੱਤਵਪੂਰਨ ਮੌਕਾ ਪ੍ਰਦਾਨ ਕਰ ਰਹੀ ਹੈ।

# ਡਾ. ਰਾਜਕੁਮਾਰ ਚੱਬੇਵਾਲ ਦੇ ਹੱਕ 'ਚ ਸਾਹਨੀ 'ਚ ਕੀਤੀ ਭਰਵੀਂ ਮੀਟਿੰਗ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ. ਰਾਜਕੁਮਾਰ ਚੱਬੇਵਾਲ ਦੇ ਹੱਕ 'ਚ ਵਿਧਾਨ ਸਭਾ ਹਲਕਾ ਫਗਵਾੜਾ ਦੇ ਪਿੰਡ ਸਾਹਨੀ ਵਿਖੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਚੋਣ ਮੀਟਿੰਗ ਕੀਤੀ ਗਈ। ਜਿਸ ਵਿਚ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਪੁੱਤਰ ਹਰਨੂਰ ਸਿੰਘ ਹਰਜੀ ਮਾਨ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਲਲਿਤ ਸਕਲਾਨੀ, ਡਾ. ਜਤਿੰਦਰ ਕੁਮਾਰ ਚੱਬੇਵਾਲ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਆਪ ਆਗੂਆਂ ਨੇ ਕਿਹਾ ਕਿ ਲੋਕ ਸਭਾ ਹਲਕਾ ਹੁਸ਼ਿਆਰਪੁਰ ਆਪ ਪਾਰਟੀ ਨੇ ਡਾ. ਰਾਜਕੁਮਾਰ ਦੇ ਰੂਪ ਵਿਚ ਇਕ ਯੋਗ ਉਮੀਦਵਾਰ ਖੜ੍ਹਾ ਕੀਤਾ ਹੈ ਜੋ ਲੋਕ ਸਭਾ ਵਿਚ ਪੰਜਾਬ ਦੇ ਮਸਲਿਆਂ ਨੂੰ ਬੁਲੰਦ ਆਵਾਜ਼ ਅਤੇ ਤਰਕਪੂਰਨ ਢੰਗ ਨਾਲ ਰੱਖਣਗੇ। ਇਸ ਲਈ ਡਾ. ਚੱਬੇਵਾਲ ਦੀ ਜਿੱਤ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਵੋਟਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ 1 ਜੂਨ ਨੂੰ ਸਭ ਤੋਂ ਪਹਿਲਾਂ ਆਪਣੇ ਪੋਲਿੰਗ ਬੂਥ 'ਤੇ ਜਾ ਕੇ ਚੋਣ ਨਿਸ਼ਾਨ 'ਝਾੜੂ' ਵਾਲਾ ਬਟਨ ਦਬਾਅ ਕੇ ਇਸ ਸੀਟ ਤੋਂ ਪਾਰਟੀ ਦੀ ਰਿਕਾਰਡ ਜਿੱਤ ਯਕੀਨੀ ਬਣਾਈ ਜਾਵੇ। ਸਮੂਹ ਵੋਟਰਾਂ ਨੇ ਭਰੋਸਾ ਦਿੱਤਾ ਕਿ ਉਹ ਡਾ. ਰਾਜਕੁਮਾਰ ਚੱਬੇਵਾਲ ਦੇ ਹੱਕ 'ਚ ਵੋਟ ਪਾ ਕੇ ਆਪ ਪਾਰਟੀ ਦੀ ਜਿੱਤ ਯਕੀਨੀ ਬਨਾਉਣਗੇ। ਇਸ ਮੌਕੇ ਅਵਤਾਰ ਸਿੰਘ ਸਾਬਕਾ ਸਰਪੰਚ ਪੰਡਵਾ, ਬਲਾਕ ਪ੍ਰਧਾਨ ਵਰੁਣ ਬੰਗੜ ਚੱਕ ਹਕੀਮ, ਬਲਾਕ ਪ੍ਰਧਾਨ ਫੌਜੀ ਸ਼ੇਰਗਿੱਲ, ਬਲਾਕ ਪ੍ਰਧਾਨ ਕੁਲਵੀਰ ਸਿੰਘ ਤੋਂ ਇਲਾਵਾ ਕੇਸ਼ੀ ਗੰਢਵਾਂ, ਅਮਰਿੰਦਰ ਸਿੰਘ, ਮਨਪ੍ਰੀਤ ਸਿੰਘ, ਗੋਰਾ ਹਰਦਾਸਪੁਰ ਸਮੇਤ ਵੱਡੀ ਗਿਣਤੀ 'ਚ ਪਿੰਡ ਦੇ ਪਤਵੰਤੇ ਅਤੇ ਆਪ ਪਾਰਟੀ ਦੇ ਵਰਕਰ ਸਮਰਥਕ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨੇ ਮੰਗ ਉਭਾਰਨ ਲਈ ਨਿਵੇਕਲੀ ਮੁਹਿੰਮ ਆਰੰਭੀ



**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੰਜਾਬ ਨੇ ਲੋਕ ਸਭਾ ਚੋਣਾਂ 'ਚ ਨਿਵੇਕਲੇ ਅੰਦਾਜ਼ ਆਪਣੀ ਚਿਰੌਕਣੀ ਮੰਗ ਨੂੰ ਉਭਾਰਨ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਵਾਲ ਪੁੱਛਣ ਲਈ ਪੋਸਟਰ ਮੁਹਿੰਮ ਆਰੰਭ ਕੀਤੀ ਹੈ। ਇਸ ਪੋਸਟਰ 'ਚ ਲਿਖਿਆ ਹੈ ਕਿ 'ਮੈਂ 2004 ਤੋਂ ਬਾਅਦ ਭਰਤੀ ਨਵੀਂ ਪੈਨਸ਼ਨ ਸਕੀਮ ਨਾਲ ਪੀੜਤ ਸਰਕਾਰੀ ਕਰਮਚਾਰੀ ਹਾਂ, ਮੇਰੇ ਤੋਂ ਪੁਰਾਣੀ ਪੈਨਸ਼ਨ ਖੋਹ ਲਈ ਗਈ ਹੈ। ਮੇਰੇ ਘਰ ਉਹੀ ਲੀਡਰ ਵੋਟ ਮੰਗਣ ਆਵੇ ਜੋ ਮੇਰੀ ਪੁਰਾਣੀ ਪੈਨਸ਼ਨ ਬਹਾਲ ਕਰਵਾ ਸਕਦਾ ਹੋਵੇ।' ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਅਤੇ ਰਾਸ਼ਟਰੀ ਸੰਯੋਜਕ ਜਸਵੀਰ ਤਲਵਾੜਾ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਸੱਤਾਧਾਰੀ ਸੂਬਾ ਅਤੇ ਕੇਂਦਰ ਸਰਕਾਰ ਦੇ ਰਵੱਈਏ ਪ੍ਰਤੀ ਮੁਲਾਜ਼ਮ ਵਰਗ 'ਚ ਭਾਰੀ ਰੋਸ ਹੈ। ਪੰਜਾਬ ਵਿਚਲੀ 'ਆਪ' ਸਰਕਾਰ ਨੇ ਤਾਂ ਇੱਕ ਕਦਮ ਅੱਗੇ ਵਧ ਕੇ ਕਰੀਬ ਡੇਢ ਸਾਲ ਪਹਿਲਾਂ ਪੁਰਾਣੀ ਪੈਨਸ਼ਨ ਬਹਾਲ ਕਰਨ ਸਬੰਧੀ ਅਧੂਰਾ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਸੀ, ਜੋ ਕਿ ਚਿੱਟਾ ਹਾਥੀ ਸਿੱਧ ਹੋਇਆ ਹੈ। ਭਾਜਪਾ ਨੇ ਰਾਜਸਥਾਨ ਅਤੇ ਛੱਤੀਸਗੜ੍ਹ 'ਚ ਸਰਕਾਰ ਬਣਾਉਂਦਿਆਂ ਹੀ ਪਿਛਲੀ ਸਰਕਾਰ ਵੱਲੋਂ ਬਹਾਲ ਕੀਤੀ ਪੈਨਸ਼ਨ ਯੋਜਨਾ ਨੂੰ ਰੱਦ ਕਰਨ ਦੇ ਮੁਲਾਜ਼ਮ ਵਿਰੋਧੀ ਫੈਸਲੇ ਲਏ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਕੇਂਦਰ ਦੀ ਭਾਜਪਾ ਸਰਕਾਰ ਦਾ ਰੁੱਖ਼ ਮੁਲਾਜ਼ਮ ਵਿਰੋਧੀ ਹੀ ਰਿਹਾ ਹੈ, ਉਹ ਲਗਾਤਾਰ ਪੁਰਾਣੀ ਪੈਨਸ਼ਨ ਬਹਾਲੀ ਦੇ ਮੁੱਦੇ 'ਤੇ ਗੁੰਮਰਾਹਕੁੰਨ ਬਿਆਨਬਾਜ਼ੀ ਕਰ ਰਹੇ ਹਨ। ਕਾਰਪੋਰੇਟਾਂ ਦੇ ਲੱਖਾਂ ਕਰੋੜਾਂ ਰੁਪਏ ਦੇ ਬੈਂਕ ਕਰਜ਼ੇ ਮਹਿਜ਼ ਇੱਕੋ ਐਲਾਨ ਨਾਲ ਮੁਆਫ਼ ਕਰਨ ਵਾਲੀ ਕੇਂਦਰ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਕਰਨ ਨੂੰ ਅਰਥਵਿਵਸਥਾ ਲਈ ਘਾਤਕ ਦਸ ਰਹੀ ਹੈ। ਸਰਕਾਰਾਂ ਦੇ ਲਾਰਿਆਂ ਤੋਂ ਅੱਕੇ ਐਨ ਪੀ ਐਸ ਮੁਲਾਜ਼ਮਾਂ ਨੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਝੰਡੇ ਹੇਠ ਵੋਟ ਮੰਗਣ ਆ ਰਹੇ ਨੁਮਾਇੰਦਿਆਂ ਨੂੰ ਘਰ ਅੱਗੇ ਪੋਸਟਰ ਲਗਾ ਕੇ ਤਿੱਖੇ ਸਵਾਲ ਕਰਨ ਦਾ ਫੈਸਲਾ ਕੀਤਾ ਹੈ।

# ਸੁਵਿਧਾ ਕੇਂਦਰ ਤੇ ਸਾਂਝ ਕੇਂਦਰ ਉਪਰ ਮਿਲਣ ਵਾਲੇ ਫਾਰਮਾਂ/ਸਰਟੀਫ਼ਿਕੇਟਾਂ ਰਾਹੀਂ 1 ਜੂਨ ਨੂੰ ਵੋਟ ਪਾਉਣ ਦਾ ਸੁਨੇਹਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਲੋਕ ਸਭਾ ਚੋਣਾਂ ਵਿੱਚ 80 ਫ਼ੀਸਦੀ ਤੋਂ ਵਧੇਰੇ ਮਤਦਾਨ ਕਰਵਾਉਣ ਅਤੇ ਹਰ ਵਰਗ ਨੂੰ ਉਤਸ਼ਾਹਤ ਕਰਨ ਲਈ ਜ਼ਿਲ੍ਹੇ ਦੇ ਸੁਵਿਧਾ ਕੇਂਦਰ ਅਤੇ ਸਾਂਝ ਕੇਂਦਰ 'ਚੋਂ ਮਿਲਣ ਵਾਲੇ ਫਾਰਮਾਂ ਰਾਹੀਂ 1 ਜੂਨ ਨੂੰ ਵੋਟ ਪਾਉਣ ਦਾ ਸੰਦੇਸ਼ ਦਿੱਤਾ ਜਾਵੇਗਾ, ਜਿਸ ਉਪਰ ਪੰਜਾਬ ਦਾ ਚੋਣ ਮਸਕਟ ਸ਼ੇਰਾ ਵੋਟਰਾਂ ਨੂੰ ਵੋਟ ਪਾਉਣ ਲਈ ਅਪੀਲ ਕਰਦਾ ਦਿਖਾਇਆ ਗਿਆ ਹੈ। ਇਸ ਮੁਹਿੰਮ ਦਾ ਅਗਾਜ਼ ਵਿਧਾਨ ਸਭਾ ਹਲਕਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਉਪ ਮੰਡਲ ਮੈਜਿਸਟਰੇਟ ਦੀਪਾਂਕਰ ਗਰਗ ਅਤੇ ਸਹਾਇਕ ਕਮਿਸ਼ਨਰ (ਸਿਖਲਾਈ) ਡੈਵੀ ਗੋਇਲ ਵੱਲੋਂ ਸੇਵਾ ਕੇਂਦਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕੀਤਾ ਗਿਆ।

ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹਰ ਰੋਜ਼ ਸੇਵਾ ਅਤੇ ਸਾਂਝ ਕੇਂਦਰਾਂ ਉਪਰ ਹਜ਼ਾਰਾਂ ਲੋਕ ਆਉਂਦੇ ਹਨ, ਜਿਨ੍ਹਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਹੈ।

ਇਸ ਮੌਕੇ ਸਬ ਡਵੀਜ਼ਨਲ ਮੈਜਿਸਟ੍ਰੇਟ ਦੀਪਾਂਕਰ ਗਰਗ ਸੇਵਾ ਕੇਂਦਰ ਵਿਖੇ ਆਏ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਵੋਟਾਂ ਪਾ ਕੇ ਲੋਕਤੰਤਰ ਦੇ ਤਿਉਹਾਰ ਵਿੱਚ ਯੋਗਦਾਨ ਪਾਇਆ ਜਾਵੇ।

ਵਿਧਾਨ ਹਲਕਾ ਮੋਹਾਲੀ ਦੇ ਚੋਣ ਕਾਨੂੰਗੋ ਜਗਤਾਰ ਸਿੰਘ ਨੇ ਦੱਸਿਆ ਕਿ ਐੱਸ ਏ ਐੱਸ ਨਗਰ ਵਿਧਾਨ ਸਭਾ ਹਲਕੇ ਵਿਚ 2,30,918 ਵੋਟਾਂ ਹਨ ਅਤੇ 18 ਤੋਂ 19 ਸਾਲ ਦੀਆਂ 5435 ਨਵੀਆਂ ਵੋਟਾਂ ਰਜਿਸਟਰ ਕੀਤੀਆਂ ਗਈਆਂ ਹਨ ਅਤੇ 4 ਮਈ ਤੱਕ ਸਮੂਹ ਯੋਗ ਵੋਟਰਾਂ ਦਾ ਪੰਜੀਕਰਨ ਕੀਤਾ ਜਾਵੇਗਾ।

## 14 ਬੋਤਲਾਂ ਦੇਸੀ ਠੇਕਾ ਸ਼ਰਾਬ ਬਰਾਮਦ

**ਨਵਾਂਸ਼ਹਿਰ, (ਮਨੋਜ ਲਾਡੀ)** -ਅੱਜ ਥਾਣਾ ਰਾਹੋਂ ਦੇ ਇੰਸਪੈਕਟਰ ਦਵਿੰਦਰ ਸਿੰਘ ਦੀ ਅਗਵਾਈ ਵਿਚ ਹੈੱਡ ਕਾਂਸਟੇਬਲ ਜਰਨੈਲ ਸਿੰਘ ਦੀ ਪੁਲਸ ਪਾਰਟੀ ਮੇਨ ਰੋਡ 'ਤੇ ਜਾ ਰਹੇ ਸੀ ਤਾਂ ਸਾਹਮਣੇ ਤੋਂ ਇਕ ਵਿਅਕਤੀ ਚਿੱਟਾ ਥੈਲਾ ਚੁੱਕ ਕੇ ਆ ਰਿਹਾ ਸੀ ਜਿਸ ਨੂੰ ਹੈੱਡ ਕਾਂਸਟੇਬਲ ਜਰਨੈਲ ਸਿੰਘ ਨੇ ਪੁੱਛਗਿੱਛ ਕੀਤੀ ਤਾਂ ਉਸ ਨੇ ਆਪਣਾ ਨਾਂ ਸੁਖਬੀਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਮੁਹੱਲਾ ਖੋਸਲਾ ਰਾਹੋਂ ਦੱਸਿਆ। ਥਾਣਾ ਰਾਹੋਂ ਦੇ ਇੰਸਪੈਕਟਰ ਦਵਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਉਸ ਦੇ ਥੈਲੇ ਦੀ ਤਲਾਸ਼ੀ ਲਈ ਤਾਂ ਉਸ 'ਚੋਂ 14 ਬੋਤਲਾਂ ਪਲਾਸਟਿਕ ਦੀਆਂ ਦੇਸੀ ਠੇਕਾ ਸ਼ਰਾਬ ਬਰਾਮਦ ਹੋਈ। ਉਸ ਖਿਲਾਫ ਥਾਣਾ ਰਾਹੋਂ ਵਿਖੇ ਮਾਮਲਾ ਦਰਜ ਕੀਤਾ ਗਿਆ ।

## ਅੱਖਾਂ ਦਾ ਫ੍ਰੀ ਚੈਕਅੱਪ ਤੇ ਅਪ੍ਰੇਸ਼ਨ ਕੈਂਪ 3 ਨੂੰ ਸਤਨਾਮਪੁਰਾ 'ਚ

**ਫਗਵਾੜਾ ( ਜਸਵਿੰਦਰ ਢੱਡਾ)**- ਯੂਥ ਵਾਇਸ ਫਾਊਂਡੇਸ਼ਨ ਫਗਵਾੜਾ ਵਲੋਂ ਸ਼ੰਕਰਾ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ 3 ਮਈ ਨੂੰ ਸਵੇਰੇ 9 ਤੋਂ ਦੁਪਹਿਰ 1.00 ਵਜੇ ਤੱਕ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸ ਐਂਡ ਰਿਸਰਚ ਸੈਂਟਰ ਸਤਨਾਮਪੁਰਾ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਫਾਊਂਡੇਸ਼ਨ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਆਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਲਈ ਅਧਾਰ ਕਾਰਡ ਜ਼ਰੂਰੀ ਹੋਵੇਗਾ। ਲੋੜਵੰਦ ਮਰੀਜ਼ ਆਪਣੇ ਅਧਾਰ ਕਾਰਡ ਦੀ ਫੋਟੋਕਾਪੀ ਨਾਲ ਜ਼ਰੂਰ ਲੈ ਕੇ ਆਉਣ।

## ਜ਼ਿਲ੍ਹੇ 'ਚ 7 ਪੋਲਿੰਗ ਸਟੇਸ਼ਨਾਂ ਦੇ ਸਹਾਇਕ ਪੋਲਿੰਗ ਸਟੇਸ਼ਨ ਬਣਾਉਣ ਨੂੰ ਪ੍ਰਵਾਨਗੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-ਭਾਰਤ ਦੇ ਚੋਣ ਕਮਿਸ਼ਨ ਵੱਲੋਂ ਜ਼ਿਲ੍ਹੇ 'ਚੇ 7 ਸਹਾਇਕ ਪੋਲਿੰਗ ਸਟੇਸ਼ਨ ਦੇ ਸਹਾਇਕ ਪੋਲਿੰਗ ਸਟੇਸ਼ਨ ਬਣਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਜਿਨ੍ਹਾਂ 'ਚ ਵੋਟਾਂ ਦੀ ਗਿਣਤੀ 1500 ਤੋਂ ਜ਼ਿਆਦਾ ਸੀ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਨੁਸਾਰ ਇਨ੍ਹਾਂ 'ਚੋਂ 2 ਸਹਾਇਕ ਪੋਲਿੰਗ ਸਟੇਸ਼ਨ 53-ਐਸ ਏ ਐਸ ਨਗਰ ਹਲਕੇ 'ਚ ਹਨ ਜਦਕਿ 5 ਡੇਰਾਬੱਸੀ ਹਲਕੇ 'ਚ ਹਨ। 53-ਐੱਸ ਏ ਐੱਸ ਨਗਰ ਹਲਕੇ 'ਚ 42-ਏ ਸਰਕਾਰੀ ਸਕੂਲ ਲਖਨੌਰ ਅਤੇ 62-ਏ ਸਰਕਾਰੀ ਹਾਈ ਸਕੂਲ ਸੁੱਖਗੜ੍ਹ ਸਹਾਇਕ ਪੋਲਿੰਗ ਸਟੇਸ਼ਨ ਬਣਾਏ ਗਏ ਹਨ। 112-ਡੇਰਾਬੱਸੀ ਹਲਕੇ 'ਚ 33-ਏ ਸਰਕਾਰੀ ਹਾਈ ਸਕੂਲ ਗਾਜੀਪੁਰ, 40-ਏ ਸਰਕਾਰੀ ਐਲੀਮੈਂਟਰੀ ਸਕੂਲ ਕ੍ਰਿਸ਼ਨਪੁਰਾ, 123-ਏ ਦੀਕਸ਼ਾਂਤ ਗਲੋਬਲ ਸਕੂਲ, ਵੀ ਆਈ ਪੀ ਰੋਡ ਜ਼ੀਰਕਪੁਰ, 134-ਏ ਸਰਕਾਰੀ ਐਲੀਮੈਂਟਰੀ ਸਕੂਲ ਨਾਭਾ ਅਤੇ 229-ਏ ਸਰਕਾਰੀ ਐਲੀਮੈਂਟਰੀ ਸਕੂਲ ਬਰੋਲੀ ਸਹਾਇਕ ਪੋਲਿੰਗ ਸਟੇਸ਼ਨ ਬਣਾਏ ਗਏ ਹਨ।

## ਫਰਵਾਲਾ ਆਲ ਇੰਡੀਆ ਕਿਸਾਨ ਕਾਂਗਰਸ ਦਾ ਪ੍ਰਧਾਨ ਨਿਯੁਕਤ



**ਫਿਲੌਰ ( ਨਿਰਮਲ)**- ਜ਼ਿਲਾ ਪ੍ਰੀਸ਼ਦ ਮੈਂਬਰ ਅਮਨਦੀਪ ਸਿੰਘ ਫਰਵਾਲਾ ਨੂੰ ਆਲ ਇੰਡੀਆ ਕਿਸਾਨ ਕਾਂਗਰਸ ਵੱਲੋਂ ਜ਼ਿਲ੍ਹਾ ਜਲੰਧਰ ਦਿਹਾਤੀ ਦਾ ਕਿਸਾਨ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਕਿਸਾਨ ਕਾਂਗਰਸ ਭਾਰਤ ਦੇ ਪ੍ਰਧਾਨ ਸੁਖਪਾਲ ਸਿੰਘ ਖਹਿਰਾ ਅਤੇ ਪੰਜਾਬ ਕਿਸਾਨ ਕਾਂਗਰਸ ਦੇ ਪ੍ਰਧਾਨ ਕਿਰਨਜੀਤ ਸਿੰਘ ਵੱਲੋਂ ਕੀਤੀ ਗਈ। ਅਮਨਦੀਪ ਸਿੰਘ ਫਰਵਾਲਾ ਨੇ ਇਸ ਨਿਯੁਕਤੀ ਲਈ ਪਾਰਟੀ ਹਾਈਕਮਾਡ ਪ੍ਰਧਾਨ ਮਲਿਕੁਅਰਜਨ ਖੜਗੇ, ਰਾਹੁਲ ਗਾਂਧੀ, ਪ੍ਰਧਾਨ ਕਿਸਾਨ ਕਾਂਗਰਸ ਇੰਡੀਆ ਸੁਖਪਾਲ ਸਿੰਘ ਖਹਿਰਾ, ਪ੍ਰਧਾਨ ਪੰਜਾਬ ਕਾਗਰਸ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਕੈਬਨਿਟ ਮੰਤਰੀ ਪਰਗਟ ਸਿੰਘ, ਪ੍ਰਧਾਨ ਕਿਸਾਨ ਕਾਂਗਰਸ ਪੰਜਾਬ ਕਿਰਨਜੀਤ ਸਿੰਘ ਮਿੱਠਾ , ਜ਼ਿਲ੍ਹਾ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਸਾਬਕਾ ਕੈਬਨਿਟ ਮੰਤਰੀ ਅਮਰਜੀਤ ਸਿੰਘ ਸਮਰਾ, ਹਲਕਾ ਇੰਚਾਰਜ ਨਕੋਦਰ ਡਾਕਟਰ ਨਵਜੋਤ ਸਿੰਘ ਦਾਈਆ, ਸਮੇਤ ਸਮੁੱਚੀ ਕਾਂਗਰਸ ਪਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜੋ ਵੀ ਕਿਸਾਨਾਂ ਦੇ ਮਸਲਿਆਂ ਤੇ ਮੰਗਾਂ ਤੇ ਸੰਘਰਸ਼ ਉਲੀਕਿਆ ਜਾਵੇਗਾ ਜਾਂ ਕੋਈ ਵੀ ਪ੍ਰੋਗਰਾਮ ਦਿੱਤਾ ਜਾਵੇਗਾ ਉਹ ਉਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਗੇ ਅਤੇ ਪਾਰਲੀਮੈਂਟ ਦੀ ਚੱਲ ਰਹੀ ਚੋਣ ਸਰਗਰਮੀ ਵਿੱਚ ਉੱਹ ਪਾਰਟੀ ਦੀ ਜਿੱਤ ਲਈ ਦਿਨ ਰਾਤ ਇੱਕ ਕਰ ਦੇਣਗੇ।

## ਗੋਇਨਕਾ ਸਕੂਲ ਨੇ ਸਹੋਦਿਆ ਇੰਟਰ ਸਕੂਲ ਮੁਕਾਬਲਾ ਜਿੱਤਿਆ

**ਕਪੂਰਥਲਾ, ( ਹਨੀ )**- ਅਕਾਲ ਗਲੈਕਸੀ ਕਾਨਵੈਂਟ ਸਕੂਲ ਸੁਲਤਾਨਪੁਰ ਲੋਧੀ ਵਿਖੇ ਹੋਏ ਸਹੋਦਿਆ ਇੰਟਰ ਸਕੂਲ ਇੰਗਲਿਸ਼ ਡਿਬੇਟ ਮੁਕਾਬਲੇ ਵਿਚ ਜੀ.ਡੀ.ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ



ਕੀਤਾ। ਇਸ ਸਬੰਧੀ ਪ੍ਰਿੰਸੀਪਲ ਡਾ. ਪਵਲਜੀਤ ਕੌਰ ਨੇ ਦੱਸਿਆ ਕਿ ਦਸਵੀਂ ਜਮਾਤ ਦੀ ਮਨਵੀਨ ਕੌਰ ਅਤੇ ਗਿਆਰ੍ਹਵੀਂ ਜਮਾਤ ਦੀ ਮਨਵੀਰ ਨੇ ਇੰਟਰ ਸਕੂਲ ਇੰਗਲਿਸ਼ ਡਿਬੇਟ ਮੁਕਾਬਲੇ ਵਿੱਚ ਭਾਗ ਲਿਆ । ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਗਿਆਰ੍ਹਵੀਂ ਜਮਾਤ ਦੀ ਮਨਵੀਰ ਪ੍ਰਤੀਯੋਗਤਾ ਵਿਚ ਤੀਜੇ ਸਥਾਨ 'ਤੇ ਕਬਜ਼ਾ ਕਰਨ ਵਿਚ ਸਫਲ ਰਹੀ । ਇਸ ਮੁਕਾਬਲੇ ਵਿੱਚ ਕਪੂਰਥਲਾ ਦੇ 19 ਸੀ ਬੀ ਐਸ ਈ ਸਕੂਲਾਂ ਨੇ ਭਾਗ ਲਿਆ। ਜੀ.ਡੀ.ਗੋਇਨਕਾ ਸਕੂਲ ਦੀ ਵਿਦਿਆਰਥਣ ਮਨਵੀਰ ਨੇ ਦਿੱਤੇ ਗਏ ਵਿਸ਼ੇ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਸ਼ਲਾਘਾਯੋਗ ਪ੍ਰਦਰਸਨ ਕਰਕੇ ਅਦਾਰੇ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ, ਪ੍ਰਿੰਸੀਪਲ ਡਾ. ਪਵਲਜੀਤ ਕੌਰ ਅਤੇ ਸਟਾਫ਼ ਮੈਂਬਰਾਂ ਨੇ ਜੇਤੂ ਵਿਦਿਆਰਥਣ ਨੂੰ ਸਨਮਾਨਤ ਕੀਤਾ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਸੀ ਪੀ ਆਈ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ 'ਚ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਰਣਨੀਤੀ 'ਤੇ ਵਿਚਾਰਾਂ

**ਮੋਹਾਲੀ (ਗੁਰਜੀਤ ਬਿੱਲਾ)**- ਭਾਰਤੀ ਕਮਿਊਨਿਸਟ ਪਾਰਟੀ ਦੀ ਮੋਹਾਲੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਇੱਥੇ ਪਾਰਟੀ ਦਫਤਰ ਵਿੱਚ ਹੋਈ ਜਿਸ ਵਿੱਚ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੀ ਰਣਨੀਤੀ 'ਤੇ ਵੇਰਵੇ ਸਹਿਤ ਵਿਚਾਰਾਂ ਹੋਈਆਂ। ਜ਼ਿਲ੍ਹਾ ਕੌਂਸਲ ਦੇ ਸਾਰੇ ਮੈਂਬਰਾਂ ਨੇ ਵਿਚਾਰ ਪ੍ਰਗਟ ਕੀਤੇ ਕਿ ਪਾਰਟੀ ਦੀ ਕੌਮੀ ਕੌਂਸਲ ਦੀ ਨੀਤੀ ਅਨੁਸਾਰ 'ਭਾਜਪਾ ਭਜਾਓ, ਦੇਸ਼ ਬਚਾਓ ' ਦੇ ਨਾਅਰੇ ਤੇ ਫੁੱਲ ਚੜ੍ਹਾਉਂਦਿਆਂ ਪੰਜਾਬ ਦੇ ਸਮੂਹ ਲੋਕ ਸਭਾ ਚੋਣ ਹਲਕਿਆਂ ਵਿੱਚ ਸੈਕੂਲਰ ਅਤੇ ਅਗਾਂਹਵਧੂ ਨੀਤੀਆਂ ਦਾ ਸਮਰਥਨ ਕਰਨ ਵਾਲੇ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਮੁਲਕ ਦੀ ਰਾਜਨੀਤੀ ਨੂੰ ਗਲਤ ਦਿਸ਼ਾ ਵਿੱਚ ਜਾਣ ਤੋਂ ਠੱਲ੍ਹ ਪਾਈ ਜਾਵੇ, ਉਹ ਉਮੀਦਵਾਰ ਭਾਵੇਂ ਕਾਂਗਰਸ ਪਾਰਟੀ ਨਾਲ ਸੰਬੰਧਤ ਹੋਣ ਭਾਵੇਂ ਆਮ ਆਦਮੀ ਪਾਰਟੀ ਨਾਲ ।

ਅਜਿਹੇ ਉਮੀਦਵਾਰਾਂ ਦੀ ਡਟ ਕੇ ਹਮਾਇਤ ਕੀਤੀ ਜਾਵੇ। ਮੀਟਿੰਗ ਦੌਰਾਨ ਪਟਿਆਲਾ ਤੋਂ ਉਮੀਦਵਾਰ ਧਰਮਵੀਰ ਗਾਂਧੀ ਦੇ ਨਾਂਅ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ ਅਤੇ ਕਿਹਾ ਗਿਆ ਇਸ ਖੱਬੇਪੱਖੀ ਸੋਚ ਵਾਲੇ ਉਮੀਦਵਾਰ ਦੀ ਸਾਰੇ ਪਾਰਟੀ ਕਾਰਕੁਨ ਡਟ ਕੇ ਹਮਾਇਤ ਕਰਨ। ਮੀਟਿੰਗ ਵਿੱਚ ਸ਼ਾਮਲ ਨੁਮਾਇੰਦਿਆਂ ਨੇ ਕਿਹਾ ਕਿ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਪਿਛਲੇ ਇੱਕ ਦਹਾਕੇ ਤੋਂ ਬਹੁਤ ਬੇਸ਼ਰਮੀ ਨਾਲ ਕਾਰਪੋਰੇਟ ਨਵਾਜ਼ ਨੀਤੀਆਂ ਤੇ ਚੱਲ ਰਹੀ ਹੈ ਅਤੇ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਅਤੇ ਸਮੁੱਚੇ ਮੱਧ ਵਰਗ ਦਾ ਕਚੂਮਰ ਕੱਢ ਰਹੀ ਹੈ।

ਕਾਰਪੋਰੇਟਾਂ ਨੂੰ ਖੁੱਲ੍ਹੀ ਛੁੱਟੀ ਦਿੱਤੀ ਹੋਈ ਹੈ। ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕੀਤਾ ਜਾ ਰਿਹਾ ਹੈ। ਮਹਿੰਗਾਈ ਅਤੇ ਬੇਰੁਜ਼ਗਾਰੀ ਦਾ ਵਿਕਰਾਲ ਦੈਂਤ ਮੂੰਹ ਅੱਡੀ ਜਨਤਾ ਨੂੰ ਭੈਭੀਤ ਕਰ ਰਿਹਾ ਹੈ। ਧਰਮ ਅਤੇ ਜਾਤ ਦੇ ਮੁੱਦਿਆਂ 'ਤੇ ਟੀ ਵੀ ਉਤੇ ਬਹਿਸਾਂ ਕਰਕੇ ਲੋਕਾਂ ਨੂੰ ਭਰਮਾਉਣ ਦਾ ਯਤਨ ਕੀਤਾ ਗਿਆ ਹੈ। ਪਾਰਟੀ ਲੀਡਰਸ਼ਿਪ ਨੇ ਸਾਰੇ ਪਾਰਟੀ ਵਰਕਰਾਂ ਨੂੰ ਮੋਢੇ ਨਾਲ ਮੋਢਾ ਜੋੜ ਕੇ ਫਿਰਕੂ ਤਾਕਤਾਂ ਨੂੰ ਭਾਂਜ ਦੇਣ ਦਾ ਸੱਦਾ ਦਿੱਤਾ ।

# ਸਰਕਾਰੀ ਸਕੂਲ ਕਾਹਮਾ 'ਚ ਵੋਟਰ ਜਾਗਰੂਕਤਾ ਸੈਮੀਨਾਰ

**ਨਵਾਂਸ਼ਹਿਰ (ਮਨੋਜ ਲਾਡੀ)**-ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਹੁਕਮਾਂ ਅਤੇ ਰਾਜੀਵ ਵਰਮਾ ਐਡੀਸ਼ਨਲ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਸਵੀਪ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਹਮਾ ਵਿਖੇ ਸਕੂਲ ਇੰਚਾਰਜ ਹਿਤੇਸ਼ ਸਹਿਗਲ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਅਧੀਨ ਵੋਟਰ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਵੀਪ ਦੇ ਨੋਡਲ ਅਫਸਰ ਸਤਨਾਮ ਸਿੰਘ ਸੂੰਨੀ ਨੇ ਵਿਦਿਆਰਥੀਆਂ ਨੂੰ ਵੋਟਾਂ ਬਾਰੇ ਜਾਗਰੂਕ ਕਰਨ ਲਈ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਦਿਆਰਥੀਆਂ ਦੀ ਉਮਰ ਪਹਿਲੀ ਅਪ੍ਰੈਲ 2024 ਨੂੰ ਅਠਾਰਾਂ ਸਾਲ ਦੀ ਚੁੱਕੀ ਹੈ, ਉਹ ਆਪਣੀ ਵੋਟ ਆਨਲਾਈਨ ਜਾਂ ਬੂਥ ਲੈਵਲ ਅਫਸਰ ਕੋਲ ਜਾ ਕੇ ਜ਼ਰੂਰ ਅਪਲਾਈ ਕਰਨ।

ਉਨ੍ਹਾਂ ਕਿਹਾ ਕਿ ਜਿਹੜੇ ਵਿਦਿਆਰਥੀਆਂ ਦੀ ਅਜੇ ਵੋਟ ਨਹੀਂ ਬਣੀ ਉਹ ਆਪਣੇ ਪਿੰਡਾਂ ਵਿੱਚ ਅਤੇ ਆਲੇ ਦੁਆਲੇ ਦੇ ਲੋਕਾਂ ਨੂੰ ਵੋਟ ਬਣਵਾਉਣ ਅਤੇ ਹਰ ਇੱਕ ਵਿਅਕਤੀ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵੋਟ ਦੇ ਅਧਿਕਾਰ ਦਾ ਪ੍ਰਯੋਗ ਕਰਨ ਲਈ ਕਹਿਣ। ਉਨ੍ਹਾਂ ਕਿਹਾ ਕਿ ਸਾਨੂੰ ਧਰਮ, ਜਾਤ ਅਤੇ ਨਸਲ ਤੋਂ ਉੱਪਰ ਉੱਠ ਕੇ ਵੋਟ ਦੀ ਵਰਤੋਂ ਕਰਨੀ ਚਾਹੀਦੀ ਹੈ।

ਇਸ ਮੌਕੇ ਉਨ੍ਹਾਂ ਬੂਥ ਪੱਧਰ 'ਤੇ ਮਿਲਣ ਵਾਲੀਆਂ ਸਹੂਲਤਾਂ 'ਤੇ ਚਾਨਣਾ ਪਾਇਆ ਜਿਵੇਂ ਕੇ ਵਿਕਲਾਂਗ ਵੋਟਰਾਂ ਲਈ ਵੀਲ੍ਹ ਚੇਅਰ, ਰੈਂਪ, ਬਰੇਲ ਲਿੱਪੀ, ਪਿੱਕ ਐਂਡ ਡਰਾਪ ਸੁਵਿਧਾ, ਬੱਚਿਆਂ ਵਾਸਤੇ ਕਰੈੱਚ ਆਦਿ। ਇਸ ਮੌਕੇ ਹਰਦੀਪ ਕੌਰ ਸਹਾਇਕ ਪ੍ਰੋਫੈਸਰ ਬੀ.ਐਲ.ਐਮ ਗਰਲਜ਼ ਕਾਲਜ ਦੁਆਰਾ ਵਿਦਿਆਰਥੀਆਂ ਨੂੰ ਵੋਟਰ ਪ੍ਰਣ ਦਿਵਾਇਆ ਗਿਆ। ਸਕੂਲ ਦੇ ਇੰਚਾਰਜ ਹਿਤੇਸ਼ ਸਹਿਗਲ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਇਸ ਵਾਰ "ਚੋਣਾਂ ਦਾ ਪਰਵ-ਦੇਸ਼ ਦਾ ਗਰਵ" ਲੋਕ ਸਭਾ ਚੋਣਾਂ ਵਿੱਚ ਆਓ ਅਸੀਂ ਸਾਰੇ ਆਪਣਾ ਬਣਦਾ ਯੋਗਦਾਨ ਪਾਈਏ। ਇਸ ਮੌਕੇ ਕੁਲਵਿੰਦਰ ਲਾਲ, ਸ਼ੰਕਰ ਦਾਸ, ਅਜੈ ਕੁਮਾਰ, ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

# ਹਥਿਆਰਾਂ ਤੇ ਹੈਰੋਇਨ ਸਮੇਤ ਗੌਂਡਰ ਗਰੋਹ ਦਾ ਗੈਂਗਸਟਰ ਕਾਬੂ

**ਜਲੰਧਰ ( ਸ਼ੈਲੀ ਐਲਬਰਟ)**- ਸੰਗਠਿਤ ਅਪਰਾਧਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਜਲੰਧਰ ਕਮਿਸ਼ਨਰੇਟ ਪੁਲਸ ਨੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਗੌਂਡਰ ਗਰੁੱਪ ਦੇ ਇੱਕ ਖੌਫਨਾਕ ਗੈਂਗਸਟਰ ਨੂੰ ਹਥਿਆਰਾਂ ਅਤੇ ਹੈਰੋਇਨ ਸਮੇਤ ਕਾਬੂ ਕੀਤਾ ਹੈ। ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗੈਂਗਸਟਰ ਵਿਰੁੱਧ ਪਹਿਲਾਂ ਹੀ 14 ਕੇਸ ਪੈਂਡਿੰਗ ਹਨ ਅਤੇ ਉਹ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ, ਕਤਲ ਦੀ ਕੋਸ਼ਿਸ਼, ਜਬਰੀ ਵਸੂਲੀ ਅਤੇ ਹੋਰ ਸੰਗਠਿਤ ਅਪਰਾਧਾਂ ਵਿੱਚ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਪੁਲਸ ਨੂੰ ਸੂਹ ਮਿਲੀ ਸੀ ਕਿ ਵਿੱਕੀ ਗੌਂਡਰ ਗਰੋਹ ਨਾਲ ਸਬੰਧਤ ਇੱਕ ਗੈਂਗਸਟਰ ਸ਼ਹਿਰ ਵਿੱਚ ਸਰਗਰਮ ਹੈ ਅਤੇ ਜਲੰਧਰ ਅਤੇ ਹੋਰ ਸ਼ਹਿਰਾਂ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਸਮੇਤ ਕਈ ਅਪਰਾਧਾਂ ਵਿੱਚ ਸ਼ਾਮਲ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਉਕਤ ਵਿਅਕਤੀ ਵੀ ਭਗੌੜਾ ਅਪਰਾਧੀ ਸੀ ਜੋ ਇਨ੍ਹਾਂ ਗੈਰ ਕਾਨੂੰਨੀ ਹਥਿਆਰਾਂ ਦੀ ਵਰਤੋਂ ਕਰਕੇ ਹੋਰ ਅਪਰਾਧ ਕਰਨ ਦੀ ਉਡੀਕ ਕਰ ਰਿਹਾ ਸੀ। ਇਸ ਤੋਂ ਬਾਅਦ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਸਪੈਸ਼ਲ ਸੈੱਲ ਦੀ ਟੀਮ ਨੇ ਨੌਜਵਾਨ ਸੁਰਿੰਦਰ ਕੁਮਾਰ ਪੁੱਤਰ ਸੋਮ ਨਾਥ ਵਾਸੀ ਕੁਆਟਰ ਨੰਬਰ 1, ਨਗਰ ਨਿਗਮ ਜਲੰਧਰ ਨੂੰ ਪਾਰਕ ਨੇੜਿਓਂ ਜੌਹਲ ਮਾਰਕੀਟ, ਮਾਡਲ ਟਾਊਨ, ਜਲੰਧਰ, ਕਾਹਲੋਂ ਮਾਰਕੀਟ ਦੇ ਸਾਹਮਣੇ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਪੁਲਸ ਨੇ ਇੱਕ 32 ਬੋਰ ਦਾ ਪਿਸਤੌਲ, ਇੱਕ ਮੈਗਜ਼ੀਨ ਅਤੇ ਪੰਜ ਕਾਰਤੂਸ ਵੀ ਬਰਾਮਦ ਕੀਤੇ ਹਨ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਤਫਤੀਸ਼ ਦੌਰਾਨ ਸੁਰਿੰਦਰ ਕੁਮਾਰ ਨੇ ਕਈ ਅਪਰਾਧਾਂ ਵਿੱਚ ਸ਼ਾਮਲ ਹੋਣ ਦੀ ਗੱਲ ਕਬੂਲੀ ਹੈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਉਸ ਨੇ ਇੱਕ ਹੋਰ ਦੇਸੀ ਪਿਸਤੌਲ, 315 ਬੋਰ ਦਾ ਇੱਕ ਦੇਸੀ ਕੱਟਾ ਅਤੇ 260 ਗ੍ਰਾਮ ਹੈਰੋਇਨ ਰੱਖਣ ਦੀ ਗੱਲ ਵੀ ਕਬੂਲੀ ਹੈ, ਜੋ ਕਿ ਉਸ ਕੋਲੋਂ ਬਰਾਮਦ ਕੀਤੀ ਗਈ ਹੈ। ਉਸ ਨੇ ਦੱਸਿਆ ਕਿ ਉਸ ਖਿਲਾਫ ਥਾਣਾ ਡਵੀਜ਼ਨ 6 ਜਲੰਧਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਕਮਿਸ਼ਨਰ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਰਿਆਤ ਬਾਹਰਾ 'ਵਰਸਿਟੀ ਵੱਲੋਂ ਥ੍ਰਾਈਵ ਫਿਊਚਰ ਸਮਿਟ-2024




**ਚੰਡੀਗੜ੍ਹ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ ਦੀ ਅਫਰੀਕਨ ਸਟੂਡੈਂਟਸ ਐਸੋਸੀਏਸ਼ਨ ਵੱਲੋਂ 'ਉਦਮੀ ਹੁਨਰ ਵਿਕਾਸ-ਅਨਲਾਕਿੰਗ ਅਫਰੀਕਾਜ਼ ਪੋਟੈਂਸ਼ੀਅਲ' 'ਤੇ ਥ੍ਰਾਈਵ ਫਿਊਚਰ ਸਮਿਟ ਦਾ ਆਯੋਜਨ ਕੀਤਾ ਗਿਆ। ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਨੌਜਵਾਨ ਦਿਮਾਗਾਂ ਵਿੱਚ ਉੱਦਮੀ ਹੁਨਰ ਪੈਦਾ ਕਰਨ ਲਈ ਸਮੇਂ ਦੀ ਲੋੜ ਨੂੰ ਸਮਝਦੇ ਹੋਏ ਇਸ ਸੰਕਲਪ ਦੀ ਸ਼ਲਾਘਾ ਕੀਤੀ ਤਾਂ ਜੋ ਉਹ ਵਧੇਰੇ ਰੁਜ਼ਗਾਰ ਪੈਦਾ ਕਰ ਸਕਣ। ਇਸ ਦੌਰਾਨ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਉੱਦਮਤਾ ਦਾ ਵਿਕਾਸ ਕਈ ਮੁੱਖ ਸੰਕਲਪਾਂ ਨਾਲ ਜੁੜਿਆ ਹੋਇਆ ਹੈ। ਇਨ੍ਹਾਂ ਵਿੱਚ ਖੋਜੀ, ਨਵੀਨਤਾਕਾਰੀ, ਜੋਖਮ ਲੈਣ ਵਾਲੇ ਅਤੇ ਟਿਕਾਊ ਹੋਣਾ ਸ਼ਾਮਲ ਹੈ। ਕਾਰੋਬਾਰੀਆਂ ਲਈ ਸਫਲ ਹੋਣ ਲਈ ਇਨ੍ਹਾਂ ਵਿੱਚੋਂ ਹਰੇਕ ਸੰਕਲਪ ਨੂੰ ਸਮਝਣਾ ਜ਼ਰੂਰੀ ਹੈ। ਇੱਕ ਵਪਾਰਕ ਵਿਚਾਰ ਲੱਭਣਾ, ਉੱਦਮ ਲਈ ਇੱਕ ਯੋਜਨਾ ਬਣਾਉਣਾ, ਫੰਡ ਪ੍ਰਾਪਤ ਕਰਨਾ ਅਤੇ ਕਾਰੋਬਾਰ ਦਾ ਵਿਸਥਾਰ ਕਰਨਾ ਉੱਦਮਤਾ ਦਾ ਹਿੱਸਾ ਹਨ।

ਡੀਨ ਸਟੂਡੈਂਟਸ ਵੈਲਫੇਅਰ ਡਾ. ਸਿਮਰਜੀਤ ਕੌਰ ਨੇ ਕਿਹਾ ਕਿ ਥ੍ਰਾਈਵ ਸਮਿਟ ਉੱਦਮੀ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਦਿਲਚਸਪੀ ਰੱਖਣ ਵਾਲੇ ਲੋਕਾਂ ਲਈ ਇੱਕ ਸੰਪੂਰਨ ਇੰਟਰਐਕਟਿਵ ਪਲੇਟਫਾਰਮ ਹੈ। ਇਸ ਮੌਕੇ ਮੁੱਖ ਬੁਲਾਰਿਆਂ ਵਿੱਚ ਅਕੈੱਚ ਐਮ ਕਮਿੱਚ, ਉਦਯੋਗਪਤੀ ਅਤੇ ਪ੍ਰਧਾਨ ਦੱਖਣੀ-ਸੁਡਾਨ ਸਟੂਡੈਂਟ ਐਸੋਸੀਏਸ਼ਨ, ਪ੍ਰੋਫੈਸਰ ਕਾਰਲ ਓਸੋਦੀ,ਆਈ ਐਸ ਆਈ ਬੀ ਓ ਆਰ, ਸੀ ਈ ਓ, ਏ ਆਈ-ਗਰੁੱਪ ਇੰਕ. ਹੋਲਡਿੰਗਜ਼ (ਰਵਾਂਡਾ) ਅਤੇ ਜੂਲੀਅਸ ਬੀ. ਪੇਰੇਟੋਮੋਡ ਪਾਇਨੀਅਰ/ਸੰਸਥਾਪਕ ਸ਼ਾਮਲ ਸਨ। ਫਲੇਮਜ਼ ਅਫਰੀਕਾ, ਐਮ ਬੀ. ਟੇਗਾ ਓਸਾਮਾ, ਇਵੋਵਸ ਯੂਥ ਐਂਬੈਸਡਰ- ਸੀ ਈ ਓ, ਏ ਐਮ ਜੈਡ ਸ਼ਟਿਚਿਸ (ਯੂਕੇ), ਵਿਜ਼ਡਮ ਅਗਹੋਗੋਹਵੀਆ, ਫਾਊਂਡਰ ਕ੍ਰਿਪਟੋ ਐਜੂਕੇਸਨ ਫਾਰ ਅਫਰੀਕਾ (ਨਾਈਜੀਰੀਆ), ਕੂਲ, ਮੋਨਾਲੀਸਾ ਅਤੇ ਬਹੁਤ ਸਾਰੇ ਮਾਹਰ ਅਫਰੀਕੀ ਦੇਸ਼ਾਂ ਤੋਂ ਆਨਲਾਈਨ ਸ਼ਾਮਲ ਹੋਏ। ਉਨ੍ਹਾਂ ਨੇ ਕਾਰੋਬਾਰੀ ਸਫਲਤਾ ਦਾ ਮੰਤਰ ਸਾਂਝਾ ਕੀਤਾ। ਸਮਾਗਮ ਦੀ ਸਫਲਤਾ ਲਈ ਜੂਲੀਅਸ, ਰੇਨੀ ਅਤੇ ਸ਼ਿਗਾਂਬੇ ਗਾਜੀ ਨੇ ਅਹਿਮ ਭੂਮਿਕਾ ਅਦਾ ਕੀਤੀ।

# ਡੇਢ ਸਾਲਾ ਬੱਚੇ ਦੀ ਪਾਣੀ ਦੀ ਬਾਲਟੀ 'ਚ ਡੁੱਬਣ ਕਾਰਨ ਮੌਤ





**ਨੰਗਲ (ਸੁਰਜੀਤ ਸਿੰਘ)**-ਅੱਜ ਸਵੇਰੇ ਨੰਗਲ ਨਗਰ ਕੌਂਸਲ ਅਧੀਨ ਪੈਂਦੇ ਵਾਰਡ ਨੰਬਰ 2 ਵਿੱਚ ਇੱਕ ਬਹੁਤ ਦੀ ਦੁਖਦਾਈ ਘਟਨਾ ਵਾਪਰੀ। ਇੱਕ ਸਵਾ ਸਾਲ ਦੇ ਬੱਚੇ ਦੀ ਪਾਣੀ ਦੀ ਬਾਲਟੀ ਵਿੱਚ ਡੁੱਬ ਕੇ ਦਰਦਨਾਕ ਮੌਤ ਹੋ ਗਈ। ਜਿਸ ਨੂੰ ਲੈ ਕੇ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਵਾਰਡ ਦੇ ਕੌਂਸਲਰ ਅਤੇ ਕੌਂਸਲ ਪ੍ਰਧਾਨ ਸੰਜੇ ਸਾਹਨੀ ਨੇ ਕਿਹਾ ਕਿ ਜਿਸ ਬੱਚੇ ਦੀ ਮੌਤ ਹੋਈ ਹੈ, ਉਸ ਦੇ ਪਿਤਾ ਦਾ ਨਾਮ ਗੋਲਡੀ ਪੁਰੀ ਹੈ, ਜੋ ਕਿ ਬਹੁਤ ਨੇਕ ਇਨਸਾਨ ਹੈ। ਹਾਲੇ 2 ਕੁ ਮਹੀਨੇ ਪਹਿਲਾਂ ਹੀ ਪਰਵਾਰ ਨੇ ਬੱਚੇ ਦਾ ਜਨਮ ਦਿਨ ਮਨਾ ਕੇ ਖ਼ੁਸ਼ੀਆਂ ਸਾਂਝੀਆਂ ਕੀਤੀਆਂ ਸੀ ਪਰ ਅੱਜ ਪਰਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਗਿਆ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਬੱਚੇ ਦਾ ਨਾਂ ਵਾਰਿਸ ਦੱਸਿਆ ਤੇ ਕਿਹਾ ਕਿ ਸਵਾ ਸਾਲ ਦਾ ਵਾਰਿਸ ਜਦੋਂ ਖੇਡਦਾ ਖੇਡਦਾ ਬਾਥਰੂਮ 'ਚ ਚਲਾ ਗਿਆ ਤਾਂ ਕਿਸੇ ਨੂੰ ਕੁਝ ਪਤਾ ਨਹੀਂ ਲੱਗਿਆ। ਦੱਸਿਆ ਜਾ ਰਿਹਾ ਹੈ ਕਿ ਜਿਵੇਂ ਉਹ ਕੋਈ ਲੈਣ ਲਈ ਬਾਲਟੀ 'ਚ ਵੇਖਣ ਲੱਗਿਆ ਤਾਂ ਉਹ ਸਿਰ ਭਾਰ ਪਾਣੀ ਦੀ ਬਾਲਟੀ ਵਿੱਚ ਹੀ ਪਿਆ ਰਿਹਾ। ਘਰ ਦੀ ਇੱਕ ਛੋਟੀ ਲੜਕੀ ਕੁਝ ਸਮੇਂ 'ਚ ਬਾਥਰੂਮ ਗਈ ਤਾਂ ਪਤਾ ਲੱਗਿਆ ਉਹ ਬਾਲਟੀ ਵਿੱਚ ਮੂੰਹ ਭਾਰ ਡਿੱਗਿਆ ਪਿਆ ਸੀ। ਪਰਵਾਰਕ ਮੈਂਬਰ ਬੱਚੇ ਨੂੰ ਬੀ ਬੀ ਐੱਮ ਬੀ ਹਸਪਤਾਲ ਲੈ ਗਏ ਪਰ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਕਰੀਬ 2 ਮਹੀਨੇ ਪਹਿਲਾਂ ਵੀ ਤਹਿਸੀਲ ਨੰਗਲ ਅਧੀਨ ਪੈਂਦੇ ਪਿੰਡ ਸਵਾਮੀਪੁਰ ਵਿੱਚ ਵੀ ਡੇਢ ਸਾਲਾ ਬੱਚੇ ਦੀ ਇਸੇ ਤਰ੍ਹਾਂ ਪਾਣੀ ਦੀ ਬਾਲਟੀ ਵਿੱਚ ਡੁੱਬਣ ਕਰਕੇ ਮੌਤ ਹੋ ਗਈ ਸੀ। ਜਿਸ ਦੀ ਜਾਣਕਾਰੀ ਉਸਦੇ ਚਾਚਾ ਵੱਲੋਂ ਖ਼ੁਦ ਪੱਤਰਕਾਰਾਂ ਨੂੰ ਅੱਜ ਦੀ ਘਟਨਾ ਸਮੇਂ ਹੀ ਦਿੱਤੀ ਗਈ।

# 10 ਨੂੰ ਚੌਧਰੀ ਬਲਬੀਰ ਸਿੰਘ ਦਾ 39ਵਾਂ ਬਲੀਦਾਨ ਦਿਵਸ ਸੈਣੀ ਭਵਨ ਵਿਖੇ ਮਨਾਇਆ ਜਾਵੇਗਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸੈਣੀ ਜਾਗ੍ਰਿਤੀ ਮੰਚ ਪੰਜਾਬ ਦੀ ਮੀਟਿੰਗ ਕੁਲਵੰਤ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਅਮਰ ਸ਼ਹੀਦ ਚੌਧਰੀ ਬਲਬੀਰ ਸਿੰਘ ਦਾ 39ਵਾਂ ਬਲੀਦਾਨ ਦਿਵਸ ਸੈਣੀ ਭਵਨ ਨੇੜੇ ਗੰਜਾ ਸਕੂਲ 10 ਮਈ ਨੂੰ ਸਵੇਰੇ 10:00 ਵਜੇ ਮਨਾਇਆ ਜਾਵੇਗਾ। ਚੌਧਰੀ ਬਲਬੀਰ ਸਿੰਘ ਦੇਸ਼ ਦੇ ਮਹਾਨ ਸਪੂਤ ਅਤੇ ਸ਼ੇਰੇ ਪੰਜਾਬ ਦੇ ਨਾਂਅ ਨਾਲ ਜਾਣੇ ਜਾਂਦੇ ਸਨ। ਉਨ੍ਹਾ ਆਪਣੀ ਜ਼ਿੰਦਗੀ ਵਿੱਚ ਗਰੀਬਾਂ ਦੇ ਮਸੀਹਾ ਬਣ ਕੇ ਹਰ ਇੱਕ ਗਰੀਬ ਨੂੰ ਆਪਣੇ ਸੀਨੇ ਲਗਾਇਆ ਅਤੇ ਉਸ ਦੇ ਦੁਖ ਸੁਖ ਦੇ ਸਾਂਝੀ ਬਣੇ। ਕਾਇਰਾ ਨੇ ਉਨ੍ਹਾ 'ਤੇ ਗੋਲੀ ਚਲਾ ਕੇ ਉਨ੍ਹਾਂ ਨੂੰ ਸ਼ਹੀਦ ਕਰ ਦਿੱਤਾ। ਜਿਸ ਨਾਲ ਇਸ ਦੇਸ਼ ਦੇ ਸਾਰੇ ਲੋਕਾਂ ਦਾ ਦਿਲ ਟੁੱਟਿਆ ਅਤੇ ਹਰ ਇੱਕ ਨੇ ਉਨ੍ਹਾਂ ਦੀ ਮੌਤ 'ਤੇ ਹੰਝੂ ਬਹਾਏ। ਇਸ ਮੀਟਿੰਗ ਵਿੱਚ ਪ੍ਰੇਮ ਸੈਣੀ ਜ਼ਿਲ੍ਹਾ ਪ੍ਰਧਾਨ, ਪ੍ਰਭਜੋਤ ਸਿੰਘ ਸੈਣੀ ਯੂਥ ਪੰਜਾਬ ਪ੍ਰਧਾਨ, ਸੁਰਿੰਦਰ ਕੌਰ ਸੈਣੀ, ਪ੍ਰਧਾਨ ਮਹਿਲਾ ਵਿੰਗ ਪੰਜਾਬ, ਤਰਲੋਚਨ ਸਿੰਘ ਸੈਣੀ ਪ੍ਰਧਾਨ ਸੈਣੀ ਸਭਾ ਬਹਾਦਰਪੁਰ, ਸੀਆ ਰਾਮ ਸੈਣੀ, ਨਿਰਮਲ ਸਿੰਘ ਸੈਣੀ ਹਰਿਆਣਾ, ਹਰਿੰਦਰ ਸੈਣੀ ਜਨਰਲ ਸਕੱਤਰ ਸੈਣੀ ਜਾਗ੍ਰਿਤੀ ਮੰਚ ਪੰਜਾਬ, ਕਿਰਪਾਲ ਸਿੰਘ ਪਾਲੀ ਜ਼ਿਲ੍ਹਾ ਯੂਥ ਪ੍ਰਧਾਨ ਇਸ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਚੌਧਰੀ ਸਾਹਿਬ ਦੇ ਬਲਿਦਾਨ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਦਾ ਸੰਕਲਪ ਕੀਤਾ।

# ਤਲਵੰਡੀ ਚੌਧਰੀਆਂ 'ਚ ਆਜ਼ਾਦ ਉਮੀਦਵਾਰ ਹਰਜਿੰਦਰ ਸਿੰਘ ਗਿੱਲ ਨੇ ਡਰਾਈਵਰਾਂ ਨਾਲ ਕੀਤੀ ਮੀਟਿੰਗ



**ਸੁਲਤਾਨਪੁਰ ਲੋਧੀ, (ਰਾਜਵੀਰ ਸਿੰਘ)**-ਦੇਸ਼ ਦੀ ਆਜ਼ਾਦੀ ਤੋਂ ਬਾਆਦ ਕਈ ਸਰਕਾਰਾਂ ਆਈਆਂ ਪਰ ਕਿਸੇ ਸਰਕਾਰ ਨੇ ਵੀ ਮਿਹਨਤਕਸ਼ ਲੋਕਾਂ ਵੱਲ ਧਿਆਨ ਨਹੀਂ ਦਿੱਤਾ। ਚੋਣਾਂ ਤੋਂ ਪਹਿਲਾਂ ਅਨੇਕਾਂ ਹੀ ਵਾਅਦੇ ਕਰਦੇ ਹਨ ਪਰ ਸੱਤਾ ਦੀ ਕੁਰਸੀ ਸੰਭਾਲਦਿਆਂ ਹੀ ਸਾਰੇ ਵਾਅਦੇ ਭੁੱਲ ਜਾਂਦੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਆਜ਼ਾਦ ਉਮੀਦਵਾਰ ਹਰਜਿੰਦਰ ਸਿੰਘ ਗਿੱਲ ਨੇ ਤਲਵੰਡੀ ਚੌਧਰੀਆਂ ਵਿਖੇ ਕੀਤੀ ਗਈ ਇਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਪਿਛਲੇ ਦਿਨੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਡਰਾਈਵਰ ਭਰਾਵਾਂ 'ਤੇ ਕਾਲੇ ਕਾਨੂੰਨ ਲਾਗੂ ਕਰ ਦਿੱਤੇ। ਡਰਾਈਵਰਾਂ ਵੱਲੋਂ ਪੂਰੀ ਜੱਦੋ ਜਹਿਦ ਕਰਕੇ ਭਾਰਤ ਅੰਦਰ ਰੋਸ ਪ੍ਰਦਰਸ਼ਨ, ਰੈਲੀਆਂ ਅਤੇ ਧਰਨੇ ਦੇ ਕੇ ਕਾਲੇ ਕਾਨੂੰਨ ਵਾਪਸ ਕਰਵਾਏ। ਉਨ੍ਹਾ ਕਿਹਾ ਕਿ ਡਰਾਈਵਰਾਂ ਨੂੰ ਦੇਸ਼ ਅੰਦਰ ਲੁੱਟਿਆ ਅਤੇ ਕੁੱਟਿਆ ਜਾ ਰਿਹਾ ਹੈ। ਉਹ ਆਪਣੇ ਵਾਹਨ ਦੇ ਕਾਗਜ਼ ਪੂਰੇ ਰੱਖਣ ਦੇ ਬਾਵਜੂਦ ਉਨ੍ਹਾਂ ਪਾਸੋਂ ਇੰਟਰੀ ਦੇ ਰੂਪ ਵਿਚ ਰਕਮ ਵਸੂਲੀ ਜਾਂਦੀ ਹੈ। ਡਰਾਈਵਰਾਂ ਵੀਰ ਆਪਣੇ ਬੱਚਿਆਂ ਦਾ ਪੇਟ ਕੱਟ ਕੇ ਕਿਸ਼ਤਾਂ 'ਤੇ ਵਾਹਨ ਲੈ ਕੇ ਰੋਜ਼ੀ ਰੋਟੀ ਦਾ ਜੁਗਾੜ ਕਰਦੇ ਹਨ ਪਰ ਪੁਲਸ ਪ੍ਰਸ਼ਾਸਨ ਉਨ੍ਹਾਂ ਨੂੰ ਬਿਨਾਂ ਵਜ੍ਹਾ ਚਲਾਨ ਕੱਟਣ ਦੇ ਨਾਂਅ 'ਤੇ ਪ੍ਰੇਸ਼ਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਡਰਾਈਵਰਾਂ ਨਾਲ ਹੁੰਦਾ ਧੱਕਾ ਦੇਖ ਕੇ ਯੂਨਾਈਟਿਡ ਟਰੇਡ ਯੂਨੀਅਨ ਨੇ ਲੋਕ ਸਭਾ ਦੀਆਂ ਚੋਣਾਂ ਲੜਨ ਦਾ ਫੈਸਲਾ ਲਿਆ ਹੈ। ਲੋਕ ਸਭਾ ਹਲਕਾ ਖੰਨਾ ਦੇ ਆਜ਼ਾਦ ਉਮੀਦਵਾਰ ਹਰਜਿੰਦਰ ਸਿੰਘ ਨੇ ਵੀ ਆਪਣੇ ਸੰਬੋਧਨ ਵਿਚ ਕਿਹਾ ਕਿ ਸਾਡੀ ਯੂਨੀਅਨ ਨੇ ਟ੍ਰਾਂਸਪੋਰਟ ਦੇ ਮੱਦੇ ਨਜ਼ਰ ਰੱਖਦੇ ਹੋਏ ਚੋਣਾਂ ਲੜਨ ਦਾ ਫੈਸਲਾ ਕੀਤਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਡਰਾਈਵਰਾਂ ਨੂੰ 10 ਲੱਖ ਦਾ ਬੀਮਾ ਦੇਵੇ। ਇਨ੍ਹਾਂ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਹਨ ਜੋ ਸਰਕਾਰ ਦੇ ਧਿਆਨ ਵਿਚ ਲਿਆਉਣੀਆਂ ਬਹੁਤ ਜ਼ਰੂਰੀ ਹੈ। ਉਨ੍ਹਾਂ ਤਲਵੰਡੀ ਚੌਧਰੀਆਂ ਦੇ ਸਮੂਹ ਡਰਾਈਵਰ ਭਾਈਚਾਰੇ ਨੂੰ ਅਪੀਲ ਕੀਤੀ ਕਿ ਲੋਕ ਸਭਾ ਚੋਣਾਂ ਵਿਚ ਹਲਕਾ ਲੋਕ ਸਭਾ ਖਡੂਰ ਸਾਹਿਬ ਦੇ ਆਜ਼ਾਦ ਉਮੀਦਵਾਰ ਹਰਜਿੰਦਰ ਸਿੰਘ ਗਿੱਲ ਦਾ ਸਾਥ ਦਿਓ ਤਾਂ ਜੋ ਡਰਾਈਵਰਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਬਣਦਾ ਹੱਕ ਮਿਲ ਸਕੇ। ਤਲਵੰਡੀ ਚੌਧਰੀਆਂ ਡਰਾਈਵਰ ਯੂਨੀਅਨ ਦੇ ਪ੍ਰਧਾਨ ਕੇਹਰ ਸਿੰਘ ਪੱਮਣ ਨੇ ਆਜ਼ਾਦ ਉਮੀਦਵਾਰ ਹਰਜਿੰਦਰ ਸਿੰਘ, ਸੁਰਜੀਤ ਸਿੰਘ ਫਤਿਆਬਾਦ, ਜਸਪਾਲ ਸਿੰਘ ਝਬਾਲ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਆਗਾਮੀ ਲੋਕ ਸਭਾ ਚੋਣਾਂ ਵਿਚ ਵੱਧ ਤੋਂ ਵੱਧ ਯੂਨਾਈਟਿਡ ਯੂਨੀਅਨ ਦੇ ਆਜ਼ਾਦ ਉਮੀਦਵਾਰਾਂ ਦਾ ਪ੍ਰਚਾਰ ਕਰਾਂਗੇ ਅਤੇ ਵੋਟਾਂ ਪਾ ਕੇ ਵੱਡੀ ਲੀਡ ਨਾਲ ਜਿੱਤਵਾਂਗੇ। ਇਸ ਮੌਕੇ ਕੁਲਵਿੰਦਰ ਸਿੰਘ ਜੰਮੂ, ਪੰਡਿਤ ਪ੍ਰਵੀਨ ਕੁਮਾਰ, ਅਮਰੀਕ ਸਿੰਘ, ਜਸਵਿੰਦਰ ਪਾਲ, ਨਰੇਸ਼ ਕੁਮਾਰ, ਜੋਬਨ, ਅਰਸ਼, ਲਖਵਿੰਦਰ ਸਿੰਘ, ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਬਲਜੀਤ ਸਿੰਘ ਚੀਮਾ, ਲਖਵਿੰਦਰ ਸਿੰਘ ਬਾਠ ਆਦਿ ਹਾਜ਼ਰ ਸਨ।

# ਵੋਟਾਂ ਮੰਗਣ ਆਏ ਉਮੀਦਵਾਰਾਂ ਨੂੰ ਐੱਨ ਪੀ ਐੱਸ ਕਰਮਚਾਰੀ ਪੁੱਛਣਗੇ ਸਵਾਲ

**ਜਲੰਧਰ (ਰਾਜੇਸ਼ ਥਾਪਾ)** ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਪੰਜਾਬ ਦੇ ਮੁਲਾਜ਼ਮ ਵਰਗ ਵਿੱਚ ਭਾਰੀ ਨਰਾਜ਼ਗੀ ਪਾਈ ਜਾ ਰਹੀ ਹੈ।ਇਸ ਸਮੇਂ ਜ਼ਿਲ੍ਹਾ ਕਨਵੀਨਰ ਕੁਲਦੀਪ ਵਾਲੀਆ ਬਿਲਗਾ ਨੇ ਕਿਹਾ ਹੈ ਕਿ ਲੋਕ ਸਭਾ ਚੋਣਾਂ ਮੌਕੇ ਮੁਲਾਜ਼ਮ ਵਰਗ ਨੇ ਅਪਣੇ ਘਰਾਂ ਅੱਗੇ ਪੋਸਟਰ ਲਾ ਕੇ ਹਰ ਸਿਆਸੀ ਧਿਰ ਨੂੰ ਸਿੱਧਾ ਸੁਨੇਹਾ ਦਿੱਤਾ ਹੈ ਕਿ ਸਾਡੀ ਵੋਟ ਉਸ ਨੂੰ ਜਾਵੇਗੀ ਜੋ ਪੁਰਾਣੀ ਪੈਨਸ਼ਨ ਬਹਾਲ ਕਰੇਗਾ।ਯਾਦ ਰਹੇ ਕਿ ਪਿਛਲੀਆਂ ਵਿਧਾਨ ਸਭਾ ਚੋਣਾ ਦੌਰਾਨ ਪੰਜਾਬ 'ਚ ਭਾਰੀ ਤਦਾਦ 'ਚ ਬੈਲਟ ਪੇਪਰਾਂ ਦੀ ਵਰਤੋਂ ਕਰਦੇ ਹੋਏ ਮੁਲਾਜਮ ਵਰਗ ਨੇ ਵੋਟਾਂ ਪਾਈਆਂ ਤੇ ਸਰਕਾਰ ਬਣਾਈ।ਦੋ ਸਾਲ ਪਹਿਲਾਂ ਭਗਵੰਤ ਮਾਨ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਸੰਬੰਧੀ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਜੋ ਕਿ ਚਿੱਟਾ ਹਾਥੀ ਸਾਬਤ ਹੋਇਆ।ਪਿਛਲੀਆਂ ਸਰਕਾਰਾਂ ਦੀਆਂ ਸਿਆਸੀ ਧਿਰਾਂ ਤਾਂ ਜੁਬਾਨੀ ਕੀਤੇ ਵਾਅਦਿਆਂ ਤੋਂ ਮੁਕਰਦੇ ਰਹੇ, ਪਰ ਭਗਵੰਤ ਮਾਨ ਸਰਕਾਰ ਪੰਜਾਬ ਦੇ ਇਤਿਹਾਸ ਦੀ ਪਹਿਲੀ ਸਰਕਾਰ ਹੈ ਜੋ ਅਪਣੇ ਲਿਖਤੀ ਨੋਟੀਫਿਕੇਸ਼ਨ ਨੂੰ ਲਾਗੂ




ਨਹੀਂ ਕਰ ਰਹੀ।ਕੋ-ਕਨਵੀਨਰ ਦਿਲਬਾਗ ਸਿੰਘ ਨੇ ਕਿਹਾ ਕਿ ਇਸ ਸੰਬੰਧੀ ਮੁਲਾਜਮ ਵਰਗ ਸੜਕਾਂ 'ਤੇ ਵੱਖ ਵੱਖ ਰੈਲੀਆਂ ਕੀਤੀਆਂ ਹਰ ਬਾਰ ਸਰਕਾਰ ਨੇ 'ਹੁਕਮ ਮੋੜਨਾ ਨੀ ਤੇ ਡੱਕਾ ਤੋੜਨਾ ਨੀ' ਵਾਲਾ ਰਵੱਈਆ ਅਪਨਾਈ ਰੱਖਿਆ ਜਦੋਂ ਵੀ ਕੋਈ ਰੈਲੀ ਹੁੰਦੀ ਮੀਟਿੰਗ ਦਾ ਸਮਾਂ ਜ਼ਰੂਰ ਦਿੱਤਾ ਜਾਂਦਾ, ਪਰ ਬਿਨਾਂ ਤਿਆਰੀ ਤੋਂ ਮੰਤਰੀ ਮੀਟਿੰਗ ਵਿੱਚ ਬੈਠਦੇ ਰਹੇ ਅਤੇ ਸਰਮਸ਼ਾਰ ਹੁੰਦੇ ਰਹੇ।ਪੁਰਾਣੀ ਪੈਨਸ਼ਨ ਬਹਾਲੀ ਦੇ ਮੁੱਦੇ 'ਤੇ ਕੇਂਦਰ ਦੀ ਮੋਦੀ ਸਰਕਾਰ ਤੋਂ ਨਿਰਾਸ਼ਾ ਹੀ ਪੱਲੇ ਪਈ ਹੈ ਜਿੱਥੇ ਕੇਂਦਰ ਸਰਕਾਰ ਪੈਨਸ਼ਨ ਦੇ ਮੁੱਦੇ ਕਮੇਟੀਆਂ ਦੇ ਗਠਨ ਤੱਕ ਹੀ ਸੀਮਤ ਰਹੀ ਹੈ ਉੱਥੇ ਹੀ ਪ੍ਰਧਾਨ ਮੰਤਰੀ ਮੋਦੀ ਨੇ ਜਿੰਨ੍ਹਾਂ ਰਾਜਾਂ ਨੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਉਹਨਾਂ ਨੂੰ ਵੀ ਚਿਤਾਵਨੀ ਦਿੰਦਿਆਂ ਕਿਹਾ ਸੀ ਕਿ ਉਹ ਪੁਰਾਣੀ ਪੈਨਸ਼ਨ ਬਹਾਲੀ ਜਿਹਾ ਮਹਾਪਾਪ ਨਾ ਕਰਨ ਇਸ ਨਾਲ ਦੇਸ਼ ਦੀ ਅਰਥਵਿਵਸਥਾ ਤਬਾਹ ਹੋ ਜਾਵੇਗੀ। ਇਸ ਬਾਰ ਮੁਲਾਜਮ ਵਰਗ ਨੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਝੰਡੇ ਹੇਠ ਵੋਟ ਮੰਗਣ ਆ ਰਹੇ ਨੁਮਾਇੰਦਿਆਂ ਨੂੰ ਘਰ ਅੱਗੇ ਪੋਸਟਰ ਲਾ ਕੇ ਤਿੱਖੇ ਸਵਾਲ ਕਰਨ ਦਾ ਫੈਸਲਾ ਕੀਤਾ ਹੈ।ਇਸ ਸਮੇਂ ਹੋਰਨਾਂ ਤੋਂ ਇਲਾਵਾ ਕਰਨੈਲ ਫਿਲੌਰ, ਵੇਦ ਰਾਜ, ਪਰੇਮ ਖਲਵਾੜਾ, ਸੰਦੀਪ ਰਾਜੋਵਾਲ, ਅਮਰਜੀਤ ਭਗਤ, ਰਾਮ ਰੂਪ, ਤਰਸੇਮ, ਵਿਜੇ ਪਾਲ, ਪ੍ਰਵੀਨ ਕੁਮਾਰ, ਅਨਿਲ ਸ਼ਰਮਾ, ਦਲਬੀਰ ਰਾਮ, ਗੁਰਦੀਪ ਸਿੰਘ, ਬਲਰਾਜ ਸਿੰਘ, ਪ੍ਰਦੀਪ ਕੁਮਾਰ,ਰਮਨ ਕੁਮਾਰ, ਧਰਮ ਪਾਲ, ਕਸਤੂਰੀ ਲਾਲ ਅਤੇ ਹੋਰ ਸਾਥੀ ਸ਼ਾਮਲ ਸਨ।

# ਚੰਨੀ ਦਾ ਪਾਰਲੀਮੈਂਟ ਦੀਆਂ ਬਰੂਹਾਂ ਟੱਪਣ ਦਾ ਔਖਾ ਕੰਮ ਸ਼ਾਹਕੋਟ ਆਸਾਨ ਕਰ ਸਕੇਗਾ ?



ਚਰਨਜੀਤ ਸਿੰਘ ਚੰਨੀ, ਮਹਿੰਦਰ ਸਿੰਘ ਕੇ.ਪੀ., ਪਵਨ ਕੁਮਾਰ ਟੀਨੂੰ, ਸ਼ੁਸ਼ੀਲ ਕੁਮਾਰ ਰਿੰਕੂ, ਬਲਵਿੰਦਰ ਕੁਮਾਰ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ

**ਸ਼ਾਹਕੋਟ(ਗਿਆਨ ਸੈਦਪੁਰੀ)-** ਲੋਕ ਸਭਾ ਹਲਕਾ ਜਲੰਧਰ ਤੋਂ ਕਾਂਗਰਸੀ ਉਮੀਦਵਾਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਕਿਸਮਤ ਅਜ਼ਮਾਈ ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਅਹਿਮ ਹਿੱਸਾ ਪਾਵੇਗਾ। ਇਸ ਗੱਲ ਦਾ ਅੰਦਾਜ਼ਾ ਵਿਧਾਨ ਸਭਾ ਹਲਕੇ ਦੀ ਪਿਛਲੀ ਕਾਰਗੁਜ਼ਾਰੀ ਨੂੰ ਵੇਖਿਆਂ ਸਹਿਜੇ ਹੀ ਲਾਇਆ ਜਾ ਸਕਦਾ ਹੈ। 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਦੇ ਹੱਕ ਵਿੱਚ ਚੱਲੀ ਹਨੇਰੀ ਵਿੱਚ ਹਲਕੇ ਦੇ ਕਾਂਗਰਸੀ ਉਮੀਦਵਾਰ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਅਸੈਂਬਲੀ ਦੀਆਂ ਦਹਿਲੀਜ਼ਾਂ ਟੱਪਣ ਵਿੱਚ ਸਫਲ ਹੋ ਗਏ ਸਨ। ਸ਼ੇਰੋਵਾਲੀਆ ਨੇ ਇੱਕਵੰਜਾ ਹਜ਼ਾਰ ਤੋਂ ਵੱਧ ਵੋਟਾਂ ਲਈਆਂ ਸਨ। ਅਕਾਲੀ ਦਲ (ਬਾਦਲ) ਦੇ ਉਮੀਦਵਾਰ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਚਾਲੀ ਹਜ਼ਾਰ ਵੋਟਾਂ ਲੈਣ ਦੇ ਨੇੜੇ ਪਹੁੰਚ ਗਏ ਸਨ। ਆਪ ਦੇ ਉਮੀਦਵਾਰ ਰਤਨ ਸਿੰਘ ਕਾਕੜ ਕਲਾਂ ਉਨੱਤੀ ਹਜ਼ਾਰ ਵੋਟਾਂ ਲੈ ਕੇ ਤੀਸਰੇ ਨੰਬਰ 'ਤੇ ਰਹੇ ਸਨ। ਅਕਾਲੀ ਦਲ (ਅੰਮ੍ਰਿਤਸਰ) ਦੇ ਉਮੀਦਵਾਰ ਜਥੇਦਾਰ ਸੁਲੱਖਣ ਸਿੰਘ ਨੇ ਛੇ ਹਜ਼ਾਰ ਦੇ ਕਰੀਬ ਵੋਟਾਂ ਨਾਲ ਆਪਣੀ ਸਿਆਸੀ ਹੋਂਦ ਵਿਖਾਈ ਸੀ। ਭਾਜਪਾ ਉਮੀਦਵਾਰ ਨਰਿੰਦਰਪਾਲ ਸਿੰਘ ਚੰਦੀ ਇੱਥੋਂ ਸਿਰਫ ਚੌਦਾਂ ਸੌ ਵੋਟਾਂ ਹੀ ਆਪਣੇ ਹੱਕ ਵਿੱਚ ਪਵਾ ਸਕੇ ਸਨ।2023 ਵਿੱਚ ਚੌਧਰੀ ਸੰਤੋਖ ਸਿੰਘ ਦੀ ਮੌਤ ਕਾਰਨ ਜਲੰਧਰ ਦੀ ਜ਼ਿਮਨੀ ਚੋਣ ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਤੋਂ ਆਪ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਸਭ ਤੋਂ ਵੱਧ 36010 ਵੋਟਾਂ ਪਈਆਂ ਸਨ। ਉਸ ਵੇਲੇ ਕਾਂਗਰਸੀ ਉਮੀਦਵਾਰ ਬੀਬੀ ਕਰਮਜੀਤ ਕੌਰ ਚੌਧਰੀ ਨੇ 35737 ਵੋਟਾਂ ਲਈਆਂ ਸਨ, ਜੋ ਰਿੰਕੂ ਤੋਂ ਸਿਰਫ 273 ਵੋਟਾਂ ਘੱਟ ਸਨ। ਅਕਾਲੀ ਦਲ (ਬਾਦਲ) ਦੇ ਉਮੀਦਵਾਰ ਡਾ. ਸੁਖਵਿੰਦਰ ਸਿੰਘ ਸੁੱਖੀ ਇੱਥੋਂ 19606 ਵੋਟਾਂ ਲੈ ਕੇ ਕਾਫੀ ਪਛੜ ਗਏ ਸਨ।2019 ਦੀਆਂ ਲੋਕ ਸਭਾ ਲਈ ਚੋਣਾਂ ਵਿੱਚ ਜਲੰਧਰ ਦੀ ਸੀਟ ਤੋਂ ਚੌਧਰੀ ਸੰਤੋਖ ਸਿੰਘ ਕਰੀਬ 19000 ਵੋਟਾਂ ਦੇ ਫਰਕ ਨਾਲ ਜਿੱਤ ਕੇ ਲੋਕ ਸਭਾ ਵਿੱਚ ਗਏ ਸਨ। ਇਹ ਜਿੱਤ ਵਿਧਾਨ ਸਭਾ ਹਲਕਾ ਸ਼ਾਹਕੋਟ ਦੀ ਸੀ। ਇੱਥੋਂ ਚੌਧਰੀ ਸੰਤੋਖ ਸਿੰਘ 19458 ਵੋਟਾਂ ਦੇ ਫਰਕ ਨਾਲ ਅਕਾਲੀ ਉਮੀਦਵਾਰ ਚਰਨਜੀਤ ਸਿੰਘ ਅਟਵਾਲ ਨੂੰ ਹਰਾ ਕੇ ਜਿੱਤੇ ਸਨ। 2014 ਦੀਆਂ ਲੋਕ ਸਭਾਈ ਚੋਣਾਂ ਵਿੱਚ ਵੀ ਕਾਂਗਰਸੀ ਉਮੀਦਵਾਰ ਚੌਧਰੀ ਸੰਤੋਖ ਸਿੰਘ ਜਿੱਤੇ ਸਨ। ਉਦੋਂ ਮੁਕਾਬਲਾ ਅਕਾਲੀ ਦਲ ਦੇ ਪਵਨ ਕੁਮਾਰ ਟੀਨੂੰ ਨਾਲ ਸੀ। ਉਸ ਵੇਲੇ ਸ਼ਾਹਕੋਟ ਹਲਕੇ ਦੇ ਲੋਕਾਂ ਨੇ ਟੀਨੂੰ ਨੂੰ 47862 ਵੋਟਾਂ ਨਾਲ ਨਿਵਾਜਿਆ ਸੀ। ਕਾਂਗਰਸੀ ਉਮੀਦਵਾਰ ਚੌਧਰੀ ਸੰਤੋਖ ਸਿੰਘ ਤੇ ਆਪ ਦੀ ਉਮੀਦਵਾਰ ਜੋਤੀ ਮਾਨ ਕ੍ਰਮਵਾਰ 29199 ਤੇ 29896 ਵੋਟਾਂ ਲੈ ਕੇ ਲਗਭਗ ਬਰਾਬਰ ਰਹੇ ਸਨ। 2009 ਦੀਆਂ ਲੋਕ ਸਭਾ ਦੀਆਂ ਆਮ ਚੋਣਾਂ ਵਿੱਚ ਜਲੰਧਰ ਤੋਂ ਕਾਂਗਰਸੀ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. ਜਿੱਤੇ ਸਨ। ਸ਼ਾਹਕੋਟ ਹਲਕੇ ਤੋਂ ਉਸ ਵੇਲੇ ਅਕਾਲੀ ਦਲ ਦੇ ਪਦਮਸ਼੍ਰੀ ਹੰਸ ਰਾਜ ਹੰਸ 56505 ਵੋਟਾਂ ਲੈ ਕੇ ਮੋਹਰੀ ਰਹੇ ਸਨ ਪਰ ਇੱਥੋਂ ਕਾਂਗਰਸੀ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. 40577 ਵੋਟਾਂ ਲੈ ਕੇ ਲੋਕ ਸਭਾ ਵਿੱਚ ਆਪਣੀ ਕੁਰਸੀ ਪੱਕੀ ਕਰ ਗਏ ਸਨ। ਕਿਸੇ ਵੇਲੇ ਵਿਧਾਨ ਸਭਾ ਹਲਕਾ ਲੋਹੀਆ/ਸ਼ਾਹਕੋਟ ਪੰਥਕ ਹਲਕੇ ਦੇ ਤੌਰ 'ਤੇ ਜਾਣਿਆ ਜਾਂਦਾ ਸੀ। 2007 ਅਤੇ 2012 ਵਿੱਚ ਇੱਥੋਂ ਕਾਂਗਰਸੀ ਉਮੀਦਵਾਰ ਕਰਨਲ ਸੀ. ਡੀ. ਸਿੰਘ ਕੰਬੋਜ ਚੋਣ ਤਾਂ ਹਾਰ ਗਏ ਸਨ ਪਰ ਵੱਡੀ ਗਿਣਤੀ ਵਿੱਚ ਵੋਟਾਂ ਪ੍ਰਾਪਤ ਕਰਕੇ ਅਕਾਲੀ ਦਲ ਨੂੰ ਸੰਨ੍ਹ ਲਾਉਣ ਵਿੱਚ ਸਫਲ ਹੋ ਗਏ ਸਨ। 2017 ਵਿੱਚ ਇਸ ਹਲਕੇ ਤੋਂ ਅਕਾਲੀ ਦਲ (ਬਾਦਲ) ਦੇ ਉਮੀਦਵਾਰ ਜਥੇਦਾਰ ਅਜੀਤ ਕੋਹਾੜ ਚੋਣ ਜਿੱਤੇ ਸਨ। ਫਰਵਰੀ 2018 ਵਿੱਚ ਉਨ੍ਹਾਂ ਦੀ ਮੌਤ ਹੋ ਗਈ ਸੀ। 2018 ਦੀ ਜ਼ਿਮਨੀ ਚੋਣ ਵਿੱਚ ਕਾਂਗਰਸੀ ਉਮੀਦਵਾਰ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ 82745 ਵੋਟਾਂ ਲੈ ਕੇ ਸਭ ਨੂੰ ਹੈਰਾਨ ਕਰ ਦਿੱਤਾ ਸੀ। ਉਸ ਚੋਣ ਵਿੱਚ ਅਕਾਲੀ ਦਲ (ਬਾਦਲ) ਉਮੀਦਵਾਰ ਨਾਇਬ ਸਿੰਘ ਕੋਹਾੜ 38801 ਵੋਟਾਂ ਦੇ ਫਰਕ ਨਾਲ ਹਾਰੇ ਸਨ।

# ਮਿਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਡੀ ਜੀ ਐੱਸ ਈ ਨਾਲ ਮੁਲਾਕਾਤ



**ਚੰਡੀਗੜ੍ਹ (ਗੁਰਜੀਤ ਬਿੱਲਾ)-** ਪਿਛਲੇ ਸਮੇਂ ਦੌਰਾਨ ਸਕੂਲਾਂ ਅੰਦਰ ਖਾਣਾ ਬਣਾਉਂਦਿਆਂ ਹਾਦਸੇ ਦਾ ਸ਼ਿਕਾਰ ਹੋਈਆਂ ਮਿਡ ਡੇ ਮੀਲ ਵਰਕਰਾਂ ਦੇ ਮੁਆਵਜ਼ੇ ਅਤੇ ਲੋਕ ਸਭਾ ਚੋਣਾਂ ਦੌਰਾਨ ਕੀਤੀ ਜਾਣ ਵਾਲੀ ਡਿਊਟੀ ਦੀਆਂ ਮੁਸ਼ਕਲਾਂ ਸਬੰਧੀ ਮਿਡ ਡੇ ਮੀਲ ਵਰਕਰਜ਼ ਯੂਨੀਅਨ ਦਾ ਇੱਕ ਵਫਦ ਜਥੇਬੰਦੀ ਦੀ ਸੂਬਾ ਪ੍ਰਧਾਨ ਬਿਮਲਾ ਰਾਣੀ ਦੀ ਅਗਵਾਈ ਹੇਠ ਡਾਇਰੈਕਟਰ ਜਨਰਲ ਸਕੂਲ ਸਿੱਖਿਆ (ਡੀ.ਜੀ.ਐਸ.ਈ.) ਵਿਜੈ ਬੁਬਲਾਨੀ ਨੂੰ ਉਨ੍ਹਾਂ ਦੇ ਦਫਤਰ ਸਿੱਖਿਆ ਭਵਨ ਮੁਹਾਲੀ ਵਿਖੇ ਮਿਲਿਆ। ਲਿਖਤੀ ਮੰਗ ਪੱਤਰ ਰਾਹੀਂ ਹਾਦਸੇ ਦਾ ਸ਼ਿਕਾਰ ਵਰਕਰਾਂ ਸਬੰਧੀ ਮੰਗ ਕੀਤੀ ਗਈ ਕਿ ਮਾਛੀਵਾੜਾ ਸਕੂਲ ਦੀ ਵਰਕਰ ਮਨਜੀਤ ਕੌਰ ਦੀ ਹੋਈ ਮੌਤ ਦਾ ਮੁਆਵਜ਼ਾ ਦਿੱਤਾ ਜਾਵੇ, ਐਲੀਮੈਂਟਰੀ ਸਕੂਲ ਫੂਲਪੁਰ ਗਰੇਵਾਲ ਜ਼ਿਲ੍ਹਾ ਰੋਪੜ ਦੀ ਵਰਕਰ ਚਰਨਜੀਤ ਕੌਰ ਅਤੇ ਆਦਰਸ਼ ਸਕੂਲ ਕਾਲੇਵਾਲ ਜ਼ਿਲ੍ਹਾ ਮੋਹਾਲੀ ਦੀ ਵਰਕਰ ਰਮਨਜੀਤ ਕੌਰ ਦੇ ਸਕੂਲ ਹਾਦਸੇ ਦੌਰਾਨ ਜ਼ਖ਼ਮੀ ਹੋਣ 'ਤੇ ਇਲਾਜ ਦਾ ਸਾਰਾ ਖਰਚਾ ਸਰਕਾਰ ਵਲੋਂ ਕੀਤਾ ਜਾਵੇ, ਸਰਕਾਰੀ ਐਲੀਮੈਂਟਰੀ ਸਕੂਲ ਤਕੀਪੁਰ ਬਲਾਕ ਮਜਾਰੀ ਦੀ ਵਰਕਰ ਸਰਬਜੀਤ ਕੌਰ ਦੀ ਮੌਤ ਹੋਣ 'ਤੇ ਉਸ ਦੀ ਮਾਲੀ ਮਦਦ ਕੀਤੀ ਜਾਵੇ। ਇਸ ਸੰਬੰਧੀ ਡੀ.ਜੀ.ਐਸ.ਈ ਵਲੋਂ ਦੱਸਿਆ ਗਿਆ ਕਿ ਜਿਸ ਵਰਕਰ ਦੀ ਮੌਤ ਹੋਈ ਹੈ ਉਸ ਦੇ ਇਲਾਜ ਦਾ ਸਾਰਾ ਖਰਚਾ ਵਿਭਾਗ ਵਲੋਂ ਦਿੱਤਾ ਗਿਆ ਹੈ ਅਤੇ ਉਸ ਦੀ ਨੂੰਹ ਨੂੰ ਵਰਕਰ ਦੇ ਤੌਰ 'ਤੇ ਰੱਖ ਲਿਆ ਗਿਆ ਹੈ, ਸਾਰੀਆਂ ਵਰਕਰਾਂ ਦੇ ਮੁਆਵਜ਼ੇ ਸਬੰਧੀ ਚੋਣਾਂ ਉਪਰੰਤ ਤਜਵੀਜ਼ ਬਣਾ ਕੇ ਯੋਗ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸੂਬੇ ਦੀਆਂ ਸਾਰੀਆਂ ਵਰਕਰਾਂ ਦਾ ਬੀਮਾ ਕਰਨ ਲਈ ਬੀਮਾਂ ਕੰਪਨੀਆਂ ਦੇ ਨਾਂਅ ਇੱਕ ਪਬਲਿਕ ਨੋਟਸ ਜਾਰੀ ਕੀਤਾ ਜਾ ਰਿਹਾ ਹੈ ਜਿਸ ਦੀ ਕਾਪੀ ਜਥੇਬੰਦੀ ਨੂੰ ਵੀ ਸੌਂਪੀ ਗਈ ਹੈ। ਪੰਜਾਬ ਅੰਦਰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਦੌਰਾਨ ਮਿਡ ਡੇ ਮੀਲ ਵਰਕਰਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਸਬੰਧੀ ਇੱਕ ਦੂਸਰੇ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਚੋਣ ਅਮਲੇ ਨੂੰ ਖਾਣਾ ਬਣਾ ਕੇ ਦੇਣ ਵਾਲੀਆਂ ਮਿਡ ਡੇ ਮੀਲ ਵਰਕਰਾਂ ਦੇ ਮਿਹਨਤਾਨੇ ਦੀ ਅਦਾਇਗੀ ਰਾਸ਼ਨ ਅਤੇ ਕੁਕਿੰਗ ਕੌਸਟ ਤੋਂ ਵੱਖਰੇ ਤੌਰ 'ਤੇ ਪੋਲਿੰਗ ਅਮਲੇ ਵਾਂਗ ਮੌਕੇ 'ਤੇ ਹੀ ਕੀਤੀ ਜਾਵੇ, ਹਰੇਕ ਮਿਡ ਡੇ ਮੀਲ ਵਰਕਰ ਨੂੰ 500 ਰੁ. ਮਿਹਨਤਾਨਾ ਦਿੱਤਾ ਜਾਵੇ, ਜਿਹੜੇ ਪੋਲਿੰਗ ਸਟੇਸ਼ਨ ਸਕੂਲਾਂ ਤੋਂ ਇਲਾਵਾ ਕਿਸੇ ਹੋਰ ਸਥਾਨਾਂ 'ਤੇ ਬਣਾਏ ਗਏ ਹਨ ਉਨ੍ਹਾਂ ਪੋਲਿੰਗ ਪਾਰਟੀਆਂ ਲਈ ਮਿਡ ਡੇ ਮੀਲ ਵਰਕਰਾਂ ਵਲੋਂ ਖਾਣਾ ਪਹੁੰਚਾਉਣਾ ਸੰਭਵ ਨਹੀਂ ਹੈ, ਇਸ ਲਈ ਇਸ ਕੰਮ ਦਾ ਕੋਈ ਯੋਗ ਪ੍ਰਬੰਧ ਕੀਤਾ ਜਾਵੇ, ਚੋਣ ਪ੍ਰਕਿਰਿਆ ਦੌਰਾਨ ਜੇਕਰ ਕਿਸੇ ਵਰਕਰ ਦੀ ਦੁਰਘਟਨਾ ਕਾਰਨ ਮੌਤ ਹੋ ਜਾਂਦੀ ਹੈ ਤਾਂ ਉਸ ਦੇ ਪਰਵਾਰ ਨੂੰ 1 ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਜੇਕਰ ਕੋਈ ਵਰਕਰ ਜ਼ਖ਼ਮੀ ਹੋ ਜਾਂਦੀ ਹੈ ਤਾਂ ਉਸ ਦੇ ਇਲਾਜ ਦਾ ਖਰਚਾ ਸਰਕਾਰੀ ਤੌਰ 'ਤੇ ਕੀਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਪਹਿਲ ਦੇ ਆਧਾਰ 'ਤੇ ਵੋਟ ਪਾਉਣ ਦਾ ਹੱਕ ਦਿੱਤਾ ਜਾਵੇ, ਮਿਡ ਡੇ ਮੀਲ ਵਰਕਰ ਵਲੋਂ ਸਿਰਫ ਚੋਣ ਅਮਲੇ ਲਈ ਹੀ ਖਾਣਾ ਬਣਾਉਣ ਦੀ ਹਦਾਇਤ ਕੀਤੀ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਪਹਿਲੇ ਦਿਨ ਪਾਰਟੀ ਪਹੁੰਚਣ ਸਮੇ ਹਰ ਹਾਲਤ ਵਿੱਚ ਰਾਤ 7 ਵਜੇ ਤੱਕ ਅਤੇ ਪੋਲਿੰਗ ਵਾਲੇ ਦਿਨ ਸ਼ਾਮ 3 ਵਜੇ ਤੱਕ ਹੀ ਰੋਕਿਆ ਜਾਵੇ। ਇਨ੍ਹਾਂ ਮੰਗਾਂ ਸਬੰਧੀ ਡੀ.ਜੀ.ਐਸ.ਈ. ਵਲੋਂ ਦੱਸਿਆ ਗਿਆ ਕਿ ਇਨ੍ਹਾਂ ਮੰਗਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਅਤੇ ਇਨ੍ਹਾਂ ਮੰਗਾਂ ਸਬੰਧੀ ਪਹਿਲਾਂ ਹੀ ਮੁੱਖ ਚੋਣ ਅਫਸਰ ਪੰਜਾਬ ਨੂੰ ਪੱਤਰ ਲਿਖ ਦਿੱਤਾ ਗਿਆ ਹੈ। ਇਸ ਵਫਦ ਵਿੱਚ ਜਥੇਬੰਦੀ ਦੀ ਜਨਰਲ ਸਕੱਤਰ ਕਮਲਜੀਤ ਕੌਰ, ਵਿੱਤ ਸਕੱਤਰ ਪ੍ਰਵੀਨ ਬਾਲਾ, ਕਮਲੇਸ਼ ਕੌਰ, ਜਸਵਿੰਦਰ ਟਾਹਲੀ, ਬਲਵਿੰਦਰ ਕੌਰ, ਸੁਨੀਤਾ ਰਾਣੀ, ਪ.ਸ.ਸ.ਫ. ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਸੂਬਾ ਆਗੂ ਇੰਦਰਜੀਤ ਵਿਰਦੀ, ਗੁਰਬਿੰਦਰ ਸਿੰਘ ਸਸਕੌਰ, ਕਰਮਾਪੁਰੀ ਵੀ ਹਾਜ਼ਰ ਸਨ।

# ਦੋ ਏਕੜ ਕਣਕ ਤੇ 25 ਏਕੜ ਦੇ ਕਰੀਬ ਨਾੜ ਸੜਿਆ



**ਮੇਹਟੀਆਣਾ (ਜਗਤਰ ਸਿੰਘ ਭੁੰਗਰਨੀ)-**ਇੱਥੋਂ ਨਜ਼ਦੀਕੀ ਪਿੰਡ ਨਗਦੀਪੁਰ ਤੇ ਚੇਲਾ ਦੇ ਕਰੀਬ ਖੇਤਾਂ ਵਿਚੋਂ ਲੰਘਦੀ 24 ਘੰਟੇ ਬਿਜਲੀ ਦੀ ਸਪਲਾਈ ਵਾਲੀ ਲਾਈਨ ਵਿਚੋਂ ਚੰਗਿਆੜੀ ਡਿੱਗਣ ਨਾਲ ਅੱਗ ਲੱਗਣ ਨਾਲ ਦੋ ਏਕੜ ਦੇ ਕਰੀਬ ਕਣਕ ਦੀ ਫ਼ਸਲ ਤੇ 25 ਏਕੜ ਦੇ ਕਰੀਬ ਕਣਕ ਦਾ ਨਾੜ ਸੜ ਕੇ ਸਵਾਹ ਹੋ ਗਿਆ।

ਜਾਣਕਾਰੀ ਅਨੁਸਾਰ ਲਗਭਗ ਦੁਪਹਿਰ ਢਾਈ ਕੁ ਵਜੇ ਦੇ ਕਰੀਬ ਪਿੰਡ ਨਗਦੀਪੁਰ ਤੇ ਪਿੰਡ ਚੇਲਾ ਦੇ ਖੇਤਾਂ ਦੇ ਕਰੀਬ ਲੰਘਦੀ 24 ਘੰਟੇ ਬਿਜਲੀ ਦੀ ਸਪਲਾਈ ਵਾਲੀ ਲਾਈਨ ਵਿਚ ਸੰਪਰਕ ਹੋਣ ਨਾਲ ਡਿੱਗੀਆਂ ਚੰਗਿਆੜੀਆਂ ਨਾਲ ਅੱਗ ਲੱਗਣ ਨਾਲ ਰਛਪਾਲ ਕੌਰ ਪਤਨੀ ਸਵ. ਕਸ਼ਮੀਰ ਸਿੰਘ ਨਿਵਾਸੀ ਨਗਦੀਪੁਰ ਦੀ ਦੋ ਏਕੜ ਕਣਕ, ਦਲਜੀਤ ਸਿੰਘ ਪੁੱਤਰ ਦੀਦਾਰ ਸਿੰਘ ਦੀ 12 ਏਕੜ ਕਣਕ ਦੇ ਨਾੜ ਤੇ ਨਾਲ ਲੱਗਦੇ ਪਿੰਡ ਚੇਲਾ ਦੇ ਖੇਤਾਂ ਵਿਚ 13 ਏਕੜ ਨਾੜ ਸੜ ਕੇ ਸਵਾਹ ਹੋ ਗਿਆ। ਆਸ-ਪਾਸ ਪਿੰਡਾਂ ਦੇ ਨੌਜਵਾਨਾਂ ਨੇ ਟਰੈਕਟਰਾਂ ਨਾਲ ਵਾਹ ਕੇ ਮਸਾਂ ਅੱਗ 'ਤੇ ਕਾਬੂ ਪਾ ਕੇ ਆਸ-ਪਾਸ ਖੇਤਾਂ ਵਿਚ ਵੱਡਾ ਨੁਕਸਾਨ ਹੋਣੋਂ ਬਚਾਅ ਕੀਤਾ ।

# ਭਾਜਪਾ ਦੇਸ਼ ਦਾ ਮਾਹੌਲ ਖਰਾਬ ਕਰ ਰਹੀ : ਡਾ. ਰਾਜ ਕੁਮਾਰ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ )** ਭਾਰਤੀ ਜਨਤਾ ਪਾਰਟੀ ਨੇ ਧਰਮ ਅਤੇ ਜਾਤ-ਪਾਤ ਦੀ ਰਾਜਨੀਤੀ ਕਰਕੇ ਪੂਰੇ ਦੇਸ਼ ਦਾ ਮਾਹੌਲ ਖਰਾਬ ਕਰ ਦਿੱਤਾ ਹੈ ਅਤੇ ਇਸ ਦੇ ਆਗੂ ਵੀ ਬੋਲਣ ਤੋਂ ਪਹਿਲਾਂ ਇਹ ਨਹੀਂ ਸੋਚਦੇ ਕਿ ਉਨ੍ਹਾਂ ਦੀਆਂ ਗੱਲਾਂ ਦਾ ਸਮਾਜ 'ਤੇ ਕੀ ਪ੍ਰਭਾਵ ਪਵੇਗਾ।ਹਾਲ ਹੀ ਵਿੱਚ ਜਲੰਧਰ ਤੋਂ ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦਾ ਕਿਸਾਨਾਂ ਅਤੇ ਦਲਿਤਾਂ ਨੂੰ ਵੰਡਣ ਵਾਲਾ ਬਿਆਨ ਉਨ੍ਹਾਂ ਦੀ ਛੋਟੀ ਸੋਚ ਦਾ ਨਤੀਜਾ ਹੈ, ਜਦੋਂ ਕਿ ਹਰ ਜਾਤ ਅਤੇ ਵਰਗ ਦੇ ਲੋਕ ਕਿਸਾਨ ਹਨ ਅਤੇ ਖੇਤੀ ਨਾਲ ਜੁੜੇ ਹੋਏ ਹਨ।ਪਰ ਦਲਿਤਾਂ ਨੂੰ ਕਿਸਾਨਾਂ ਦੇ ਵਿਰੋਧੀ ਵਜੋਂ ਪੇਸ਼ ਕਰਨ ਦੀ ਰਿੰਕੂ ਦੀ ਸਾਜ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹੁਸ਼ਿਆਰਪੁਰ ਲੋਕ ਸਭਾ ਤੋਂ 'ਆਪ' ਉਮੀਦਵਾਰ ਡਾ. ਰਾਜ ਕੁਮਾਰ ਨੇ ਰਿੰਕੂ ਦੇ ਬਿਆਨ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਜਾਤਾਂ ਵਿੱਚ ਵੰਡਣ ਦੇ ਭਾਜਪਾ ਦੇ ਫਾਰਮੂਲੇ ਨੂੰ ਜਨਤਾ ਸਮਝ ਚੁੱਕੀ ਹੈ ਅਤੇ ਅੱਜ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਵਿੱਚ ਹਰ ਵਰਗ ਦੇ ਲੋਕ ਉਨ੍ਹਾਂ ਦੇ ਨਾਲ ਖੜ੍ਹੇ ਹਨ, ਪਰ ਭਾਜਪਾ ਕਿਸੇ ਨਾ ਕਿਸੇ ਕਾਰਨ ਕਿਸਾਨਾਂ ਨਾਲ ਖਿੱਝ ਰਹੀ ਹੈ ਅਤੇ ਬੀਜੇਪੀ ਨੇਤਾ ਕਿਸਾਨ ਵਿਰੋਧੀ ਹੀ ਨਹੀਂ ਸਗੋਂ ਭਾਜਪਾ ਦੀਆਂ ਨੀਤੀਆਂ ਵੀ ਕਿਸਾਨ ਵਿਰੋਧੀ ਹਨ।ਜਿਸ ਦੀ ਤਾਜ਼ਾ ਮਿਸਾਲ ਸੁਸ਼ੀਲ ਰਿੰਕੂ ਵੱਲੋਂ ਦਿੱਤੇ ਬਿਆਨ ਦੇ ਰੂਪ ਵਿੱਚ ਸਭ ਦੇ ਸਾਹਮਣੇ ਹੈ।ਡਾ. ਰਾਜ ਨੇ ਕਿਹਾ ਕਿ ਦਲਿਤ ਭਾਈਚਾਰਾ ਅਜਿਹੇ ਆਗੂਆਂ ਦੇ ਪਿੱਛੇ ਨਹੀਂ ਲੱਗੇਗਾ ਅਤੇ ਸੂਬੇ ਦੇ ਲੋਕ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ ਸ਼ੀਸ਼ਾ ਦਿਖਾਉਣ ਦਾ ਮਨ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਕਿਸਾਨ ਦੇਸ਼ ਦਾ ਅੰਨਦਾਤਾ ਹੈ ਅਤੇ ਉਸ ਲਈ ਅਜਿਹੇ ਸ਼ਬਦ ਰਿੰਕੂ ਨੂੰ ਸ਼ੋਭਾ ਨਹੀਂ ਦਿੰਦੇ ਅਤੇ ਦਲਿਤ ਭਾਈਚਾਰੇ ਨੂੰ ਕਿਸਾਨ ਵਿਰੋਧੀ ਕਹਿਣ ਦੀ ਉਸ ਦੀ ਮਨਸ਼ਾ ਕਦੇ ਵੀ ਪੂਰੀ ਨਹੀਂ ਹੋਵੇਗੀ। ਉਨ੍ਹਾਂ ਸੂਝਵਾਨ ਜਨਤਾ ਅਤੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਸਮਾਜਿਕ ਸਦਭਾਵਨਾ ਨੂੰ ਕਾਇਮ ਰੱਖਦੇ ਹੋਏ ਭਾਜਪਾ ਦੀਆਂ ਨੀਤੀਆਂ ਦਾ ਡਟਵਾਂ ਵਿਰੋਧ ਕਰਨ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦਾ ਸਮਰਥਨ ਕਰਨ।

# ਨੌਜਵਾਨ 'ਤੇ ਕਾਰ ਸਵਾਰ ਹਮਲਾਵਰਾਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ



**ਨਵਾਂਸ਼ਹਿਰ, (ਮਨੋਜ ਲਾਡੀ)** - ਅੱਜ ਆਪਣੀ ਛੋਟੀ ਧੀ ਨੂੰ ਡੀ ਏ ਵੀ ਸਕੂਲ ਮੂਸਾਪੁਰ ਰੋਡ ਵਿਚ ਛੱਡ ਕੇ ਵਾਪਸ ਆ ਰਹੇ ਇਕ ਨੌਜਵਾਨ 'ਤੇ ਕਾਰ ਸਵਾਰ ਚਾਰ ਅਣਪਛਾਤੇ ਹਮਲਾਵਰਾਂ ਵਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਗੰਭੀਰ ਜ਼ਖ਼ਮੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਖ਼ਮੀ ਨੂੰ ਨਵਾਂਸ਼ਹਿਰ ਦੇ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਉਣ ਤੋਂ ਬਾਅਦ ਪੀ.ਜੀ.ਆਈ. ਰੈਫਰ ਕਰ ਦਿੱਤਾ ਗਿਆ। ਨਵਾਂਸ਼ਹਿਰ ਦੇ ਰੇਲਵੇ ਰੋਡ 'ਤੇ ਦੁਕਾਨ ਚਲਾਉਣ ਵਾਲਾ ਰਾਣਾ ਚਰਨਦੀਪ ਸਵੇਰੇ ਕਰੀਬ 8 ਵਜੇ ਆਪਣੀ ਧੀ ਨੂੰ ਸਕੂਟਰ 'ਤੇ ਡੀ.ਏ.ਵੀ. ਪਬਲਿਕ ਸਕੂਲ ਮੂਸਾਪੁਰ ਰੋਡ ਤੋਂ ਸਕੂਲ ਛੱਡ ਕੇ ਵਾਪਸ ਆ ਰਿਹਾ ਸੀ।ਇਸ ਦੌਰਾਨ ਸਕੂਲ ਦੇ ਕੋਲ ਹੀ ਇਕ ਕਾਰ 'ਤੇ ਸਵਾਰ ਚਾਰ ਨੌਜਵਾਨਾਂ ਨੇ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਜਿਸ ਕਾਰਨ ਚਰਨਦੀਪ ਰਾਣਾ ਗੰਭੀਰ ਜ਼ਖ਼ਮੀ ਹੋ ਗਿਆ। ਜਾਣਕਾਰੀ ਅਨੁਸਾਰ ਰਾਣਾ ਕਿਸੇ ਤਰ੍ਹਾਂ ਆਪਣੇ ਸਕੂਟਰ 'ਤੇ ਘਰ ਪਹੁੰਚਿਆ, ਜਿੱਥੇ ਉਸ ਦੇ ਗੁਆਂਢੀ ਉਸ ਨੂੰ ਇਲਾਜ ਲਈ ਨਵਾਂਸ਼ਹਿਰ ਦੇ ਇਕ ਜੀ ਹਸਪਤਾਲ 'ਚ ਦਾਖਲ ਕਰਵਾਇਆ ।ਮੁਢਲੀ ਸਹਾਇਤਾ ਤੋਂ ਬਾਅਦ ਰਾਣਾ ਚਰਨਦੀਪ ਨੂੰ ਪੀ.ਜੀ.ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ। ਇਸ ਸਬੰਧੀ ਐੱਸ.ਐੱਚ.ਓ. ਇੰਸਪੈਕਟਰ ਸੰਦੀਪ ਕੁਮਾਰ ਨੇ ਦੱਸਿਆ ਕਿ ਪੁਲਸ ਘਟਨਾ ਵਾਲੀ ਥਾਂ 'ਤੇ ਲੱਗੇ ਸੀ.ਸੀ.ਟੀ.ਵੀ.ਕੈਮਰਿਆਂ ਦੀ ਜਾਂਚ ਕਰ ਰਹੀ ਹੈ। ਉਸ ਨੇ ਦੱਸਿਆ ਕਿ ਪੁਲਸ ਨੇ ਨਵਾਂਸ਼ਹਿਰ ਦੇ ਨਿੱਜੀ ਹਸਪਤਾਲ 'ਚ ਜ਼ਖਮੀ ਨਾਲ ਮੁਲਾਕਾਤ ਵੀ ਕੀਤੀ । ਪਰ ਅਜੇ ਤੱਕ ਉਸ ਦੇ ਬਿਆਨ ਨਹੀਂ ਲਏ ਗਏ । ਉਨ੍ਹਾਂ ਕਿਹਾ ਕਿ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਹੱਕ 'ਚ ਨੁੱਕੜ ਮੀਟਿੰਗ



**ਭਲਾਣ (ਹਰਭਜਨ ਢਿੱਲੋਂ)**-ਦਰਗਾਹੀ ਬੇਲਾ ਵਿਖੇ ਇੱਕ ਨੁੱਕੜ ਮੀਟਿੰਗ ਸਿਆਸੀ ਸਕੱਤਰ ਮਜਿੰਦਰ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸ੍ਰੀ ਅਨੰਦਪੁਰ ਸਾਹਿਬ ਤੋਂ ਅਕਾਲੀ ਦਲ ਦੇ ਲੋਕ ਸਭਾ ਉਮੀਦਵਾਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਜੋ ਪਹਿਲਾਂ ਵੀ ਇਹ ਹਲਕੇ ਤੋਂ ਲੋਕ ਸਭਾ ਦੇ ਮੈਂਬਰ ਰਹਿ ਚੁੱਕੇ ਹਨ ਉਨ੍ਹਾਂ ਵੱਲੋਂ ਕੀਤੇ ਹੋਏ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ ਗਈ ਕਿਉਂਕਿ ਇਸ ਹਲਕੇ ਨੂੰ ਇੱਕੋ ਇੱਕ ਰੁਜ਼ਗਾਰ ਦੇਣ ਵਾਲੀ ਫੈਕਟਰੀ ਐਨ ਐਫ ਐਲ ਜੋ ਬੰਦ ਹੋਣ ਦੇ ਕਿਨਾਰੇ ਪੁੱਜ ਚੁੱਕੀ ਸੀ ਤੇ ਉੱਪਰੋਂ ਸਰਕਾਰ ਵੱਲੋਂ ਵੀ ਆਰਡਰ ਉਹਨੂੰ ਬੰਦ ਹੋਣ ਦੇ ਆ ਚੁੱਕੇ ਸਨ ਪਰ ਜਦੋਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ ਕੋਲ ਇਸ ਇਲਾਕੇ ਦੇ ਲੋਕ ਇਕੱਤਰ ਹੋ ਕੇ ਲੋਕਾਂ ਨੇ ਇਸ ਗੱਲ ਦਾ ਰੋਸ ਜ਼ਾਹਰ ਕੀਤਾ ਕਿ ਸਾਡੇ ਇਸ ਹਲਕੇ ਵਿੱਚ ਨਾ ਤਾਂ ਲੋਕਾਂ ਕੋਲ ਬਹੁਤੀਆਂ ਜ਼ਮੀਨਾਂ ਹਨ ਨਾ ਹੀ ਕੋਈ ਹੋਰ ਧੰਦੇ ਹਨ, ਰੁਜ਼ਗਾਰ ਦੇ ਬਹੁਤ ਹੀ ਇਸ ਹਲਕੇ ਵਿੱਚ ਘੱਟ ਸਾਧਨ ਹਨ, ਲੋਕਾਂ ਦੀ ਰੋਜ਼ੀ ਰੋਟੀ ਇਨ੍ਹਾਂ ਫੈਕਟਰੀਆਂ ਦੇ ਸਿਰਾਂ ਪਰ ਹੀ ਚੱਲਦੀ ਹੈ, ਪ੍ਰੋਫੈਸਰ ਚੰਦੂਮਾਜਰਾ ਨੇ ਆਪ ਉਸ ਟਾਈਮ ਦੇ ਇੰਡਸਟਰੀ ਮਨਿਸਟਰ ਅਤੇ ਪ੍ਰਧਾਨ ਨਾਲ ਗੱਲ ਕਰਕੇ ਇਸ ਫੈਕਟਰੀ ਨੂੰ ਮੁੜ ਚਲਾਇਆ ਅਤੇ ਜੋ ਅੱਜ ਵੀ ਇਸ ਇਲਾਕੇ ਦੇ ਲੋਕਾਂ ਨੂੰ ਰੁਜ਼ਗਾਰ ਦੇ ਰਹੀ ਹੈ। ਉਨ੍ਹਾਂ ਆਪਣਾ ਲੋਕ ਸਭਾ ਮੈਂਬਰ ਹੋਣ ਦਾ ਫਰਜ਼ ਨਿਭਾਇਆ, ਅੱਜ ਸਾਡਾ ਫਰਜ਼ ਬਣਦਾ ਹੈ ਕਿ ਜਿਤਾ ਕੇ ਮੁੜ ਲੋਕ ਸਭਾ ਦਾ ਮੈਂਬਰ ਬਣਾਈਏ ਅਤੇ ਹਲਕੇ ਦੇ ਜਿਹੜੇ ਅਧੂਰੇ ਕੰਮ ਹਨ ਉਨ੍ਹਾਂ ਨੂੰ ਪੂਰਾ ਕਰਾਈਏ ਅਤੇ ਅਕਾਲੀ ਦਲ ਨੂੰ ਮਜ਼ਬੂਤ ਕਰੀਏ। ਇਸ ਮੌਕੇ ਜਥੇਦਾਰ ਅਮਰਜੀਤ ਸਿੰਘ ਸੰਗਤਪੁਰਾ, ਕਰਮ ਸਿੰਘ ਬੇਲਾ, ਰਘਵੀਰ ਸਿੰਘ ਬੇਲਾ, ਮੀਤ ਪ੍ਰਧਾਨ ਪਰਮਜੀਤ ਸਿੰਘ ਬਡਲ, ਕਮਲ ਸਿੰਘ ਬੇਲਾ, ਗੱਜਣ ਸਿੰਘ ਬੇਲਾ, ਸੁਰਜੀਤ ਸਿੰਘ ਬੇਲਾ, ਗੁਰਦਿਆਲ ਸਿੰਘ ਬੇਲਾ, ਦਰਸ਼ਨ ਸਿੰਘ ਬੇਲਾ, ਬਲਵੀਰ ਸਿੰਘ ਬੇਲਾ, ਹਰਜਿੰਦਰ ਸਿੰਘ ਜਿੰਦਾ ਬਿੱਲਾ ਆਦਿ ਹਾਜ਼ਰ ਸਨ।

# ਵਿਅਕਤੀ ਤੋਂ 8 ਨਸ਼ੀਲੇ ਟੀਕੇ ਬਰਾਮਦ

**ਨਵਾਂਸ਼ਹਿਰ, (ਮਨੋਜ ਲਾਡੀ)**- ਅੱਜ ਇੰਸਪੈਕਟਰ ਦਵਿੰਦਰ ਪਾਲ ਸਿੰਘ ਅਤੇ ਏ ਐੱਸ ਆਈ ਜਸਵਿੰਦਰ ਸਿੰਘ ਚਕੀ ਸੇਖੇ ਮਜਾਰਾ ਪੁਲਸ ਪਾਰਟੀ ਦੇ ਨਾਲ ਗੜ੍ਹੀ ਉਧੋਵਾਲ ਨੂੰ ਜਾ ਰਹੇ ਸੀ ਤਾਂ ਸਾਹਮਣੇ ਤੋਂ ਇਕ ਨੌਜਵਾਨ ਆਉਂਦਾ ਦਿਖਾਈ ਦਿੱਤਾ । ਪੁਲਸ ਦੀ ਗੱਡੀ ਨੂੰ ਦੇਖ ਕੇ ਇਕ ਚਿੱਟੇ ਰੰਗ ਦਾ ਲਿਫਾਫਾ ਸੁੱਟ ਕੇ ਖੱਬੇ ਪਾਸੇ ਨੂੰ ਮੁੜ ਗਿਆ ।ਜਦੋਂ ਏ.ਐੱਸ.ਆਈ. ਜਸਵਿੰਦਰ ਸਿੰਘ ਨੇ ਲਿਫਾਫਾ ਚੁੱਕ ਕੇ ਉਸ ਦੀ ਤਲਾਸ਼ੀ ਲਈ ਤਾਂ ਉਸ 'ਚੋਂ 8 ਨਸ਼ੀਲੇ ਟੀਕੇ ਬਰਾਮਦ ਹੋਏ। ਇੰਸਪੈਕਟਰ ਦਵਿੰਦਰ ਸਿੰਘ ਨੇ ਦੱਸਿਆ ਕਿ ਉਕਤ ਵਿਅਕਤੀ ਦੀ ਪਛਾਣ ਮਨੋਜ ਕੁਮਾਰ ਉਰਫ ਮਧੂ ਪੁੱਤਰ ਛਿੰਦਰ ਪਾਲ ਵਾਸੀ ਕੋਟ ਰਾਂਝਾ ਦੇ ਰੂਪ ਵਿਚ ਹੋਈ ਜਿਸ ਖਿਲਾਫ ਥਾਣਾ ਰਾਹੋਂ ਵਿਖੇ ਮਾਮਲਾ ਦਰਜ ਕੀਤਾ ਗਿਆ।

# ਚੰਨੀ ਦੇ ਹੱਕ 'ਚ ਮੀਟਿੰਗ



**ਫਿਲੌਰ (ਨਿਰਮਲ)-** ਲੋਕ ਸਭਾ ਹਲਕਾ ਜਲੰਧਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਨੂੰ ਪਾਰਟੀ ਉਮੀਦਵਾਰ ਵਜੋਂ ਐਲਾਨੇ ਜਾਣ ਦੀ ਖ਼ੁਸ਼ੀ 'ਚ ਫਿਲੌਰ ਦੀ ਲੱਕੜ ਮੰਡੀ ਵਿਖੇ ਜਸਪਾਲ ਸੈਣੀ (ਜੱਸੀ) ਸਾਬਕਾ ਕੌਂਸਲਰ ਦੀ ਰਿਹਾਇਸ਼ ਵਿੱਚ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿੱਚ ਸੁਖਵਿੰਦਰ ਬਿੱਲੂ ਵਾਈਸ ਚੇਅਰਮੈਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸ ਸੀ ਵਿੰਗ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਉਨ੍ਹਾਂ ਦੇ ਨਾਲ ਅਮਰਜੀਤ ਸਿੰਘ ਨਿੱਜਰ ਜਨਰਲ ਸੈਕਟਰੀ ਪੰਜਾਬ ਓ ਬੀ ਸੀ ਵਿੰਗ ਕਾਂਗਰਸ ਕਮੇਟੀ ਪੰਜਾਬ, ਐਡਵੋਕੇਟ ਦਰਸ਼ਨ ਸਿੰਘ ਤੇ ਪ੍ਰਦੀਪ ਲਾਂਬਾ ਫਗਵਾੜਾ ਫਿਲੌਰ ਵਿਖੇ ਕਾਂਗਰਸੀ ਆਗੂਆਂ ਵੱਲੋਂ ਰੱਖੀ ਗਈ ਮੀਟਿੰਗ ਵਿੱਚ ਪੁੱਜੇ।ਉਨ੍ਹਾਂ ਕਿਹਾ ਕਿ ਫਿਲੌਰ ਅਤੇ ਨਾਲ ਲੱਗਦੇ ਆਲੇ ਦੁਆਲੇ ਦੇ ਸਮੂਹ ਪਿੰਡਾਂ ਵਿੱਚ ਕਸਬਿਆਂ ਵਿੱਚ ਵਿਸ਼ੇਸ਼ ਮੀਟਿੰਗ ਕੀਤੀਆਂ ਜਾਣਗੀਆਂ ਅਤੇ ਚੋਣ ਮੁਹਿੰਮ ਨੂੰ ਤੇਜ਼ ਕੀਤਾ ਜਾਵੇਗਾ ਤਾਂ ਜੋ ਕਾਂਗਰਸ ਉਮੀਦਵਾਰ ਚਰਨਜੀਤ ਚੰਨੀ ਨੂੰ ਵੱਡੀ ਲੀਡ ਜਤਾਇਆ ਜਾ ਸਕੇ।

# ਰਣਧੀਰਗੜ੍ਹ 'ਚ ਕਾਂਗਰਸ ਨੂੰ ਵੱਡਾ ਝਟਕਾ, ਮੌਜੂਦਾ ਸਰਪੰਚ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਫਗਵਾੜਾ (ਡਾ. ਰਮਨ, ਢੱਡਾ)-** ਲੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ ਫਗਵਾੜਾ ਵਿਧਾਨ ਸਭਾ ਹਲਕੇ 'ਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਪਿੰਡ ਰਣਧੀਰਗੜ੍ਹ ਦੀ ਮੌਜੂਦਾ ਸਰਪੰਚ ਸੁਖਵਿੰਦਰ ਕੌਰ ਨੇ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸਾਥੀਆਂ ਸਮੇਤ ਆਪ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਸਰਪੰਚ ਸੁਖਵਿੰਦਰ ਕੌਰ ਅਤੇ ਉਨ੍ਹਾਂ ਦੇ ਸਾਥੀਆਂ ਅਮਿਤ ਸਿੰਘ, ਬਲਵੀਰ ਸਿੰਘ, ਜੰਗ ਬਹਾਦਰ ਸਿੰਘ, ਜਗੀਰੀ ਲਾਲ, ਦਲਜੀਤ ਸਿੰਘ, ਭੁਪਿੰਦਰ ਸਿੰਘ ਨੰਬਰਦਾਰ, ਗਿਆਨ ਕੌਰ ਸਾਬਕਾ ਪੰਚ, ਰਾਮ ਲੁਭਾਇਆ ਪੰਚ, ਕਮਲਜੀਤ ਕੌਰ, ਹਰਜੀਤ ਕੌਰ ਪੰਚ ਦਾ ਸਵਾਗਤ ਕਰਨ ਲਈ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਪੁੱਤਰ ਆਗੂ ਹਰਨੂਰ ਸਿੰਘ ਹਰਜੀ ਮਾਨ, ਜ਼ਿਲ੍ਹਾ ਪ੍ਰਧਾਨ ਮੈਡਮ ਲਲਿਤ ਸਕਲਾਨੀ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਵਿਸ਼ੇਸ਼ ਤੌਰ 'ਤੇ ਪਿੰਡ ਰਣਧੀਰਗੜ੍ਹ ਪੁੱਜੇ। ਦਲਜੀਤ ਸਿੰਘ ਰਾਜੂ ਅਤੇ ਡਾ. ਜਤਿੰਦਰ ਕੁਮਾਰ ਨੇ ਸਰਪੰਚ ਸੁਖਵਿੰਦਰ ਕੌਰ ਅਤੇ ਹੋਰਨਾਂ ਦਾ ਪਾਰਟੀ ਵਿਚ ਸਵਾਗਤ ਕਰਦੇ ਹੋਏ ਕਿਹਾ ਕਿ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਆਪ ਉਮੀਦਵਾਰ ਡਾ. ਰਾਜਕੁਮਾਰ ਚੱਬੇਵਾਲ ਦੀ ਜਿੱਤ ਨੂੰ ਯਕੀਨੀ ਬਨਾਉਣ ਲਈ ਡੋਰ-ਟੂ-ਡੋਰ ਵੋਟਰਾਂ ਨਾਲ ਰਾਬਤਾ ਕੀਤਾ ਜਾਵੇ। ਸਰਪੰਚ ਸੁਖਵਿੰਦਰ ਕੌਰ ਨੇ ਭਰੋਸਾ ਦਿੱਤਾ ਕਿ ਫਗਵਾੜਾ ਦੇ ਪਿੰਡਾਂ 'ਚ ਡਾ. ਰਾਜਕੁਮਾਰ ਚੱਬੇਵਾਲ ਨੂੰ ਫੈਸਲਾਕੁੰਨ ਲੀਡ ਦੁਆਈ ਜਾਵੇਗੀ। ਇਸ ਮੌਕੇ ਅਵਤਾਰ ਸਿੰਘ ਸਰਪੰਚ ਪੰਡਵਾ, ਬਲਾਕ ਪ੍ਰਧਾਨ ਵਰੁਣ ਬੰਗੜ ਚੱਕ ਹਕੀਮ, ਬਲਾਕ ਪ੍ਰਧਾਨ ਫੌਜੀ ਸ਼ੇਰਗਿੱਲ, ਬਲਾਕ ਪ੍ਰਧਾਨ ਕੁਲਵੀਰ ਸਿੰਘ ਤੋਂ ਇਲਾਵਾ ਕੇਸ਼ੀ ਗੰਢਵਾਂ, ਅਮਰਿੰਦਰ ਸਿੰਘ, ਮਨਪ੍ਰੀਤ ਸਿੰਘ, ਗੋਰਾ ਹਰਦਾਸਪੁਰ ਆਦਿ ਹਾਜ਼ਰ ਸਨ।

# ਬੀ ਟੀ ਐੱਫ ਦੇ ਨਾਂਅ 'ਤੇ ਖ਼ੂਨਦਾਨ ਕੈਂਪ ਲਗਾ ਰਹੇ ਸ਼ਰਾਰਤੀ ਅਨਸਰਾਂ ਨਾਲ ਫੋਰਸ ਦਾ ਕੋਈ ਸੰਬੰਧ ਨਹੀਂ : ਬੀਰਪਾਲ, ਨੇਕੂ, ਹੈਪੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਮੁੱਖ ਦਫ਼ਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਨੇਕੂ ਅਜਨੋਹਾ ਨੇ ਵਿਸ਼ੇਸ ਤੌਰ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਫੋਰਸ ਦੇ ਆਗੂਆਂ ਨੇ ਕਿਹਾ ਕਿ ਐਸ ਸੀ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਪਿਛਲੇ ਕਾਫੀ ਲੰਮੇ ਸਮੇਂ ਤੋਂ ਖਾਲੀ ਪਿਆ ਹੋਇਆ ਹੈ ਪੰਜਾਬ ਵਿੱਚ ਆਪ ਸਰਕਾਰ ਨੂੰ ਆਏ ਕਰੀਬ ਦੋ ਸਾਲ ਬੀਤ ਚੁੱਕੇ ਹਨ ਪ੍ਰੰਤੂ ਐਸ ਸੀ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਪੰਜਾਬ ਸਰਕਾਰ ਕੋਲੋਂ ਅਜੇ ਤੱਕ ਭਰਿਆ ਨਹੀਂ ਗਿਆ ਉਲਟਾ ਮਾਨ ਸਰਕਾਰ ਵਲੋਂ ਐਸ ਸੀ ਕਮਿਸ਼ਨ ਦੇ ਉਪ ਚੇਅਰਮੈਨ ਸਮੇਤ ਮੈਂਬਰਾਂ ਦੀ ਗਿਣਤੀ 10 ਤੋਂ ਘਟਾ ਕੇ 5 ਕਰ ਦਿੱਤੀ ਗਈ ਹੈ। ਉਨ੍ਹਾਂ ਪੰਜਾਬ ਦੀ ਮਾਨ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਐਸ ਸੀ ਕਮਿਸ਼ਨ ਦਾ ਚੇਅਰਮੈਨ ਅਤੇ ਵਾਈਸ ਚੇਅਰਮੈਨ ਤੁਰੰਤ ਨਿਯੁਕਤ ਕੀਤਾ ਜਾਵੇ। ਉਨ੍ਹਾ ਸਮਾਜ ਦੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਇੱਕ ਰਜਿ. ਜਥੇਬੰਦੀ ਹੈ ਅਤੇ ਫੋਰਸ ਵਿੱਚੋਂ ਕੁਝ ਕੱਢੇ ਹੋਏ ਲੋਕ ਅਜੇ ਵੀ ਸ਼ਾਸਨ ਅਤੇ ਪ੍ਰਸ਼ਾਸਨ ਨੂੰ ਬੇਗਮਪੁਰਾ ਟਾਈਗਰ ਫੋਰਸ ਦਾ ਗੈਰ ਸੰਵਿਧਾਨਕ ਤੌਰ 'ਤੇ ਨਾਂ ਲੈ ਕੇ ਧਮਕਾ ਰਹੇ ਹਨ। ਉਨ੍ਹਾ ਕਿਹਾ ਕਿ ਅਸੀ ਸ਼ਾਸਨ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾ ਕਿ ਫੋਰਸ ਵਿੱਚੋਂ ਕੱਢੇ ਗਏ ਇਹੋ ਜਿਹੇ ਸ਼ਰਾਰਤੀ ਅਨਸਰਾਂ 'ਤੇ ਬਨਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾ ਦੱਸਿਆ ਕਿ ਫੋਰਸ ਵਲੋਂ ਕੱਢੇ ਹੋਏ ਸ਼ਰਾਰਤੀ ਅਨਸਰ ਬੇਗਮਪੁਰਾ ਟਾਈਗਰ ਫੋਰਸ ਦੇ ਨਾਮ ਖ਼ੂਨਦਾਨ ਕੈਂਪ ਲਗਾ ਰਹੇ ਹਨ ਜਦਕਿ ਬੇਗਮਪੁਰਾ ਟਾਈਗਰ ਫੋਰਸ ਦਾ ਸ਼ਰਾਰਤੀ ਅਨਸਰਾਂ ਵਲੋਂ ਲਗਾਏ ਜਾ ਰਹੇ ਖ਼ੂਨਦਾਨ ਕੈਂਪ ਨਾਲ ਦੂਰ ਦਾ ਵਾਹ ਵਾਸਤਾ ਵੀ ਨਹੀਂ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਸਤੀਸ਼ ਕੁਮਾਰ ਸ਼ੇਰਗੜ੍ਹ, ਅਮਨਦੀਪ, ਮੁਨੀਸ਼, ਚਰਨਜੀਤ ਡਾਡਾ, ਕਮਲਜੀਤ, ਰਾਮ ਜੀ, ਦਵਿੰਦਰ ਕੁਮਾਰ, ਪੰਮਾ ਡਾਡਾ, ਗੋਗਾ ਮਾਂਝੀ, ਪਵਨ ਕੁਮਾਰ ਬੱਧਣ, ਅਮਨਦੀਪ ਸਿੰਘ, ਚਰਨਜੀਤ ਸਿੰਘ, ਭੁਪਿੰਦਰ ਕੁਮਾਰ ਬੱਧਣ, ਕਮਲਜੀਤ ਸਿੰਘ, ਬਿਸ਼ਨਪਾਲ, ਗਿਆਨ ਚੰਦ, ਮੁਸਾਫ਼ਰ ਸਿੰਘ, ਸ਼ੇਰਾ ਸਿੰਘ, ਵਿਸ਼ਾਲ ਸਿੰਘ, ਸਨੀ ਸੀਣਾ, ਭਿੰਦਾ ਸੀਣਾ, ਹੈਪੀ ਫਤਹਿਗੜ੍ਹ, ਦਵਿੰਦਰ ਕੁਮਾਰ, ਰਾਕੇਸ਼ ਕੁਮਾਰ ਭੱਟੀ, ਵਿਜੇ ਕੁਮਾਰ ਜੱਲੋਵਾਲ ਖਨੂਰ, ਰਵਿ ਸੁੰਦਰ ਨਗਰ ਆਦਿ ਹਾਜ਼ਰ ਸਨ।

# ਠੰਡਲ ਦਾ ਫਗਵਾੜਾ ਪੁੱਜਣ 'ਤੇ ਯੂਥ ਅਕਾਲੀ ਦਲ ਨੇ ਕੀਤਾ ਸਵਾਗਤ



**ਫਗਵਾੜਾ (ਡਾ. ਰਮਨ, ਢੱਡਾ)** ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਉਮੀਦਵਾਰ ਸੋਹਣ ਸਿੰਘ ਠੰਡਲ ਦਾ ਫਗਵਾੜਾ ਪਹੁੰਚਣ 'ਤੇ ਯੂਥ ਅਕਾਲੀ ਦਲ ਵਲੋਂ ਰਣਜੀਤ ਸਿੰਘ ਫਤਿਹ ਅਤੇ ਇੰਦਰਜੀਤ ਸਿੰਘ ਬਸਰਾ ਦੀ ਅਗਵਾਈ ਹੇਠ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਦੇ ਨਾਲ ਯੂਥ ਅਕਾਲੀ ਆਗੂ ਤਰਨਜੀਤ ਸਿੰਘ ਚਾਨਾ, ਗੁਰਪ੍ਰੀਤ ਸਿੰਘ ਬੱਗਾ ਤੇ ਅਮਨਦੀਪ ਸਿੰਘ ਖਾਲਸਾ ਵੀ ਸਨ। ਰਣਜੀਤ ਸਿੰਘ ਫਤਿਹ ਅਤੇ ਇੰਦਰਜੀਤ ਸਿੰਘ ਬਸਰਾ ਨੇ ਪਾਰਟੀ ਉਮੀਦਵਾਰ ਠੰਡਲ ਨੂੰ ਭਰੋਸਾ ਦਿੱਤਾ ਕਿ ਯੂਥ ਅਕਾਲੀ ਦਲ ਉਨ੍ਹਾਂ ਦੀ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸ਼ਾਨਦਾਰ ਜਿੱਤ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਫਗਵਾੜਾ ਵਿਧਾਨਕ ਸਭਾ ਹਲਕੇ 'ਚ ਜਲਦੀ ਹੀ ਯੂਥ ਅਕਾਲੀ ਦਲ ਵਲੋਂ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੱਡੀ ਪੱਧਰ 'ਤੇ ਚੋਣ ਪ੍ਰਚਾਰ ਮੁਹਿਮ ਅਰੰਭੀ ਜਾਵੇਗੀ ਅਤੇ ਡੋਰ-ਟੂ-ਡੋਰ ਵੋਟਰਾਂ ਨਾਲ ਸੰਪਰਕ ਕਰਕੇ ਸ਼੍ਰੋਮਣੀ ਅਕਾਲੀ ਦਲ (ਬ) ਦੀਆਂ ਨੀਤੀਆਂ ਤੇ ਪਾਰਟੀ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪੰਜਾਬ ਪੱਖੀ ਸੋਚ ਨਾਲ ਜਾਣੂ ਕਰਵਾਇਆ ਜਾਵੇਗਾ।

# ਨਿੱਤ ਚੋਰੀ ਹੋ ਰਹੇ ਦੁਧਾਰੂ ਪਸ਼ੂ ਚਿੰਤਾ ਦਾ ਵਿਸ਼ਾ : ਕਿਸਾਨ ਆਗੂ



**ਅੱਡਾ ਸਰਾਂ (ਕਾਜਲ )**-ਪਿਛਲੇ ਲੰਬੇ ਸਮੇਂ ਤੋਂ ਹੁਣ ਤੱਕ ਹੋ ਰਹੀ ਕਿਸਾਨਾਂ ਦੇ ਪਸ਼ੂਆਂ ਦੀ ਚੋਰੀ ਇਕ ਬਹੁਤ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਿਸਾਨ ਆਗੂ ਸਤਪਾਲ ਸਿੰਘ ਮਿਰਜ਼ਾਪੁਰ ਸਕੱਤਰ ਦੋਆਬਾ ਕਿਸਾਨ ਕਮੇਟੀ ਪੰਜਾਬ ਨੇ ਕੀਤਾ। ਮਿਰਜ਼ਾਪੁਰ ਨੇ ਕਿਹਾ ਕਿ ਕਿਸਾਨ ਤਾਂ ਪਹਿਲਾਂ ਹੀ ਘਾਟੇ ਵਿੱਚ ਜਾ ਰਿਹਾ ਹੈ ਉੱਥੇ ਪਸ਼ੂਆਂ ਦੀ ਚੋਰੀ ਦੀ ਦੋਹਰੀ ਮਾਰ ਪੈ ਰਹੀ ਹੈ। ਪ੍ਰਸ਼ਾਸਨ ਇਸ ਮੁੱਦੇ 'ਤੇ ਚਿੰਤਤ ਨਹੀਂ ਹੈ।ਅਸੀਂ ਜਿੱਥੇ ਪ੍ਰਸ਼ਾਸਨ ਨੂੰ ਬੇਨਤੀ ਕਰਦੇ ਹਾਂ ਉੱਥੇ ਸਰਕਾਰ ਨੂੰ ਵੀ ਬੇਨਤੀ ਕਰਦੇ ਹਾਂ ਕਿ ਚੋਰਾਂ ਨੂੰ ਜਲਦ ਤੋਂ ਜਲਦ ਨੱਥ ਪਾਈ ਜਾਵੇ। ਇਸ ਸਬੰਧ ਵਿੱਚ ਦੋਆਬਾ ਕਿਸਾਨ ਕਮੇਟੀ ਪੰਜਾਬ ਜ਼ਿਲ੍ਹਾ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਵੇਗੀ।

# ਐੱਨ ਡੀ ਯੂ ਕਾਲਜ ਵਿਖੇ ਕਰਵਾਇਆ ਵੋਟਰ ਜਾਗਰੂਕਤਾ ਸੈਮੀਨਾਰ



**ਜਲੰਧਰ ( ਰਾਜੇਸ਼ ਥਾਪਾ )** ਜ਼ਿਲਾ ਪ੍ਰਸ਼ਾਸਨ ਜਲੰਧਰ ਅਤੇ ਬਹੁਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾ ਦੀਪ ਦੇਸ਼ ਵਿੱਚ ਚੱਲ ਰਹੀਆਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਮੌਜੂਦਾ ਵੋਟਰਾਂ ਅਤੇ ਨਵੇਂ ਬਣੇ ਵੋਟਰਾਂ ਨੂੰ ਭਾਰਤੀ ਸੰਵਿਧਾਨ ਦੁਆਰਾ ਦਿੱਤੇ ਗਏ ਆਪਣੇ ਵੋਟ ਦੇ ਹੱਕ ਦਾ ਸਹੀ ਇਸਤੇਮਾਲ ਕਰਨ ਪ੍ਰਤੀ ਵੋਟਰ ਜਾਗਰੂਕਤਾ ਸੈਮੀਨਾਰ 'ਮੇਰੀ ਵੋਟ ਮੇਰੀ ਆਵਾਜ਼' ਦਾ ਆਯੋਜਨ ਕਰਵਾਇਆ ਗਿਆ। ਕਾਲਜ ਦੇ ਓ ਐਸ ਡੀ ਡਾ. ਕਮਲੇਸ਼ ਦੁੱਗਲ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਪ੍ਰਤੀਨਿਧ ਡਾਕਟਰ ਸੁਰਜੀਤ ਲਾਰ ਸਹੋਤਾ ਅਤੇ ਦਿਸ਼ਾਦੀਪ ਦੇ ਸੰਸਥਾਪਕ ਤੇ ਚੀਫ਼ ਲਾਇਨ ਐਸ ਐਮ ਸਿੰਘ ਅਤੇ ਡਾਕਟਰ ਜੈ ਇੰਦਰ ਸਿੰਘ ਐਸ ਡੀ ਐਮ ਜਲੰਧਰ ਦਾ ਸਵਾਗਤ ਕਰਦਿਆਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਡਾਕਟਰ ਸੁਰਜੀਤ ਲਾਲ ਸਹੋਤਾ ਨੇ ਵੋਟਰਾਂ ਦੀ ਸਹੂਲਤ ਲਈ ਵੋਟਰ ਹੈਲਪ ਲਾਈਨ ਐਪ ਡਾਊਨਲੋਡ ਕਰਕੇ ਨਵੇਂ ਵੋਟ ਦੀ ਰਜਿਸਟਰੇਸ਼ਨ ਲਈ ਫਾਰਮ ਨੰ: 6, ਪ੍ਰਵਾਸੀ ਭਾਰਤੀਆਂ ਲਈ ਨਵੀਂ ਰਜਿਸਟਰੇਸ਼ਨ ਲਈ ਫਾਰਮ 6ਏ, 6 2 ਆਪਣੇ ਵੋਟ ਨੂੰ ਆਧਾਰ ਕਾਰਡ ਨਾਲ ਲਿੰਕ ਕਰਨ ਲਈ ਅਤੇ ਵੋਟ ਕਟਵਾਉਣ ਲਈ ਫਾਰਮ ਨੰਬਰ 7 ਅਤੇ ਅਪਡੇਸ਼ਨ ਲਈ ਫਾਰਮ 8 ਆਨ ਲਾਈਨ ਭਰਨ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੀ ਹੈਲਪ ਲਾਈਨ ਨੰਬਰ 1950 'ਤੇ ਇਸ ਪ੍ਰਤੀ ਜਾਣਕਾਰੀ ਲਈ ਜਾ ਸਕਦੀ ਹੈ।ਲਾਇਨ ਐਸ ਐਮ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਵਿੱਚ ਸੰਵਿਧਾਨ ਵਿੱਚ ਦਿੱਤੇ ਗਏ ਵੋਟ ਦੇ ਹੱਕ ਦਾ ਇਸਤੇਮਾਲ ਕਰਕੇ ਅਸੀਂ ਦੁਨੀਆਂ ਦੇ ਸਭ ਤੋਂ ਵੱਡੇ ਮਜਬੂਤ ਲੋਕਤੰਤਰ ਲਈ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਦੇ ਹੋਏ ਚੰਗੇ ਪ੍ਰਤੀਨਿਧੀਆਂ ਦੀ ਚੋਣ ਕਰਨੀ ਹੈ, ਇਹ ਸਾਡਾ ਨੈਤਿਕ ਅਤੇ ਕੌਮੀ ਫਰਜ਼ ਹੈ ਅਤੇ ਸਾਡੀ ਸਭ ਦੀ ਇਹ ਕੋਸ਼ਿਸ਼ ਹੋਣੀ ਚਾਹੀਦੀ ਹੈ ਕਿ ਇਸ ਵਾਰ ਮਤਦਾਨ ਦਾ ਪ੍ਰਤੀਸ਼ਤ 70% ਤੋਂ ਵਧੇਰੇ ਹੋਵੇ! ਇਸ ਸੈਮੀਨਾਰ ਵਿਚ ਟੀਮ ਸਵੀਪ ਵੱਲੋਂ ਵਿਦਿਆਰਥੀਆਂ ਦੀਆਂ ਨਵੀਆਂ ਵੋਟਾਂ ਵੀ ਬਨਾਈਆਂ ਗਈਆਂ! ਡਾਕਟਰ ਜੈ ਇੰਦਰ ਸਿੰਘ, ਡਾਕਟਰ ਦੁੱਗਲ, ਡਾਕਟਰ ਸੁਰਜੀਤ ਲਾਲ ਸਹੋਤਾ, ਲਾਇਨ ਐਸ ਐਮ ਸਿੰਘ, ਐਸ ਪੀ ਸਿੰਘ ਆਈ ਡੋਨੇਸ਼ਨ ਐਸੋਸੀਏਸ਼ਨ, ਰਾਜੀਵ ਸੇਖੜੀ, ਚੰਦਰ ਸ਼ੇਖਰ, ਮਨਜੀਤ ਮੈਨੀ ਅਤੇ ਸਵੀਪ ਦੀ ਟੀਮ, ਹਰਜੋਤ ਸ਼ਰਮਾ, ਭਵਲੀਨ ਸਿੰਘ, ਸ਼ੈਲੀ ਐਲਬਰਟ ਅਤੇ ਪ੍ਰਿੰਸ ਨਿੰਜਾ ਦੀ ਅਗਵਾਈ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਪ੍ਰਣ ਲਿਆ ਕਿ ਅਸੀਂ ਭਾਰਤ ਦੇ ਨਾਗਰਿਕ ਲੋਕਤੰਤਰ ਵਿੱਚ ਪੂਰਾ ਵਿਸ਼ਵਾਸ ਰੱਖਦੇ ਹੋਏ ਇਹ ਪ੍ਰਣ ਕਰਦੇ ਹਾਂ ਕਿ ਅਸੀਂ ਆਪਣੇ ਦੇਸ਼ ਦੀਆਂ ਲੋਕਤੰਤਰੀ ਪਰੰਪਰਾਵਾਂ ਕਾਇਮ ਰੱਖਾਂਗੇ ਅਤੇ ਸੁਤੰਤਰ ਨਿਰਪੱਖ ਅਤੇ ਸ਼ਾਂਤਮਈ ਚੋਣਾਂ ਦੇ ਮਾਣ ਬਰਕਰਾਰ ਰੱਖਦੇ ਹੋਏ ਨਿਡਰ ਹੋ ਕੇ ਧਰਮ, ਵਰਗ, ਜਾਤੀ ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨਾਂ ਸਾਰੀਆਂ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਾਂਗੇ।

# ਪਿਸਤੌਲ ਦੀ ਨੋਕ 'ਤੇ ਹੋਈ ਲੁੱਟ-ਖੋਹ ਦੇ ਮੁਲਜ਼ਮ ਗ੍ਰਿਫਤਾਰ



**ਨਵਾਂਸ਼ਹਿਰ (ਮਨੋਜ)**-ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਹੇਠ ਪਾਲਣਾ ਕਰਦੇ ਹੋਏ ਇੰਸਪੈਕਟਰ ਦਲਜੀਤ ਸਿੰਘ ਗਿੱਲ, ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਅਤੇ ਸਾਥੀ ਟੀਮ ਨੇ ਚਾਮੁੰਡਾ ਫਿਲਿੰਗ ਸਟੇਸ਼ਨ, ਗੜ੍ਹਸ਼ੰਕਰ ਰੋਡ ਰੁੜਕੀ ਕਲਾਂ ਤੋਂ ਪਿਸਤੌਲ ਦੀ ਨੋਕ 'ਤੇ ਹੋਈ ਲੁੱਟ ਖੋਹ ਦੀ ਵਾਰਦਾਤ ਸਬੰਧੀ ਦਰਜ ਮੁਕੱਦਮਾ ਨੰਬਰ 17 ਮਿਤੀ 26-4- 2024 ਆਰਮਜ਼ ਆਕਰਥਨਾ ਸਿਟੀ ਬਲਾਚੌਰ ਦਰਜ ਕੀਤਾ ਗਿਆ, ਤੁਰੰਤ ਐਕਸ਼ਨ ਕਰਦਿਆਂ ਦੋਸ਼ੀਆਂ ਦੀ ਪੈੜ ਨੱਪਦਿਆਂ ਸੀ ਸੀ ਟੀ ਵੀ ਕੈਮਰਿਆਂ ਨੂੰ ਚੈੱਕ ਕਰਦਿਆਂ ਰਾਤੋ ਰਾਤ ਮੁਸਤੈਦੀ ਨਾਲ ਦੋਸ਼ੀਆਂ ਜਸ਼ਨ ਪੁੱਤਰ ਰਜੇਸ਼ ਕੁਮਾਰ ਵਾਸੀ ਕੌਲਗੜ੍ਹ ਥਾਣਾ ਸਦਰ ਬਲਾਚੌਰ, ਗੁਰਪ੍ਰੀਤ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਕਰੀਮਪੁਰ ਧਿਆਨੀ ਥਾਣਾ ਪੋਜੇਵਾਲ, ਹਰਸ਼ਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਕੌਲਗੜ੍ਹ ਥਾਣਾ ਸਦਰ ਬਲਾਚੌਰ, ਸੁਨੀਲ ਚੋਪੜਾ ਪੁੱਤਰ ਓਮ ਪ੍ਰਕਾਸ਼ ਚੋਪੜਾ ਵਾਸੀ ਕਰੀਮਪੁਰ ਧਿਆਨੀ ਥਾਣਾ ਪੋਜੇਵਾਲ ਨੂੰ ਗ੍ਰਿਫਤਾਰ ਕਰਨ ਉਪਰੰਤ ਉਨ੍ਹਾਂ ਵਲੋਂ ਲੁੱਟੀ ਹੋਈ ਰਕਮ 76800 ਰੁਪਏ ਨੂੰ ਬਰਾਮਦ ਕੀਤਾ ਗਿਆ ਅਤੇ ਵਾਰਦਾਤ ਸਮੇਂ ਵਰਤਿਆ ਇੱਕ ਪਿਸਟਲ, ਇੱਕ ਦਾਤਰ, ਇੱਕ ਮੋਟਰਸਾਈਕਲ ਅਤੇ ਤਿੰਨ ਮੋਬਾਇਲ ਫੋਨ ਬਰਾਮਦ ਕੀਤੇ ਗਏ। ਵਾਰਦਾਤ ਨੂੰ ਅੰਜਾਮ ਦੇਣ ਵਾਲਿਆਂ ਵਿੱਚੋਂ ਤਿੰਨ ਇਸ ਪੰਪ ਦੇ ਕਰਿੰਦੇ, ਇਨ੍ਹਾਂ ਦੇ ਸੇਲਮੈਨ ਦੀ ਸ਼ਨਾਖਤ ਹੋਏ ਹਨ। ਜੋ ਮਾਲਕ ਇਕਬਾਲ ਸਿੰਘ ਨੂੰ ਬੁਲਾ ਕੇ ਉਸ ਨੂੰ ਇਨਸਾਫ ਦਿੰਦਿਆ ਇਨ੍ਹਾਂ ਦੀ ਸ਼ਨਾਖਤ ਵੀ ਕਰਵਾਈ ਗਈ ਹੈ।

ਇਸ ਤੋਂ ਇਲਾਵਾ ਅਜੈ ਕੁਮਾਰ ਪੁੱਤਰ ਵਿਜੈ ਕੁਮਾਰ ਵਾਸੀ ਵਾਰਡ ਨੰਬਰ 5 ਬਲਾਚੌਰ ਥਾਣਾ ਸਿਟੀ ਬਲਾਚੌਰ ਵੱਲੋਂ ਮੁਕੱਦਮਾ ਨੰਬਰ 10 ਮਿਤੀ 5-4-2024 ਥਾਣਾ ਸਿਟੀ ਬਲਾਚੌਰ ਦਰਜ ਕੀਤਾ ਗਿਆ ਸੀ। ਜੋ ਉਕਤ ਮੁਕੱਦਮਾ ਨੂੰ ਵੀ 24 ਘੰਟਿਆਂ ਵਿੱਚ ਟਰੇਸ ਕੀਤਾ ਗਿਆ ਹੈ ਅਤੇ ਮੁਕੱਦਮਾ ਦੇ ਦੋਸ਼ੀ ਹਰਜਿੰਦਰ ਸਿੰਘ ਉਰਫ ਸਾਬੀ ਪੁੱਤਰ ਦਰਸ਼ਨ ਸਿੰਘ ਵਾਸੀ ਮੋਹਰ ਥਾਣਾ ਸਦਰ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਹਸਬ ਜ਼ਾਬਤਾ ਗ੍ਰਿਫਤਾਰ ਕਰਕੇ ਉਸ ਪਾਸੋਂ ਚੋਰੀ ਕੀਤੇ ਹੋਏ ਲਗਭਗ 1,50,000 ਦੀ ਕੀਮਤ ਦੇ ਸੋਨੇ ਅਤੇ ਚਾਂਦੀ ਦੇ ਗਹਿਣੇ ਬਰਾਮਦ ਕੀਤੇ ਗਏ। ਦੋਵਾਂ ਮੁਕੱਦਮਿਆਂ ਵਿਚ ਮੁਦਈ ਮੁਕੱਦਮਿਆਂ ਵਲੋਂ ਜੋ ਮੁਕਦਮੇ ਦਰਜ ਕਰਵਾਏ ਗਏ ਸਨ, ਇਨ੍ਹਾਂ ਵਿੱਚ 100 ਪ੍ਰਤੀਸ਼ਤ ਰਿਕਵਰੀ ਕਰਵਾਈ ਗਈ ਹੈ।



ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 133ਵੇਂ ਜਨਮ ਦਿਵਸ ਦੇ ਸਬੰਧ ਵਿੱਚ ਵਿਸ਼ਾਲ ਅੰਬੇਡਕਰ ਚੇਤਨਾ ਮਾਰਚ ਮੋਟਰਸਾਈਕਲ ਰੈਲੀ ਅੱਜ ਡਾ. ਭੀਮ ਰਾਓ ਅੰਬੇਡਕਰ ਸੈਨਾ ਪੰਜਾਬ ਵੱਲੋਂ ਫਿਲੌਰ ਵਿਖੇ ਦੀਪਕ ਰਸੂਲਪੁਰੀ ਪ੍ਰਧਾਨ ਅੰਬੇਡਕਰ ਸੈਨਾ ਫਿਲੌਰ ਵੱਲੋਂ ਕੱਢੀ ਗਈ ਜੋ ਕਸਬਾ ਅੱਪਰਾ ਤੋਂ ਚੱਲ ਕੇ ਪਿੰਡਾਂ ਵਿੱਚੋਂ ਹੁੰਦੀ ਹੋਈ ਫਿਲੌਰ ਵਿਖੇ ਡਾ.ਅੰਬੇਡਕਰ ਚੌਕ ਵਿਖੇ ਉਨ੍ਹਾਂ ਦੇ ਬੁੱਤ 'ਤੇ ਫੁੱਲਾਂ ਦੇ ਹਾਰ ਪਾ ਕੇ ਸਮਾਪਤ ਹੋਈ। (ਫੋਟੋ ਤੇ ਵੇਰਵਾ : ਨਿਰਮਲ ਫਿਲੌਰ)

# ਮਜ਼ਦੂਰ ਵਰਗ ਦਲ-ਬਦਲੂ ਲੀਡਰਾਂ ਨੂੰ ਚੋਣਾਂ 'ਚ ਮੂੰਹ ਨਾ ਲਾਵੇ : ਸਮਾਓਂ

## ਐੱਸ ਸੀ ਸਮਾਜ ਦਾ ਅਪਮਾਨ ਕਰਨ ਵਾਲਿਆ ਨੂੰ ਸਿਖਾਇਆ ਜਾਵੇ ਸਬਕ



ਮਾਨਸਾ (ਆਤਮ ਸਿੰਘ ਪਮਾਰ)-ਲੋਕ ਸਭਾ ਚੋਣਾਂ ਦੌਰਾਨ ਦਲ ਬਦਲੂ ਲੁਟੇਰੇ ਲੀਡਰਾਂ ਨੂੰ ਮਜ਼ਦੂਰ ਵਰਗ ਮੂੰਹ ਨਾ ਲਾਵੇ ਤੇ ਐੱਸ ਸੀ ਸਮਾਜ ਦਾ ਅਪਮਾਨ ਕਰਨ ਵਾਲੇ ਕਾਂਗਰਸੀ, ਆਪ, ਬੀਜੇਪੀ ਤੇ ਅਕਾਲੀ ਦਲ ਨੂੰ ਵੀ ਸਬਕ ਸਿਖਾਉਣ ਲਈ ਪੰਜਾਬ ਸੋਸ਼ਲਿਸਟ ਅਲਾਇੰਸ ਦੀ ਤਾਕਤ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੱਥੇ ਜ਼ਿਲ੍ਹੇ ਅੰਦਰ ਚੋਣ ਮੁਹਿੰਮ ਨੂੰ ਤੇਜ਼ ਕਰਨ ਲਈ ਬਹੁਜਨ ਮੁਕਤੀ ਪਾਰਟੀ ਦੇ ਸੂਬਾ ਆਗੂ ਜਸਵੰਤ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਸੋਸਲਿਸਟ ਅਲਾਇੰਸ ਦੇ ਆਗੂਆਂ ਦੀ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਹਲਕਾ ਬਠਿੰਡਾ ਤੋਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਉਮੀਦਵਾਰ ਭਗਵੰਤ ਸਿੰਘ ਸਮਾਓਂ ਨੇ ਕੀਤਾ। ਉਨ੍ਹਾ ਕਿਹਾ ਕਿ ਅੱਛੇ ਦਿਨਾਂ ਦਾ ਨਾਅਰਾ ਦੇ ਕੇ ਦਸ ਸਾਲ ਪਹਿਲਾਂ ਭਾਜਪਾ ਮੋਦੀ ਨੇ ਕੇਂਦਰ ਦੀ ਸੱਤਾ ਹੜੱਪ ਕੇ ਜਿਸ ਕਦਰ ਦੇਸ਼ ਤੇ ਜਨਤਾ ਨੂੰ ਲੁੱਟਿਆ, ਉਸੇ ਤਰ੍ਹਾਂ ਆਪ ਭਗਵੰਤ ਮਾਨ ਨੇ ਇਨਕਲਾਬੀ ਬਦਲਾਅ ਦੇ ਨਾਂ 'ਤੇ ਵੋਟਾਂ ਲੈ ਕੇ ਪੰਜਾਬੀਆਂ ਨੂੰ ਮੂਰਖ ਬਣਾਇਆ ਅਤੇ ਅੱਜ ਮੁੱਖ ਮੰਤਰੀ ਮਾਨ ਪੰਜਾਬੀਆਂ ਨਾਲ ਕੀਤੀਆਂ ਗਰੰਟੀਆਂ ਤੋਂ ਭੱਜ ਰਿਹਾ ਹੈ। ਉਨ੍ਹਾ ਕਿਹਾ ਕਿ ਮਜ਼ਦੂਰ ਵਰਗ ਆਪਣੇ ਸਿਰ ਚੜ੍ਹੇ ਕਰਜ਼ੇ ਦੀ ਮਾਫ਼ੀ ਲਈ ਮੈਨੂੰ ਪਾਰਲੀਮੈਂਟ ਵਿੱਚ ਭੇਜਣ ਦਾ ਕੰਮ ਕਰੇ। ਉਨ੍ਹਾ ਕਿਹਾ ਕਿ ਸੱਤਾ ਦੀ ਕੁਰਸੀ ਲਈ ਆਪਣੀ ਜਮੀਰ ਵੇਚਣ ਵਾਲੇ ਲੀਡਰ ਗਰੀਬਾਂ ਦੇ ਕਦੇ ਵਫਾਦਾਰ ਨਹੀਂ ਹੋ ਸਕਦੇ। ਉਨ੍ਹਾਂ ਕਿਹਾ ਕਿ ਵੋਟਾਂ ਲਈ ਗੇੜੇ ਮਾਰਨ ਵਾਲੇ ਰਜਵਾੜਾਸ਼ਾਹੀ ਲੀਡਰ ਆਮ ਦਿਨਾਂ 'ਚ ਦਲਿਤਾਂ ਨੂੰ ਪੈਰ ਦੀ ਜੁੱਤੀ ਸਮਝਦੇ ਹਨ। ਇਸ ਲਈ ਅੱਜ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਕੋਲ ਝੂਠੇ ਵਾਅਦੇ ਕਰਕੇ ਸੱਤਾ ਹੜੱਪਣ ਵਾਲੇ ਹਾਕਮਾਂ ਤੋਂ ਬਦਲਾ ਲੈਣ ਦਾ ਸਹੀ ਮੌਕਾ ਆ ਗਿਆ ਹੈ। ਇਸ ਮੌਕੇ ਚੋਣ ਮੁਹਿੰਮ ਨੂੰ ਕਿਰਤੀ ਲੋਕਾਂ ਵਿੱਚ ਤੇਜ਼ ਕਰਨ ਲਈ ਆਗੂਆਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਮੀਟਿੰਗ ਵਿੱਚ ਨਿੱਕਾ ਸਿੰਘ ਬਹਾਦਰਪੁਰ, ਸੁਖਵਿੰਦਰ ਸਿੰਘ ਬੋਹਾ, ਭੋਲਾ ਸਿੰਘ ਝੱਬਰ, ਗੁਰਵਿੰਦਰ ਸਿੰਘ ਨੰਦਗੜ੍ਹ, ਡਾ. ਸੁਰਿੰਦਰ ਸਿੰਘ, ਸੂਬੇਦਾਰ ਜਗਦੇਵ ਸਿੰਘ ਰਾਏਪੁਰ, ਜੈ ਸਿੰਘ, ਟਹਿਲਾ ਸਿੰਘ, ਲਾਭ ਸਿੰਘ ਆਦਿ ਆਗੂ ਮੌਜੂਦ ਸਨ।

# ਸੁਖਚੈਨ ਦੀਆਂ ਧੀਆਂ ਨੇ ਕੈਰੀਅਰ ਕੌਲਿੰਗ ਗਰੁੱਪ ਦੇ ਪਹਿਲੇ ਇਨਾਮ ਜਿੱਤੇ



ਸਿਰਸਾ (ਸੁਰਿੰਦਰ ਪਾਲ ਸਿੰਘ)-ਪਿਛਲੇ ਦਿਨੀਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਖਚੈਨ ਵਿਖੇ ਕੈਰੀਅਰ ਕੌਲਿੰਗ ਗਰੁੱਪ (ਸੀ ਸੀ ਜੀ) ਵੱਲੋਂ ਸਿਰਸਾ ਖੇਤਰ ਦੇ ਪ੍ਰਾਈਵੇਟ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ 'ਟੀਚੇ ਵੱਲ ਵਧੋ' (ਹਿੰਦੀ ਨਾਮ 'ਲਖਸ਼ ਕੀ ਔਰ') ਦੀ ਲਿਖਤੀ ਪ੍ਰੀਖਿਆ ਦਾ ਪ੍ਰਈਵੇਟ ਤੌਰ 'ਤੇ ਅਯੋਜਨ ਕੀਤਾ ਗਿਆ ਸੀ, ਜਿਸ ਦੇ ਨਤੀਜੇ ਅੱਜ ਘੋਸ਼ਿਤ ਹੋਣ ਕਾਰਨ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਵਿੱਚ ਬੇ-ਹੱਦ ਉਤਸ਼ਾਹ ਵੇਖਣ ਨੂੰ ਮਿਲਿਆ।

ਇਸ ਪ੍ਰਾਈਵੇਟ ਪ੍ਰਤੀਯੋਗਤਾ ਦੇ ਕੁਆਡੀਨੇਟਰ ਗੁਰਦਾਸ ਸਿੰਘ ਕਾਨੂੰਗੋ ਤੇ ਨਾਇਬ ਸਿੰਘ ਗਿੱਲ ਅਤੇ ਮਾ: ਨਿਰਮਲ ਸਿੰਘ ਸੁਖਚੈਨ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ ਵਿੱਚ 143 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 64 ਲੜਕੇ ਤੇ 79 ਲੜਕੀਆਂ ਸਨ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਖਚੈਨ ਦੇ ਪ੍ਰਿੰਸੀਪਲ ਜਗਸ਼ਰਨ ਸਿੰਘ, ਪ੍ਰੀਖਿਆ ਕੁਆਰਡੀਨੇਟਰ ਸਹਾਇਕ ਪ੍ਰੋਫੈਸਰ ਸੰਦੀਪ ਸਿੰਘ ਚਹਿਲ ਤੇ ਅਧਿਆਪਕ ਆਗੂ ਮਾ: ਬੂਟਾ ਸਿੰਘ ਦਾ ਕਹਿਣਾ ਸੀ ਕਿ ਇਸ ਪ੍ਰਤੀਯੋਗਤਾ ਵਿੱਚ ਵਿਦਿਆਰਥੀਆਂ ਦੇ ਤਿੰਨ ਵਰਗ ਸ਼ਾਮਲ ਕੀਤੇ ਗਏ ਤੇ ਪਹਿਲੇ ਨੰਬਰ 'ਤੇ ਆਉਣ ਵਾਲੇ ਤਿੰਨਾਂ ਲੈਵਲਾਂ ਦੇ ਵਿਦਿਆਰਥੀਆਂ ਨੂੰ ਪਹਿਲਾ 1100 ਰੁਪਏ, ਦੂਜਾ 700 ਰੁਪਏ ਤੇ ਤੀਜਾ 500 ਰੁਪਏ ਦੇਣ ਦੇ ਨਾਲ ਨਾਲ ਯਾਦਗਾਰੀ ਚਿੰਨ੍ਹ ਵੀ ਦਿੱਤੇ ਗਏ। ਤਿੰਨਾਂ ਲੈਵਲਾਂ ਵਿੱਚੋਂ ਪਹਿਲੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀ ਸੁਖਮਨ ਕੌਰ, ਪਵਨਵੀਰ ਕੌਰ, ਅੰਜੂ ਰਾਣੀ, ਦੂਜੇ ਸਥਾਨ 'ਤੇ ਹਰਮਨਦੀਪ ਸਿੰਘ, ਨਵਦੀਪ ਤੇ ਬੀਰਪਾਲ ਕੌਰ ਅਤੇ ਤੀਜੇ ਸਥਾਨ 'ਤੇ ਤਾਜਪ੍ਰੀਤ ਸਿੰਘ, ਗੁਰਾਂਜੀਤ ਸਿੰਘ ਤੇ ਸਤਵੀਰ ਕੌਰ ਰਹੇ। ਵਿਦਿਆਥੀਆਂ ਦਾ ਉਤਸ਼ਾਹ ਵਧਾਉਣ ਵਾਲਿਆਂ ਵਿੱਚ ਪਿੰਡ ਸੁਖਚੈਨ ਦੀ ਮਹਿਲਾ ਸਰਪੰਚ ਬੀਬਾ ਸਰਬਜੀਤ ਕੌਰ, ਨੇਮਪਾਲ ਸਿੰਘ, ਦਿਨੇਸ਼ ਕੁਮਾਰ, ਮੇਜਰ ਸਿੰਘ, ਬੂਟਾ ਸਿੰਘ, ਜਗਮੋਹਣ ਸਿੰਘ, ਹਰਬੰਸ ਸਿੰਘ ਸਮੇਤ ਵਿਦਿਆਰਥੀਆਂ ਦੇ ਮਾਪੇ ਤੇ ਪਿੰਡ ਸੁਖਚੈਨ ਦੇ ਪੱਤਵੰਤੇ ਹਾਜ਼ਰ ਰਹੇ।

# ਸਹੂਲਤਾਂ ਨਾ ਹੋਣ ਕਾਰਨ ਕਿਸਾਨ/ਮਜ਼ਦੂਰ ਮੰਡੀਆਂ 'ਚ ਹੋ ਰਹੇ ਖੱਜਲ : ਸਿੱਧੂ



ਮਾਨਸਾ (ਆਤਮਾ ਸਿੰਘ ਪਮਾਰ)-ਸਮੇਂ ਸਿਰ ਅਨਾਜ ਮੰਡੀਆਂ ਵਿੱਚ ਕਣਕ ਦੀ ਭਰਾਈ ਤੇ ਚੁਕਾਈ ਨਾ ਹੋਣ ਕਾਰਨ ਕਿਸਾਨਾਂ ਨੂੰ ਮੰਡੀਆਂ ਵਿੱਚ ਰਾਤਾਂ ਕੱਟਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਮੰਡੀਆਂ 'ਚ ਮੱਛਰ ਦੀ ਭਰਮਾਰ ਕਾਰਨ ਤੇ ਸਹੂਲਤਾਂ ਦੀ ਘਾਟ ਕਾਰਨ ਕਿਸਾਨ ਖੱਜਲ ਖੁਆਰ ਹੋ ਰਹੇ ਹਨ।ਉਕਤ ਵਿਚਾਰਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤ ਮਹਿੰਦਰ ਸਿੰਘ ਸਿੱਧੂ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਨੇ ਮੰਡੀਆਂ ਦਾ ਦੌਰਾ ਕਰਨ ਉਪਰੰਤ ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਕੀਤਾ।

ਉਨ੍ਹਾ ਕਿਹਾ ਕਿ ਮੰਡੀਆਂ ਵਿੱਚੋਂ ਸਮੇਂ ਸਿਰ ਕਣਕ ਦੀ ਚੁਕਾਈ ਨਹੀਂ ਹੋ ਰਹੀ ਤੇ ਮੰਡੀਆਂ 'ਚ ਚੁਕਾਈ ਨਾ ਹੋਣ ਕਾਰਨ ਜਗ੍ਹਾ ਦੀ ਘਾਟ ਕਾਰਨ ਕਿਸਾਨਾਂ ਨੂੰ ਆਪਣੀ ਫਸਲ ਨੂੰ ਕੱਚੇ ਥਾਵਾਂ ਵਿੱਚ ਉਤਾਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਤੁਲਾਈ ਨਾ ਹੋਣ ਕਰਕੇ ਕਿਸਾਨ ਹਫਤੇ ਹਫਤੇ ਤੋਂ ਮੰਡੀਆਂ ਵਿੱਚ ਬੈਠੇ ਹਨ।ਪ੍ਰਬੰਧਾਂ ਦੀ ਘਾਟ ਤੇ ਮੱਛਰਾਂ ਦੀ ਭਰਮਾਰ ਹੋਣ ਕਾਰਨ ਕਿਸਾਨਾਂ ਨੂੰ ਮੰਡੀਆਂ 'ਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਫਰੰਟ ਤੇ ਬੁਰੀ ਤਰ੍ਹਾਂ ਫੇਲ੍ਹ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰਾਂ ਵਿੱਚ ਸੀਵਰੇਜ ਤੇ ਸਫਾਈ ਦਾ ਬੁਰਾ ਹਾਲ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਦਾ ਬੁਰਾ ਹਾਲ ਹੈ।ਪੰਜਾਬ ਦੇ ਲੋਕ ਹੁਣ ਇਸ ਬਦਲਾਅ ਵਾਲੀ ਸਰਕਾਰ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ।ਉਨ੍ਹਾਂ ਮੰਗ ਕੀਤੀ ਕਿ ਮੰਡੀਆਂ 'ਚੋਂ ਕਣਕ ਦੀ ਤੁਰੰਤ ਚੁਕਾਈ ਕੀਤੀ ਜਾਵੇ ਤੇ ਮੰਡੀ ਵਿੱਚ ਵਿਕਣ ਲਈ ਆਈ ਕਣਕ ਦੀ ਤੁਰੰਤ ਭਰਾਈ ਕਰਕੇ ਕਿਸਾਨਾਂ ਦੀ ਖੱਜਲ ਖੁਆਰੀ ਨੂੰ ਰੋਕਿਆ ਜਾਵੇ।ਉਨ੍ਹਾਂ ਵੱਲੋਂ ਖਿਆਲਾ, ਠੂਠਿਆਂ ਵਾਲੀ, ਭੈਣੀਬਾਘਾ, ਬੁਰਜ ਹਰੀ, ਰੱਲਾ, ਭੁਪਾਲ ਆਦਿ ਪਿੰਡਾਂ ਦੀਆਂ ਮੰਡੀਆਂ ਦਾ ਦੌਰਾ ਕੀਤਾ ਗਿਆ।

# ਟੋਹਾਣਾ ਨੇੜਿਓਂ ਨਹਿਰ 'ਚੋਂ ਮਿਲੀ ਮੰਡੀ ਗੋਬਿੰਦਗੜ੍ਹ ਦੇ ਲੋਹਾ ਵਪਾਰੀ ਦੀ ਲਾਸ਼

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਰਸੋਂ ਰਾਤ ਤੋਂ



ਲਾਪਤਾ ਦੱਸੇ ਜਾ ਰਹੇ ਮੰਡੀ ਗੋਬਿੰਦਗੜ੍ਹ ਦੇ ਲੋਹਾ ਵਪਾਰੀ ਸੰਤੋਸ਼ ਕੁਮਾਰ (35) ਦੀ ਲਾਸ਼ ਹਰਿਆਣਾ ਸੂਬੇ ਦੇ ਟੋਹਾਣਾ ਇਲਾਕੇ 'ਚੋਂ ਲੰਘਦੀ ਨਹਿਰ 'ਚੋਂ ਮਿਲਣ ਦਾ ਸਮਾਚਾਰ ਹੈ। ਸੰਤੋਸ਼ ਕੁਮਾਰ ਵਾਸੀ ਮੰਡੀ ਗੋਬਿੰਦਗੜ੍ਹ ਪਰਸੋਂ ਰਾਤ ਨੂੰ ਕਾਰ ਸਣੇ ਲਾਪਤਾ ਹੋ ਗਿਆ ਸੀ, ਜਿਸ ਦੀ ਕਾਰ ਦੇ ਟਾਇਰਾਂ ਦੇ ਨਿਸ਼ਾਨ ਫਲੋਟਿੰਗ ਰੈਸਟੋਰੈਂਟ ਸਰਹਿੰਦ ਨੇੜਿਓਂ ਲੰਘਦੀ ਮੇਨ ਭਾਖੜਾ ਲਾਈਨ ਦੇ ਕੰਢੇ ਦੇਖੇ ਗਏ ਸਨ, ਜਿਸ ਸਬੰਧੀ ਸੂਚਨਾ ਮਿਲਣ 'ਤੇ ਪੁਲਸ ਵੱਲੋਂ ਗੋਤਾਖੋਰਾਂ ਦੀ ਮਦਦ ਨਾਲ ਭਾਖੜਾ ਨਹਿਰ 'ਚ ਸੰਤੋਸ਼ ਕੁਮਾਰ ਦੀ ਭਾਲ ਕੀਤੀ ਜਾ ਰਹੀ ਸੀ। ਭੋਲੇ ਸ਼ੰਕਰ ਡਾਈਵਰਜ਼ ਕਲੱਬ ਦੇ ਪ੍ਰਧਾਨ ਸ਼ੰਕਰ ਭਾਰਦਵਾਜ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਦੇ ਗੋਤਾਖੋਰਾਂ ਵੱਲੋਂ ਨਹਿਰ 'ਚ ਕਾਰ ਸਣੇ ਰੁੜੇ ਸੰਤੋਸ਼ ਕੁਮਾਰ ਵਾਸੀ ਮੰਡੀ ਗੋਬਿੰਦਗੜ੍ਹ ਦੀ ਕੱਲ੍ਹ ਤੜਕੇ ਤੋਂ ਹੀ ਭਾਲ ਕੀਤੀ ਜਾ ਰਹੀ ਸੀ, ਜਿਸ ਦੀ ਹੁੰਡਈ ਵੈਨਿਊ ਕਾਰ ਤਾਂ ਕੱਲ੍ਹ ਸੌਢਾਂ ਹੈੱਡ ਨੇੜਿਓਂ ਨਹਿਰ 'ਚੋਂ ਮਿਲ ਗਈ ਸੀ, ਪਰ ਸੰਤੋਸ਼ ਕੁਮਾਰ ਕਾਰ 'ਚੋਂ ਨਹੀਂ ਮਿਲਿਆ, ਜਿਸ 'ਤੇ ਪੰਜਾਬ ਤੇ ਹਰਿਆਣਾ ਦੇ ਗੋਤਾਖੋਰਾਂ ਵੱਲੋਂ ਮਿਲ ਕੇ ਸਰਚ ਅਪ੍ਰੇਸ਼ਨ ਸ਼ੁਰੂ ਕੀਤਾ ਗਿਆ, ਜਿਸ ਦੌਰਾਨ ਸ਼ਨੀਵਾਰ ਸਵੇਰੇ ਹਰਿਆਣਾ ਦੇ ਟੋਹਾਣਾ ਇਲਾਕੇ 'ਚੋਂ ਲੰਘਦੀ ਨਹਿਰ 'ਚੋਂ ਸੰਤੋਸ਼ ਕੁਮਾਰ ਦੀ ਲਾਸ਼ ਬਰਾਮਦ ਹੋ ਗਈ। ਮ੍ਰਿਤਕ ਦੀ ਲਾਸ਼ ਨੂੰ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾ ਕੇ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਕਰਮਜੀਤ ਨੂੰ ਲੋਕ ਸਭਾ ਦੀਆਂ ਪੌੜੀਆਂ ਚੜ੍ਹਾ ਦਿਓ, ਹਲਕੇ ਦਾ ਕੋਈ ਵੀ ਕੰਮ ਨਹੀਂ ਰੁਕੇਗਾ : ਭਗਵੰਤ ਮਾਨ

## ਕਰਮਜੀਤ ਅਨਮੋਲ ਦੇ ਹੱਕ 'ਚ ਬਾਘਾ ਪੁਰਾਣਾ 'ਚ ਵਿਸ਼ਾਲ ਰੈਲੀ



ਮੋਗਾ/ਬਾਘਾ ਪੁਰਾਣਾ (ਇਕਬਾਲ ਸਿੰਘ ਖਹਿਰਾ/ਮਨੀ ਸਿੰਗਲਾ)-ਵਿਧਾਇਕ ਅਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਬਾਘਾ ਪੁਰਾਣਾ ਦੀ ਸੁਭਾਸ਼ ਮੰਡੀ ਵਿਖੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਦੇ ਹੱਕ ਵਿੱਚ ਵਿਸ਼ਾਲ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਮੁੱਖ ਮੰਤਰੀ ਪੰਜਾਬ ਭਰਵੰਤ ਸਿੰਘ ਮਾਨ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਫਿਲਮ ਅਦਾਕਾਰ ਬਿਨੂੰ ਢਿੱਲੋਂ ਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਾਘਾ ਪੁਰਾਣਾ ਜੁਝਾਰੂ ਲੋਕਾਂ ਦਾ ਧੰਨਵਾਦੀ ਹੈ, ਜੋ ਰੰਗਲੇ ਪੰਜਾਬ ਦਾ ਸੁਪਨਾ ਸੰਜੋਕੇ ਇਸ ਰੈਲੀ ਵਿੱਚ ਇਕੱਤਰ ਹੋਏ ਹੋ। ਆਮ ਆਦਮੀ ਪਾਰਟੀ ਤੁਹਾਡੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ। ਉਨ੍ਹਾ ਕਿਹਾ ਕਿ ਹੁਣ ਇੱਕ ਵਾਰ ਕਰਮਜੀਤ ਅਨਮੋਲ ਨੂੰ ਲੋਕ ਸਭਾ ਦੀਆਂ ਪੌੜੀਆਂ ਚੜ੍ਹਾ ਦਿਓ, ਹਲਕਾ ਫਰੀਦਕੋਟ ਦਾ ਕੋਈ ਵੀ ਕੰਮ ਨਹੀਂ ਰੁਕੇਗਾ। ਕਰਮਜੀਤ ਅਨਮੋਲ ਬਹੁਤ ਹੀ ਸੰਘਰਸ਼ਸ਼ੀਲ ਤੇ ਗਰੀਬੀ 'ਚੋਂ ਉੱਠਿਆ ਵਿਅਕਤੀ ਹੈ, ਜੋ ਆਮ ਲੋਕਾਂ ਦੀਆਂ ਦੁੱਖ ਤਕਲੀਫਾਂ ਨੂੰ ਭਲੀ-ਭਾਂਤ ਜਾਣਦਾ ਹੈ ਤੇ ਮੇਰਾ ਪੁਰਾਣਾ ਸਾਥੀ ਹੈ। ਉਨ੍ਹਾ ਕਿਹਾ ਕਿ ਅਸੀਂ ਕਲਾਕਾਰ ਹੁੰਦਿਆਂ ਪੂਰਾ ਵਿਸ਼ਵ ਘੁੰਮਿਆ, ਪਰ ਪੰਜਾਬ ਨਾਲ ਦੀ ਧਰਤੀ ਕੋਈ ਨਹੀਂ, ਜਿੱਥੇ ਮਿਹਨਤਕਸ਼ ਇਨਸਾਨ ਰਹਿੰਦੇ ਹਨ, ਜੋ ਤਕਦੀਰਾਂ ਬਦਲਣ ਦੇ ਸਮਰੱਥ ਹਨ। ਉਨ੍ਹਾ ਕਿਹਾ ਕਿ ਬਾਦਲਾਂ ਨੇ ਸੜਕਾਂ 'ਤੇ ਗੁਰਬਾਣੀ ਰੋਲ ਦਿੱਤੀ। ਇਹ ਹੀ ਕਾਰਨ ਸੀ ਕਿ ਪੰਜਾਬ ਦੇ ਲੋਕਾਂ ਅਕਾਲੀ ਦਲ ਨੂੰ ਸੜਕਾਂ 'ਤੇ ਰੋਲ ਦਿੱਤਾ। ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹਮੇਸ਼ਾ ਹੀ ਦੇਸ਼ ਨੂੰ ਲੀਡ ਕੀਤਾ ਹੈ। ਭਾਵੇਂ ਉਹ ਦੇਸ਼ ਦੀ ਅਜ਼ਾਦੀ ਹੋਵੇ ਤੇ ਭਾਵੇਂ ਦੇਸ਼ ਦੇ ਲੋਕਾਂ ਦਾ ਢਿੱਡ ਭਰਨ ਲਈ ਹਰੀ ਕ੍ਰਾਂਤੀ। ਉਨ੍ਹਾ ਕਿਹਾ ਕਿ ਭਾਜਪਾ ਨੇ ਵੀ ਸਾਡੇ ਇੱਕ ਕਲਾਕਾਰ ਨੂੰ ਉਮੀਦਵਾਰ ਬਣਾਇਆ ਹੈ, ਉਸ ਦੀ ਹਾਲਤ ਅਜਿਹੀ ਹੈ ਖਾਣ-ਪੀਣ ਨੂੰ ਬਾਂਦਰੀ ਟੰਬੇ ਖਾਣ ਨੂੰ ਰਿੱਛ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਦੇ ਲੋਕਾਂ ਨਾਲ ਧੱਕੇਸ਼ਾਹੀਆਂ ਕਰਕੇ ਹੁਣ ਲੋਕਾਂ ਤੋਂ ਵੋਟਾਂ ਮੰਗ ਰਹੀ ਹੈ, ਪਰ ਪੰਜਾਬੀ ਹੁਣ ਇਨ੍ਹਾਂ ਨੂੰ ਮੂੰਹ ਨਹੀਂ ਲਾਉਣਗੇ।

# ਵਰਲਡ 'ਵਰਸਿਟੀ ਵਿਖੇ 'ਭਾਰਤ 'ਚ ਚੋਣ ਰਾਜਨੀਤੀ' ਵਿਸ਼ੇ 'ਤੇ ਵਰਕਸ਼ਾਪ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਲੋਕ ਸਭਾ ਚੋਣਾਂ 2024 ਨੂੰ ਸਮਰਪਤ 'ਭਾਰਤ ਵਿੱਚ ਚੋਣ ਰਾਜਨੀਤੀ' ਸਿਰਲੇਖ ਅਧੀਨ ਪੰਜ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਚੋਣ ਰਾਜਨੀਤੀ ਨਾਲ ਸੰਬੰਧਤ ਵੱਖ ਵੱਖ ਪਹਿਲੂਆਂ ਨੂੰ ਵਿਚਾਰਿਆ ਗਿਆ। ਵਰਕਸ਼ਾਪ ਦੇ ਪਹਿਲੇ ਦਿਨ ਵਿਭਾਗ ਇੰਚਾਰਜ ਰਮਨਦੀਪ ਕੌਰ ਦੁਆਰਾ ਚੋਣ ਰਾਜਨੀਤੀ ਦੇ ਇਤਿਹਾਸਕ ਪਰਿਪੇਖ 'ਤੇ ਚਾਨਣਾ ਪਾਇਆ ਗਿਆ। ਦੂਜੇ ਦਿਨ ਡਾ. ਬਲਵਿੰਦਰ ਕੌਰ ਨੇ ਵੱਖ ਵੱਖ ਰਾਜਨੀਤਕ ਪਾਰਟੀਆਂ ਦੀ ਚੋਣ ਰਾਜਨੀਤੀ ਵਿੱਚ ਭੂਮਿਕਾ ਦਾ ਵਿਸ਼ਲੇਸ਼ਣ ਕੀਤਾ। ਵਰਕਸ਼ਾਪ ਦੇ ਤੀਜੇ ਦਿਨ ਡਾ. ਸਤਨਾਮ ਸਿੰਘ (ਐਸੋਸੀਏਟ ਪ੍ਰੋਫੈਸਰ ਤੇ ਮੁਖੀ ਰਾਜਨੀਤੀ ਵਿਗਿਆਨ ਵਿਭਾਗ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ 'ਭਾਰਤ ਵਿੱਚ ਚੋਣ ਰਾਜਨੀਤੀ ਦੀਆਂ ਚਣੌਤੀਆਂ ਤੇ ਲੋੜੀਂਦੇ ਸੁਧਾਰਾਂ' ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਵਰਕਸ਼ਾਪ ਦੇ ਚੌਥੇ ਦਿਨ ਰਾਜਨੀਤੀ ਵਿਗਿਆਨ ਵਿਭਾਗ ਦੇ ਪ੍ਰੋਫੈਸਰ ਜਮਸ਼ੀਦ ਅਲੀ ਖਾਨ ਨੇ ਭਾਰਤ ਦੀ ਚੋਣ ਰਾਜਨੀਤੀ ਵਿੱਚ ਸੋਸ਼ਲ ਮੀਡੀਆ ਦੇ ਨਾਲ ਨਾਲ ਪ੍ਰਿੰਟ ਮੀਡੀਆ ਦੇ ਰੋਲ ਦੀ ਵਿਵੇਚਨਾ ਕੀਤੀ। ਵਰਕਸ਼ਾਪ ਦੇ ਆਖਰੀ ਦਿਨ ਡਾ. ਗੁਰਪ੍ਰੀਤ ਸਿੰਘ ਬਰਾੜ (ਅਸਿਸਟੈਂਟ ਪ੍ਰੋਫੈਸਰ) ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ 'ਇਲੈਕਟੋਰਲ ਮੈਨਜਮੈਂਟ' ਵਿਸ਼ੇ ਸੰਬੰਧੀ ਵਿਚਾਰ ਗੋਸ਼ਟੀ ਕੀਤੀ। ਇਸ ਵਰਕਸ਼ਾਪ ਦੇ ਸਫ਼ਲਤਾਪੂਰਵਕ ਸੰਪੂਰਨ ਹੋਣ 'ਤੇ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋਫੈਸਰ ਸੁਖਵਿੰਦਰ ਸਿੰਘ ਬਿਲਿੰਗ ਨੇ ਰਾਜਨੀਤੀ ਵਿਗਿਆਨ ਵਿਭਾਗ ਦੀ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਅਕਾਦਮਿਕ ਗਤੀਵਿਧੀਆਂ ਨੂੰ ਜਾਰੀ ਰੱਖਣ ਲਈ ਪ੍ਰੇਰਨਾ ਦਿੱਤੀ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਪ੍ਰਿਤਪਾਲ ਸਿੰਘ ਨੇ ਭਾਰਤ ਦੀ ਚੋਣ ਰਾਜਨੀਤੀ ਸੰਬੰਧੀ ਵਿਦਿਆਰਥੀਆਂ ਵਿੱਚ ਉਸਾਰੂ ਸੋਚ ਤੇ ਰਾਜਨੀਤਕ ਸਹਿਭਾਗਤਾ ਨੂੰ ਉਤਸ਼ਾਹਤ ਕਰਨ ਲਈ ਵਿਭਾਗ ਨੂੰ ਵਧਾਈ ਦਿੱਤੀ। ਰਾਜਨੀਤੀ ਵਿਗਿਆਨ ਵਿਭਾਗ ਦੇ ਵਿਦਿਆਰਥੀਆਂ ਨੇ ਪੂਰੀ ਸਰਗਰਮੀ ਨਾਲ ਇਸ ਵਰਕਸ਼ਾਪ ਵਿੱਚ ਭਾਗ ਲਿਆ।

# ਕਈ ਪਰਵਾਰ ਵੱਖ-ਵੱਖ ਪਾਰਟੀਆਂ ਨੂੰ ਛੱਡ 'ਆਪ' 'ਚ ਸ਼ਾਮਲ



ਮੱਖੂ (ਰਛਪਾਲ ਸਿੰਘ ਸੰਧੂ)-ਆਮ ਆਦਮੀ ਪਾਰਟੀ ਨੂੰ ਉਸ ਵਕਤ ਭਾਰੀ ਬੱਲ ਮਿਲਿਆ, ਜਦ ਸ਼ਹਿਰ ਦੇ ਨਾਮਵਰ ਪਰਵਾਰ ਵੱਖ ਵੱਖ ਸਿਆਸੀ ਪਾਰਟੀਆਂ ਨੂੰ ਛੱਡ ਕੇ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆਂ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ। ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਮਹਿੰਦਰ ਸਿੰਘ, ਲਖਵਿੰਦਰ ਸਿੰਘ, ਗਗਨਦੀਪ ਸਿੰਘ, ਕੋਮਲ, ਸੋਨੂੰ, ਕਾਲਾ, ਪਵਨ ਮਦਾਨ, ਰੋਹਿਤ ਖੁਰਾਣਾ ਆਦਿ ਦਾ ਵਿਧਾਇਕ ਨਰੇਸ਼ ਕਟਾਰੀਆ ਨੇ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ 'ਚ ਹਰੇਕ ਵਿਅਕਤੀ ਨੂੰ ਬਣਦਾ ਸਤਿਕਾਰ ਦਿੱਤਾ ਜਾ ਰਿਹਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਕਰਵਾਏ ਜਾ ਰਹੇ ਵਿਕਾਸ ਤੇ ਹਰੇਕ ਵਰਗ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੋਂ ਖੁਸ਼ ਹੋ ਕੇ ਲੋਕ ਆਮ ਆਦਮੀ ਨਾਲ ਬਹੁਤ ਹੀ ਉਤਸ਼ਾਹ ਨਾਲ ਜੁੜ ਰਹੇ ਹਨ। ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਰਨੈਲ ਸਿੰਘ ਸੰਧੂ, ਡਾ. ਰਜੀਵ ਅਹੂਜਾ ਰਵੀ ਸਾਬਕਾ ਐੱਮ ਸੀ, ਰਣਜੀਤ ਸਿੰਘ ਰਾਣਾ ਬਾਹਰਵਾਲੀ, ਸੌਰਵ ਅਹੂਜਾ ਬਲਾਕ ਪ੍ਰਧਾਨ, ਅਜੇ ਕੰਧਾਰੀ ਬਲਾਕ ਪ੍ਰਧਾਨ ਸੋਸ਼ਲ ਮੀਡੀਆ, ਸਾਜਨ ਸਿਕਰੀ, ਕੁਲਦੀਪ ਸਿੰਘ ਖਡੂਰ, ਸੁਖਦੇਵ ਮਸੀਹ ਆਦਿ ਹਾਜ਼ਰ ਸਨ।

# 'ਆਪ' ਦੀ ਤਾਕਤ ਇਸ ਦੇ ਵਰਕਰ : ਵਿਧਾਇਕ ਸੌਂਦ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਆਮ ਆਦਮੀ ਪਾਰਟੀ ਦੀ ਤਾਕਤ ਇਸ ਦੇ ਵਰਕਰ ਹਨ, ਜੋ ਪਾਰਟੀ ਲਈ ਨਿਰਸਵਾਰਥ ਹੋ ਕੇ ਸੇਵਾ ਕਰਦੇ ਹਨ ਤੇ ਲੋਕ ਕਿਸੇ ਵੀ ਚੋਣ ਨੂੰ ਜੰਗ ਸਮਝ ਕੇ ਮੈਦਾਨ ਵਿੱਚ ਉਤਰਦੇ ਹਨ, ਜਿਸ ਕਾਰਨ ਪਾਰਟੀ ਬੇਮਿਸਾਲ ਪ੍ਰਦਰਸ਼ਨ ਕਰਦੀ ਹੈ। ਇਹ ਗੱਲਾਂ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਖੰਨਾ ਤੋਂ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਬੁਲਾਈ ਗਈ ਵਰਕਰਾਂ ਦੀ ਮੀਟਿੰਗ ਦੌਰਾਨ ਕਹੀਆਂ। ਲੋਕ ਸਭਾ ਚੋਣਾਂ ਸੰਬੰਧੀ ਪਾਰਟੀ ਦਫਤਰ ਵਿਖੇ ਕੀਤਾ। ਮੀਟਿੰਗ ਵਿੱਚ ਵੱਡੀ ਗਿਣਤੀ 'ਚ ਪੁੱਜੇ 'ਆਪ' ਵਰਕਰਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੌਂਦ ਨੇ ਇੱਕ ਵਾਰ ਫਿਰ ਲੋਕ ਸਭਾ ਚੋਣਾਂ ਦੀ ਚੁਣੌਤੀ ਬਾਰੇ ਦੱਸਿਆ ਅਤੇ ਦੇਸ਼ ਤੇ ਸੂਬੇ ਦੇ ਹਿੱਤ ਵਿੱਚ ਡਟਣ ਲਈ ਪ੍ਰੇਰਿਆ। ਵਿਧਾਇਕ ਸੌਂਦ ਨੇ ਕਿਹਾ ਕਿ ਜਦੋਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕ ਸਭਾ ਮੈਂਬਰ ਸਨ ਤਾਂ ਉਹ ਆਮ ਆਦਮੀ ਪਾਰਟੀ ਤੇ ਜਨਤਾ ਦੀ ਆਵਾਜ਼ ਬਣੇ, ਪਾਰਟੀ ਦੇ ਇਕਲੌਤੇ ਲੋਕ ਸਭਾ ਮੈਂਬਰ ਹੋਣ ਦੇ ਬਾਵਜੂਦ ਉਨ੍ਹਾਂ ਨੇ ਜਨਤਾ ਦਾ ਪੱਖ ਬੁਲੰਦ ਆਵਾਜ਼ ਵਿੱਚ ਪੇਸ਼ ਕੀਤਾ, ਜਿਸ ਕਾਰਨ ਪੰਜਾਬ ਦੇ ਲੋਕਾਂ ਨੇ 'ਆਪ' ਨੂੰ ਥੰਮਸ ਅੱਪ ਦਿੱਤਾ ਹੈ। ਅੱਜ ਉਹ ਸਮਾਂ ਹੈ, ਜਦੋਂ ਦਰਜਨਾਂ ਸੰਸਦ ਮੈਂਬਰ ਲੋਕ ਸਭਾ ਵਿੱਚ ਪਹੁੰਚ ਕੇ ਲੋਕਾਂ ਦੀ ਆਵਾਜ਼ ਬਣ ਸਕਦੇ ਹਨ। ਵਿਧਾਇਕ ਸੌਂਦ ਨੇ 'ਆਪ' ਵਰਕਰਾਂ ਦੀ ਹੌਸਲਾ ਅਫਜ਼ਾਈ ਕੀਤੀ, ਉਨ੍ਹਾਂ ਨੂੰ ਸੇਧ ਦਿੱਤੀ ਤੇ ਸ੍ਰੀ ਫਤਹਿਗੜ੍ਹ ਸਾਹਿਬ ਲੋਕ ਸਭਾ ਤੋਂ ਪਾਰਟੀ ਉਮੀਦਵਾਰ ਗੁਰਪ੍ਰੀਤ ਸਿੰਘ ਜੀ ਪੀ ਨੂੰ ਵੱਡੇ ਫਰਕ ਨਾਲ ਜਿਤਾਉਣ ਦਾ ਟੀਚਾ ਪੂਰਾ ਕਰਨ ਲਈ ਪ੍ਰੇਰਿਤ ਕੀਤਾ। ਵਿਧਾਇਕ ਸੌਂਦ ਦੀ ਆਵਾਜ਼ ਬੁਲੰਦ ਕਰਦਿਆਂ ਹਾਜ਼ਰ ਵਰਕਰਾਂ ਨੇ ਵੀ ਉਨ੍ਹਾਂ ਦਾ ਦੋਵੇਂ ਹੱਥਾਂ ਨਾਲ ਸਮਰਥਨ ਕੀਤਾ ਤੇ ਲੋਕ ਸਭਾ ਚੋਣਾਂ ਤੱਕ ਦਿਨ-ਰਾਤ ਮਿਹਨਤ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਕੌਂਸਲਰ ਜਤਿੰਦਰ ਪਾਠਕ, ਕੌਂਸਲਰ ਸੁਰਿੰਦਰ ਬਾਵਾ, ਕੌਂਸਲਰ ਵਿੱਕੀ ਮਸਾਲ, ਕੌਂਸਲਰ ਧਰਮਜੀਤ ਸਿੰਘ, ਕੌਂਸਲਰ ਪੱਤੀ ਮੱਖਣ ਸਿੰਘ, ਇੰਟੈਲੀਜੈਂਸ ਸੈੱਲ ਦੇ ਮੁਖੀ ਅਮਰਦੀਪ ਸਿੰਘ ਪੁਰੇਵਾਲ, ਵਪਾਰ ਸੈੱਲ ਦੇ ਮੁਖੀ ਕਰੁਣ ਅਰੋੜਾ, ਜਗਤਾਰ ਸਿੰਘ ਗਿੱਲ, ਮਾਸਟਰ ਅਵਤਾਰ ਸਿੰਘ, ਪੀ ਏ ਮਹੇਸ਼ ਕੁਮਾਰ, ਡਾ. ਅਵਤਾਰ ਸਿੰਘ ਮਾਨ, ਜਨਰਲ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਕੁਮਾਰ ਕਿੱਟੂ, ਪੂਰਨ ਚੰਦ ਆਦਿ ਹਾਜ਼ਰ ਸਨ।

# ਜਥੇਦਾਰ ਖੁੱਡੀਆਂ ਦੇ ਹੱਕ 'ਚ ਲਹਿਰਾ ਧੂਰਕੋਟ 'ਚ ਨੁੱਕੜ ਮੀਟਿੰਗ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਲੋਕ ਸਭਾ ਹਲਕਾ ਬਠਿੰਡਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਦੇ ਹੱਕ ਵਿੱਚ ਉਨ੍ਹਾਂ ਦੇ ਪੁੱਤਰ ਸੁਮੀਤ ਖੁੱਡੀਆਂ ਨੇ ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਦੌਰੇ ਦੌਰਾਨ ਪਿੰਡ ਲਹਿਰਾ ਧੂਰਕੋਟ ਵਿਖੇ ਖੂਹ ਵਾਲੀ ਸੱਥ ਵਿੱਚ ਨੁੱਕੜ ਮੀਟਿੰਗ ਕੀਤੀ। ਇਸ ਮੌਕੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਭਗਵੰਤ ਮਾਨ ਸਰਕਾਰ ਨੇ ਸੂਬਾ ਵਾਸੀਆਂ ਦੀ ਭਲਾਈ ਲਈ ਉਹ ਕੰਮ ਕੀਤੇ ਹਨ, ਜੋ ਰਵਾਇਤੀ ਪਾਰਟੀਆਂ ਦੀਆਂ ਬਦਲ-ਬਦਲ ਕੇ ਆਉਂਦੀਆਂ ਰਹੀਆਂ ਸਰਕਾਰਾਂ ਦੇ ਸ਼ਾਸਨ ਦੌਰਾਨ ਲੋਕਾਂ ਨੂੰ ਚਿੱਤ ਚੇਤੇ ਵੀ ਨਹੀਂ ਸਨ। ਰਵਾਇਤੀ ਪਾਰਟੀਆਂ ਨੇ ਲੋਕਾਂ ਨੂੰ ਗੁੰਮਰਾਹ ਕਰਨ ਤੋਂ ਸਿਵਾਏ ਕੁੱਝ ਨਹੀਂ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਆਪ ਸਰਕਾਰ ਦੇ ਆਉਂਦਿਆਂ ਪਹਿਲੇ ਸਾਲ ਵਿੱਚ ਹੀ ਹਜ਼ਾਰਾਂ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ। ਸੁਮੀਤ ਖੁੱਡੀਆਂ ਨੇ ਲੋਕਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਸਾਰਥਕ ਹੱਲ ਤੇ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਲਈ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੂੰ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਣ ਦੀ ਅਪੀਲ ਕੀਤੀ।

ਇਸ ਮੌਕੇ ਬਲਾਕ ਆਗੂ ਰਿੰਕੂ ਸ਼ਰਮਾ, ਸਰਬਜੀਤ ਸਿੰਘ ਮਾਹਲ, ਰਾਜਵਿੰਦਰ ਸਿੰਘ ਰਾਜੂ, ਗੋਰਾ ਮਾਹਲ, ਸੁਮਨਪ੍ਰੀਤ ਕੌਰ ਤੇ ਸੁਖਪਾਲ ਸਿੰਘ ਲਹਿਰਾ ਸਮੇਤ ਹੋਰ ਲੋਕ ਹਾਜ਼ਰ ਸਨ।

# ਗੋਲੀ ਮਾਰ ਕੇ ਨਕਦੀ ਖੋਹਣ ਦੇ ਮਾਮਲੇ 'ਚ ਨਾਮਜ਼ਦ ਤਿੰਨੋਂ ਵਿਅਕਤੀ ਅਦਾਲਤ ਵੱਲੋਂ ਬਰੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੰਡੀ ਗੋਬਿੰਦਗੜ੍ਹ ਵਿਖੇ ਇੱਕ ਫਰਮ ਦੇ ਕਰਮਚਾਰੀ ਨੂੰ ਗੋਲੀ ਮਾਰ ਕੇ ਜ਼ਖ਼ਮੀ ਕਰਨ ਉਪਰੰਤ ਉਸ ਤੋਂ ਨਕਦੀ ਵਾਲਾ ਬੈਗ ਖੋਹ ਲੈ ਜਾਣ ਦੇ ਕਥਿਤ ਮਾਮਲੇ 'ਚ ਨਾਮਜ਼ਦ ਕੀਤੇ ਗਏ ਤਿੰਨ ਵਿਅਕਤੀਆਂ ਨੂੰ ਅਦਾਲਤ ਵੱਲੋਂ ਬਰੀ ਕਰ ਦਿੱਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਮਿਤੀ 27/6/22 ਨੂੰ ਅ/ਧ 307,397,34 ਆਈ.ਪੀ.ਸੀ. ਤੇ ਅਸਲਾ ਐਕਟ ਦੀ ਧਾਰਾ 25/27/54/59 ਤਹਿਤ ਦਰਜ ਕੀਤੇ ਗਏ ਮੁਕੱਦਮੇ ਦੀ ਤਫਤੀਸ਼ ਦੌਰਾਨ ਐਂਟੀ ਨਾਰਕੋਟਿਕ-ਕਮ-ਸਪੈਸ਼ਲ ਆਪ੍ਰੇਸ਼ਨ ਸੈੱਲ ਰੂਪਨਗਰ ਐਟ ਮੋਹਾਲੀ ਦੀ ਟੀਮ ਤੇ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਇਸ ਕੇਸ 'ਚ ਜਗਮੇਲ ਸਿੰਘ ਉਰਫ ਬੱਬੂ ਵਾਸੀ ਪਿੰਡ ਅਕੋਟ (ਪਟਿਆਲਾ), ਬਿਕਰਮਜੀਤ ਸਿੰਘ ਉਰਫ ਗੋਗੀ ਵਾਸੀ ਅਸਮਾਨਪੁਰ (ਪਟਿਆਲਾ) ਤੇ ਅਮਰੀਕ ਸਿੰਘ ਵਾਸੀ ਪਿੰਡ ਬੀਹਾਲ (ਪਟਿਆਲਾ) ਨੂੰ ਗ੍ਰਿਫਤਾਰ ਕਰਕੇ .32 ਬੋਰ ਦਾ ਇੱਕ ਰਿਵਲਾਵਰ, ਜ਼ਿੰਦਾ ਰੌਂਦ ਤੇ ਨਕਦੀ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਸੀ। ਮਾਮਲੇ ਦੀ ਚੱਲੀ ਸੁਣਵਾਈ ਦੌਰਾਨ ਸ਼ਿਕਾਇਤਕਰਤਾ ਪਰਮਿੰਦਰ ਸਿੰਘ ਨੇ ਪੁਲਸ ਵੱਲੋਂ ਕੇਸ 'ਚ ਗ੍ਰਿਫਤਾਰ ਕੀਤੇ ਗਏ ਤਿੰਨੋਂ ਵਿਅਕਤੀਆਂ ਨੂੰ ਅਦਾਲਤ 'ਚ ਇਹ ਕਹਿੰਦੇ ਹੋਏ ਪਹਿਚਾਨਣ ਤੋਂ ਇਨਕਾਰ ਕਰ ਦਿੱਤਾ ਕਿ ਅਦਾਲਤ 'ਚ ਖੜੇ ਵਿਅਕਤੀ ਉਹ ਨਹੀਂ ਹਨ, ਜਿਨ੍ਹਾਂ ਨੇ ਵਾਰਦਾਤ ਨੂੰ ਅੰਜਾਮ ਦਿੱਤਾ ਸੀ। ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਐਡੀਸ਼ਨਲ ਸੈਸ਼ਨਜ਼ ਜੱਜ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਜਗਮੇਲ ਸਿੰਘ ਉਰਫ ਬੱਬੂ, ਬਿਕਰਮਜੀਤ ਸਿੰਘ ਉਰਫ ਗੋਗੀ ਤੇ ਅਮਰੀਕ ਸਿੰਘ ਨੂੰ ਮਾਮਲੇ 'ਚ ਸ਼ੱਕ ਦਾ ਲਾਭ ਦਿੰਦੇ ਹੋਏ ਮੁਕੱਦਮੇ 'ਚੋਂ ਬਰੀ ਕੀਤੇ ਜਾਣ ਦਾ ਹੁਕਮ ਸੁਣਾਇਆ।

# ਡਾ. ਦਈਆ ਨੇ ਡਾ. ਬਲਬੀਰ ਸਿੰਘ ਦੇ ਹੱਕ 'ਚ ਚੋਣ ਪ੍ਰਚਾਰ ਭਖਾਇਆ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਆਮ ਆਦਮੀ ਪਾਰਟੀ ਦੇ ਐੱਸ ਸੀ ਵਿੰਗ ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਦਈਆ ਵੱਲੋਂ ਨੇੜਲੇ ਪਿੰਡ ਖੱਤਰੀਵਾਲਾ ਤੇ ਨਾਲ ਲੱਗਦੇ ਡੇਰਿਆਂ 'ਚ ਲੋਕ ਸਭਾ ਹਲਕਾ ਪਟਿਆਲਾ ਤੋਂ ਉਮੀਦਵਾਰ ਡਾ. ਬਲਬੀਰ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਭਖਾਇਆ ਗਿਆ। ਇਸ ਮੌਕੇ ਉਨ੍ਹਾ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋ ਰਹੇ ਸਰਬਪੱਖੀ ਵਿਕਾਸ ਦੇ ਨਾਮ 'ਤੇ ਪੰਜਾਬ ਦੀਆਂ 13 ਦੀਆਂ 13 ਸੀਟਾਂ 'ਤੇ ਆਦਮੀ ਪਾਰਟੀ ਦੇ ਹੱਕ ਵਿੱਚ ਜੇਤੂ ਫਤਵਾ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਖੁਸ਼ਹਾਲ ਰਾਜ ਤੋਂ ਖੁਸ਼ ਹਨ ਅਤੇ ਵਿਰੋਧੀ ਪਾਰਟੀ ਦੇ ਉਮੀਦਵਾਰਾਂ ਨੂੰ ਇਨ੍ਹਾਂ ਲੋਕ ਸਭਾ ਚੋਣਾਂ ਵਿੱਚ ਸਬਕ ਸਿਖਾਉਣਗੇ। ਇਸ ਮੌਕੇ ਹੇਮ ਰਾਜ ਚੁੱਪਕੀ, ਸੈਂਕੀ ਗਿੱਲ ਸਮੇਤ ਹੋਰ ਆਗੂ ਹਾਜ਼ਰ ਸਨ।

# ਆਪ ਸਰਕਾਰ ਨੇ ਪੇਂਡੂ ਸਿਹਤ ਸੰਭਾਲ ਸੇਵਾਵਾਂ ਤਬਾਹ ਕੀਤੀਆਂ : ਸੁਖਬੀਰ ਬਾਦਲ



ਬਠਿੰਡਾ (ਪਰਵਿੰਦਰ ਜੀਤ ਸਿੰਘ)

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਪੇਂਡੂ ਸਿਹਤ ਕੇਂਦਰਾਂ ਵਿੱਚੋਂ ਸਟਾਫ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਤਬਦੀਲ ਕਰ ਕੇ ਇਨ੍ਹਾਂ ਕੇਂਦਰਾਂ ਨੂੰ ਤਬਾਹ ਕਰ ਦਿੱਤਾ ਹੈ, ਜਦੋਂਕਿ ਆਪ ਕਲੀਨਿਕ ਪੰਜਾਬੀਆਂ ਨੂੰ ਲੋੜੀਂਦੀਆਂ ਸਿਹਤ ਸੰਭਾਲ ਸਹੂਲਤਾਂ ਦੇਣ ਵਿੱਚ ਨਾਕਾਮ ਰਹੇ ਹਨ। ਅਕਾਲੀ ਦਲ ਦੇ ਪ੍ਰਧਾਨ, ਜਿਨ੍ਹਾਂ ਨੇ ਸੰਗਤ, ਭੁੱਚੋ ਤੇ ਗੋਨਿਆਣਾ ਮੰਡੀ ਵਿੱਚ ਲੋਕਾਂ ਨਾਲ ਗੱਲਬਾਤ ਕੀਤੀ, ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਆਮ ਆਦਮੀ ਕਲੀਨਿਕ ਵਿੱਚ ਆਮ ਦਵਾਈਆਂ ਵੀ ਉਪਲਬਧ ਨਹੀਂ ਹਨ। ਉਨ੍ਹਾ ਕਿਹਾ ਕਿ ਆਪ ਸਰਕਾਰ ਹਸਪਤਾਲਾਂ ਵਿੱਚ ਸੁਪਰ ਸਪੈਸ਼ਲਟੀ ਸਿਹਤ ਸੇਵਾਵਾਂ ਤੇ ਸੂਬੇ ਵਿੱਚ 16 ਮੈਡੀਕਲ ਕਾਲਜ ਸਥਾਪਤ ਕਰਨ ਦੀ ਗੱਲ ਕਰਦੀ ਸੀ, ਪਰ ਇਹ ਲੋਕਾਂ ਨੂੰ ਆਮ ਦਵਾਈਆਂ ਦੇਣ ਵਾਸਤੇ ਛੋਟੇ ਕਲੀਨਿਕ ਸਥਾਪਤ ਕਰਨ ਵਿੱਚ ਵੀ ਨਾਕਾਮ ਰਹੀ ਹੈ। ਸੁਖਬੀਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕਲੀਨਿਕ ਸਥਾਪਤ ਕਰਨ 'ਤੇ ਸੈਂਕੜੇ ਕਰੋੜ ਰੁਪਏ ਖਰਚ ਕੀਤੇ ਗਏ। ਉਨ੍ਹਾ ਕਿਹਾ ਕਿ ਇਹ ਵੀ ਆਬਕਾਰੀ ਘੁਟਾਲੇ ਵਾਂਗੂ ਹੀ ਇੱਕ ਘੁਟਾਲਾ ਹੈ ਤੇ ਅਕਾਲੀ ਦਲ ਦੇ ਸੱਤਾ ਵਿੱਚ ਆਉਣ 'ਤੇ ਇਹ ਸਾਬਿਤ ਕੀਤਾ ਜਾਵੇਗਾ ਤੇ ਉਪਰੋਂ ਹੇਠਾਂ ਤੱਕ ਸਾਰੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣਗੀਆਂ। ਇਸ ਦੌਰਾਨ ਪ੍ਰਕਾਸ਼ ਭੱਟੀ, ਮੋਹਿਤ ਗੁਪਤਾ, ਬਲਕਾਰ ਬਰਾੜ, ਜਗਸੀਰ ਕਲਿਆਣ ਤੇ ਮਾਨ ਸਿੰਘ ਗੁਰੂ ਵੀ ਅਕਾਲੀ ਦਲ ਦੇ ਪ੍ਰਧਾਨ ਦੇ ਨਾਲ ਮੌਜੂਦ ਸਨ।

# ਉਮੀਦਵਾਰਾਂ ਤੋਂ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਕਾਨੂੰਨੀ ਮਾਨਤਾ ਬਾਰੇ ਪੁੱਛਣਗੇ ਸਵਾਲ : ਸੂਬਾ ਆਗੂ

ਮਾਨਸਾ (ਆਤਮਾ ਸਿੰਘ ਪਮਾਰ)-ਮੈਡੀਕਲ ਪ੍ਰੈਕਟੀਸ਼ਨਰ ਅਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਸਕੱਤਰ ਗੁਰਮੇਲ ਸਿੰਘ ਮਾਛੀਕੇ, ਸੂਬਾ ਕੈਸ਼ੀਅਰ ਐੱਚ ਐੱਸ ਰਾਣੂ, ਸੂਬਾ ਚੇਅਰਮੈਨ ਡਾ. ਦਿਲਦਾਰ ਸਿੰਘ ਚਹਿਲ, ਸੂਬਾ ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ, ਸੂਬਾ ਐਡਵਾਈਜ਼ਰ ਜਸਵਿੰਦਰ ਸਿੰਘ ਨੇ ਕਿਹਾ ਕਿ ਅੱਜ ਜਦੋਂ ਲੋਕ ਸਭਾ ਦੀਆਂ ਚੋਣਾਂ ਨੂੰ ਲੈ ਕੇ ਵੱਖ ਵੱਖ ਸਿਆਸੀ ਪਾਰਟੀਆਂ ਚੋਣ ਮੈਦਾਨ ਵਿੱਚ ਹਨ ਤੇ ਲੋਕਾਂ ਨੂੰ ਲੁਭਾਊ ਨਾਅਰਿਆਂ ਰਾਹੀਂ ਗੁੰਮਰਾਹ ਕਰ ਰਹੀਆਂ ਹਨ। ਵੱਖ ਵੱਖ ਪਾਰਟੀਆਂ ਦੇ ਲੀਡਰ ਟਿਕਟ ਨਾ ਮਿਲਣ ਕਾਰਨ ਇਧਰ ਉਧਰ ਡੱਡੂ ਟਪੂਸੀਆਂ ਮਾਰ ਰਹੇ ਹਨ। ਇਨ੍ਹਾਂ ਸਭਨਾਂ ਦਾ ਲੋਕ ਵਿਰੋਧੀ ਚਿਹਰਾ ਜਨਤਕ ਜਥੇਬੰਦੀਆਂ ਵੱਲੋਂ ਲੋਕ ਸੱਥਾਂ ਵਿੱਚ ਲੀਰੋ ਲੀਰ ਕੀਤਾ ਜਾ ਰਿਹਾ ਹੈ ਤਾਂ ਇਸ ਸਮੇਂ ਮੈਡੀਕਲ ਪ੍ਰੈਕਟੀਸ਼ਨਰਜ਼ ਅਸੋਸੀਏਸ਼ਨ ਪੰਜਾਬ ਵੱਲੋਂ ਵੀ ਆਪਣੀ ਕਾਨੂੰਨੀ ਮਾਨਤਾ ਦੇਣ ਦੀ ਮੰਗ ਸਬੰਧੀ ਸ਼ਾਂਤਮਈ ਢੰਗ ਨਾਲ ਸਵਾਲ ਕੀਤੇ ਜਾਣਗੇ। ਉਨ੍ਹਾ ਕਿਹਾ ਕਿ ਸਾਡੀ ਜਥੇਬੰਦੀ ਪਿਛਲੇ 25 ਸਾਲਾਂ ਤੋਂ ਲਗਾਤਾਰ ਪਿੰਡਾਂ ਤੇ ਸ਼ਹਿਰੀ ਗਰੀਬ ਬਸਤੀਆਂ ਵਿੱਚ 50 ਸਾਲਾਂ ਤੋਂ ਦਿਨ-ਰਾਤ ਸਸਤੀਆਂ ਤੇ ਮੁੱਢਲੀਆਂ ਸਿਹਤ ਸੇਵਾਵਾਂ 24 ਘੰਟੇ ਦੇ ਰਹੇ ਹਨ। ਲੋਕ ਉਨ੍ਹਾਂ ਦੁਆਰਾ ਦਿੱਤੀਆਂ ਸਿਹਤ ਸੇਵਾਵਾਂ ਤੋਂ ਸੰਤੁਸ਼ਟ ਵੀ ਹਨ। ਪੰਜਾਬ ਅੰਦਰ ਵੱਖ ਵੱਖ ਸਮੇਂ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਵੱਲੋਂ ਚੋਣ ਮੈਨੀਫੈਸਟੋ ਵਿੱਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੰਗ ਨੂੰ ਪਾਇਆ ਗਿਆ, ਪਰ ਲਾਗੂ ਕਰਨ ਤੋਂ ਪੂਰੀ ਤਰ੍ਹਾਂ ਪਾਸਾ ਵੱਟੀ ਰੱਖਿਆ ਗਿਆ। ਉਨ੍ਹਾਂ ਪੰਜਾਬ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸੂਬਾ ਕਮੇਟੀ ਦੇ ਫੈਸਲੇ ਨੂੰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਨੇਪਰੇ ਚਾੜ੍ਹਨ ਦੀ ਅਪੀਲ ਕੀਤੀ।

# ਬਿਸ਼ਪ ਐਗਨੈਲੋ ਨੇ ਕਲੀਸੀਆਂ ਨੂੰ ਮਸੀਹ ਸਿੱਖਿਆਵਾਂ ਬਾਰੇ ਦਿੱਤੀ ਜਾਣਕਾਰੀ



ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਬੀਤੇ ਦਿਨੀਂ ਸੇਂਟ ਮੈਰੀ ਕੈਥੋਲਿਕ ਚਰਚ ਫ਼ਰੀਦਕੋਟ ਵਿਖੇ ਡਾਇਸਸ ਆਫ ਜਲੰਧਰ ਤੋਂ ਉਚੇਚੇ ਤੌਰ 'ਤੇ ਬਿਸ਼ਪ ਐਗਨੈਲੋ ਰਫੀਨੋ ਗਰੇਸਿਸ ਨੇ ਪਹੁੰਚ ਕੇ ਕਲਿਸੀਆਂ ਨੂੰ ਮਸੀਹ ਸਿੱਖਿਆਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦਾ ਫਰੀਦਕੋਟ ਚਰਚ ਦੇ ਫਾਦਰ ਸਾਹਿਬਾਨਾਂ ਤੇ ਸਮੂਹ ਕੈਥੋਲਿਕ ਕਲਿਸੀਆ ਨੇ ਚਰਚ ਵਿਖੇ ਸਵਾਗਤ ਕੀਤਾ।

ਇਸ ਮੌਕੇ ਬਿਸ਼ਪ ਐਗਨੈਲੋ ਰਫੀਨੋ ਗਰੇਸਿਸ ਨੇ ਸਮੂਹ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਕਲਿਸੀਆਵਾਂ ਨੂੰ ਪ੍ਰਮਾਤਮਾ ਦੀ ਭਗਤੀ 'ਚ ਲੀਨ ਹੋ ਕੇ ਆਪਣੇ ਆਪ ਨੂੰ ਮਜ਼ਬੂਤ ਬਣਾਉਣ ਦੀ ਲੋੜ ਹੈ, ਤਾਂਕਿ ਅਸੀਂ ਆਪਣੀ ਜ਼ਿੰਦਗੀ ਦੀ ਹਰ ਔਖੀ ਘੜੀ 'ਚ ਪ੍ਰਭੂ ਦੇ ਪ੍ਰੇਮ ਦਾ ਲਾਭ ਪ੍ਰਾਪਤ ਕਰਕੇ ਆਪਣੀ ਰੋਜ਼ਮਰ੍ਹਾ ਦੀ ਜ਼ਿੰਦਗੀ ਦੇ ਸਹੀ ਫੈਸਲੇ ਕਰ ਸਕੀਏ ਅਤੇ ਸਮੁੱਚੇ ਸਮਾਜ ਦੇ ਭਲੇ ਬਾਰੇ ਸੋਚ ਸਕੀਏ।ਉਨ੍ਹਾ ਇਕੱਤਰ ਸਮੂਹ ਸੰਗਤ ਨੂੰ ਇਸਕਤਲਾਲ ਦੀ ਸਾਕਰਾਮੈਂਟ ਤੇ ਪਾਕ ਸ਼ਰਾਕਤ ਦੀ ਰਸਮ ਅਦਾ ਕਰਵਾਈ ਗਈ।

ਇਸ ਮੌਕੇ ਫਾਦਰ ਸਿਲਵੀਨੋਜ, ਫਾਦਰ ਸਨੀ, ਫਾਦਰ ਬੈਨੀ, ਫਾਦਰ ਦੀਪਕ, ਬਾਬੂ ਵਾਲਟਰ, ਬਾਬੂ ਅਨਿਲ ਮਸੀਹ, ਪ੍ਰੇਮ ਮਸੀਹ, ਅਸ਼ੋਕ ਕੁਮਾਰ ਐੱਮ.ਸੀ. ਚੰਨਾ ਸੰਧੂ, ਸੋਹਣ ਲਾਲ, ਜੋਸਫ, ਵਿਲਬਰ ਜੌਨ, ਲੱਕੀ, ਜੌਹਨਸਨ, ਸਨੀ ਰੌਬਰਟ ਬਲਬੀਰ, ਨਾਨਕ, ਐਂਥਨੀ ਜੋਏ, ਹਰਜਿੰਦਰ ਲਾਲ, ਸਿਵਨਾਥ ਦਰਦੀ, ਜੋਗਿੰਦਰ ਸਿੰਘ, ਰਾਜੂ, ਜੋਏ, ਜੇ.ਬੀ. ਕਰਨ, ਵੀਰਪਾਲ, ਲਵਜੀਤ ਭੱਟੀ, ਸਾਈਮਨ ਮਸੀਹ, ਅਰਮਾਨ, ਅਮਨ, ਗੁਰਮੀਤ ਸਿੰਘ, ਮੋਹਿਤ ਹਰਮਨ ਭੱਟੀ, ਮਾਈਕਲ ਜੌਨ, ਰਮਨ ਭੱਟੀ, ਅਭਿਸ਼ੇਕ, ਅਸੀਸ, ਮਰੀਅਮ ਸੈਨਾ ਸੋਨੀਆ, ਬਲਵਿੰਦਰ ਕੌਰ, ਅਰੂਨਾ, ਰਾਜ ਰਾਣੀ, ਹਰਬੰਸ ਕੌਰ, ਮਨਦੀਪ, ਗੁਰਵਿੰਦਰ ਕੌਰ, ਮਮਤਾ, ਰੂਨਾ ਰਾਣੀ, ਰਜੀਆ, ਆਸਾ ਰਾਣੀ ਆਦਿ ਹਾਜ਼ਰ ਸਨ।

# ਰਣਜੀਤ ਸਿੰਘ ਢਿੱਲੋਂ ਦਾ ਗੁਰਦੁਆਰਾ ਕਮੇਟੀਆਂ ਵੱਲੋਂ ਸਨਮਾਨ

## ਢਿੱਲੋਂ ਦੀ ਚੋਣ ਮੁਹਿੰਮ ਲਈ ਦਿਨ-ਰਾਤ ਇਕ ਕੀਤਾ ਜਾਵੇਗਾ : ਮਿੱਕੀ ਭੰਡਾਰੀ



ਜਗਰਾਉਂ (ਸੰਜੀਵ ਅਰੋੜਾ)-ਲੋਕ ਸਭਾ ਹਲਕਾ ਲੁਧਿਆਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਦਾ ਜਗਰਾਉਂ ਦੇ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਸਨਮਾਨ ਕੀਤਾ। ਇਸ ਮੌਕੇ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਤੋਂ ਜਨਰਲ ਸਕੱਤਰ ਹਰਦੇਵ ਸਿੰਘ ਬੌਬੀ, ਸਲਾਹਕਾਰ ਦੀਪਇੰਦਰ ਸਿੰਘ ਭੰਡਾਰੀ, ਗਗਨਦੀਪ ਸਿੰਘ ਸਰਨਾ ਤੇ ਰਵਿੰਦਰਪਾਲ ਸਿੰਘ ਮੈਦ, ਗੁਰਦੁਆਰਾ ਗੁਰੂ ਰਾਮਦਾਸ ਸਾਹਿਬ ਤੋਂ ਅਮਰੀਕ ਸਿੰਘ ਚਾਵਲਾ, ਗੁਰਦੁਆਰਾ ਮਾਈ ਦਾ ਤੋਂ ਪ੍ਰਧਾਨ ਪ੍ਰਤਾਪ ਸਿੰਘ, ਗੁਰਦੁਆਰਾ ਭਜਨਗੜ੍ਹ ਸਾਹਿਬ ਤੋਂ ਇਸ਼ਟਪ੍ਰੀਤ ਸਿੰਘ ਤੇ ਜਨਪ੍ਰੀਤ ਸਿੰਘ ਅਤੇ ਗੁਰਦੁਆਰਾ ਸਿੰਘ ਸਭਾ ਤੋਂ ਗੁਰਸ਼ਰਨ ਸਿੰਘ ਮਿਗਲਾਨੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਨੇ ਜਗਰਾਉਂ ਦੀਆਂ ਧਾਰਮਿਕ ਸ਼ਖ਼ਸੀਅਤਾਂ ਦਾ ਸਨਮਾਨ ਕਰਨ 'ਤੇ ਧੰਨਵਾਦ ਕੀਤਾ ਤੇ ਆਖਿਆ ਕਿ ਪਾਰਟੀ ਨੇ ਮੈਨੂੰ ਜਿਹੜੀ ਜ਼ਿੰਮੇਵਾਰੀ ਸੌਂਪੀ ਹੈ, ਉਸ ਲਈ ਤੁਹਾਡੇ ਸਾਥ ਦੀ ਲੋੜ ਹੈ। ਇਸ ਮੌਕੇ ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ ਤੇ ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ ਨੇ ਸ. ਢਿੱਲੋਂ ਨੂੰ ਵਿਸ਼ਵਾਸ ਦੁਆਇਆ ਕਿ ਤੁਹਾਡੀ ਜਿੱਤ ਲਈ ਦਿਨ-ਰਾਤ ਇਕ ਕੀਤਾ ਜਾਵੇਗਾ। ਇਸ ਮੌਕੇ ਹਲਕਾ ਇੰਚਾਰਜ ਐੱਸ. ਆਰ. ਕਲੇਰ, ਸਾਬਕਾ ਵਿਧਾਇਕ ਭਾਗ ਸਿੰਘ ਮੱਲ੍ਹਾ, ਅਕਾਲੀ ਦਲ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਪ੍ਰਧਾਨ ਬਿੰਦਰ ਸਿੰਘ ਮਨੀਲਾ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਇਸ਼ਟਪ੍ਰੀਤ ਸਿੰਘ ਜਗਰਾਉਂ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਅਕਾਲੀ ਦਲ ਦੇ ਵਰਕਰ ਹਾਜ਼ਰ ਸਨ।

# ਭਾਜਪਾ 200 ਤੋਂ ਵੱਧ ਦਾ ਅੰਕੜਾ ਪਾਰ ਨਹੀਂ ਕਰ ਸਕੇਗੀ : ਅਮਰ ਸਿੰਘ



ਖਾਨਪੁਰ ਵਿਖੇ ਚੋਣ ਪ੍ਰਚਾਰ ਦੌਰਾਨ ਵਰਕਰਾਂ ਨਾਲ ਦਿਖਾਈ ਦੇ ਰਹੇ ਡਾ. ਅਮਰ ਸਿੰਘ, ਵਿਕਰਮ ਸਿੰਘ ਬਾਜਵਾ, ਸ਼ਕਤੀ ਆਨੰਦ ਤੇ ਹੋਰ।

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਕਾਂਗਰਸ ਦੇ ਉਮੀਦਵਾਰ ਡਾ. ਅਮਰ ਸਿੰਘ ਹਲਕਾ ਸਾਹਨੇਵਾਲ ਦੇ ਪਿੰਡ ਖਾਨਪੁਰ ਵਿਖੇ ਚੋਣ ਪ੍ਰਚਾਰ ਲਈ ਪੁੱਜੇ, ਜਿੱਥੇ ਉਨ੍ਹਾ ਆਪਣੇ ਪੰਜ ਸਾਲ ਦੀਆਂ ਪ੍ਰਾਪਤੀਆਂ ਦੱਸੀਆਂ, ਉਥੇ ਉਨ੍ਹਾਂ ਨੇ ਆਪ ਉਮੀਦਵਾਰ ਜੀ ਪੀ ਸਿੰਘ ਤੇ ਭਾਜਪਾ 'ਤੇ ਤਿੱਖੇ ਹਮਲੇ ਕੀਤੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਉਨ੍ਹਾ ਦਾ ਵਿਰੋਧੀ ਆਮ ਆਦਮੀ ਪਾਰਟੀ ਦਾ ਉਮੀਦਵਾਰ ਤਿਤਲੀਆਂ ਵਰਗਾ ਹੈ, ਜਿਸ ਨੇ 10 ਸਾਲਾਂ 'ਚ 4 ਪਾਰਟੀਆਂ ਬਦਲੀਆਂ ਅਤੇ ਹੁਣ ਆਉਣ ਵਾਲੇ ਸਮੇਂ ਵਿੱਚ ਭਾਜਪਾ ਵਿੱਚ ਵੀ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਲੋਕ ਦਲਬਦਲੂਆਂ ਨੂੰ ਮੂੰਹ ਨਹੀਂ ਲਾ ਰਹੇ, ਜਦਕਿ ਹਲਕੇ ਵਿੱਚ ਕਾਂਗਰਸ ਦੇ ਹੱਕ ਵਿੱਚ ਲੋਕਾਂ ਦਾ ਭਾਰੀ ਇਕੱਠ ਹੋ ਰਿਹਾ ਹੈ। ਡਾ. ਅਮਰ ਸਿੰਘ ਨੇ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਦੇਸ਼ ਦੀਆਂ ਪਹਿਲੇ ਗੇੜ ਦੀਆਂ ਚੋਣਾਂ ਵਿੱਚ ਹੀ ਭਾਜਪਾ ਦੇ 400 ਸੀਟਾਂ ਤੋਂ ਵੱਧ ਪ੍ਰਾਪਤ ਕਰਨ ਦੇ ਦਾਅਵੇ ਸਨ, ਉਨ੍ਹਾਂ ਦੀ ਫੂਕ ਨਿੱਕਲ ਗਈ, ਕਿਉਂਕਿ ਜੋ ਅੱਜ ਸਰਵੇ ਸਾਹਮਣੇ ਆ ਰਹੇ ਹਨ, ਉਸ ਵਿੱਚ ਭਾਜਪਾ 200 ਤੋਂ ਵੱਧ ਦਾ ਅੰਕੜਾ ਪਾਰ ਨਹੀਂ ਕਰ ਸਕੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਜੇਕਰ ਸੱਤਾ ਵਿੱਚ ਭਾਜਪਾ ਮੁੜ ਆ ਗਈ ਤਾਂ ਪੰਜਾਬ ਦੀਆਂ ਉਪਜਾਊ ਜ਼ਮੀਨਾਂ ਕਾਰਪੋਰੇਟ ਘਰਾਣਿਆਂ ਸਪੁਰਦ ਕਰ ਦੇਵੇਗੀ, ਜਿਸ ਨਾਲ ਸੂਬੇ ਦਾ ਕਿਸਾਨ ਬੇਜ਼ਮੀਨਾ ਹੋ ਜਾਵੇਗਾ। ਉਨ੍ਹਾ ਕਿਹਾ ਕਿ ਅੱਜ ਦੇਸ਼ ਨੂੰ ਭਾਜਪਾ ਤੇ ਲੁੱਟਣ ਵਾਲੇ ਕਾਰਪੋਰੇਟ ਘਰਾਣਿਆਂ ਤੋਂ ਬਚਾਉਣ ਲਈ ਕੇਂਦਰ ਵਿੱਚ ਕਾਂਗਰਸ ਦੀ ਸਰਕਾਰ ਲਿਆਉਣੀ ਜ਼ਰੂਰੀ ਹੈ, ਇਸ ਲਈ ਲੋਕ ਪਾਰਟੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣ। ਇਸ ਮੌਕੇ ਬਿੱਟੂ ਸਰਪੰਚ ਖਾਨਪੁਰ, ਐਕਡਵੋਕੇਟ ਕਪਿਲ ਆਨੰਦ, ਤਾਜਪਰਵਿੰਦਰ ਸਿੰਘ ਸੋਨੂੰ, ਸਾਬਕਾ ਕੌਂਸਲਰ ਪਰਮਜੀਤ ਪੰਮੀ ਤੋਂ ਇਲਾਵਾ ਪਿੰਡ ਵਾਸੀ ਮੌਜੂਦ ਸਨ।

# ਸੱਤਾ ਪ੍ਰਾਪਤੀ ਤੋਂ ਬਾਅਦ ਭਗਵੰਤ ਮਾਨ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਭੁੱਲੇ : ਸੇਖੋਂ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਲੋਕ ਸਭਾ ਹਲਕਾ ਸੰਗਰੂਰ ਤੋਂ ਆਜ਼ਾਦ ਉਮੀਦਵਾਰ ਵਜੋਂ ਲੜ ਰਹੇ ਸਾਬਕਾ ਡੀ.ਐੱਸ.ਪੀ. ਬਲਵਿੰਦਰ ਸਿੰਘ ਸੇਖੋਂ ਨੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡਾਂ ਕਲਾਲ ਮਾਜਰਾ, ਗਾਗੇਵਾਲ, ਧਨੇਰ, ਮੂੰਮ ਆਦਿ ਪਿੰਡਾਂ 'ਚ 5 ਚੋਣ ਮੀਟਿੰਗਾਂ ਕਰ ਕੇ ਵੋਟਰਾਂ ਤੋਂ ਸਹਿਯੋਗ ਦੀ ਮੰਗ ਕੀਤੀ।ਇਸ ਮੌਕੇ ਬੋਲਦਿਆਂ ਉਮੀਦਵਾਰ ਸੇਖੋਂ ਨੇ ਕਿਹਾ ਕਿ ਪੰਜਾਬ 'ਚ ਨਸ਼ੇ ਨਾਲ ਹੋ ਰਹੀਆਂ ਮੌਤਾਂ ਨੇ ਪੰਜਾਬ ਸਰਕਾਰ ਦੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦੇ ਦਾਅਵਿਆਂ ਦੀ ਫੂਕ ਕੱਢ ਕੇ ਰੱਖ ਦਿੱਤੀ ਹੈ।ਅਕਾਲੀ-ਭਾਜਪਾ ਤੇ ਕਾਂਗਰਸ ਦੇ ਰਾਜ ਦੌਰਾਨ ਜ਼ਹਿਰੀਲੀ ਸ਼ਰਾਬ ਨਾਲ ਹੋਈਆਂ ਮੌਤਾਂ ਸਮੇਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਸ ਸਮੇਂ ਦੀਆਂ ਸਰਕਾਰਾਂ ਨੂੰ ਇਨ੍ਹਾਂ ਮੌਤਾਂ ਦਾ ਦੋਸ਼ੀ ਆਖਿਆ ਗਿਆ ਸੀ, ਹੁਣ ਪਿੰਡ ਗੁੱਜਰਾਂ 'ਚ ਹੋਈਆਂ ਮੌਤਾਂ ਦੀ ਸਿੱਧੇ ਤੌਰ 'ਤੇ ਭਗਵੰਤ ਮਾਨ ਸਰਕਾਰ ਜ਼ਿੰਮੇਵਾਰ ਹੈ।ਉਮੀਦਵਾਰ ਸੇਖੋਂ ਨੇ ਭਗਵੰਤ ਮਾਨ ਵੱਲੋਂ ਫਸਲਾਂ 'ਤੇ ਐੱਮ.ਐੱਸ.ਪੀ. ਦੇਣ ਤੋਂ ਕੋਰੀ ਨਾਂਹ ਕੀਤੇ ਜਾਣ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਇਸੇ ਮੁੱਖ ਮੰਤਰੀ ਵੱਲੋਂ ਦਿੱਲੀ 'ਚ 'ਆਪ' ਸਰਕਾਰ ਵੱਲੋਂ ਸਵਾਮੀ ਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰ ਕੇ ਐੱਮ.ਐੱਸ.ਪੀ. ਦੇਣ ਹਵਾਲਾ ਦੇ ਕੇ ਪੰਜਾਬ 'ਚ ਐੱਮ.ਐੱਸ.ਪੀ. ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਸੱਤਾ ਪ੍ਰਾਪਤੀ ਤੋਂ ਬਾਅਦ ਉਹ ਪੰਜਾਬ ਦੇ ਭੋਲੇ ਭਾਲੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਭੁੱਲ ਗਏ।ਇਸ ਸਮੇਂ ਕਲੱਬ ਪ੍ਰਧਾਨ ਚੇਤ ਸਿੰਘ, ਮੀਤ ਪ੍ਰਧਾਨ ਰਾਜਵਿੰਦਰ ਸਿੰਘ, ਤਾਰਾ ਸਿੰਘ ਖ਼ਾਲਸਾ, ਮਨਜੀਤ ਸਿੰਘ, ਕਰਨੈਲ ਸਿੰਘ, ਰਾਜਵਿੰਦਰ ਸਿੰਘ, ਮਲਕੀਤ ਸਿੰਘ, ਜਸਵੰਤ ਸਿੰਘ, ਬਲਦੇਵ ਸਿੰਘ, ਗਗਨ ਰਾਏਸਰ, ਬੂਟਾ ਸਿੰਘ ਆਦਿ ਹਾਜ਼ਰ ਸਨ।

# ਵਿਰੋਧੀ ਪਾਰਟੀਆਂ 'ਆਪ' ਦੀ ਚੜ੍ਹਤ ਤੋਂ ਘਬਰਾ ਰਹੀਆਂ : ਈ ਟੀ ਓ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਆ ਰਹੀਆਂ ਲੋਕ ਸਭਾ ਚੋਣਾਂ ਵਿੱਚ ਵਿਰੋਧੀ ਪਾਰਟੀਆਂ ਵੱਲੋਂ ਲੋਕਾਂ ਨੂੰ ਕਈ ਤਰ੍ਹਾਂ ਦੇ ਲਾਰੇ ਲਗਾਏ ਜਾ ਰਹੇ ਹਨ ਅਤੇ ਵਿਰੋਧੀ ਪਾਰਟੀਆਂ ਆਪ ਦੀ ਚੜ੍ਹਤ ਤੋਂ ਘਬਰਾ ਕੇ ਕਈ ਤਰ੍ਹਾਂ ਦੇ ਝੂਠੇ ਲਾਰੇ ਲਾ ਰਹੀਆਂ ਹਨ ਜਦਕਿ ਇਨ੍ਹਾਂ ਪਾਰਟੀਆਂ ਨੇ ਆਪਣੇ 70 ਸਾਲ ਦੇ ਇਤਿਹਾਸ ਵਿੱਚ ਕਦੀ ਵੀ ਪੰਜਾਬ ਦੇ ਵਿਕਾਸ ਬਾਰੇ ਨਹੀਂ ਸੋਚਿਆ, ਕੇਵਲ ਭਾਈ ਭਤੀਜਾਵਾਦ ਨੂੰ ਹੀ ਬੜ੍ਹਾਵਾ ਦਿੱਤਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਵਿਰੋਧੀ ਪਾਰਟੀ ਕੇਵਲ ਝੂਠੇ ਲਾਰੇ ਹੀ ਲਾ ਰਹੀਆਂ ਹਨ ਅਤੇ ਸਾਨੂੰ ਇਨ੍ਹਾਂ ਤੋਂ ਬਚਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਦੂਜੇ ਪਾਸੇ ਆਮ ਆਦਮੀ ਪਾਰਟੀ ਨੇ ਸੱਤਾ ਸੰਭਾਲਦਿਆਂ ਹੀ ਦੋ ਸਾਲ ਦੇ ਵਿੱਚ-ਵਿੱਚ ਹੀ 45 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ, ਮੁਫਤ ਬਿਜਲੀ, ਮੁਫਤ ਬੱਸਾਂ ਦਾ ਸਫਰ ਅਤੇ ਲੋਕਾਂ ਨੂੰ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਹਨ ਜਦਕਿ ਇਹ ਵਿਰੋਧੀ ਪਾਰਟੀਆਂ ਵਾਲੇ ਝੂਠਾ ਪ੍ਰਚਾਰ ਕਰਕੇ ਹੀ ਵੋਟਾਂ ਲੈਣ ਦੀ ਚਾਹ ਵਿੱਚ ਹਨ। ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਅਸੀਂ ਆਮ ਆਦਮੀ ਪਾਰਟੀ ਨੂੰ ਮਜ਼ਬੂਤ ਕਰੀਏ ਤਾਂ ਜੋ ਪੰਜਾਬ ਦਾ ਵਿਕਾਸ ਸਹੀ ਢੰਗ ਨਾਲ ਹੋ ਸਕੇ।ਕੈਬਨਿਟ ਮੰਤਰੀ ਨੇ ਕਿਹਾ ਕਿ ਬੜੀ ਦੁੱਖ ਵਾਲੀ ਗੱਲ ਹੈ ਕਿ ਕੇਂਦਰ ਵਿੱਚ ਬੈਠੀ ਭਾਜਪਾ ਸਰਕਾਰ ਨੇ ਝੂਠੇ ਦੋਸ਼ਾਂ ਤਹਿਤ ਸਾਡੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਜੇਲ ਵਿੱਚ ਬੰਦ ਕਰ ਦਿੱਤਾ ਹੈ। ਮੋਦੀ ਸਰਕਾਰ ਨੂੰ ਕੇਜਰੀਵਾਲ ਤੋਂ ਡਰ ਲੱਗਦਾ ਹੈ ਕਿ ਉਹ ਕਿਤੇ ਕੇਂਦਰ ਦੀ ਸੱਤਾ ਵਿੱਚ ਨਾ ਆ ਜਾਵੇ। ਉਨ੍ਹਾਂ ਕਿਹਾ ਕਿ ਇਹ ਕੇਜਰੀਵਾਲ ਨੂੰ ਤਾਂ ਬੰਦ ਕਰ ਸਕਦੇ ਹਨ ਪਰ ਉਨ੍ਹਾਂ ਦੀ ਸੋਚ ਨੂੰ ਨਹੀਂ। ਈਟੀਓ ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਅਕਾਲਗੜ੍ਹ ਢਪਈਆਂ ਦੇ 50 ਤੋਂ ਵੱਧ ਪਰਿਵਾਰ ਆਪਣੇ ਸਾਥੀਆਂ ਸਮੇਤ ਰਵਾਇਤੀ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਈ ਟੀ ਓ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਇਨ੍ਹਾਂ ਦਾ ਪੂਰਾ ਬਣਦਾ ਮਾਣ ਸਤਿਕਾਰ ਕੀਤਾ ਜਾਵੇਗਾ ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਪਿਆਰ ਸਦਕਾ ਇਹ ਗੱਲ ਪੱਕੀ ਹੈ ਕਿ ਹਲਕਾ ਖਡੂਰ ਸਾਹਿਬ ਦੀ ਸੀਟ ਅਸੀਂ ਪੂਰੇ ਬਹੁਮਤ ਨਾਲ ਜਿੱਤਾਂਗੇ।

# ਕਮਿਸ਼ਨ ਏਜੰਟਾਂ ਤੇ ਟਰੱਕ ਚਾਲਕਾਂ ਵੱਲੋਂ ਸ਼ੈਲਰ ਅੱਗੇ ਰੋਸ ਧਰਨਾ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ-ਕਲਾਨੌਰ ਸਥਿਤ ਸ਼ੈਲਰ ਦੇ ਬਾਹਰ ਟਰੱਕਾਂ ਵਿੱਚੋਂ ਕਣਕ ਦੀ ਅਨਲੋਡਿੰਗ ਨਾ ਕੀਤੇ ਜਾਣ ਦੇ ਰੋਸ 'ਚ ਕਮਿਸ਼ਨ ਏਜੰਟਾਂ ਅਤੇ ਟਰੱਕ ਚਾਲਕਾਂ ਨੇ ਧਰਨਾ ਲਗਾ ਦਿੱਤਾ।ਆੜ੍ਹਤੀਆਂ ਅਤੇ ਟਰੱਕ ਚਾਲਕਾਂ ਦਾ ਦੋਸ਼ ਹੈ ਕਿ ਸ਼ੈਲਰ ਮਾਲਕ ਉਨ੍ਹਾਂ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਕਰ ਰਿਹਾ ਹੈ। ਉਹ ਆਪਣੇ ਚਹੇਤਿਆਂ ਦੀਆਂ ਗੱਡੀਆਂ ਤਾਂ ਨੂੰ ਅਨਲੋਡ ਕਰਵਾ ਰਿਹਾ ਹੈ, ਜਦਕਿ ਤਿੰਨ ਦਿਨਾਂ ਤੋਂ ਉਨ੍ਹਾਂ ਦੇ ਗਡੀਆਂ ਖਾਲੀ ਨਹੀਂ ਕੀਤੀਆਂ ਜਾ ਰਹੀਆਂ।

ਇਸ ਕਾਰਨ ਉਨ੍ਹਾਂ ਦਾ ਨੁਕਸਾਨ ਹੋ ਰਿਹਾ ਹੈ।ਟਰੱਕ ਝਲਕਾਂ ਨੇ ਦੋਸ਼ ਲਗਾਇਆ ਕਿ ਜਦੋਂ ਉਹ ਸ਼ੈਲਰ ਮਾਲਕ ਨਾਲ ਗੱਲ ਕਰਨ ਗਏ ਤਾਂ ਉਨ੍ਹਾਂ ਨਾਲ ਗਾਲੀ ਗਲੋਚ ਵੀ ਕੀਤਾ ਗਿਆ ।ਧਰਨੇ ਦੌਰਾਨ ਜ਼ਿਲਾ ਫੂਡ ਸਪਲਾਈ ਅਫਸਰ ਰਵਨੀਤ ਕੌਰ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਧਿਰਾਂ ਨੂੰ ਸਮਝਾਇਆ ਤੇ ਸਮਝੌਤਾ ਕਰਵਾ ਕੇ ਹੜਤਾਲ ਖਤਮ ਕਰਵਾਈ।ਧਰਨੇ ਵਿੱਚ ਪੁੱਜੇ ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਸੂਬਾਈ ਯੂਥ ਪ੍ਰਧਾਨ ਇੰਦਰਪਾਲ ਸਿੰਘ ਨੇ ਦੱਸਿਆ ਕਿ ਕਲਾਨੌਰ ਰੋਡ 'ਤੇ ਸਥਿਤ ਇਸ ਸ਼ੈਲਰ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਟਰੱਕਾਂ ਵਿੱਚੋਂ ਕਣਕ ਦੀ ਅਨਲੋਡਿੰਗ ਨਹੀਂ ਕੀਤੀ ਜਾ ਰਹੀ ।ਕਮਿਸ਼ਨ ਏਜੰਟ ਤਿੰਨ ਦਿਨਾਂ ਤੋਂ ਫਸਲ ਲੈ ਕੇ ਖੜ੍ਹੇ ਹਨ, ਪਰ ਕੋਈ ਸੁਣਵਾਈ ਨਹੀਂ ਹੋ ਰਹੀ।

ਖ਼ਰਾਬ ਮੌਸਮ ਕਾਰਨ ਫ਼ਸਲ ਖ਼ਰਾਬ ਹੋ ਸਕਦੀ ਹੈ ਪਰ ਕਿਸੇ ਨੂੰ ਕੋਈ ਪ੍ਰਵਾਹ ਨਹੀਂ।ਟਰੱਕ ਮਾਲਕਾਂ ਦਾ ਸਮਾਂ ਬਿਨਾਂ ਵਜ੍ਹਾ ਬਰਬਾਦ ਕੀਤਾ ਜਾ ਰਿਹਾ ਹੈ।ਮਾਮਲੇ ਵਿੱਚ ਸ਼ੈਲਰ ਮਾਲਕ ਵੱਲੋਂ ਫੋਨ ਤੇ ਗੱਲ ਤਾਂ ਕੀਤੀ ਗਈ ਪਰ ਆਪਣਾ ਪੱਖ ਰੱਖਣ ਤੋਂ ਇਨਕਾਰ ਕਰ ਦਿੱਤਾ ਗਿਆ।

ਫੂਡ ਸਪਲਾਈ ਅਫਸਰ ਰਵਨੀਤ ਕੌਰ ਨੇ ਦੱਸਿਆ ਕਿ ਸ਼ੈਲਰ ਮਾਲਕ ਨੇ ਕੰਡਾ ਬੰਦ ਕਰ ਦਿੱਤਾ ਸੀ, ਜਿਸ ਨੂੰ ਚਾਲੂ ਕਰਵਾ ਦਿੱਤਾ ਗਿਆ ਹੈ। ਗੱਡੀਆਂ ਨੂੰ ਅਨਲੋਡ ਕਰਨ ਦਾ ਕੰਮ ਵੀ ਆਪਣੀ ਵਾਰੀ ਅਨੁਸਾਰ ਸ਼ੁਰੂ ਹੋ ਗਿਆ ਹੈ।ਦੋਵਾਂ ਧਿਰਾਂ ਵਿਚਾਲੇ ਸਮਝੌਤਾ ਹੋਣ ਤੋਂ ਬਾਅਦ ਧਰਨਾ ਖਤਮ ਕਰ ਦਿੱਤਾ ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਮਨਾਇਆ ਲਿਟਲ ਸਪਰਾਊਟ ਐਕਟੀਵਿਟੀ ਡੇ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਕੂਲ ਵਿੱਚ ਵੈਜੀਟੇਬਲ ਪੇਂਟਿੰਗ ਡੇ ਮਨਾਇਆ ਗਿਆ। ਵਿਦਿਆਰਥੀਆਂ ਦੁਆਰਾ ਵਿੱਦਿਅਕ ਕਿਰਿਆਵਾਂ ਦੇ ਨਾਲ ਸਹਾਇਕ ਕਿਰਿਆਵਾਂ ਵਿੱਚ ਵੀ ਸਰਗਰਮੀ ਨਾਲ ਭਾਗ ਲਿਆ ਗਿਆ ਅਤੇ ਬਹੁਤ ਹੀ ਉਤਸ਼ਾਹ ਨਾਲ ਪੇਂਟਿੰਗ ਡੇ ਨੂੰ ਪੂਰਨ ਤੌਰ ਤੇ ਸਫਲ ਬਣਾਇਆ। ਇਸ ਦੌਰਾਨ ਲਿਟਲ ਸਪਰਾਊਟ ਦੇ ਜਮਾਤ ਨਰਸਰੀ ਤੋਂ ਯੂਕੇਜੀ ਤੱਕ ਦੇ ਬੱਚਿਆਂ ਦੀ ਵੈਜੀਟੇਬਲ ਪੇਂਟਿੰਗ ਐਕਟੀਵਿਟੀ ਕਰਾਈ ਗਈ ਜਿਸ ਦੌਰਾਨ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸਬਜ਼ੀਆਂ ਦੀ ਵਰਤੋਂ ਕਰਦੇ ਹੋਏ ਵੱਖ-ਵੱਖ ਅਕਿਰਤੀਆਂ ਵਿੱਚ ਰੰਗ ਭਰਨ ਦੀ ਐਕਟੀਵਿਟੀ ਕੀਤੀ ਗਈ। ਬੱਚੇ ਰੰਗਾਂ ਨਾਲ ਖੇਡ ਕੇ ਬਹੁਤ ਖੁਸ ਹੋਏ। ਉਹਨਾਂ ਨੇ ਆਪਣੀ ਕਲਾਕਾਰੀ ਦਾ ਵਧੀਆ ਪ੍ਰਦਰਸਨ ਕਰਦੇ ਹੋਏ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਅਕ੍ਰਿਤੀਆਂ ਵਿੱਚ ਰੰਗ ਭਰੇ। ਇਹ ਦਿਨ ਸਕੂਲ ਦੇ ਵਿਦਿਆਰਥੀਆਂ ਵਿੱਚ ਬਹੁਤ ਹੀ ਉਤਸ਼ਾਹ ਪੂਰਨ ਰਿਹਾ।



ਵਿਦਿਆਰਥੀਆਂ ਨੇ ਬਹੁਤ ਹੀ ਖੁਸ਼ ਹੋ ਕੇ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਸਕੂਲ ਦੇ ਪ੍ਰਿੰ. ਕਿਰਨ ਕੇਸਰ ਨੇ ਵਿਦਿਆਰਥੀਆਂ ਦੀ ਰੁਚੀ ਨੂੰ ਪੜ੍ਹਾਈ ਵਿੱਚ ਬਣਾਈ ਰੱਖਣ ਲਈ ਐਕਟੀਵਿਟੀ ਡੇ ਸਕੂਲ ਵਿੱਚ ਜਰੂਰ ਰੱਖਣੇ ਚਾਹੀਦੇ ਹਨ ਤਾਂ ਜੋ ਵਿਦਿਆਰਥੀ ਇਹਨਾਂ ਵਿੱਚ ਭਾਗ ਲੈ ਕੇ ਆਪਣੀ ਸਖਸੀਅਤ ਨੂੰ ਹੋਰ ਨਿਖਾਰ ਸਕਣ ਅਤੇ ਪੂਰੀ ਦਿਲਚਸਪੀ ਨਾਲ ਵਿੱਦਿਆ ਪ੍ਰਾਪਤ ਕਰਨ।

# ਨਿਰਪੱਖ ਸੋਚ ਦੇ ਧਾਰਨੀ ਹਨ ਸਿਮਰਨਜੀਤ ਸਿੰਘ ਮਾਨ : ਹਰਬੀਰ ਸਿੰਘ ਸੰਧੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਟਕਸਾਲੀ ਆਗੂ ਹਰਬੀਰ ਸਿੰਘ ਸੰਧੂ ਨੇ ਕਾਂਗਰਸ, ਬਾਦਲ ਅਕਾਲੀ ਦਲ, ਭਾਜਪਾ ਤੇ ਆਮ ਆਦਮੀ ਪਾਰਟੀ ਦੀ ਤੁਲਨਾ ਲੋਟੂ ਟੋਲਿਆਂ ਨਾਲ ਕਰਦਿਆ ਕਿਹਾ ਕਿ ਇਨ੍ਹਾਂ ਦੇਸ਼ ਵਿਰੋਧੀ ਪਾਰਟੀਆਂ ਨੇ 75 ਸਾਲ ਲੋਕਾਂ ਨੂੰ ਸਿਰਫ ਲੁੱਟਿਆ ਹੀ ਨਹੀਂ ਸਗੋਂ ਰੱਜ ਕੇ ਕੁੱਟਿਆ ਵੀ ਹੈ।ਝੂਠੇ ਪੁਲਸ ਮੁਕਾਬਲੇ ਬਣਾ ਕੇ ਪੰਜਾਬ ਦੀ ਨੌਜਵਾਨੀ ਨੂੰ ਖਤਮ ਕਰਨ ਦੇ ਕੋਝੇ ਯਤਨ ਵੀ ਕੀਤੇ ਹਨ।ਜਾਰੀ ਇੱਕ ਬਿਆਨ ਰਾਹੀਂ ਸੰਧੂ ਨੇ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਕਿਸੇ ਧਰਮ ਜਾਤ, ਜਾਂ ਪਾਰਟੀ ਦੇ ਹੀ ਨਹੀਂ ਸੂਬੇ ਦੇ ਹਰ ਵਰਗ ਦੇ ਦਿਲਾਂ ਦੀ ਧੜਕਣ ਹਨ।ਸ. ਮਾਨ ਨੇ ਹਮੇਸ਼ਾ ਹੀ ਸੱਚ, ਹੱਕ ਤੇ ਇਨਸਾਫ ਲਈ ਆਪਣੀ ਆਵਾਜ਼ ਬੁਲੰਦ ਕੀਤੀ ਹੈ ਤੇ ਉਨ੍ਹਾਂ ਦਾ ਹਰ ਧਰਮ ਦੇ ਲੋਕਾਂ ਵਿੱਚ ਸਤਿਕਾਰ ਹੈ।ਮਾਨ ਨੇ ਪਹਿਲਾਂ 1989, 1999 ਤੇ 2022 (ਉਪ ਚੋਣ) ਸੰਗਰੂਰ ਲੋਕ ਸਭਾ ਹਲਕੇ ਤੋਂ ਜਿੱਤ ਕੇ ਲੋਕਾਂ ਦੀ ਸੇਵਾ ਕੀਤੀ ਹੈ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਹਿਬੂਬ ਨੇਤਾ ਨੂੰ ਵੋਟਾਂ ਪਾ ਕੇ ਕਾਮਯਾਬ ਕਰਨ ਤਾਂ ਕਿ ਲੋਕ ਸੇਵਾ ਦਾ ਕੁੰਭ ਜਾਰੀ ਰੱਖਿਆ ਜਾ ਸਕੇ।ਉਨ੍ਹਾਂ ਕਿਹਾ ਕਿ ਸੰਗਰੂਰ ਦੇ ਲੋਕ ਬਹੁਤ ਹੀ ਸੂਝਵਾਨ ਤੇ ਇਨਸਾਫ ਪਸੰਦ ਹਨ ਜਿਨ੍ਹਾਂ ਨੇ ਮਾਨ ਨੂੰ ਤਿੰਨ ਵਾਰੀ ਜਿੱਤ ਦਾ ਮਾਣ ਬਖਸ਼ਿਆ ਹੈ ਤੇ ਚੌਥੀ ਵਾਰੀ ਫਿਰ ਜ਼ਰੂਰ ਮਾਣ ਬਖਸ਼ਣਗੇ।ਸ. ਮਾਨ ਸੰਗੀਨਾਂ ਦੀ ਛਾਂ ਹੇਠ ਰਹਿ ਕੇ ਆਮ ਜਨਤਾ ਤੋਂ ਦੂਰੀ ਨਹੀਂ ਬਣਾਉਂਦੇ ਸਗੋਂ ਲੋਕਾਂ ਨਾਲ ਮਿਲ-ਜੁਲ ਕੇ ਕੰਮ ਕਰਨ ਵਿੱਚ ਵਿਸ਼ਵਾਸ ਰੱਖਦੇ ਹਨ।ਉਨ੍ਹਾਂ ਕਿਹਾ ਕਿ ਧਰਮ ਨਿਰਪੱਖ ਸੋਚ ਰੱਖਣ ਵਾਲੇ ਮਾਨ ਦਾ ਮੁੱਖ ਟੀਚਾ ਸੰਵਿਧਾਨ ਨੂੰ ਬਚਾਉਣਾ ਹੈ ਜਿਸ ਨੂੰ ਫਿਰਕਾਪ੍ਰਸਤ ਟੋਲੇ ਖਤਮ ਕਰਨਾ ਚਾਹੁੰਦੇ ਹਨ।ਭਾਜਪਾ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਵਿੱਚ ਫਿਰਕਾਪ੍ਰਸਤੀ ਫੈਲਾਉਂਦੀ ਹੈ ਜਦਕਿ ਭਾਰਤੀ ਸੰਵਿਧਾਨ ਇੱਕ ਵੱਖ-ਵੱਖ ਧਰਮਾਂ, ਜਾਤਾਂ, ਫਿਰਕਿਆਂ ਤੇ ਸਮੁਦਾਇਆਂ ਦਾ ਅਜਿਹਾ ਗੁਲਦਸਤਾ ਹੈ ਜਿਹੜਾ ਕਿਸੇ ਨਾਲ ਵੀ ਵਿਤਕਰਾ ਨਹੀਂ ਕਰਦਾ ਸਗੋਂ ਏਕਤਾ, ਸਮਾਨਤਾ ਤੇ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਹੈ ਜਿਸ ਦੇ ਸਿਮਰਨਜੀਤ ਸਿੰਘ ਮੁਦੱਈ ਹਨ।ਸੰਧੂ ਨੇ ਕਿਹਾ ਕਿ ਦੇਸ਼ ਨੂੰ ਇਸ ਵੇਲੇ ਧਰਮ ਨਿਰਪੱਖ ਸਰਕਾਰ ਦੀ ਲੋੜ ਹੈ ਤੇ ਸਿਮਰਨਜੀਤ ਸਿੰਘ ਮਾਨ ਸਮੇਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਮੂਹ ਖੜੇ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਕਾਮਯਾਬ ਕੀਤਾ ਜਾਵੇ ਤਾਂ ਕਿ ਦੇਸ਼ ਤੇ ਸੰਵਿਧਾਨ ਬਚਾਇਆ ਜਾ ਸਕੇ।

# ਖਿਡਾਰੀਆਂ ਦਾ ਵੋਟਾਂ ਪਾਉਣ ਲਈ ਉਤਸ਼ਾਹ ਵਧਾਇਆ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਘਣਸ਼ਾਮ ਥੋਰੀ ਦੀ ਯੋਗ ਅਗਵਾਈ ਅਤੇ ਚੇਅਰਪਰਸਨ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਿਕਾਸ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕ ਸਭਾ ਚੋਣਾਂ-2024 ਵਿੱਚ ਖ਼ਿਡਾਰੀਆਂ ਨੂੰ ਵੋਟਾਂ ਪਾਉਣ ਲਈ ਉਤਸ਼ਾਹਿਤ ਕਰਨ ਲਈ ਇੱਕ ਜਾਗਰੂਕਤਾ ਮੀਟਿੰਗ ਕੀਤੀ ਗਈ।ਓਲੰਪੀਅਨ ਸ਼ਮਸ਼ੇਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਟਾਰੀ ਦੇ ਹਾਕੀ ਮੈਦਾਨ ਵਿੱਚ ਆਯੋਜਿਤ ਕੀਤੇ ਗਈ ਇਸ ਮੀਟਿੰਗ ਨੂੰ ਅਟਾਰੀ ਵਿਧਾਨ ਸਭਾ ਹਲਕੇ ਦੇ ਨੋਡਲ ਅਫ਼ਸਰ ਪੀਡਬਲਿਊਡੀ ਸੰਤੋਸ਼ ਕੁਮਾਰੀ ਨੇ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਸਮਾਜ ਦੇ ਹਰ ਵਰਗ ਦੀ ਭਾਗੇਦਾਰੀ ਜ਼ਰੂਰੀ ਹੈ ਅਤੇ ਹਰ ਇੱਕ ਵੋਟਰ ਜਿਸਨੂੰ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਹੈ, ਉਸਨੂੰ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਖੇਡਾਂ ਜਿੱਥੇ ਸਾਨੂੰ ਚੰਗੀ ਸਿਹਤ ਲਈ ਪ੍ਰੇਰਿਤ ਕਰਦੀਆਂ ਹਨ, ਉੱਥੇ ਹੀ ਲੋਕਤੰਤਰ ਨੂੰ ਚੰਗੀ ਚੋਣ ਪ੍ਰਣਾਲੀ ਨਾਲ ਹੀ ਮਜ਼ਬੂਤੀ ਪ੍ਰਦਾਨ ਕੀਤੀ ਜਾ ਸਕਦੀ ਹੈ।ਉਨ੍ਹਾਂ ਮੌਕੇ 'ਤੇ ਮੌਜੂਦ ਸਾਰੇ ਹਾਕੀ ਖਿਡਾਰੀਆਂ ਨੂੰ ਸਮਾਜ ਦੇ ਹੋਰ ਲੋਕਾਂ ਨੂੰ ਵੀ ਪ੍ਰੇਰਿਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਸਾਰੇ ਵੋਟਰ 1 ਜੂਨ ਨੂੰ ਆਪਣੇ ਵੋਟ ਪਾਉਣ ਦੇ ਹੱਕ ਦੀ ਵਰਤੋਂ ਜ਼ਰੂਰ ਕਰਨ ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਚੋਣਾਂ ਦੇ ਪਰਵ ਦਾ ਐਲਾਨ ਹੋ ਚੁੱਕਾ ਹੈ ਅਤੇ ਹੁਣ ਸਾਡਾ ਫ਼ਰਜ ਬਣਦਾ ਹੈ ਕਿ ਅਸੀਂ ਇਨ੍ਹਾਂ ਚੋਣਾਂ ਵਿੱਚ ਵੱਧ-ਚੜ੍ਹ ਕੇ ਭਾਗ ਲਈਏ।ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵਲੋਂ ਹਰ ਵਰਗ ਦੇ ਵੋਟਰਾਂ ਦੀ ਸਹਾਇਤਾ ਲਈ ਕਈ ਸਹੂਲਤਾਂ ਲਈ ਦਿੱਤੀਆਂ ਜਾ ਰਹੀਆਂ ਹਨ ।ਉਨ੍ਹਾਂ ਕਿਹਾ ਕਿ ਦਿਵਿਆਂਗ ਵੋਟਰਾਂ ਲਈ ਸਕਸ਼ਮ ਐਪ ਲਾਂਚ ਕੀਤੀ ਗਈ ਹੈ। ਇਸ ਮੌਕੇ ਸੈਕਟਰ ਅਫ਼ਸਰ ਸਿਮਰਨਦੀਪ ਸਿੰਘ, ਬੀਐੱਲਓ ਕੀਰਤਨਪਾਲ ਸਿੰਘ, ਪ੍ਰਿਆ ਅਤੇ ਜਸਪ੍ਰੀਤ ਸਿੰਘ ਵੀ ਹਾਜ਼ਰ ਸਨ।

# ਜੇ ਪੀ ਐੱਮ ਓ ਵੱਲੋਂ ਮਜ਼ਦੂਰ ਦਿਹਾੜਾ ਸਾਂਝੇ ਰੂਪ 'ਚ ਮਨਾਉਣ ਦਾ ਐਲਾਨ

**ਗੁਰਦਾਸਪੁਰ (ਜਨਕ ਮਹਾਜਨ)**-ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ (ਜੇਪੀਐੱਮਓ) ਵਿੱਚ ਸ਼ਾਮਲ ਮਜ਼ਦੂਰ, ਕਿਸਾਨ, ਮੁਲਾਜ਼ਮ ਜਥੇਬੰਦੀਆਂ ਸੀਟੀਯੂ ਪੰਜਾਬ, ਜਮਹੂਰੀ ਕਿਸਾਨ ਸਭਾ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂਆਂ ਵੱਲੋਂ ਸਾਥੀ ਅਜੀਤ ਸਿੰਘ ਹੁੰਦਲ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਕਰਕੇ ਪਹਿਲੀ ਮਈ ਮਜ਼ਦੂਰ ਦਿਵਸ ਹਰ ਸਾਲ ਦੀ ਤਰ੍ਹਾਂ ਵੱਖ-ਵੱਖ ਕਿਰਤੀ ਕੇਂਦਰਾਂ ਵਿਖੇ ਝੰਡੇ ਦੀ ਰਸਮ ਅਦਾ ਕਰਨ ਉਪਰੰਤ ਇਕੱਠੇ ਹੋ ਕੇ ਗੁਰੂ ਨਾਨਕ ਪਾਰਕ ਵਿਖੇ ਮਨਾਇਆ ਜਾਵੇਗਾ।ਕਿਰਤੀ ਸ਼੍ਰੇਣੀ ਨੂੰ ਦਰਪੇਸ਼ ਸਮੱਸਿਆਵਾਂ ਉੱਪਰ ਵਿਚਾਰ-ਵਟਾਂਦਰਾ ਕਰਨ ਉਪਰੰਤ ਸਾਂਝੇ ਸੰਘਰਸ਼ਾਂ ਨੂੰ ਤਿੱਖਾ ਕਰਨ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ।ਮੀਟਿੰਗ ਵਿੱਚ ਸ਼ਾਮਲ ਆਗੂਆਂ ਕਾਮਰੇਡ ਧਿਆਨ ਸਿੰਘ ਠਾਕੁਰ, ਮੱਖਣ ਸਿੰਘ ਕੁਹਾੜ, ਕੁਲਦੀਪ ਸਿੰਘ ਪੁਰੋਵਾਲ, ਜਸਵੰਤ ਸਿੰਘ ਬੁੱਟਰ, ਕਪੂਰ ਸਿੰਘ ਘੁੰਮਣ, ਗੁਰਮੀਤ ਸਿੰਘ ਠਾਣੇਵਾਲ, ਮਨਹਰਨ ਅਤੇ ਹੋਰ ਸਾਥੀਆਂ ਸਾਂਝੇ ਬਿਆਨ ਵਿਚ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ, ਬੇਰੋਕ ਵੱਧ ਰਹੀ ਮਹਿੰਗਾਈ ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਕਰਕੇ ਆਮ ਲੋਕਾਂ ਦਾ ਜੀਣਾ ਦੁੱਭਰ ਹੋ ਗਿਆ ਹੈ।ਹਾਕਮ ਪਾਰਟੀਆਂ ਵਲੋਂ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਜਾਂ ਬੇਰੁਜ਼ਗਾਰੀ ਦੇ ਝੰਬੇ ਨੌਜਵਾਨਾਂ ਨੂੰ ਕੁਝ ਦੇਣ ਦੀ ਬਜਾਏ ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਵੱਲੋਂ ਲੰਮੇ ਸਮੇਂ ਤੋਂ ਕੀਤੇ ਸੰਘਰਸ਼ਾਂ ਰਾਹੀਂ ਪ੍ਰਾਪਤ ਹੱਕਾਂ ਨੂੰ ਵੀ ਇੱਕ ਕਰਕੇ ਖੋਹਿਆ ਜਾ ਰਿਹਾ ਹੈ। ਇਸ ਗੌਰਵਮਈ ਮਜ਼ਦੂਰ ਦਿਹਾੜੇ ਮੌਕੇ ਦੇਸ਼ ਅੰਦਰ ਸਵਿਧਾਨ ਤੇ ਜਮਹੂਰੀਅਤ ਨੂੰ ਬਚਾਉਣ ਲਈ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਵਿਚਾਰਾਂ ਤੇ ਹੋਰ ਦ੍ਰਿੜਤਾ ਨਾਲ ਪਹਿਰਾ ਦਿੰਦਿਆਂ ਮਨਾਇਆ ਜਾਵੇਗਾ।



## 'ਅਦਾਕਾਰ-ਆਦਿ ਅੰਤ ਕੀ ਸਾਖੀ' ਦਾ ਸਫਲ ਮੰਚਨ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦੀ ਅਗਵਾਈ 'ਚ ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਗੁਰਬਖ਼ਸ਼ ਸਿੰਘ ਨਾਨਕ ਸਿੰਘ ਫਾਊਂਡੇਸ਼ਨ ਪ੍ਰੀਤ ਨਗਰ ਦੇ ਸਹਿਯੋਗ ਨਾਲ ਜਾਰੀ 23ਵੇਂ ਨੈਸ਼ਨਲ ਥੀਏਟਰ ਫੈਸਟੀਵਲ ਦੇ ਛੇਵੇਂ ਦਿਨ ਮੰਚ-ਰੰਗਮੰਚ ਅੰਮ੍ਰਿਤਸਰ ਦੀ ਟੀਮ ਵੱਲੋਂ ਡਾ. ਸਵਰਾਜਬੀਰ ਦਾ ਲਿਖਿਆ ਅਤੇ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਨਾਟਕ 'ਅਦਾਕਾਰ-ਆਦਿ ਅੰਤ ਕੀ ਸਾਖੀ' ਦਾ ਮੰਚਨ ਪ੍ਰੀਤ ਨਗਰ ਵਿਖੇ ਕੀਤਾ ਗਿਆ। ਇਹ ਨਾਟਕ ਇਕ ਐਕਟਰ (ਅਦਾਕਾਰ) ਦੀ ਕਹਾਣੀ ਹੈ, ਕਿ ਉਸਨੇ ਆਪਣੀ ਜ਼ਿੰਦਗੀ ਵਿੱਚ ਖੇਡੇ ਨਾਟਕਾਂ ਦੇ ਪਾਤਰਾਂ ਨੂੰ ਕਿਵੇਂ ਜੀਵੀਆ, ਉਨ੍ਹਾਂ ਪਾਤਰਾਂ ਨੇ ਉਸਦੇ ਨਿੱਜੀ ਜੀਵਨ 'ਤੇ ਕੀ ਅਸਰ ਪਾਇਆ, ਇਕ ਅਦਾਕਾਰ ਦੀ ਰੰਗਮੰਚ ਨਾਲ ਕੀ ਵੱਚਨਬੱਧਤਾ ਹੈ ਤੇ ਕਿਹੜੇ ਨਾਟਕ ਸਮਾਜ ਦੀ ਦਿਸ਼ਾ ਬਦਲਣ ਦੇ ਕੰਮ ਆਉਂਦੇ ਨੇ। ਇਕ ਘੰਟਾ ਲੰਮੇ ਨਾਟਕ ਦੇ ਸਾਰੇ ਕਿਰਦਾਰਾਂ ਨੂੰ ਬੇਹਤਰੀਨ ਅਦਾਕਾਰ ਸਾਜਨ ਕੋਹਿਨੂਰ ਨੇ ਬਹੁਤ ਹੀ ਭਾਵਪੂਰਤ ਢੰਗ ਨਾਲ ਜੀਵਿਆ ਹੈ। ਨਾਟਕ ਵਿੱਚ ਕੁਸ਼ਾਗਰ ਕਾਲੀਆ ਨੇ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।

## 200 ਕਿੱਲੋ ਲਾਹਣ ਸਮੇਤ ਨੌਜਵਾਨ ਕਾਬੂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਚੋਣ ਕਮਿਸ਼ਨ ਪੰਜਾਬ ਦੀਆਂ ਸਖਤ ਹਦਾਇਤਾਂ ਅਤੇ ਐੱਸਐੱਸਪੀ ਗੁਰਦਾਸਪੁਰ ਦਾਯਮਾ ਹਰੀਸ਼ ਕੁਮਾਰ ਦੇ ਹੁਕਮਾਂ ਤਹਿਤ ਥਾਣਾ ਧਾਰੀਵਾਲ ਦੀ ਪੁਲਸ ਨੇ 200 ਕਿੱਲੋ ਲਾਹਣ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਥਾਣਾ ਧਾਰੀਵਾਲ ਦੇ ਐੱਸਐੱਚਓ ਮਨਦੀਪ ਸਲਗੋਤਰਾ ਨੇ ਦੱਸਿਆ ਕਿ ਐਕਸਾਈਜ਼ ਇੰਸਪੈਕਟਰ ਬਿਕਰਮਜੀਤ ਸਿੰਘ ਭੁੱਲਰ ਅਤੇ ਥਾਣਾ ਧਾਰੀਵਾਲ ਦੇ ਏਐੱਸਆਈ ਯੂਸਫ ਮਸੀਹ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ ਤੇ ਬਲਜੀਤ ਸਿੰਘ ਪੁੱਤਰ ਸੁਖਬੀਰ ਸਿੰਘ ਵਾਸੀ ਸੁਜਾਨਪੁਰ ਦੇ ਘਰ ਰੇਡ ਕਰਕੇ ਉਸਨੂੰ 200 ਕਿੱਲੋ ਲਾਹਣ ਸਮੇਤ ਕਾਬੂ ਕਰਕੇ ਉਸ ਵਿਰੁੱਧ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

## ਅਮਿਤ ਔਲ ਵੱਲੋਂ ਜ਼ਿਲ੍ਹਾ ਮੀਤ ਪ੍ਰਧਾਨ ਬਣਾਉਣ 'ਤੇ ਹਾਈਕਮਾਂਡ ਦਾ ਧੰਨਵਾਦ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਅਜਨਾਲਾ ਸਹਿਰ ਦੇ ਆਮ ਆਦਮੀ ਪਾਰਟੀ ਦੇ ਬਹੁਤ ਹੀ ਸਰਗਰਮ ਆਗੂ ਅਮਿਤ ਔਲ ਵੱਲੋਂ ਜ਼ਿਲ੍ਹਾ ਮੀਤ ਪ੍ਰਧਾਨ ਬਣਾਉਣ 'ਤੇ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੁਲਦੀਪ ਸਿੰਘ ਧਾਲੀਵਾਲ ਅਤੇ ਮੈਡਮ ਅਮਨਦੀਪ ਕੌਰ ਧਾਲੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਜੋ ਉਨ੍ਹਾਂ 'ਤੇ ਭਰੋਸਾ ਕਰਕੇ ਮਾਣ ਦਿੱਤਾ ਹੈ ਮੈਂ ਉਨ੍ਹਾਂ ਦੇ ਦਿੱਤੇ ਹੋਏ ਮਾ ਦਾ ਸਦਾ ਰਿਣੀ ਰਹਾਂਗਾ ਅਤੇ ਪਾਰਟੀ ਲਈ ਦਿਨ-ਰਾਤ ਮਿਹਨਤ ਕਰਕੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਦੀ ਜਿੱਤ ਯਕੀਨੀ ਬਣਾਉਣ ਲਈ ਤਤਪਰ ਰਹਾਂਗਾ। ਇਸ ਮੌਕੇ ਪਾਰਟੀ ਵਿੱਚ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਰਾਜਬੀਰ ਕੌਰ ਚਾਹਲ ਕੌਂਸਲਰ, ਅਵਿਨਾਸ ਮਸੀਹ ਕੌਂਸਲਰ, ਗਿਆਨ ਕੌਰ, ਹੈਪੀ ਗਿੱਲ, ਸ਼ਿਵਦੀਪ ਸਿੰਘ ਚਾਹਲ, ਅਜੇ ਕੁਮਾਰ ਵੱਲੋਂ ਵੀ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦਾ ਧੰਨਵਾਦ ਕੀਤਾ ਗਿਆ।

# ਦਿੱਲੀ ਗੁ. ਕਮੇਟੀ ਦੇ ਮੈਂਬਰਾਂ ਦੀ ਭਾਜਪਾ 'ਚ ਸ਼ਮੂਲੀਅਤ 'ਤੇ ਧਾਮੀ ਨੇ ਇਤਰਾਜ਼ ਪ੍ਰਗਟਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਕੁਝ ਮੈਂਬਰਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਸਿੱਖ ਸੰਸਥਾ ਦੇ ਮੈਂਬਰਾਂ ਨੂੰ ਭਾਜਪਾ ਵਿੱਚ ਜਾ ਕੇ ਸਿਆਸਤ ਕਰਨ ਦਾ ਇੰਨਾ ਹੀ ਸ਼ੌਕ ਹੈ ਤਾਂ ਉਹ ਪਹਿਲਾਂ ਤੁਰੰਤ ਆਪਣੀ ਦਿੱਲੀ ਗੁਰਦੁਆਰਾ ਕਮੇਟੀ ਦੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇਣ।ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਦੀ ਦੂਜੇ ਧਰਮਾਂ ਦੇ ਧਾਰਮਿਕ ਮਾਮਲਿਆਂ ਵਿੱਚ ਸਿੱਧਾ ਦਖ਼ਲ ਦੇਣ ਦੀ ਇਹ ਨੀਤੀ ਬਹੁਤ ਹੀ ਮੰਦਭਾਗੀ ਹੈ।ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਦੇ ਮੈਂਬਰਾਂ ਨੂੰ ਸੰਗਤ ਵੱਲੋਂ ਇਸ ਭਰੋਸੇ ਨਾਲ ਚੁਣਿਆ ਜਾਂਦਾ ਹੈ ਕਿ ਉਹ ਧਾਰਮਿਕ ਭਾਵਨਾਵਾਂ ਅਤੇ ਰਵਾਇਤਾਂ ਅਨੁਸਾਰ ਕਾਰਜ ਕਰਨਗੇ, ਪਰੰਤੂ ਜਦੋਂ ਗੁਰਦੁਆਰਾ ਪ੍ਰਬੰਧਾਂ ਲਈ ਚੁਣੇ ਮੈਂਬਰਾਂ ਵੱਲੋਂ ਸਿੱਖ ਵਿਰੋਧੀ ਸੋਚ ਰੱਖਣ ਵਾਲੀ ਪਾਰਟੀ ਵਿੱਚ ਜਾਣ ਦੀ ਹਰਕਤ ਕੀਤੀ ਜਾਂਦੀ ਹੈ ਤਾਂ ਸੰਗਤ ਦੀਆਂ ਭਾਵਨਾਵਾਂ ਨੂੰ ਭਾਰੀ ਸੱਟ ਵੱਜਣੀ ਕੁਦਰਤੀ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਸੰਗਤ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਇਨ੍ਹਾਂ ਮੈਂਬਰਾਂ ਨੂੰ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਕਰਨ ਅਤੇ ਗੁਰੂ ਘਰਾਂ ਦਾ ਸੁਚੱਜਾ ਪ੍ਰਬੰਧ ਚਲਾਉਣ ਲਈ ਚੁਣਿਆ ਸੀ ਨਾ ਕਿ ਸਿੱਖ-ਵਿਰੋਧੀ ਪਾਰਟੀ ਵਿੱਚ ਸਿਆਸਤ ਕਰਨ ਲਈ।ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਸਿੱਖ ਮਾਮਲਿਆਂ ਵਿੱਚ ਸਿੱਧੇ ਦਖ਼ਲ ਦੇਣ ਦੇ ਰਾਹ ਉੱਤੇ ਤੁਰੀ ਹੋਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਹੀ ਦਿੱਲੀ ਗੁਰਦੁਆਰਾ ਕਮੇਟੀ ਦਾ ਸਮੁੱਚਾ ਪ੍ਰਬੰਧ ਭਾਜਪਾ ਦੇ ਪ੍ਰਭਾਵ ਹੇਠ ਕੰਮ ਕਰ ਰਿਹਾ ਹੈ ਅਤੇ ਹੁਣ ਸਿੱਖ ਸੰਸਥਾ ਦਿੱਲੀ ਕਮੇਟੀ ਕੁਝ ਮੈਂਬਰਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਦੀ ਹਰਕਤ ਨਾਲ ਇਹ ਸਪਸ਼ਟ ਹੋ ਗਿਆ ਹੈ ਕਿ ਭਾਜਪਾ ਦੀ ਨੀਤੀ ਗੁਰੂ ਘਰਾਂ ਦੇ ਪ੍ਰਬੰਧਾਂ ਵਿੱਚ ਦਖ਼ਲ ਦੇਣ ਅਤੇ ਸਿੱਖ ਮਸਲਿਆਂ ਨੂੰ ਉਲਝਾਉਣ ਵਾਲੀ ਹੈ।

# ਗੁਲਸ਼ਨ ਅਲਗੋਂ ਨੇ ਸਕੂਲੀ ਵਿਦਿਆਰਥੀਆਂ ਨੂੰ ਪਾਣੀ ਦੀਆਂ ਬੋਤਲਾਂ ਤੇ ਟਿਫਨ ਵੰਡੇ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**-ਗੋਪਾਲ ਬਰਤਨ ਸਟੋਰ ਭਿੱਖੀਵਿੰਡ ਦੇ ਮਾਲਕ ਤੇ ਸਮਾਜਸੇਵੀ ਗੁਲਸ਼ਨ ਅਲਗੋਂ ਵੱਲੋਂ ਸਕੂਲ ਆਫ ਐਮੀਨੈਂਸ ਭਿੱਖੀਵਿੰਡ ਦੇ ਵਿਦਿਆਰਥੀਆਂ ਨੂੰ ਪਾਣੀ ਦੀਆਂ ਬੋਤਲਾਂ ਤੇ ਟਿਫਨ ਵੰਡੇ ਗਏ।ਇਸ ਮੌਕੇ ਮਾਸਟਰ ਮਨਮੀਤ ਸਿੰਘ ਵੱਲੋਂ ਸਮਾਜਸੇਵੀ ਗੁਲਸ਼ਨ ਅਲਗੋਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਮਾਜਸੇਵੀ ਗੁਲਸ਼ਨ ਅਲਗੋਂ ਨੇ ਕਿਹਾ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ।ਉਨ੍ਹਾਂ ਕਿਹਾ ਕਿ ਉਹ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਬੱਚਿਆਂ ਦੀ ਮਦਦ ਕਰਨਾ ਚਾਹੁੰਦੇ ਹਨ।ਇਸ ਮੌਕੇ ਗੁਲਸ਼ਨ ਅਲਗੋਂ ਨੇ ਦੱਸਿਆ ਕਿ ਕੁਝ ਕੁ ਮਹੀਨਿਆਂ ਤੱਕ ਉਹ ਸਕੂਲ ਨੂੰ ਲਾਇਬ੍ਰੇਰੀ ਬਣਵਾ ਕੇ ਦੇਣਗੇ ਤੇ ਲੋੜਵੰਦ ਬੱਚਿਆਂ ਨੂੰ ਪੜ੍ਹਾਉਣ ਲਈ ਹਰ ਸੰਭਵ ਮਦਦ ਦੇਣਗੇ।ਉਧਰ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸਬ-ਡਵੀਜ਼ਨ ਭਿੱਖੀਵਿੰਡ ਤੋਂ ਡੀਐੱਸਪੀ ਪ੍ਰੀਤਇੰਦਰ ਸਿੰਘ ਨੇ ਇਸ ਨੇਕ ਕਾਰਜ ਲਈ ਸਮਾਜਸੇਵੀ ਗੁਲਸ਼ਨ ਅਲਗੋਂ ਕੋਠੀ ਦੀ ਪ੍ਰਸ਼ੰਸਾ ਕੀਤੀ।ਡੀਐੱਸਪੀ ਨੇ ਕਿਹਾ ਕਿ ਵਿੱਦਿਆ ਸਾਡੀ ਜ਼ਿੰਦਗੀ 'ਚ ਰੌਸ਼ਨੀ ਲਿਆਉਂਦੀ ਹੈ ਤੇ ਜੇਕਰ ਅਸੀਂ ਲੋੜਵੰਦ ਵਿਦਿਆਰਥੀਆਂ ਨੂੰ ਪੜ੍ਹਨ ਵਿੱਚ ਮਦਦ ਕਰਦੇ ਹਾਂ ਤਾਂ ਉਸ ਤੋਂ ਵੱਡਾ ਕੋਈ ਪੁੰਨ ਨਹੀਂ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਚੰਗੇ ਤੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਅੰਤ ਵਿੱਚ ਉਨ੍ਹਾਂ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਨ ਤੇ ਬੁਰੀਆਂ ਆਦਤਾਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ।ਇਸ ਮੌਕੇ ਸੀਨੀਅਰ ਆਪ ਆਗੂ ਬਲਦੇਵ ਸਿੰਘ ਬਾਵਾ, ਹੈਪੀ ਸੰਧੂ, ਗੁਰਜੰਟ ਕਲਸੀ, ਸਰਪੰਚ ਬਲਜੀਤ ਸਿੰਘ ਫਰੰਦੀਪੁਰ ਆਦਿ ਹਾਜ਼ਰ ਸਨ ।



# ਦਾਣਾ ਮੰਡੀ ਭਗਤਾਂਵਾਲੀ 'ਚ ਕੰਡਿਆਂ/ਵੱਟਿਆਂ ਦੀ ਚੈਕਿੰਗ ਕੀਤੀ



**ਟਾਂਗਰਾ (ਲਾਡੀ ਮੱਲ੍ਹੀ)**-ਸਯੁੰਕਤ ਡਾਇਰੈਕਟਰ ਖੇਤੀਬਾੜੀ (ਨਕਦ ਫਸਲਾਂ) ਡਾ. ਰਾਜੇਸ਼ ਕੁਮਾਰ ਰਹੇਜਾ, ਇੰਚਾਰਜ ਮਾਰਕੀਟਿੰਗ ਸੈਕਸ਼ਨ, ਪੰਜਾਬ ਦੀ ਯੋਗ ਅਗਵਾਈ ਅਤੇ ਸਹਾਇਕ ਮਾਰਕੀਟਿੰਗ ਅਫ਼ਸਰ (ਸਦਰੇ ਮੁਕਾਮ) ਡਾ. ਬੇਅੰਤ ਸਿੰਘ ਅਤੇ ਸਹਾਇਕ ਮਾਰਕੀਟਿੰਗ ਅਫ਼ਸਰ, ਅੰਮ੍ਰਿਤਸਰ ਹਰਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਰੀਨੂੰ ਵਿਰਦੀ, ਡਾ. ਹਰਮਨਦੀਪ ਸਿੰਘ ਅਤੇ ਡਾ. ਹਰਜਿੰਦਰ ਸਿੰਘ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੀ ਭਗਤਾਂਵਾਲੀ ਮੰਡੀ ਵਿੱਚ ਆੜ੍ਹਤੀਆਂ ਵੱਲੋਂ ਤੋਲ ਲਈ ਵਰਤੇ ਜਾਂਦੇ ਕੰਡੇ ਅਤੇ ਵੱਟਿਆਂ ਦੀ ਪੜਤਾਲ ਕਰਕੇ ਤੋਲ ਦੀ ਚੈਕਿੰਗ ਕੀਤੀ ਗਈ ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕਣਕ ਪੂਰੀ ਤਰ੍ਹਾਂ ਸੁਕਾ ਕੇ ਮੰਡੀ ਲਿਆਉਣ ਅਤੇ ਫਸਲ ਦਾ ਜੇ ਫਾਰਮ ਜ਼ਰੂਰ ਲੈਣ।

ਇਸ ਮੌਕੇ ਉਨ੍ਹਾਂ ਵੱਲੋਂ ਲੁਹਾਈ ਅਤੇ ਸਫਾਈ ਦੇ ਖ਼ਰਚਿਆਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮੰਡੀ ਸੁਪਰਵਾਈਜ਼ਰ ਪਰਮਜੀਤ ਸਿੰਘ ਅਤੇ ਬਲਕਾਰ ਸਿੰਘ ਆਦਿ ਨਾਲ ਮੌਜੂਦ ਸਨ।

# ਡੀ ਈ ਓ ਸ਼ਰਮਾ ਵੱਲੋਂ ਮਿਸ਼ਨ ਸਮਰੱਥ ਅਧੀਨ ਸਕੂਲਾਂ ਦੀ ਮੋਨੀਟਰਿੰਗ ਲਗਾਤਾਰ ਜਾਰੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਸਿੱਖਣ ਪੱਧਰ ਵਿੱਚ ਸੁਧਾਰ ਲਿਆਉਣ ਲਈ 01 ਅਪ੍ਰੈਲ 2024 ਤੋਂ ਮਿਸ਼ਨ ਸਮਰੱਥ ਦੀ ਸ਼ੁਰੂਆਤ ਪੂਰੇ ਪੰਜਾਬ ਵਿੱਚ ਕੀਤੀ ਗਈ ਹੈ ਜੋ 31 ਮਈ ਤੱਕ ਚੱਲੇਗਾ।



ਇਸ ਕੜੀ ਤਹਿਤ ਜ਼ਿਲ੍ਹਾ ਸਿੱਖਿਆ ਅਫਸਰ (ਸ਼ੈ:ਸਿ) ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਸਟੇਟ ਐਵਾਰਡੀ ਅਤੇ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਅਮਰਜੀਤ ਸਿੰਘ ਪੁਰੇਵਾਲ ਵਲੋਂ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਸਕੂਲਾਂ ਦੀ ਵਿਜਟ ਕੀਤੀ ਗਈ ਜਿਸ ਵਿੱਚ ਸਸਸ ਸਕੂਲ ਕੈਂਪ ਬਟਾਲਾ, ਸਹਸ ਉਮਰਪੁਰਾ, ਸਸਸਸ ਝਾਵਰ, ਸਮਿਸ ਹਸਨਪੁਰ ਕਲਾਂ, ਸਸਸਸ ਸ਼ਾਲਾ, ਸਸਸਸ ਸ਼ੇਖੂਪੁਰ, ਸਸਸਸ ਵਡਾਲਾ ਗ੍ਰੰਥੀਆਂ, ਸਸਸਸ ਵਰਸੋਲਾ ਆਦਿ ਮੁੱਖ ਸਨ। ਸ੍ਰੀ ਸ਼ਰਮਾ ਨੇ ਦੱਸਿਆ ਕਿ ਵਿਭਾਗੀ ਹਦਾਇਤਾਂ ਮੁਤਾਬਿਕ ਵਿਦਿਆਰਥੀਆਂ ਦਾ ਪੰਜਾਬੀ, ਹਿਸਾਬ ਅਤੇ ਅੰਗਰੇਜ਼ੀ ਵਿਸ਼ਿਆਂ ਦਾ ਪੱਧਰ ਉੱਚਾ ਚੁੱਕਣ ਲਈ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਪੜ੍ਹਦੇ ਵਿਦਿਆਰਥੀਆਂ ਦਾ ਬੇਸਲਾਈਨ ਟੈਸਟ ਅਪ੍ਰੈਲ ਦੇ ਪਹਿਲੇ ਹਫਤੇ ਕੰਡਕਟ ਕਰਵਾਇਆ ਜਾ ਚੁੱਕਾ ਹੈ, ਜਿਸ ਤਹਿਤ ਇਨਾਂ ਨੂੰ ਲੈਵਲ 1, 2 ਅਤੇ 3 ਵਿੱਚ ਵੰਡਿਆ ਗਿਆ ਹੈ ਅਤੇ ਇਨ੍ਹਾਂ ਵਿਦਿਆਰਥੀਆਂ ਦੀ ਸਕੂਲ ਪੱਧਰ 'ਤੇ ਗਰੁੱਪਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਛੋਟੀਆਂ-ਛੋਟੀਆਂ ਐਕਵਿਟੀਜ਼ ਰਾਹੀਂ ਬਹੁਤ ਹੀ ਰੋਚਕ ਤਰੀਕੇ ਨਾਲ ਪੜ੍ਹਾਇਆ ਜਾ ਰਿਹਾ ਹੈ। ਜ਼ਿਲਾ ਕੋਆਰਡੀਨੇਟਰ ਪੁਰੇਵਾਲ ਨੇ ਦੱਸਿਆ ਕਿ ਮਈ ਦੇ ਪਹਿਲੇ ਹਫਤੇ ਵਿੱਚ ਇਨ੍ਹਾਂ ਵਿਦਿਆਰਥੀਆਂ ਦਾ ਮਿਡਲਾਈਨ ਟੈਸਟ ਲਿਆ ਜਾਵੇਗਾ ਅਤੇ ਮਈ ਦੇ ਅਖੀਰਲੇ ਹਫਤੇ ਵਿੱਚ ਐਂਡਲਾਈਨ ਟੈਸਟ ਕੰਡਕਟ ਕਰਵਾਇਆ ਜਾਵੇਗਾ। ਉਨ੍ਹਾਂ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਦੇ ਟੈਸਟ ਬਿਲਕੁਲ ਪਾਰਦਰਸ਼ੀ ਤਰੀਕੇ ਨਾਲ ਲਏ ਜਾਣ। ਇਸ ਮੌਕੇ ਪਰਮਿੰਦਰ ਸਿੰਘ ਸੈਣੀ ਜ਼ਿਲਾ ਗਾਈਡੈਂਸ ਕੌਂਸਲਰ ਨੇ ਵੀ ਸਕੂਲ ਵਿੱਚ ਚੱਲ ਰਹੇ ਗਾਈਡੈਂਸ ਕਾਰਨਰਾਂ ਦਾ ਵੀ ਨਿਰੀਖਣ ਕੀਤਾ ਅਤੇ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਕੋਰਸਾਂ ਬਾਰੇ ਅਗਵਾਈ ਦਿੱਤੀ। ਇਸ ਮੌਕੇ ਗੁਰਮੀਤ ਸਿੰਘ ਭੋਮਾ, ਗਗਨਦੀਪ ਸਿੰਘ ਆਦਿ ਵੀ ਹਾਜ਼ਰ ਸਨ।

# ਸਰਤਾਜ ਸਿੰਘ ਰੱਤੋਕੇ ਯੂਥ ਵਿੰਗ ਦੇ ਜੁਆਇੰਟ ਸਕੱਤਰ ਬਣੇ



**ਚੋਹਲਾ ਸਾਹਿਬ (ਰਮਨ ਚੱਢਾ)**-ਇਥੋਂ ਨੇੜੇ ਹੀ ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਪਿੰਡ ਰੱਤੋਕੇ ਦੇ ਮਿਹਨਤੀ ਤੇ ਜੁਝਾਰੂ ਵਰਕਰ ਸਰਤਾਜ ਸਿੰਘ ਰੱਤੋਕੇ ਨੂੰ ਆਮ ਆਦਮੀ ਪਾਰਟੀ ਵੱਲੋਂ ਵੱਡੀ ਜ਼ਿੰਮੇਵਾਰੀ ਦੇ ਦਿੱਤੀ ਗਈ।

ਇਸ ਮੌਕੇ ਸਰਤਾਜ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੈਂ ਦਸ ਸਾਲ ਤੋਂ ਲਗਾਤਾਰ ਪਾਰਟੀ ਲਈ ਮਿਹਨਤ ਕੀਤੀ ਜਿਸ ਕਰਕੇ ਮੈਨੂੰ ਯੂਥ ਵਿੰਗ ਜੁਆਇੰਟ ਸੱਕਤਰ ਜ਼ਿਲ੍ਹਾ ਤਰਨਤਾਰਨ ਦਾ ਅਹੁਦਾ ਦਿੱਤਾ ਗਿਆ! ਉਨ੍ਹਾਂ ਨੇ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰ ਅਤੇ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ! ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਆਪਣੇ ਦੋ ਸਾਲਾਂ ਦੇ ਰਾਜ ਦੌਰਾਨ ਜਿਥੇ ਵਿਕਾਸ ਦਾ ਨਕਸ਼ਾ ਬਦਲ ਕੇ ਰੱਖ ਦਿੱਤਾ ਹੈ ਉਥੇ ਹੀ ਪਾਰਟੀ ਦਾ ਇਕੋ-ਇੱਕ ਮਕਸਦ ਹੈ ਪੰਜਾਬ ਦਾ ਵਿਕਾਸ ਕਰਨਾ! ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਹਲਕੇ ਦੀਆਂ ਸੜਕਾਂ ਅਤੇ ਪਿੰਡਾਂ ਵਿੱਚ ਕੰਮ ਲਗਾਤਾਰ ਕਰਵਾ ਰਹੇ ਹਨ! ਉਨ੍ਹਾ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਲਾਲਜੀਤ ਸਿੰਘ ਭੁੱਲਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ! ਇਸ ਮੌਕੇ ਗੁਰਵਿੰਦਰ ਸਿੰਘ ਜ਼ਿਲਾ ਪ੍ਰਧਾਨ, ਗੁਰਦੇਵ ਸਿੰਘ ਲਾਖਨਾ, ਪ੍ਰੋ. ਹਰਪ੍ਰੀਤ ਸਿੰਘ ਕੋਟ, ਲਖਬੀਰ ਸਿੰਘ, ਜਸਵਿੰਦਰ ਸਿੰਘ ਰੱਤੋਕੇ ਵੱਲੋਂ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ!

# ਭਾਜਪਾ ਦੀਆਂ ਫੁੱਟ ਪਾਊ ਨੀਤੀਆਂ ਨੂੰ ਭਾਂਜ ਦੇਣ ਲਈ ਕਾਂਗਰਸ ਨੂੰ ਵੋਟਾਂ ਪਾਓ : ਔਜਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਵੱਲੋਂ ਅਟਾਰੀ ਹਲਕੇ ਦੇ ਪਿੰਡ ਸੋਹੀਆਂ ਖੁਰਦ ਵਿਖੇ ਇੱਕ ਚੋਣ ਰੈਲੀ ਸਰਪੰਚ ਨਿਸ਼ਾਨ ਸਿੰਘ ਦੇ ਗ੍ਰਹਿ ਵਿਖੇ ਕੀਤੀ ਗਈ। ਇਸ ਰੈਲੀ ਦਾ ਸਮੁੱਚਾ ਪ੍ਰਬੰਧ ਪਿੰਡ ਦੇ ਸਰਪੰਚ ਜਗੀਰ ਸਿੰਘ ਵੱਲੋਂ ਕੀਤਾ ਗਿਆ।ਰੈਲੀ ਸਮੇਂ ਬੋਲਦਿਆਂ ਔਜਲਾ ਨੇ ਕਿਹਾ ਕਿ ਭਾਜਪਾ ਸ਼ੁਰੂ ਤੋਂ ਹੀ ਫੁੱਟ ਪਾਊ ਅਤੇ ਵੰਡੀਆਂ ਪਾਉਣ ਦੀ ਸਿਆਸਤ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਬੀਜੇਪੀ ਘੱਟ ਗਿਣਤੀਆਂ ਲਈ ਖਤਰਾ ਹੈ ਅਤੇ ਉਹ ਘੱਟ ਗਿਣਤੀਆਂ ਨਾਲ ਨਫਰਤ ਭਰਿਆ ਵਤੀਰਾ ਕਰ ਰਹੀ ਹੈ, ਖਾਸ ਕਰ ਦੇਸ਼ ਦਾ ਮੁਸਲਿਮ ਭਾਈਚਾਰਾ ਆਪਣੇ ਆਪ ਨੂੰ ਆਸੁਰੱਖਿਤ ਮਹਿਸੂਸ ਕਰ ਰਿਹਾ ਹੈ।ਭਾਰਤ ਦੇ ਲੋਕ ਬੀਜੇਪੀ ਵੱਲੋਂ ਚੱਲੀਆਂ ਜਾ ਰਹੀਆਂ ਕੋਝੀਆਂ ਚਾਲਾਂ ਨੂੰ ਭਲੀ ਪ੍ਰਕਾਰ ਸਮਝ ਚੁੱਕੇ ਹਨ ਅਤੇ ਉਹ ਉਸ ਨੂੰ ਲੋਕ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਸਬਕ ਸਿਖਾਉਣ ਦਾ ਮਨ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਬੇਸ਼ੱਕ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 400 ਪਾਰ ਦਾ ਦਾਅਵਾ ਕਰ ਰਹੇ ਹਨ, ਪਰ ਮੈਂ ਕਹਿੰਦਾਂ ਉਹ ਇਸ ਵਾਰੀ 200 ਸੀਟਾਂ ਤੋਂ ਵੱਧ ਨਹੀਂ ਲਿਜਾ ਸਕਦੇ।ਸੁਖਰਾਜ ਰੰਧਾਵਾ ਨੇ ਇਸ ਸਮੇਂ ਔਜਲਾ ਦੀ ਤਾਰੀਫ ਕਰਦਿਆਂ ਕਿਹਾ ਕਿ ਉਹ ਬਹੁਤ ਹੀ ਮਿਲਾਪੜੇ ਸੁਭਾਅ ਦੇ ਵਿਅਕਤੀ ਹਨ ਅਤੇ ਲੋੜ ਪੈਣ 'ਤੇ ਹਰ ਕਿਸੇ ਦੇ ਕੰਮ ਆਉਣ ਵਾਲੇ ਹਨ। ਇਸ ਲਈ ਸਾਨੂੰ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਇਨ੍ਹਾਂ ਨੂੰ ਜਿਤਾਉਣਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਰਾਜ ਸਿੰਘ ਰੰਧਾਵਾ, ਕੀਰਤਨ ਬੀਰ ਸਿੰਘ ਖਡੂਰ ਸਾਹਿਬ, ਬਾਬਰ ਔਜਲਾ, ਜਗਤਾਰ ਸਿੰਘ, ਨਿਸ਼ਾਨ ਸਿੰਘ ਸਰਪੰਚ, ਜੋਬਨਜੀਤ ਸਿੰਘ, ਨਿਰਮਲ ਸਿੰਘ ਜੇਠੂਵਾਲ, ਸੰਤੋਖ ਸਿੰਘ ਸਾਬਕਾ ਸਰਪੰਚ, ਗੁਰਮੇਜ ਸਿੰਘ, ਚੇਤਾ ਸਿੰਘ, ਨਰਿੰਦਰ ਕੌਰ, ਮੁਖਤਿਆਰ ਸਿੰਘ, ਕਾਬਲ ਸਿੰਘ, ਸਵਿੰਦਰ ਸਿੰਘ, ਕੁੰਦਨ ਸਿੰਘ ਬਾਜੀਗਰ, ਲਖਵਿੰਦਰ ਸਿੰਘ, ਬੀਰ ਸਿੰਘ, ਹਿੰਮਤ ਸਿੰਘ (ਸਾਰੇ ਮੈਂਬਰ ਪੰਚਾਇਤ) ਹਰਪਾਲ ਸਿੰਘ ਸਰਪੰਚ ਮੱਲੂਵਾਲ, ਕਿਰਪਾਲ ਸਿੰਘ, ਅਰਸ਼ਦੀਪ ਸਿੰਘ ਯੂਥ ਪ੍ਰਧਾਨ, ਗੁਰਪ੍ਰੀਤ ਸਿੰਘ ਬਜਾਜ, ਸਤਨਾਮ ਭਭ ਸਿੰਘ ਮੂਧਲ, ਅਮਰਜੋਤ ਸਿੰਘ ਭੰਗੂ, ਅਮਰੀਕ ਸਿੰਘ ਸਰਪੰਚ ਜਹਾਂਗੀਰ, ਪ੍ਰਗਟ ਸਿੰਘ, ਬੂਟਾ ਸਿੰਘ ਅਤੇ ਰਸ਼ਪਾਲ ਸਿੰਘ ਬਲ ਬਾਬਾ ਆਗੂ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਸਾਬਕਾ ਕਾਂਗਰਸੀ ਕੌਂਸਲਰ ਅਮਿਤ ਸਹੋਤਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼ਹਿਰ ਧਾਰੀਵਾਲ ਦੇ ਲੁਧਿਆਣਾ ਮੁਹੱਲਾ ਵਾਰਡ ਨੰਬਰ 12 ਦੇ ਸਾਬਕਾ ਕੌਂਸਲਰ ਅਮਿਤ ਸਹੋਤਾ ਕਾਂਗਰਸ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਪ੍ਰੇਰਨਾ ਸਦਕਾ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸਾਮਲ ਹੋ ਗਏ। ਇਸ ਮੌਕੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਉਮੀਦਵਾਰ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਪਾਰਟੀ ਵਿੱਚ ਸਾਮਲ ਹੋਏ ਸਾਬਕਾ ਕੌਂਸਲਰ ਅਮਿਤ ਸਹੋਤਾ ਦੇ ਨਾਲ ਲਖਬੀਰ ਮਸੀਹ, ਅਜੀਤ ਸਿੰਘ, ਸੁਰਜੀਤ ਸਿੰਘ, ਸਵਰਨ ਮਸੀਹ, ਪ੍ਰੇਮ ਨਾਥ, ਸੌਰਵ ਮਸੀਹ, ਰੋਹਿਤ ਮਸੀਹ, ਸੰਨੀ ਮਸੀਹ, ਆਸ਼ੀਸ਼ ਮਸੀਹ, ਜਤਿਨ ਮਸੀਹ, ਮਨੋਹਰ ਲਾਲ, ਸੁਰਿੰਦਰ ਕੁਮਾਰ, ਵਿੱਕੀ ਮਸੀਹ, ਦੀਪਕ ਮਸੀਹ, ਹਨੀ ਮਸੀਹ, ਸਿਕੰਦਰ ਮਸੀਹ ਆਦਿ ਦਾ ਸਵਾਗਤ ਕਰਦਿਆਂ ਸਨਮਾਨਿਤ ਕੀਤਾ ਗਿਆ। ਉਮੀਦਵਾਰ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੂੰ ਕਿਹਾ ਕਿ ਪਾਰਟੀ ਵਿੱਚ ਸਾਮਲ ਹੋਣ ਵਾਲਿਆਂ ਦਾ ਪੂਰਾ ਮਾਣ ਸਨਮਾਨ ਬਹਾਲ ਰੱਖਿਆ ਜਾਵੇਗਾ। ਇਸ ਮੌਕੇ ਸਾਬਕਾ ਕੌਂਸਲਰ ਅਮਿਤ ਸਹੋਤਾ ਤੇ ਸਾਥੀਆਂ ਨੇ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸ਼ੈਰੀ ਕਲਸੀ ਨੂੰ ਵੱਡੀ ਲੀਡ ਨਾਲ ਜਿਤਾਉਣ ਲਈ ਅਤੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਲਗਨ ਤੇ ਇਮਾਨਦਾਰੀ ਨਾਲ ਮਿਹਨਤ ਕਰਨਗੇ।

# ਗੁਰਮਿੰਦਰ ਸਿੰਘ ਰਟੌਲ ਨੂੰ ਪੀਏਸੀ ਮੈਂਬਰ ਨਿਯੁਕਤ ਹੋਣ 'ਤੇ ਵਧਾਈ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੂਬਾ ਜਨਰਲ ਸਕੱਤਰ ਰਹੇ ਗੁਰਮਿੰਦਰ ਸਿੰਘ ਰਟੌਲ ਨੂੰ ਉਨ੍ਹਾਂ ਦੀਆਂ ਸੇਵਾਵਾਂ ਦੇ ਤਹਿਤ ਪਾਰਟੀ ਨੇ ਸਿਆਸੀ ਮਾਮਲਿਆਂ ਬਾਰੇ ਕਮੇਟੀ ਪੀਏਸੀ ਦਾ ਮੈਂਬਰ ਨਿਯੁਕਤ ਕਰਨ 'ਤੇ ਹਲਕਾ ਤਰਨਤਾਰਨ ਦੇ ਅਕਾਲੀ ਦਲ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਕਸੇਲ ਨੇ ਪਾਰਟੀ ਹਾਈਕਮਾਂਡ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ ਦਾ ਧੰਨਵਾਦ ਕੀਤਾ ਤੇ ਗੁਰਮਿੰਦਰ ਸਿੰਘ ਰਟੌਲ ਨੂੰ ਪੀਏਸੀ ਮੈਂਬਰ ਨਿਯੁਕਤ ਹੋਣ 'ਤੇ ਵਧਾਈ ਦਿੱਤੀ ਤੇ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਮਿਹਨਤੀ ਵਰਕਰਾਂ ਨੂੰ ਹਮੇਸ਼ਾ ਬਣਦਾ ਮਾਣ ਸਨਮਾਨ ਦਿੱਤਾ ਹੈ। ਪਾਰਟੀ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਉਨ੍ਹਾਂ ਨਾਲ ਪ੍ਰਦੀਪ ਸਿੰਘ ਕਸੇਲ, ਸੂਬੇਦਾਰ ਜਗਰੂਪ ਸਿੰਘ, ਰਾਜੂ ਸਰਪੰਚ, ਮਲਕੀਤ ਸਿੰਘ, ਅਮਰਜੀਤ ਸਿੰਘ, ਸਵਿੰਦਰ ਸਿੰਘ, ਬਲਵੰਤ ਸਿੰਘ, ਨਿਸ਼ਾਨ ਸਿੰਘ, ਗੁਰਦੇਵ ਸਿੰਘ, ਹਰਪਾਲ ਸਿੰਘ, ਜਗਰੂਪ ਸਿੰਘ, ਗੁਰਭੇਜ ਸਿੰਘ, ਜਸਪਾਲ ਸਿੰਘ, ਸਰਬਜੀਤ ਸਿੰਘ, ਰਾਣਾ ਹਰਬੰਸਪੁਰ, ਵਰਿੰਦਰ ਸਿੰਘ, ਭੁਪਿੰਦਰ ਬੀਰ ਸਿੰਘ, ਰੇਸ਼ਮ ਸਿੰਘ, ਨਿਰਵੈਲ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਦੇਵ ਸਿੰਘ, ਨਿਰਮਲ ਸਿੰਘ, ਖਜਾਨ ਸਿੰਘ ਮੈਂਬਰ, ਬਲਜਿੰਦਰ ਸਿੰਘ ਮੈਂਬਰ, ਦਲਬੀਰ ਸਿੰਘ ਮੈਂਬਰ, ਜਸਪਾਲ ਸਿੰਘ ਮੈਂਬਰ, ਕੁਲਦੀਪ ਸਿੰਘ, ਸਾਹਿਬ ਸਿੰਘ, ਜਗਰੂਪ ਸਿੰਘ, ਦਵਿੰਦਰ ਸਿੰਘ, ਬਲਜਿੰਦਰ ਸਿੰਘ ਸਰਪੰਚ, ਦਿਲਬਾਗ ਸਿੰਘ ਸਰਪੰਚ ਸਾਹਿਬ, ਗਗਨਦੀਪ ਸਿੰਘ, ਜਗਦੀਸ਼ ਸਿੰਘ ਆਦਿ ਨੇ ਵੀ ਗੁਰਮਿੰਦਰ ਸਿੰਘ ਰਟੌਲ ਨੂੰ ਵਧਾਈ ਦਿੱਤੀ।

29-APR-PAGE-12.qxd 4/28/2024 9:11 PM Page 1



# ਲੋਕ ਸਭਾ ਚੋਣਾਂ 'ਚ ਉਮੀਦਵਾਰਾਂ ਕੋਲੋਂ ਸਵਾਲ ਪੁੱਛਣਗੇ ਪੁਰਾਣੀ ਪੈਨਸ਼ਨ ਬਹਾਲੀ ਦੇ ਮੁਲਾਜ਼ਮ

**ਜਲੰਧਰ ( ਰਾਜੇਸ਼ ਥਾਪਾ )-** ਪੰਜਾਬ ਸਰਕਾਰ ਦੇ ਮੁਲਾਜ਼ਮਾਂ ਨੇ ਪੈਨਸ਼ਨ ਲਈ ਬੜਾ ਲੰਮਾ ਸੰਘਰਸ਼ ਲੜਿਆ ਹੈ। ਫਿਰ ਪੰਜਾਬ ਦੇ ਮੁਲਾਜ਼ਮਾਂ ਨੂੰ ਸੇਵਾ ਮੁਕਤੀ ਉਪਰਾਂਤ ਪੈਨਸ਼ਨ ਲੈਣ ਦਾ ਹੱਕ ਪ੍ਰਾਪਤ ਹੋਇਆ। ਪਰ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੀ ਭਾਜਪਾ ਦੇ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਅਤੇ ਉਸ ਸਮੇਂ ਪੰਜਾਬ ਮੁੱਖ ਮੰਤਰੀ ਅਤੇ ਹੁਣ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਅਤੇ ਵਿਰੋਧੀ ਧਿਰ ਦੇ ਨੇਤਾ ਅਕਾਲੀ ਨੇਤਾ ਪ੍ਰਕਾਸ਼ ਸਿੰਘ ਬਾਦਲ ਦੀ ਸਹਿਮਤੀ ਨਾਲ ਪੰਜਾਬ ਦੇ ਮੁਲਾਜ਼ਮਾਂ ਦੀ ਪੈਨਸ਼ਨ ਬੰਦ ਕਰ ਦਿੱਤੀ ਗਈ ਅਤੇ ਆਪਣੀਆਂ ਪੈਨਸ਼ਨਾਂ ਨੂੰ ਉਸੇ ਸਮੇਂ ਦੁੱਗਣਾ ਕਰ ਲਿਆ ਗਿਆ।ਬੜੀ ਹੈਰਾਨੀ ਦੀ ਗੱਲ ਹੈ ਕਿ ਭਾਰਤ ਵਿਚ ਵੱਖ ਰਾਜਾਂ ਦੇ ਮੁਲਾਜ਼ਮ ਅਤੇ ਕੇਂਦਰੀ ਮੁਲਾਜ਼ਮ ਆਪਣੀ ਉਮਰ ਮੁਤਾਬਕ ਲੱਗਭਗ 30 ਤੋਂ 35 ਸਾਲ ਤੱਕ ਆਪਣੀ ਨੌਕਰੀ ਤੋਂ ਸੇਵਾ ਮੁਕਤ ਹੁੰਦੇ ਹਨ। ਜੋ ਉਨ੍ਹਾਂ ਦੁਆਰਾ ਕਟਾਏ ਗਏ ਪੈਸਿਆਂ ਵਿੱਚੋਂ ਉਨ੍ਹਾਂ ਨਿਗੂਣੀ ਪੈਨਸ਼ਨ ਹੀ ਮਿਲਦੀ ਹੈ। ਦੂਸਰੇ ਪਾਸੇ ਮੈਂਬਰ ਪਾਰਲੀਮੈਂਟ ਅਤੇ ਵਿਧਾਇਕ ਜੋ ਪੰਜ ਸਾਲ ਲਈ ਚੁਣੇ ਜਾਂਦੇ, ਉਨ੍ਹਾਂ ਨੂੰ ਪੂਰੀ ਪੈਨਸ਼ਨ ਮਿਲਦੀ ਹੈ। ਉਹ ਜਿੰਨੀ ਵਾਰ ਵੀ ਜਿੱਤਦਾ ਹੈ, ਉਸ ਨੂੰ ਓਨੀਆਂ ਹੀ ਪੈਨਸ਼ਨਾਂ ਮਿਲਦੀਆਂ ਹਨ। ਆਮ ਲੋਕਾਂ ਦੇ ਬੱਚਿਆਂ ਮੁਲਾਜ਼ਮਾਂ ਲਈ ਪੈਨਸ਼ਨ ਨੀਤੀ ਹੋਰ ਅਤੇ ਮੈਂਬਰ ਪਾਰਲੀਮੈਂਟ ਅਤੇ ਵਿਧਾਇਕਾਂ ਲਈ ਪੈਨਸ਼ਨ ਨੀਤੀ ਹੋਰ, ਅਜਿਹੀ ਨੀਤੀ ਕਿਉਂ ਲਾਗੂ ਹੈ। ਜਿਸ ਦੀ ਸਖ਼ਤ ਸ਼ਬਦਾਂ ਨਾਲ ਨਿੰਦਿਆ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਅਤੇ ਸੂਬਾ ਪ੍ਰੈੱਸ ਸਕੱਤਰ, ਗੌਰਮਿੰਟ



ਟੀਚਰਜ਼ ਪੰਜਾਬ ਦੇ ਸਹਾਇਕ ਪ੍ਰੈਸ ਸਕੱਤਰ ਗਣੇਸ਼ ਭਗਤ ਨੇ ਕਿਹਾ ਪੰਜਾਬ ਭਰ ਦੇ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮ, ਜੋ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਪੰਜਾਬ ਸਰਕਾਰ ਨੇ ਲਿਖਤੀ ਨੋਟੀਫਿਕੇਸ਼ਨ ਜਾਰੀ ਕੀਤਾ ਹੋਇਆ ਹੈ। ਜਿਸ ਨੂੰ ਭਗਵੰਤ ਮਾਨ ਦੀ ਮੌਜੂਦਾ ਪੰਜਾਬ ਸਰਕਾਰ ਕੇਂਦਰ ਸਰਕਾਰ ਦੀਆਂ ਲੀਹਾਂ 'ਤੇ ਚਲਦੀ ਹੋਈ ਪੁਰਾਣੀ ਪੈਨਸ਼ਨ ਬਹਾਲ ਕਰਨ ਵਿੱਚ ਪੂਰੀ ਤਰ੍ਹਾਂ ਨਕਾਮ ਰਹੀ ਹੈ। ਪੰਜਾਬ ਸਰਕਾਰ ਨੇ ਮੁਲਾਜ਼ਮਾਂ ਪ੍ਰਤੀ ਅੜੀਅਲ ਰਵੱਈਆ ਅਪਣਾਇਆ ਹੋਇਆ ਹੈ। ਦੂਸਰੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤਾਂ ਪੁਰਾਣੀ ਪੈਨਸ਼ਨ ਬਹਾਲੀ ਨੂੰ ਮਹਾਂਪਾਪ ਆਖ ਚੁੱਕੇ ਹਨ। ਹੁਣ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮ ਆਪਣੇ ਘਰਾਂ ਅੱਗੇ ਪੋਸਟਰ ਲਗਾ ਕੇ ਹਰ ਸਿਆਸੀ ਧਿਰ ਦੇ ਚੋਣ ਲੜ ਰਹੇ ਉਮੀਦਵਾਰਾਂ ਤੋਂ ਪੁੱਛ ਰਹੇ ਹਨ ਹਨ ਅਤੇ ਕਹਿ ਰਹੇ ਹਨ ਕਿ ਜਿਹੜਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਹਾਮੀ ਭਰੇਗਾ, ਉਹ ਹੀ ਸਾਡੀ ਤੇ ਸਾਡੇ ਪਰਵਾਰ ਦੀ ਵੋਟ ਲੈਣ ਦਾ ਹੱਕਦਾਰ ਹੋਵੇਗਾ। ਇਹ ਸਿਆਸੀ ਆਗੂਆਂ ਨੂੰ ਹੁਣ ਸੋਚਣਾ ਪਵੇਗਾ ਕਿ ਇਹ ਪੰਜਾਬ ਦੇ ਮੁਲਾਜ਼ਮ ਪੈਨਸ਼ਨ ਦੇ ਹੱਕਦਾਰ ਹਨ ਜਾਂ ਨਹੀਂ, ਕਿਉਂਕਿ ਪੈਨਸ਼ਨ ਮੁਲਾਜ਼ਮਾਂ ਦਾ ਹੱਕ ਹੈ, ਕੋਈ ਭੀਖ ਨਹੀਂ। ਜਿਸ ਨਾਲ ਮੁਲਾਜ਼ਮ ਸੇਵਾ ਮੁਕਤੀ ਤੋਂ ਬਾਅਦ ਆਪਣਾ ਅਤੇ ਆਪਣੇ ਪਰਵਾਰ ਦਾ ਵਧੀਆ ਤਰੀਕੇ ਨਾਲ ਜੀਵਨ ਬਸਰ ਕਰ ਸਕੇ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਸੰਘਰਸ਼ ਦੇ ਹੱਕ ਵਿੱਚ ਖੜ੍ਹੀ ਹੈ ਉਹ ਸਿਆਸੀ ਆਗੂਆਂ ਕੋਲੋਂ ਤੁਹਾਡੇ ਹੱਕਾਂ ਲਈ ਮੰਗ ਕਰਨਗੇ। ਜੇਕਰ ਉਹ ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਹਾਮੀ ਨਹੀਂ ਭਰਨਗੇ ਤਾਂ ਪੰਜਾਬ ਭਰ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਮੁਲਾਜ਼ਮ ਆਪਣੇ ਪਰਵਾਰਾਂ ਸਮੇਤ ਪੰਜਾਬ ਸਰਕਾਰ ਦਾ ਵਿਰੋਧ ਕਰਨਗੇ ਅਤੇ ਆਮ ਲੋਕਾਂ ਨੂੰ ਵੀ ਲਾਮਬੰਦ ਕਰਨਗੇ ਤੇ ਸਰਕਾਰ ਦੇ ਖਿਲਾਫ ਆਪਣਾ ਵੋਟ ਪਾਉਣਗੇ।ਇਸ ਮੌਕੇ ਨਿਰਮੋਲਕ ਸਿੰਘ ਹੀਰਾ, ਕੁਲਦੀਪ ਸਿੰਘ ਕੌੜਾ, ਬਲਵੀਰ ਭਗਤ, ਰਗਜੀਤ ਸਿੰਘ, ਵਿਨੋਦ ਭੱਟੀ, ਦੇਵ ਰਾਜ, ਸੁਖਵਿੰਦਰ ਮੱਕੜ, ਹਰਮਨਜੋਤ ਸਿੰਘ ਵਾਲੀਆ, ਜੋਗਿੰਦਰ ਸਿੰਘ ਜੋਗੀ, ਜਗਜੀਤ ਸਿੰਘ, ਕਵਿਤਾ, ਸੁਸ਼ੀਲ ਕੁਮਾਰ, ਰਣਜੀਤ ਸਿੰਘ, ਗੀਤਾ ਦੇਵੀ ਹਾਜ਼ਰ ਸਨ।

# ਸਾਡੇ ਸਮਾਜ ਦਾ ਭਵਿੱਖ ਹੋਟਲਾਂ 'ਤੇ ਭਾਂਡੇ ਮਾਂਜਦਾ ਫਿਰਦੈ : ਗੁਰਦਿਆਲ

**ਖਡੂਰ ਸਾਹਿਬ (ਨਜ਼ਸ)—** ਸੀਪੀਆਈ ਤੇ ਸੀਪੀਐੱਮ ਦੇ ਖਡੂਰ ਸਾਹਿਬ ਤੋਂ ਪਾਰਲੀਮੈਂਟ ਦੇ ਉਮੀਦਵਾਰ ਗੁਰਦਿਆਲ ਸਿੰਘ ਖਡੂਰ ਸਾਹਿਬ ਆਪਣੇ ਪਿੰਡ ਦੇ ਘਰ-ਘਰ ਵਿੱਚ ਜਥਾ ਬਣਾ ਕੇ ਵੋਟਾਂ ਪਾਉਣ ਲਈ ਬੇਨਤੀ ਕਰਨ ਗਏ। ਉਨ੍ਹਾਂ ਘਰਾਂ ਵਿੱਚ ਜਾ ਕੇ ਯਕੀਨ ਦਿਵਾਇਆ ਕਿ ਮੈਂ ਜਿੱਤਾਂ ਜਾਂ ਨਾ ਜਿੱਤਾਂ ਜਿਸ ਤਰ੍ਹਾਂ ਪਹਿਲਾਂ ਲੋਕਾਂ ਦੀ ਸੇਵਾ ਭਾਵ ਕੰਮ ਕਰਦਾ ਸਾਂ ਉਸੇ ਤਰ੍ਹਾਂ ਕਰਦਾ ਰਹਾਂਗਾ।ਜੇ ਲੋਕ ਮੈਨੂੰ ਵੋਟਾਂ ਪਾ ਕੇ ਜਿਤਾ ਦਿੰਦੇ ਹਨ ਤਾਂ ਮੈਨੂੰ



ਲੋਕ ਸੇਵਾ ਕਰਨੀ ਸੌਖੀ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਮੇਰੀ ਸੋਚ ਲੋਕ ਸੇਵਾ ਕਰਨ ਤੱਕ ਹੀ ਸੀਮਤ ਨਹੀਂ ਹੈ ਮੇਰੇ ਵਿਚਾਰ ਤਾਂ ਇਹ ਹਨ ਕਿ ਸਮਾਜ ਵਿੱਚ ਅਜਿਹੀਆਂ ਮੁਸ਼ਕਲਾਂ ਹੀ ਨਾ ਆਉਣ।ਸਮਾਜ ਵਿੱਚ ਹਰੇਕ ਮਨੁੱਖ ਭਾਵੇਂ ਉਹ ਔਰਤ ਹੈ ਜਾਂ ਮਰਦ, ਸਰਕਾਰੀ ਰੁਜ਼ਗਾਰ 'ਤੇ ਲੱਗਾ ਹੋਵੇ।ਹਰ ਘਰ ਵਿੱਚ ਖੁਸ਼ਹਾਲੀ ਹੋਵੇ ।ਲੋਕਾਂ ਨੂੰ ਇੱਕ ਦੂਜੇ ਨਾਲ ਝਗੜਨ ਦੀ ਨੌਬਤ ਹੀ ਨਾ ਆਵੇ।ਦੇਸ਼ ਦੀ ਆਜ਼ਾਦੀ ਤੋਂ ਬਾਅਦ ਮੇਰੇ ਵਿਚਾਰਾਂ ਦੀ ਸਰਕਾਰ ਹੁਣ ਤੱਕ ਬਣ ਹੀ ਨਹੀਂ।ਜੇ ਮੇਰੇ ਵਿਚਾਰਾਂ ਦੀ ਸਰਕਾਰ ਬਣ ਜਾਂਦੀ ਤਾਂ ਦੇਸ਼ ਵਿੱਚ ਹਰੇਕ ਵਿਅਕਤੀ ਨੂੰ ਰੁਜ਼ਗਾਰ, ਘਰ, ਸਿਹਤ ਤੇ ਵਿੱਦਿਆ ਲਾਜ਼ਮੀ ਤੇ ਮੁਫ਼ਤ ਮਿਲਣੀ ਸੀ ਪਰ ਅਜੋਕੇ ਦੌਰ ਵਿੱਚ ਸਾਡੇ ਸਮਾਜ ਦਾ ਭਵਿੱਖ ਹੋਟਲਾਂ 'ਤੇ ਭਾਂਡੇ ਮਾਂਜਦਾ ਫਿਰਦਾ ਹੈ।ਉਨ੍ਹਾਂ ਨੂੰ ਦੋ ਵਕਤ ਦੀ ਰੋਟੀ ਨਹੀਂ ਮਿਲਦੀ।ਕਰੋੜਾਂ ਲੋਕ ਛੱਤਾਂ ਤੋਂ ਬਗੈਰ ਪੁਲਾਂ ਥੱਲੇ ਰਾਤਾਂ ਗੁਜ਼ਾਰਦੇ ਹਨ। ਭਰਾਵੋ, ਮੇਰੀ ਬੇਨਤੀ ਹੈ ਕਿ ਸਮਾਜ ਨੂੰ ਉਕਤ ਅਲਾਮਤਾਂ 'ਚੋਂ ਕੱਢਣ ਲਈ ਦਾਤਰੀ ਸਿੱਟੇ ਵਾਲਾ ਬਟਨ ਦਬਾ ਕੇ ਮੈਨੂੰ ਕਾਮਯਾਬ ਬਣਾਓ।ਜਥੇ ਵਿੱਚ ਕੁਲਵੰਤ ਸਿੰਘ ਪੰਚਾਇਤ ਮੈਂਬਰ, ਜਸਵੰਤ ਸਿੰਘ, ਪਾਲ ਸਿੰਘ ਖਡੂਰ ਸਾਹਿਬ, ਜਗੀਰ ਸਿੰਘ ਭਰੋਵਾਲ, ਰਣਜੀਤ ਸਿੰਘ ਬਾਣੀਆ, ਸ਼ੇਰਾ ਖਡੂਰ ਸਾਹਿਬ, ਪਰਮਜੀਤ ਸਿੰਘ ਖਡੂਰ ਸਾਹਿਬ ਆਦਿ ਹਾਜ਼ਰ ਸਨ।

# ਐੱਸ ਟੀ ਐੱਸ ਵਰਲਡ ਸਕੂਲ 'ਚ ਅੰਤਰ-ਹਾਊਸ ਅੰਗਰੇਜ਼ੀ ਕਵਿਤਾ ਉਚਾਰਨ ਮੁਕਾਬਲੇ



**ਗੁਰਾਇਆ (ਬਿੰਦਰ ਸੁਮਨ)-**ਕਵਿਤਾ ਸਾਹਿਤ ਦਾ ਇੱਕ ਰੂਪ ਹੈ ਜਿਸ ਵਿੱਚ ਸਬਦਾਂ ਨੂੰ ਉਨਾਂ ਦੇ ਆਮ ਅਰਥਾਂ ਨਾਲੋਂ ਵਧੇਰੇ ਅਰਥ ਪ੍ਰਾਪਤ ਕਰਨ ਲਈ ਕਾਵਿਕ ਸਾਧਨਾਂ ਦਾ ਪ੍ਰਯੋਗ ਕੀਤਾ ਜਾਂਦਾ ਹੈ। ਐੱਸ.ਟੀ.ਐੱਸ ਵਰਲਡ ਸਕੂਲ ਵਿੱਚ ਇੱਕ ਕਾਵਿਕ ਉਤਸ਼ਾਹ ਦਿਖਾਉਂਦੇ ਹੋਏ ਅੰਤਰ-ਹਾਊਸ ਅੰਗਰੇਜ਼ੀ ਕਵਿਤਾ ਉਚਾਰਨ ਮੁਕਾਬਲਾ ਕਰਵਾਇਆ ਗਿਆ। ਸਟੇਜ ਦਾ ਸੰਚਾਲਨ 6ਵੀਂ ਜਮਾਤ ਦੇ ਦਮਨਪ੍ਰੀਤ ਸਿੰਘ ਅਤੇ ਏਕਮਜੋਤ ਕੌਰ ਨੇ ਕੀਤਾ। ਨਤੀਜੇ ਸਾਡੇ ਸਮਰਪਤ ਅਧਿਆਪਕ ਜੱਜਾਂ ਸਵਿਤਾ, ਅਮਨ, ਸੁਖਵਿੰਦਰ ਅਤੇ ਸ੍ਰੀਮਤੀ ਕੁਲਬੀਰ ਦੁਆਰਾ ਸਾਂਝੇ ਕੀਤੇ ਗਏ। ਇੰਟਰ ਹਾਊਸ ਇੰਗਲਿਸ਼ ਕਵਿਤਾ ਪਾਠ ਉਚਾਰਨ ਮੁਕਾਬਲਾ ਦੋ ਵਰਗਾਂ ਵਿੱਚ ਵੰਡਿਆ ਗਿਆ। ਜਿਸ ਵਿੱਚੋਂ ਵਰਗ (ਗ੍ਰੇਡ 1 ਅਤੇ 2) ਦੇ ਜੇਤੂ ਪਹਿਲੀ ਸਥਾਨ ਹਾਰਵਰਡ ਹਾਊਸ ਜਸਵੀਨ ਕੌਰ, ਸਟੈਨਫੋਰਡ ਹਾਊਸ ਤੋਂ ਸਾਇਰਾ ਖਾਨ ਨੇ ਦੂਜੀ ਸਥਾਨ, ਆਕਸਫੋਰਡ ਹਾਊਸ ਤੋਂ ਜੈਵੀਰ ਤੀਸਰਾ ਸਥਾਨ ਪ੍ਰਾਪਤ ਕੀਤਾ। ਇੰਟਰ ਹਾਊਸ ਇੰਗਲਿਸ਼ ਕਵਿਤਾ ਪਾਠ ਮੁਕਾਬਲੇ ਵਰਗ (ਗ੍ਰੇਡ 3 ਤੋਂ 5) ਦੇ ਜੇਤੂ ਪਹਿਲਾ ਸਥਾਨ ਹਾਰਵਰਡ ਹਾਊਸ ਅੰਕਿਤਾ ਸ਼ਰਮਾ, ਦੂਜ ਸਥਾਨ ਆਕਸਫੋਰਡ ਹਾਊਸ ਹਰਲੀਨ ਕੌਰ, ਤੀਜਾ ਸਥਾਨ ਕੈਂਬਰਿਜ ਹਾਊਸ ਵਿੱਚੋਂ ਸੀਰਤ ਕੌਰ ਨੇ ਹਾਸਲ ਕੀਤਾ। ਇਸ ਤੋਂ ਇਲਾਵਾ ਇੰਟਰ ਹਾਊਸ ਈ-ਪੋਸਟਰ ਮੇਕਿੰਗ ਮੁਕਾਬਲੇ ਦੇ ਜੇਤੂ ਕੈਂਬਰਿਜ ਹਾਊਸ ਤੋਂ ਲਵਲੀਨ ਕੌਰ ਨੇ ਪਹਿਲਾ, ਆਕਸਫੋਰਡ ਹਾਊਸ ਤੋਂ ਪੰਕਜ ਚੰਦਰ ਨੇ ਦੂਜਾ, ਸਟੈਨਫੋਰਡ ਹਾਊਸ ਤੋਂ ਮਨਕੀਰਤ ਸਿੰਘ ਤੀਸਰਾ ਸਥਾਨ ਅਤੇ ਓਵਰਆਲ ਟਰਾਫੀ ਹਾਰਵਰਡ ਹਾਊਸ ਨੂੰ ਦਿੱਤੀ ਗਈ। ਇਸ ਦੇ ਨਾਲ ਹੀ ਫਸਟ ਰਨਰ ਅੱਪ ਆਕਸਫੋਰਡ ਹਾਊਸ ਅਤੇ ਸੈਕਿੰਡ ਰਨਰ ਅੱਪ ਸਟੈਨਫੋਰਡ ਹਾਊਸ ਰਿਹਾ।

# ਦੋਆਬਾ ਜਨਰਲ ਕੈਟਾਗਰੀਜ਼ ਫਰੰਟ ਪੰਜਾਬ ਚੋਣਾਂ 'ਚ ਨਿਭਾਏਗਾ ਅਹਿਮ ਭੂਮਿਕਾ : ਫੁਗਲਾਣਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)–** ਦੋਆਬਾ ਜਨਰਲ ਕੈਟਗਰੀਜ਼ ਫਰੰਟ ਪੰਜਾਬ ਦੀ ਅਹਿਮ ਮੀਟਿੰਗ ਫਰੰਟ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਦੇ ਗ੍ਰਹਿ ਵਿਖੇ ਹੋਈ ਜਿਸ ਵਿੱਚ ਫਰੰਟ ਦੇ ਸਾਰੇ ਹੀ ਸਰਗਰਮ ਆਹੁਦੇਦਾਰਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ।ਜਿਸ ਵਿੱਚ ਜਗਤਾਰ ਸਿੰਘ ਭੁੰਗਰਨੀ, ਜਸਵਿੰਦਰ ਸਿੰਘ ਸੰਘਾ, ਬਲਵਿੰਦਰ ਸਿੰਘ ਗਿੱਲ, ਈਸ਼ਰ ਸਿੰਘ ਨਰੂੜ, ਵਰਿੰਦਰ ਸਿੰਘ ਭਿੰਡਰ, ਗੁਰਦਿਆਲ ਸਿੰਘ ਜਲਵੇੜਾ, ਜਸਵਿੰਦਰ ਸਿੰਘ ਹਰਖੋਵਾਲ, ਕਰਨਜੀਤ ਸਿੰਘ ਅਟਵਾਲ, ਜੀਤ ਸਿੰਘ ਖਨੋੜਾ, ਭੂਪਿੰਦਰ ਸਿੰਘ ਮੁੱਖਲਿਆਣਾ, ਰਤਨ ਸਿੰਘ ਸੈਣੀ, ਜਸਵੀਰ ਸਿੰਘ ਪਰਮਾਰ, ਸੁਖਵੀਰ ਸਿੰਘ ਪਰਮਾਰ, ਮੱਖਣ ਸਿੰਘ ਯੂ ਐਸ ਏ ਮੋਨਾ ਕਲਾਂ, ਮੰਗਲ ਸਿੰਘ ਜਲਵੇੜਾ, ਦਵਿੰਦਰ ਸਿੰਘ ਮੇਹਟੀਆਣਾ, ਕੁਲਵੰਤ ਸਿੰਘ ਕਾਂਤੀ ਅਤੇ ਸਾਥੀ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਰੇ ਹੀ ਬੁਲਾਰਿਆਂ ਨੇ ਆਖਿਆ ਕਿ ਸਾਰੀਆਂ ਹੀ ਪਾਰਟੀਆਂ ਰਿਜ਼ਰਵ ਹਲਕਿਆਂ ਵਿਚ ਜਨਰਲ ਵਰਗ ਨਾਲ ਵਿਤਕਰਾ ਕਰਦੀਆਂ ਆ ਰਹੀਆਂ ਹਨ ਅਤੇ ਵੋਟਾਂ ਸਮੇਂ ਹੀ ਉਹ ਆਪਣਾਪਨ ਜ਼ਾਹਰ ਕਰਦੀਆਂ ਹਨ। ਵੋਟਾਂ ਬਟੋਰਨ ਤੋਂ ਬਾਅਦ ਪੂਰੇ ਪੰਜ ਸਾਲ ਬਾਤ ਨਹੀ ਪੁੱਛਦੀਆਂ ਅਤੇ ਸਦਾ ਜਨਰਲ ਵਰਗ ਦੀ ਅਣਦੇਖੀ ਕੀਤੀ ਜਾਂਦੀ ਹੈ।



ਉਨ੍ਹਾਂ ਪੰਜਾਬ ਸਰਕਾਰ ਖਿਲਾਫ ਸਖਤ ਰੋਸ ਜ਼ਾਹਰ ਕਰਦਿਆਂ ਆਖਿਆ ਕਿ ਆਪ ਸਰਕਾਰ ਵੱਲੋਂ ਜਨਰਲ ਵਰਗ ਨਾਲ ਸਰੇਆਮ ਵਿਤਕਰਾ ਕੀਤਾ ਗਿਆ ਹੈ ।ਜਿਥੇ ਸਰਕਾਰ ਨੇ ਪੂਰੇ ਪੰਜਾਬ ਅੰਦਰ ਸਾਰੇ ਹੀ ਬੋਰਡਾਂ ਕਾਰਪੋਰੇਸ਼ਨਾਂ ਦੇ ਚੇਅਰਮੈਨ ਲਗਾਏ ਗਏ ਹਨ ਪਰ ਜਨਰਲ ਵਰਗ ਦੇ ਚੇਅਰਮੈਨ ਦਾ ਦੋ ਸਾਲ ਪਹਿਲਾਂ ਅਹੁਦਾ ਨਿਯੁਕਤ ਕਰਕੇ ਵੀ ਨਹੀਂ ਲਗਾਇਆ ਗਿਆ । ਇਸੇ ਕਾਰਨ ਕਰਕੇ ਜਨਰਲ ਵਰਗ ਸਮੁੱਚੇ ਪੰਜਾਬ ਦੇ ਜ਼ਿਲ੍ਹਿਆਂ ਅੰਦਰ ਪ੍ਰੈਸ ਕਾਨਫਰੰਸਾਂ ਕਰਕੇ ਜਨਰਲ ਵਰਗ ਨੂੰ ਲਾਮਬੰਦ ਕਰ ਰਿਹਾ ਹੈ। ਜਨਰਲ ਵਰਗ ਨੇ ਇਕ ਖਾਸ ਮਤਾ ਵੀ ਪਾਸ ਕੀਤਾ ਕਿ ਅਗਰ ਸਰਕਾਰ ਨੇ ਜਨਰਲ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਇਨ੍ਹਾਂ ਚੋਣਾਂ ਵਿੱਚ ਡਟ ਕੇ ਵਿਰੋਧ ਕੀਤਾ ਜਾਵੇਗਾ।

# 4 ਨੂੰ 'ਪੰਜਾਬ ਬਚਾਓ ਯਾਤਰਾ' ਬੰਗਾ ਪਹੁੰਚੇਗੀ

**ਬੰਗਾ (ਅਵਤਾਰ ਕਲੇਰ)-**ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਅਤੇ ਪੰਜਾਬੀਅਤ ਦੀ ਰਾਖੀ ਲਈ ਕੱਢੀ ਜਾ ਰਹੀ ਪੰਜਾਬ ਬਚਾਓ ਯਾਤਰਾ ਪੰਜਾਬ ਦੇ ਵੱਖ ਵੱਖ ਹਲਕਿਆਂ ਵਿਚੋਂ ਹੁੰਦੀ ਹੋਈ 4 ਮਈ ਨੂੰ ਬੰਗਾ ਵਿਖੇ ਪਹੁੰਚੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਦੱਸਿਆ ਕਿ ਯਾਤਰਾ ਦਾ ਬੰਗਾ ਵਾਸੀਆਂ ਵਲੋਂ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ ਜਾਵੇਗਾ ਅਤੇ ਜਲਦ ਹੀ ਉਨਾਂ ਦੇ ਆਉਣ ਦਾ ਰੂਟ ਵੀ ਸਾਰਿਆਂ ਨਾਲ ਸਾਂਝਾ ਕੀਤਾ ਜਾਵੇਗਾ। ਇਸ ਮੌਕੇ ਉਨਾਂ ਦੇ ਨਾਲ ਸੁਖਦੀਪ ਸਿੰਘ ਸ਼ੁਕਾਰ, ਸੋਹਣ ਲਾਲ ਢੰਡਾ, ਸਤਨਾਮ ਸਿੰਘ ਲਾਦੀਆਂ, ਨਵਦੀਪ ਸਿੰਘ ਅਨੋਖਰਵਾਲ, ਸੁਰਜੀਤ ਸਿੰਘ ਮਾਂਗਟ, ਜਤਿੰਦਰ ਸਿੰਘ ਮਾਨ, ਮਨਜੀਤ ਸਿੰਘ ਬੱਬਲ, ਅਮਰੀਕ ਸਿੰਘ ਸੋਨੀ, ਬਲਵੀਰ ਸਿੰਘ ਦਿਓਲ, ਸੁਖਬੀਰ ਸਿੰਘ ਸਾਧਪੁਰ, ਕੇਸਰ ਸਿੰਘ ਮਹਿਮੂਦਪੁਰ, ਸੁਰਜੀਤ ਸਿੰਘ, ਕੁਲਵਿੰਦਰ ਸਿੰਘ ਲਾਡੀ, ਕਰਮਜੀਤ ਸਿੰਘ ਤਲਵੰਡੀ ਫੱਤੂ, ਬਲਵੀਰ ਸਿੰਘ ਬਲੋਵਾਲ, ਹਰਵਿੰਦਰ ਸਿੰਘ ਉੱਚਾ, ਲਖਵੀਰ ਸਿੰਘ ਦੀਪਾ ਮਜਾਰੀ, ਕਮਲਜੀਤ ਸਿੰਘ ਮੇਹਲੀ, ਤਰਸੇਮ ਲਾਲ ਸਰਪੰਚ ਹੀਓਂ, ਗੁਰਿੰਦਰ ਸਿੰਘ ਬਾਂਸਲ, ਗੁਰਵਿੰਦਰ ਸਿੰਘ ਲਾਇਲ, ਗੁਰਪਾਲ ਸਿੰਘ ਕੁੰਦਰਾ, ਅਮਰਜੀਤ ਸਿੰਘ ਗੋਰਾ, ਮਨਜੀਤ ਕੁਮਾਰ, ਹਰਭਗਵੰਤ ਸਿੰਘ ਸੱਲਾਂ, ਜਗਤ ਸਿੰਘ ਪਠਲਾਵਾ,ਅਵਤਾਰ ਸਿੰਘ ਪਠਲਾਵਾ, ਬਲਵੰਤ ਸਿੰਘ ਲਾਦੀਆਂ, ਬਲਵੀਰ ਸਿੰਘ ਲਾਦੀਆਂ, ਹਰਜੀਤ ਸਿੰਘ, ਸੁਰਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।



## ਜਪਨੀਤ ਕੌਰ ਨੇ 90% ਅੰਕ ਪ੍ਰਾਪਤ ਕਰਕੇ ਇਲਾਕੇ ਦਾ ਨਾਂਅ ਰੁਸ਼ਨਾਇਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)-**ਪੀਐੱਸਈਬੀ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਕਿਊਪਿਡ ਹਾਈ ਸਕੂਲ, ਜੰਡਿਆਲਾ ਰੋਡ, ਤਰਨਤਾਰਨ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕੁੱਲ ਮਿਲਾ ਕੇ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੀ ਵਿਦਿਆਰਥਣ ਜਪਨੀਤ ਕੌਰ ਨੇ 90% ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਟਾਪ ਕੀਤਾ, ਜਦਕਿ ਹੋਰ ਵਿਦਿਆਰਥੀਆਂ ਨੇ ਵੀ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਪਰਿਵਾਰ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੀ ਐੱਮਡੀ ਅਨੀਤਾ ਸੂਦ, ਉਪ ਪ੍ਰਧਾਨ ਸੰਧਿਆ ਸੂਦ, ਪ੍ਰਿੰਸੀਪਲ ਵੀਰ ਕੌਰ ਅਤੇ ਰੇਖਾ ਕੁੰਦਰਾ ਨੇ ਟਾਪਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

## ਡਾ. ਵਰਿੰਦਰ ਸਿੰਘ ਸੈਣੀ ਵਿਧਾਨ ਸਭਾ ਕੋਆਰਡੀਨੇਟਰ ਨਿਯੁਕਤ



**ਫਿਲੌਰ, ( ਨਿਰਮਲ )-** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਰਿੰਦਰ ਸਿੰਘ ਸੈਣੀ ਜੋ ਪਿਛਲੇ ਤਕਰੀਬਨ 10 ਸਾਲ ਤੋਂ ਲਗਾਤਾਰ ਪਾਰਟੀ 'ਚ ਸੇਵਾ ਨਿਭਾ ਰਹੇ ਹਨ, ਆਮ ਆਦਮੀ ਪਾਰਟੀ 'ਚ ਤਨਦੇਹੀ ਨਾਲ ਸੇਵਾ ਨਿਭਾਉਣ 'ਤੇ ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ ਨੂੰ ਹਲਕਾ ਫਿਲੌਰ 'ਚ ਡਾਕਟਰ ਵਿੰਗ ਦਾ ਵਿਧਾਨ ਸਭਾ ਕੋਆਰਡੀਨੇਟਰ ਲਗਾਇਆ ਗਿਆ। ਇਸ ਨਿਯੁਕਤੀ ਲਈ ਡਾ. ਵਰਿੰਦਰ ਸਿੰਘ ਸੈਣੀ ਵੱਲੋਂ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਨ੍ਹਾਂ ਹਾਈਕਮਾਂਡ ਨੂੰ ਭਰੋਸਾ ਦਿਵਾਇਆ ਕਿ ਉਹ ਪਾਰਟੀ ਲਈ ਦਿਨ ਰਾਤ ਸੇਵਾ ਨਿਭਾਉਣਗੇ।

## ਜਨਮ ਦਿਨ ਮੁਬਾਰਕ



ਬਿਸ਼ਨੂ ਕਾਟਲ, ਗੁਰਦਾਸਪੁਰ



ਹਰਸ਼ ਤਰੇੜੀਆ, ਗੁਰਦਾਸਪੁਰ



ਤਨਿਸ਼ ਗਰਗ, ਸੰਗਰੂਰ



ਰਿਹਾਨ, ਜਲੰਧਰ

# ਦਾਣਾ ਮੰਡੀ 'ਚ ਕਿਸਾਨ ਤੇ ਆੜ੍ਹਤੀਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ : ਨਰਿੰਦਰ ਸਿੰਘ



**ਗੁਰਾਇਆ (ਬਿੰਦਰ ਸੁਮਨ)-** ਪੰਜਾਬ ਮੰਡੀ ਬੋਰਡ ਅਧੀਨ ਆਉਂਦੀ ਮਾਰਕਿਟ ਕਮੇਟੀ ਗੁਰਾਇਆ ਵਿਖੇ ਹਾੜ੍ਹੀ ਦੀ ਪ੍ਰਮੁੱਖ ਫਸਲ ਕਣਕ ਦੀ ਖਰੀਦ ਪ੍ਰਬੰਧਾਂ ਦਾ ਨਰਿੰਦਰ ਸਿੰਘ ਡੀ ਐਫ ਐਸ ਸੀ ਪਨਗਰੇਨ ਵਲੋਂ ਨਿਰੀਖਣ ਕੀਤਾ ਗਿਆ, ਉਥੇ ਮੌਜੂਦ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਨਰਿੰਦਰ ਸਿੰਘ ਨੇ ਕਿਹਾ ਕਿ ਕਣਕ ਦੀ ਖਰੀਦ ਹੁਣ ਜ਼ੋਰਾਂ 'ਤੇ ਚੱਲ ਰਹੀ ਹੈ, ਜਿਸ ਨਾਲ ਹਰੇਕ ਮੰਡੀ ਵਿੱਚ ਕਣਕ ਦੀ ਲਿਫਟ ਦੀ ਸਮੱਸਿਆ ਸੀ, ਜਿਸ ਨੂੰ ਹੱਲ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰਾਇਆ ਦਾਨਾ ਮੰਡੀ ਵਿੱਚ ਜਿੰਨੀ ਵੀ ਕਣਕ ਦੀ ਖਰੀਦ ਕੀਤੀ ਗਈ ਹੈ ਕਿਸਾਨਾਂ ਨੂੰ ਨਗਦੀ ਉਨ੍ਹਾਂ ਦੇ ਖਾਤੇ ਵਿੱਚ ਪਾ ਦਿੱਤੀ ਗਈ ਹੈ। ਕਿਸਾਨ ਜਦੋਂ ਆਪਣੀ ਫਸਲ ਮੰਡੀ ਵਿੱਚ ਲੈ ਕੇ ਆਉਂਦਾ ਹੈ ਤਾਂ ਉਸ ਦੀ ਫਸਲ ਸਮੇਂ ਸਿਰ ਵਿਕ ਜਾਂਦੀ ਹੈ। ਕਿਸਾਨਾਂ ਅਤੇ ਆੜ੍ਹਤੀਏ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਗੁਰਾਇਆ ਦਾਣਾ ਮੰਡੀ ਵਿੱਚ 2 ਲੱਖ 53 ਹਜ਼ਾਰ ਕੁਇੰਟਲ ਕਣਕ ਖਰੀਦ ਕੀਤੀ ਗਈ ਸੀ, ਹੁਣ ਤੱਕ 65 ਪ੍ਰਤੀਸ਼ਤ ਕਣਕ ਮੰਡੀ ਵਿੱਚ ਆ ਚੁੱਕੀ ਹੈ। ਇਸ ਮੌਕੇ ਉਨਾਂ ਨਾਲ ਇੰਸਪੈਕਟਰ ਜਤਿੰਦਰ ਕੁਮਾਰ, ਇੰਸਪੈਕਟਰ ਗੁਰਿੰਦਰ ਸਿੰਘ, ਮੰਡੀ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ ਤੋਂ ਇਲਾਵਾ ਕਿਸਾਨ ਅਤੇ ਆੜ੍ਹਤੀਏ ਹਾਜ਼ਰ ਸਨ।

# ਸੰਵਿਧਾਨ ਨੂੰ ਖਤਮ ਕਰਨ ਦੇ ਰਾਹ ਤੁਰੀ ਭਾਜਪਾ ਨੂੰ ਰੋਕਣ ਲਈ ਇੰਡੀਆ ਗਠਜੋੜ ਨੂੰ ਜਿਤਾਉਣਾ ਜ਼ਰੂਰੀ : ਸ਼ੇਰੋਵਾਲੀਆ

**ਸ਼ਾਹਕੋਟ(ਗਿਆਨ ਸੈਦਪੁਰੀ)-**'ਇਸ ਵਾਰ ਹੋ ਰਹੀਆਂ ਲੋਕ ਸਭਾਈ ਚੋਣਾਂ ਪਹਿਲਾਂ ਨਾਲੋਂ ਵਧੇਰੇ ਮਹੱਤਵਪੂਰਨ ਹਨ ਕਿਉਂਕਿ ਰਾਜਸੱਤਾ 'ਤੇ ਕਾਬਜ਼ ਭਾਜਪਾ ਅਤੇ ਇਸ ਨੂੰ ਚਲਾ ਰਹੀ ਆਰ. ਐਸ. ਐਸ. ਦੇਸ਼ ਦੇ ਲੋਕਤੰਤਰ ਅਤੇ ਇਸ ਦੇ ਸੰਵਿਧਾਨ ਨੂੰ ਖਤਮ ਕਰਨ ਦੇ ਰਾਹ ਤੁਰੀਆਂ ਹੋਈਆਂ ਹਨ। ਇਨ੍ਹਾਂ ਦਾ ਰਾਹ ਰੋਕਣ ਲਈ ਇੰਡੀਆ ਗੱਠਜੋੜ ਨੂੰ ਜਿਤਾਉਣਾ ਜ਼ਰੂਰੀ ਹੋ ਗਿਆ ਹੈ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਜਲੰਧਰ (ਦਿਹਾਤੀ) ਦੇ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕੀਤਾ। ਉਹ ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਕੁਮਾਰ ਰਿਹਾਨ ਦੇ ਵਾਰਡ ਵਿੱਚ ਪਹਿਲੀ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਇਸ ਭਰਵੇਂ ਇੱਕਠ ਵਿੱਚ ਉਹ ਔਰਤਾਂ ਉਚੇਚ ਨਾਲ ਸ਼ਾਮਲ ਸਨ, ਜਿਨ੍ਹਾਂ ਬਾਰੇ ਕਥਿਤ ਤੌਰ 'ਤੇ ਗੁਮਰਾਹਕੁਨ ਪ੍ਰਚਾਰ ਕੀਤਾ ਗਿਆ ਸੀ ਕਿ ਉਹ ਕਾਂਗਰਸ ਪਾਰਟੀ ਛੱਡ ਗਈਆਂ ਹਨ। ਸ਼ੇਰੋਵਾਲੀਆ ਨੇ ਕਿਹਾ ਕਿ ਲੋਕ ਸਭਾ ਹਲਕਾ ਜਲੰਧਰ ਦੇ ਵੋਟਰ ਇਸ ਕਰਕੇ ਵੀ ਵਧਾਈ ਦੇ ਪਾਤਰ ਹਨ ਕਿ ਉਨ੍ਹਾਂ ਨੂੰ ਚਰਨਜੀਤ ਸਿੰਘ ਚੰਨੀ ਦੇ ਰੂਪ ਵਿੱਚ ਇਹੋ ਜਿਹਾ ਉਮੀਦਵਾਰ ਮਿਲਿਆ ਹੈ, ਜਿਸ ਨੇ ਮੁੱਖ ਮੰਤਰੀ ਵਜੋਂ ਮਿਲੇ ਥੋੜ੍ਹੇ ਜਿਹੇ ਸਮੇਂ ਵਿੱਚ ਹੀ ਹਰੇਕ ਵਰਗ ਦੇ ਲੋਕਾਂ ਅੰਦਰ ਲੋਕਪ੍ਰਿਅਤਾ ਹਾਸਲ ਕਰ ਲਈ ਸੀ। ਉਨ੍ਹਾਂ ਕਿਹਾ ਕਿ ਉਮੀਦਵਾਰ ਵਜੋਂ ਚੰਨੀ ਦੀ



ਇਹ ਵੀ ਵਿਸ਼ੇਸ਼ਤਾ ਹੈ ਕਿ ਉਹ ਟਕਸਾਲੀ ਕਾਂਗਰਸੀ ਹੈ।ਬਾਕੀ ਲਗਭਗ ਸਾਰੀਆਂ ਪਾਰਟੀਆਂ ਨੇ ਉਮੀਦਵਾਰ 'ਉਧਾਰੇ' ਲਏ ਹਨ। ਸ਼ੇਰੋਵਾਲੀਆ ਨੇ ਕਿਹਾ ਕਿ ਹਾਲਾਤ ਸਪਸ਼ਟ ਸੰਕੇਤ ਦੇ ਰਹੇ ਹਨ ਕਿ ਚੰਨੀ ਜੇਤੂ ਰਹਿਣਗੇ ਤੇ ਉਹ ਉਸ ਸਭਾ ਦੇ ਸੰਗੀ ਬਣਨਗੇ, ਜਿਹੜੀ ਤਾਨਾਸ਼ਾਹੀ ਰੋਕਣ ਦਾ ਸਬੱਬ ਬਣੇਗੀ।ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਨੇ ਸ਼ੇਰੋਵਾਲੀਆ ਨੂੰ ਵਿਕਾਸ ਦਾ ਯਾਦੂਗਰ ਕਹਿੰਦਿਆਂ ਹਲਕੇ ਲਈ ਕਰਵਾਏ ਗਏ ਕੰਮਾਂ ਦਾ ਵਰਨਣ ਕੀਤਾ।ਉਨ੍ਹਾਂ ਕਿਹਾ ਕਿ ਸ਼ੇਰੋਵਾਲੀਆ ਦੇ ਕਦਮ ਜਿੱਧਰ ਵਧੇ, ਉਧਰ ਹੀ ਵਿਕਾਸ ਦੇ ਕਾਰਜ ਹੁੰਦੇ ਗਏ। ਚੋਣ ਇਕੱਤਰਤਾ ਨੂੰ ਸੁਰਿੰਦਰਜੀਤ ਸਿੰਘ ਚੱਠਾ ਤੇ ਗੁਲਜ਼ਾਰ ਸਿੰਘ ਥਿੰਦ (ਦੋਵੇਂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ), ਸੀਨੀਅਰ ਕਾਂਗਰਸੀ ਆਗੂ ਤਰਲੋਕ ਸਿੰਘ ਰੂਪਰਾ, ਸੇਂਟ ਮਨੂਜ਼ ਕਾਨਵੈਂਟ ਸਕੂਲ ਦੇ ਸਕੱਤਰ ਅਸ਼ੋਕ ਜੈਨ, ਅਰੋੜਾ ਮਹਾਂ ਸਭਾ ਯੂਨਿਟ ਸ਼ਾਹਕੋਟ ਦੇ ਪ੍ਰਧਾਨ ਬੰਟੀ ਬਠੱਲਾ, ਸੁੱਖਾ ਢੇਸੀ, ਸ਼ੈਟੀ ਚਾਵਲਾ ਅਤੇ ਲਛਮਣ ਸੋਬਤੀ ਨੇ ਵੀ ਸੰਬੋਧਨ ਕੀਤਾ।ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਕੋ: ਸੁਸਾਇਟੀ ਢੰਡੋਵਾਲ ਦੇ ਪ੍ਰਧਾਨ ਜਗਤਾਰ ਸਿੰਘ ਖਾਲਸਾ, ਸੁਖਦੀਪ ਸਿੰਘ ਕੰਗ ਪੀ ਏ, ਪਰਮਜੀਤ ਕੌਰ ਬਜਾਜ ਸਾਬਕਾ ਵਾਇਸ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਪਵਨ ਅੱਗਰਵਾਲ ਅਤੇ ਰੌਮੀ ਗਿੱਲ (ਦੋਵੇਂ ਸਾਬਕਾ ਐਮ. ਸੀ), ਮਨਜੀਤ ਸਿੰਘ ਸੱਤਾ ਟਰਾਂਸਪੋਟਰ, ਪਵਨ ਜੁਨੇਜਾ, ਗਗਨ ਜਿੰਦਲ, ਦਵਿੰਦਰ ਰਿਹਾਨ, ਸੁਰਿੰਦਰ ਗੋਇਲ, ਸੁਰਿੰਦਰ ਅੱਗਰਵਾਲ, ਬਾਬਾ ਨਿੰਦ, ਸ਼ਿਵ ਮਲਹੋਤਰਾ, ਨਿਤਿਨ ਸ਼ਰਮਾ, ਅਨੂਪ ਜੈਨ ਸਾਬਕਾ ਮੈਂਬਰ ਮਾਰਕਿਟ ਕਮੇਟੀ ਸ਼ਾਹਕੋਟ, ਕੁਲਬੀਰ ਸਿੰਘ ਧੰਜੂ, ਪ੍ਰੀਤਮ ਦਾਸ ਸਾਬਕਾ ਏ. ਐਸ. ਆਈ, ਬੱਬਲੂ ਰਿਹਾਨ, ਮਿੱਕੀ ਰਿਹਾਨ, ਅਮਨਦੀਪ ਸੈਦਪੁਰੀ, ਸਾਬਾ ਪੰਡਿਤ, ਪ੍ਰਦੀਪ ਬੱਬਾ ਆਦਿ ਹਾਜ਼ਰ ਸਨ।

# ਸੀ ਟੀ ਗਰੁੱਪ ਨੇ ਵੀਕੈਂਡ ਆਫ਼ ਵੈਲਨਸ ਲਈ ਸਭ ਨੂੰ ਕੀਤਾ ਇਕਜੁੱਟ

**ਜਲੰਧਰ (ਸ਼ੈਲੀ ਐਲਬਰਟ)-**ਸੀ ਟੀ ਗਰੁੱਪ, ਟੀਮ ਪਰਿੰਦੇ ਦੇ ਸਹਿਯੋਗ ਨਾਲ ਹਾਲ ਹੀ ਵਿੱਚ ਮਾਡਲ ਟਾਊਨ ਦੀਆਂ ਗਲੀਆਂ ਵਿੱਚ ਸਿਹਤ ਅਤੇ ਤੰਦਰੁਸਤੀ ਦਾ ਇੱਕ ਗਤੀਸ਼ੀਲ ਜਸ਼ਨ, ਤੰਦਰੁਸਤੀ ਦੇ ਬਹੁਤ ਹੀ ਅਨੁਮਾਨਿਤ ਵੀਕੈਂਡ ਦਾ ਆਯੋਜਨ ਡਬਲਯੂ ਓ ਡਬਲਯੂ ਕੀਤਾ ਗਿਆ।ਜਲੰਧਰ ਪੁਲਿਸ ਕਮਿਸ਼ਨਰੇਟ, ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਵੋਟਿੰਗ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਅਤੇ 94.3 ਮਾਈ ਐਫ ਐਮ ਸਮੇਤ ਪ੍ਰਮੁੱਖ ਭਾਈਵਾਲਾਂ ਦੁਆਰਾ ਸਹਿਯੋਗੀ, ਇਸ ਈਵੈਂਟ ਨੂੰ ਕਮਿਊਨਿਟੀ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਵੈੱਲਨੈੱਸ ਦ ਡਬਲਯੂ ਓ ਡਬਲਯੂ ਵੀਕਐਂਡ ਨੇ ਫਿਟਨੈਸ ਦੇ ਉਤਸ਼ਾਹੀ, ਸਮਾਜਿਕ ਕਾਰਕੁਨਾਂ ਅਤੇ ਖੇਤਰ ਦੇ ਵੱਖ-ਵੱਖ ਸਾਈਕਲਿੰਗ ਅਤੇ ਰਨਿੰਗ ਕਲੱਬਾਂ ਨੂੰ ਇਕੱਠਾ ਕੀਤਾ, ਜਿਸ ਵਿੱਚ ਹਾਕ ਰਾਈਡਰਜ਼, ਸਕਾਈ ਰਾਈਡਰਜ਼, ਅਲਰਟ ਜਿਮ ਅਤੇ ਆਖਰੀ ਉਮੀਦ ਵਰਗੀਆਂ ਪ੍ਰਸਿੱਧ ਟੀਮਾਂ ਸ਼ਾਮਲ ਹਨ। ਇਸ ਈਵੈਂਟ ਵਿੱਚ ਐਮ.ਟੀ.ਵੀ ਰੋਡੀ ਬਲਰਾਜ ਸਿੰਘ, ਬ੍ਰੂਮੈਨ ਕੈਫੇ ਦੇ ਐਮ.ਡੀ ਅਤੇ ਫਿਟਨੈਸ ਫ੍ਰੀਕਸ ਸਮੇਤ ਸਨਮਾਨਤ ਮਹਿਮਾਨਾਂ ਦਾ ਸੁਆਗਤ ਕੀਤਾ ਗਿਆ, ਜਿਨ੍ਹਾਂ ਨੇ ਤੰਦਰੁਸਤੀ ਅਤੇ ਸਿਹਤਮੰਦ ਜੀਵਨ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਵਿੱਚ ਸਮਾਜ ਸੇਵੀ ਅੰਜਲੀ ਦਾਦਾ ਨੇ ਵੀ ਸਹਿਯੋਗ ਦਿੱਤਾ।ਹਾਜ਼ਰੀਨ ਨੂੰ ਸਰੀਰਕ ਤੰਦਰੁਸਤੀ ਅਤੇ ਸਮੁੱਚੀ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ। ਇੱਥੇ ਬਹੁਤ ਸਾਰੀਆਂ ਮੁਫਤ ਖੇਡਾਂ ਅਤੇ ਖਾਣ ਪੀਣ ਦੇ ਸਟਾਲ ਸਨ।ਇਸ ਮੌਕੇ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਸਮੇਤ ਨਾਮਵਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸੀ ਟੀ ਗਰੁੱਪ ਦੇ ਵਾਇਸ-ਚੇਅਰਮੈਨ ਹਰਪ੍ਰੀਤ ਸਿੰਘ, ਸੀ ਟੀ ਗਰੁੱਪ ਦੀ ਕੋ-ਚੇਅਰਪਰਸਨ ਪਰਮਿੰਦਰ ਕੌਰ ਅਤੇ ਸੀ ਟੀ ਗਰੁੱਪ ਦੀ ਜੁਆਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਫੈਕਲਟੀ ਮੈਂਬਰਾਂ ਦੇ ਨਾਲ-ਨਾਲ, ਉਤਸ਼ਾਹੀ ਵਿਦਿਆਰਥੀਆਂ ਨੇ ਵੀ ਸਰਗਰਮੀ ਨਾਲ ਭਾਗ ਲਿਆ।ਸੀ ਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਸਾਰੇ ਭਾਗੀਦਾਰਾਂ ਅਤੇ ਹਾਜ਼ਰੀਨ ਦਾ ਧੰਨਵਾਦ ਕਰਦੇ ਹੋਏ ਕਮਿਊਨਿਟੀ ਦੇ ਅੰਦਰ ਸਿਹਤ ਅਤੇ ਤੰਦਰੁਸਤੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਡਬਲਯੂ ਓ ਡਬਲਯੂ ਵੀਕੈਂਡ ਆਫ਼ ਵੈਲਨੈਸ ਵਰਗੇ ਸਮਾਗਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ।



ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ। ਪਰਿੰਦੇ ਕਿਡਜ਼ ਕਾਰਨੀਵਲ ਤੋਂ ਲੈ ਕੇ ਉਤਸ਼ਾਹਜਨਕ ਡਾਂਸ ਅਤੇ ਖੁਸ਼ੀ ਦੇ ਸੈਸ਼ਨਾਂ ਤੱਕ, ਗਤੀਸ਼ੀਲ ਜ਼ੁੰਬਾ, ਸਾਈਕਲਿੰਗ, ਕ੍ਰਿਕਟ, ਬੈਡਮਿੰਟਨ ਅਤੇ ਹੋਰ ਬਹੁਤ ਕੁਝ ਈਵੈਂਟ ਨੇ ਹਰੇਕ ਲਈ ਕੁਝ ਪੇਸ਼ ਕੀਤਾ, ਹਰ ਉਮਰ ਦੇ ਵਿਅਕਤੀਆਂ ਨੂੰ ਉਨ੍ਹਾਂ ਦੀ ਸਿਹਤ ਅਤੇ ਤੰਦਰੁਸਤੀ ਦੇ ਟੀਚਿਆਂ ਨੂੰ

# ਜਲੰਧਰ ਫੋਟੋਗ੍ਰਾਫਰ ਕਲੱਬ ਵੱਲੋਂ ਫੋਟੋਗ੍ਰਾਫੀ ਸੰਬੰਧੀ ਸੈਮੀਨਾਰ

**ਜਲੰਧਰ, ( ਹਨੀ )-** ਫੋਟੋਗ੍ਰਾਫਰ ਜੋ ਸਾਡੇ ਵਿਆਹ ਸਮਾਗਮਾਂ, ਜਨਮ ਦਿਨ ਸਮੇਤ ਹਰ ਖੁਸ਼ੀ ਦੇ ਪਲਾਂ ਨੂੰ ਆਪਣੀ ਕਲਾ ਰਾਹੀਂ ਕੈਮਰੇ ਵਿਚ ਕੈਦ ਕਰਕੇ ਸਾਨੂੰ ਵਡਮੁੱਲਾ ਖ਼ਜ਼ਾਨਾ ਦਿੰਦਾ ਹੈ ਅਤੇ ਇਸ ਤੋਂ ਇਲਾਵਾ ਕੁਦਰਤੀ ਨਜ਼ਾਰਿਆਂ ਅਤੇ ਕੁਦਰਤੀ ਕਲਾਕ੍ਰਿਤੀਆਂ ਨੂੰ ਵੀ ਸਾਡੇ ਤੱਕ ਪਹੁੰਚਾਉਂਦਾ ਹੈ। ਫੋਟੋਗ੍ਰਾਫੀ ਦੀਆਂ ਬਰੀਕੀਆਂ ਜਾਣਨ ਸਬੰਧੀ ਜਲੰਧਰ ਫੋਟੋਗ੍ਰਾਫ਼ਰ ਕਲੱਬ ਰਜਿ.ਵੱਲੋਂ ਪ੍ਰਧਾਨ ਕਮਲਜੀਤ ਸਿੰਘ ਭਾਟੀਆ ਦੀ ਅਗਵਾਈ ਵਿਚ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੈਮੀਨਾਰ ਕੀਤਾ ਗਿਆ । ਇਸ ਦੌਰਾਨ ਜਲੰਧਰ ਅਤੇ ਬਾਹਰਲੇ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਫੋਟੋਗ੍ਰਾਫਰਾਂ ਸ਼ਿਰਕਤ ਕੀਤੀ ।

ਇਸ ਮੌਕੇ ਦਿੱਲੀ ਤੋਂ ਰਕੇਸ਼ ਨਾਗਰ ਅਤੇ ਰੋਹਤਕ ਤੋਂ ਸੰਜੀਵ ਡੱਲ ਬਤੌਰ ਮੁੱਖ ਬੁਲਾਰਾ ਸ਼ਾਮਲ ਹੋਏ, ਜਿਨ੍ਹਾਂ ਦਾ ਕਲੱਬ ਮੈਂਬਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸੈਮੀਨਾਰ ਦਾ ਆਗਾਜ਼ ਪਹੁੰਚੇ ਮਹਿਮਾਨਾਂ ਤੇ ਕਲੱਬ ਅਹੁਦੇਦਾਰਾਂ ਸ਼ਮ੍ਹਾਂ ਰੌਸ਼ਨ ਕਰਦਿਆਂ ਕੀਤਾ । ਇਸ ਦੌਰਾਨ ਫੋਟੋਗ੍ਰਾਫੀ ਐਕਸਪਰਟ ਰਕੇਸ਼ ਅਤੇ ਸੰਜੀਵ ਨੇ ਵੀਡੀਓ ਤੇ ਫੋਟੋਗ੍ਰਾਫੀ ਕਰਨ ਸਮੇਂ ਆਉਣ ਵਾਲੀਆਂ ਦਿੱਕਤਾਂ ਨੂੰ ਕਿਸ ਤਰ੍ਹਾਂ ਹੱਲ ਕੀਤਾ ਜਾ ਸਕਦਾ ਹੈ, ਸਬੰਧੀ ਟਿਪਸ ਦਿੱਤੇ । ਇਸ ਤੋਂ ਪਹਿਲਾਂ ਕਲੱਬ ਦੇ ਸੈਕਟਰੀ ਸੰਦੀਪ ਤਨੇਜਾ ਨੇ ਪਹੁੰਚੇ ਮਹਿਮਾਨਾਂ ਅਤੇ ਫੋਟੋਗ੍ਰਾਫਰਾਂ ਲਈ ਧੰਨਵਾਦੀ ਸ਼ਬਦ ਕਹੇ। ਇਸ ਮੌਕੇ ਫਾਊਂਡਰ ਮੈਂਬਰ ਅਰਵਿੰਦਰ ਪਾਲ ਸਿੰਘ ਚਾਵਲਾ, ਬ੍ਰਿਜ ਅਰੋੜਾ, ਕੈਸ਼ੀਅਰ ਤਜਿੰਦਰ ਕੁਮਾਰ, ਪੀ ਆਰ ਓ ਗੁਰਸ਼ਰਨ ਰਾਜ, ਉਪ ਪ੍ਰਧਾਨ ਅਨੂਪ ਤਨੇਜਾ, ਪ੍ਰਵੀਨ ਮਹਾਜਨ, ਸੁਰਜੀਤ ਸਿੰਘ, ਜਗਦੀਸ਼ ਕੁਮਾਰ, ਪਵਨ ਕੁਮਾਰ, ਅਮਨ ਕੁਮਾਰ, ਗੌਤਮ ਮਦਾਨ, ਸੰਜੀਵ ਸਚਦੇਵਾ, ਬਿੱਟੂ ਸ਼ਰਮਾ, ਦੀਪਕ ਸੇਠ, ਮਨਜੀਤ ਸਿੰਘ, ਰਮਨ ਮਦਾਨ, ਸੁਰਿੰਦਰ ਸਿੰਘ ਸੰਧੂ, ਵਿਮਲ ਕੁਮਾਰ, ਹਰਿੰਦਰ ਸ਼ਰਮਾ, ਗੁਲਸ਼ਨ ਬਹਿਲ, ਕਰਮਵੀਰ ਸੰਧੂ, ਮੋਹਿੰਦਰ ਪਾਲ, ਜਸਪਾਲ, ਕੁਲਵਿੰਦਰ ਜੌਹਲ, ਬਲਬੀਰ ਸਿੰਘ ਢੱਢਾ ਆਦਿ ਵੱਡੀ ਗਿਣਤੀ ਵਿਚ ਫੋਟੋਗ੍ਰਾਫਰ ਹਾਜ਼ਰ ਸਨ ।



# ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਵੱਲੋਂ ਭਾਜਪਾ ਨੂੰ ਹਰਾਉਣ ਦਾ ਸੱਦਾ

**ਬੰਗਾ (ਅਵਤਾਰ ਕਲੇਰ)-**ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਨੇ ਅੱਜ ਇੱਥੇ ਪ੍ਰੈਸ ਕਾਨਫਰੰਸ ਕਰਕੇ ਲੋਕ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਹਰਾਉਣ ਦਾ ਸੱਦਾ ਦਿੰਦਿਆਂ ਦੂਜੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਸੁਆਲ ਕਰਨ ਦੀ ਗੱਲ ਆਖੀ ਹੈ। ਪਾਰਟੀ ਦੀ ਸੂਬਾ ਕਮੇਟੀ ਦੇ ਸੀਨੀਅਰ ਆਗੂ ਕਾਮਰੇਡ ਅਜਮੇਰ ਸਿੰਘ ਸਮਰਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਆਗੂਆਂ ਕੁਲਵਿੰਦਰ ਸਿੰਘ ਵੜੈਚ ਅਤੇ ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਕਿ ਭਾਜਪਾ-ਆਰ.ਐਸ.ਐਸ ਦੀ ਜਿੱਤ ਇੱਕ ਗੰਭੀਰ ਖਤਰੇ ਦੀ ਘੰਟੀ ਹੈ, ਇਸ ਕਰਕੇ ਇਹ ਚੋਣਾਂ ਵਿਸ਼ੇਸ਼ ਚੋਣਾਂ ਹਨ। ਇਸ ਖਤਰੇ ਦਾ ਟਾਕਰਾ ਕਰਨ ਲਈ ਹੀ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਇਹ ਸੱਦਾ ਦੇ ਰਹੀ ਹੈ ਕਿ, "ਭਾਜਪਾ ਨੂੰ ਹਰਾਓ ਅਤੇ ਭਜਾਓ,ਵਿਰੋਧੀ ਪਾਰਟੀਆਂ ਨੂੰ ਸੁਆਲ ਕਰੋ ਅਤੇ ਮੌਜੂਦਾ ਆਰਥਿਕ-ਸਿਆਸੀ ਪ੍ਰਬੰਧ ਨੂੰ ਬੇਪਰਦ ਕਰੋ।" ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੀ ਦ੍ਰਿੜ੍ਹ ਸਮਝ ਹੈ ਕਿ ਭਾਜਪਾ-ਆਰ.ਐਸ.ਐਸ. ਤੇ ਇਸ ਦੀ ਕੇਂਦਰੀ ਸਰਕਾਰ ਦਾ ਮਕਸਦ ਦੇਸ਼ ਵਿੱਚ ਮੁਕੰਮਲ ਫਾਸ਼ੀਵਾਦੀ ਢਾਂਚਾ ਕਾਇਮ ਕਰਨਾ ਹੈ। ਇਸ ਟੀਚੇ ਨੂੰ ਅਮਲੀ ਰੂਪ ਦੇਣ ਲਈ ਸੂਬਿਆਂ ਦੇ ਅਧਿਕਾਰਾਂ ਨੂੰ ਖੋਰਾ ਲਾ ਕੇ, ਕੇਂਦਰੀ ਏਜੰਸੀਆਂ ਅਤੇ ਅਰਧ-ਸੈਨਿਕ ਬਲਾਂ ਦਾ ਅਧਿਕਾਰ ਖੇਤਰ ਵਧਾ ਕੇ ਉਹ ਸੂਬਾ-ਸਰਕਾਰਾਂ ਨੂੰ ਮਿਊਂਸਪਲ ਕਮੇਟੀਆਂ ਬਣਾ ਦੇਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਈ.ਡੀ. ਤੇ ਹੋਰ ਕੇਂਦਰੀ ਏਜੰਸੀਆਂ ਰਾਹੀਂ ਵਿਰੋਧੀ ਪਾਰਟੀ ਵਿੱਚ ਭੰਨ-ਤੋੜ ਕਰਕੇ, ਦਲ-ਬਦਲੀ ਕਰਵਾ ਕੇ, ਵਿਰੋਧੀ-ਧਿਰ ਦੇ ਆਗੂਆਂ ਨੂੰ ਅਨੇਕਾਂ ਕੇਸਾਂ ਵਿੱਚ ਫਸਾ ਕੇ, ਰਿਸ਼ਵਤਾਂ ਦੇ ਕੇ ਵਿਰੋਧੀ-ਧਿਰ ਸਰਕਾਰਾਂ ਡੇਗ ਕੇ, ਉਹ ਦੇਸ਼ ਵਿੱਚ ਇੱਕੋ-ਇੱਕ ਪਾਰਟੀ ਕਾਇਮ ਕਰਨਾ ਚਾਹੁੰਦੇ ਹਨ ਤਾਂ ਜੁ ਬਹੁ-ਗਿਣਤੀ ਦਾ ਤੁਸ਼ਟੀਕਰਨ ਹੋਰ ਵਧਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਫਾਸ਼ੀਵਾਦੀ ਧੁੱਸ ਨਾਲ ਧਾਰਮਿਕ ਘੱਟ ਗਿਣਤੀਆਂ, ਖਾਸ ਕਰਕੇ ਮੁਸਲਿਮ ਤੇ ਇਸਾਈ ਭਾਈਚਾਰਿਆਂ ਨੂੰ ਵਿਤਕਰੇ, ਦਮਨ ਦਾ ਸ਼ਿਕਾਰ ਬਣਾ ਕੇ ਦੋਮ-ਦਰਜੇ ਦੇ ਸ਼ਹਿਰੀ ਬਣਾਉਣ ਦੀਆਂ ਯੋਜਨਾਵਾਂ ਘੜੀਆਂ ਜਾ ਰਹੀਆਂ ਹਨ ਅਤੇ ਪੈਰ-ਪੈਰ 'ਤੇ ਉਨ੍ਹਾਂ ਨੂੰ ਬੇਇੱਜ਼ਤ ਕੀਤਾ ਜਾ ਰਿਹਾ ਹੈ। ਨਸਲੀ ਘੱਟ-ਗਿਣਤੀਆਂ ਅਤੇ ਘੱਟ-ਗਿਣਤੀ ਕੌਮੀਅਤਾਂ ਨੂੰ ਦਮਨ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਔਰਤਾਂ 'ਤੇ ਲਗਾਤਾਰ ਦਮਨ ਹੋ ਰਿਹਾ ਹੈ। ਦਰਜਨਾਂ ਆਦਿਵਾਸੀ ਨਕਸਲੀ ਕਹਿ ਕੇ ਮੌਤ ਦੇ ਘਾਟ ਉਤਾਰ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ 5 ਖਰਬ ਦੀ ਅਰਥ-ਵਿਵਸਥਾ ਬਣਾਉਣ ਦੇ ਨਾਂਅ ਹੇਠਾਂ ਦੇਸੀ ਤੇ ਵਿਦੇਸ਼ੀ ਕਾਰਪੋਰੇਟਾਂ ਨੂੰ ਬੇਮਿਸਾਲ ਖੁੱਲ੍ਹਾਂ ਤੇ ਰਿਆਇਤਾਂ



ਦਿੱਤੀਆਂ ਜਾ ਰਹੀਆਂ ਹਨ ਜਿਸ ਕਰਕੇ ਅਮੀਰ-ਗਰੀਬ ਦਾ ਨਿੱਤ ਵਧਦਾ ਪਾੜਾ ਇੱਕ ਕੋਝੀ ਹਕੀਕਤ ਬਣ ਚੁੱਕਾ ਹੈ। ਸਨਅਤੀ ਮਜ਼ਦੂਰਾਂ ਤੇ ਕਿਸਾਨਾਂ ਨੂੰ ਲੇਬਰ-ਕੋਡਾਂ ਅਤੇ ਕਾਲੇ ਕਾਨੂੰਨਾਂ ਨਾਲ ਗੰਭੀਰ ਮੰਦਹਾਲੀ ਦੀ ਖੱਡ ਵੱਲ ਧੱਕਿਆ ਜਾ ਰਿਹਾ ਹੈ। ਸੰਵਿਧਾਨ ਦੀ ਧਾਰਾ 51ਏ (ਈ) ਨਾਗਰਿਕ ਦੀ ਬੁਨਿਆਦੀ ਡਿਊਟੀ ਲਾਉਂਦੀ ਹੈ ਕਿ ਸਮਾਜ ਵਿਚ ਭਾਈਚਾਰਕ ਸਾਂਝ ਕਾਇਮ ਰੱਖੀ ਜਾਵੇ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਭਾਜਪਾ ਆਗੂ ਚੋਣਾਂ ਵਿਚ ਨਫਰਤੀ ਭਾਸ਼ਣ ਕਰਕੇ ਸਮਾਜ ਨੂੰ ਵੰਡਣ ਦਾ ਕੰਮ ਕਰ ਰਹੇ ਹਨ। ਭਾਜਪਾ ਨੂੰ ਹਰਾਉਣ ਲਈ ਵਿਰੋਧੀ-ਪਾਰਟੀਆਂ ਦਾ ਗੱਠਜੋੜ, ਫਾਸ਼ੀਵਾਦ ਦੇ ਖਤਰੇ ਨੂੰ ਗੰਭੀਰ ਖਤਰਾ ਨਹੀਂ ਸਮਝ ਰਿਹਾ। ਉਨ੍ਹਾਂ ਕਿਹਾ ਕਿ ਉਹਨਾਂ ਦੀ ਪਾਰਟੀ ਇਸ ਪ੍ਰਬੰਧ ਦਾ ਪਰਦਾਫਾਸ਼ ਕਰਦਿਆਂ ਭੂਮੀ ਸੁਧਾਰ ਲਾਗੂ ਕਰਕੇ ਜ਼ਮੀਨ ਦੀ ਮੁੜ ਵੰਡ, ਕਾਰਪੋਰੇਟ ਤੋਂ ਜ਼ਮੀਨ ਬਚਾਉਣ, ਵਾਧੂ ਜ਼ਮੀਨ ਗਰੀਬ ਤੇ ਬੇਜ਼ਮੀਨੇ ਕਿਸਾਨਾਂ 'ਚ ਵੰਡਣ, ਸ਼ਬਦ ਦੇ ਸਹੀ ਅਰਥਾਂ ਵਿੱਚ ਫੈਡਰਲ ਢਾਂਚਾ ਲਾਗੂ ਕਰਨ, ਧਰਮਨਿਰਪੱਖ, ਬਰਾਬਰਤਾ ਤੇ ਸਮਾਜਿਕ ਨਿਆਂ 'ਤੇ ਟਿਕਿਆ ਸਮਾਜ ਉਸਾਰਨ, ਸਨਮਾਨਜਨਕ ਉਜਰਤਾਂ ਅਤੇ ਪੱਕਾ ਰੁਜ਼ਗਾਰ ਲੈਣ, ਦੇਸ਼ ਦੀ ਵੰਨ-ਸੁਵੰਨਤਾ ਦਾ ਮਾਹੌਲ ਸਿਰਜਣ ਦੀ ਮੁਹਿੰਮ ਚਲਾਵੇਗੀ। ਇਸ ਮੌਕੇ ਕਾਮਰੇਡ ਕਮਲਜੀਤ ਸਨਾਵਾ,ਕਾਮਰੇਡ ਅਵਤਾਰ ਸਿੰਘ ਤਾਰੀ ਅਤੇ ਹਰੀ ਰਾਮ ਰਸੂਲਪੁਰੀ ਪਾਰਟੀ ਆਗੂ ਵੀ ਹਾਜ਼ਰ ਸਨ।

# ਵੀਡੀਓ ਵਾਇਰਲ ਕਰਨ ਵਾਲੇ 'ਤੇ ਕਾਰਵਾਈ ਕਰਨ ਲਈ ਪੁਲਸ ਪ੍ਰਸ਼ਾਸਨ ਨੂੰ ਇੱਕ ਹਫਤੇ ਦਾ ਨੋਟਿਸ

**ਫਿਲੌਰ (ਨਿਰਮਲ)-** ਸੰਯੁਕਤ ਕਿਸਾਨ ਮੋਰਚਾ ਤੇ ਮਜ਼ਦੂਰ ਜਥੇਬੰਦੀਆਂ ਦੀ ਏਰੀਆ ਫਿਲੌਰ ਦੀ ਮੀਟਿੰਗ ਗੁਰਦੁਆਰਾ ਬਾਉਲੀ ਸਾਹਿਬ ਫਿਲੌਰ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਅਮਰੀਕ ਸਿੰਘ ਭਾਰ ਸਿੰਘ ਪੁਰੀ, ਸੰਤੋਖ ਸਿੰਘ ਸੰਧੂ, ਹਰਜੀਤ ਸਿੰਘ ਢੇਸੀ, ਕੁਲਦੀਪ ਸਿੰਘ ਫਿਲੌਰ ਤੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਜਰਨੈਲ ਫਿਲੌਰ ਨੇ ਕੀਤੀ। ਇਸ ਮੀਟਿੰਗ ਵਿੱਚ ਬੀਤੇ ਦਿਨੀਂ ਜਲੰਧਰ ਤੋਂ ਬੀ ਜੇ ਪੀ ਦੇ ਉਮੀਦਵਾਰ ਨੂੰ ਫਿਲੌਰ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਵਲੋਂ ਸਵਾਲ ਪੁੱਛਣ ਦੀ ਕੋਸ਼ਿਸ਼ ਕੀਤੀ ਗਈ ਸੀ ਤੇ ਬੀ ਜੇ ਪੀ ਦੇ ਇੱਕ ਵਰਕਰ ਵਲੋਂ ਇੱਕ ਵਿਵਾਦਿਤ ਵੀਡਓ ਜਾਰੀ ਕਰਕੇ ਕਿਸਾਨ ਜਥੇਬੰਦੀਆਂ ਵਿਰੁੱਧ ਗਲਤ ਸ਼ਬਦਾਵਲੀ ਦੀਆਂ ਟਿੱਪਣੀਆਂ ਕੀਤੀਆਂ ਗਈਆਂ ਸਨ, ਦਾ ਸੰਯੁਕਤ ਕਿਸਾਨ ਮੋਰਚੇ ਵਲੋਂ ਸਖਤ ਨੋਟਿਸ ਲਿਆ ਗਿਆ ਤੇ ਪੁਲਸ ਪ੍ਰਸ਼ਾਸਨ ਨੂੰ ਇੱਕ ਹਫਤੇ ਵਿੱਚ ਕਾਰਵਾਈ ਕਰਨ ਦਾ ਅਲਟੀਮੇਟਮ ਦਿੱਤਾ ਗਿਆ। ਆਗੂਆਂ ਕਿਹਾ ਕਿ ਵੀਡੀਓ ਵਾਇਰਲ ਕਰਕੇ ਭੜਕਾਹਟ ਪੈਦਾ ਕਰਨ ਵਾਲੇ ਸ਼ਖਸ ਵਿਰੁੱਧ ਅਗਰ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਸੰਯੁਕਤ ਕਿਸਾਨ ਮੋਰਚੇ ਵਲੋਂ ਸਖਤ ਸਿੱਧਾ ਐਕਸ਼ਨ ਕੀਤਾ ਜਾਵੇਗਾ । ਇਸ ਸਮੇਂ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਲੋਂ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਤੇ ਕੀਤੇ ਜਬਰ ਜ਼ੁਲਮ ਅਤੇ ਹੁਣ ਅੰਦੋਲਨਾਂ ਨੂੰ ਖਤਮ ਕਰਨ ਲਈ ਗੈਰ ਲੋਕਤੰਤਰੀ ਤਰੀਕਿਆਂ ਦਾ ਕੱਚਾ ਚਿੱਠਾ ਪਿੰਡ ਪਿੰਡ ਜਾ ਕੇ ਖੋਲ੍ਹਿਆ ਜਾਵੇਗਾ ਤੇ ਮੋਦੀ ਸਰਕਾਰ ਨੂੰ ਵੋਟਾਂ ਨਾ ਪਾਉਣ ਦੀ ਅਪੀਲ ਕੀਤੀ ਜਾਵੇਗੀ। ਇਸ ਸਮੇਂ ਕਿਸਾਨ ਮਜ਼ਦੂਰ ਆਗੂਆਂ ਨੇ ਕਿਹਾ ਉਮੀਦਵਾਰਾਂ ਨੂੰ ਸਿੱਧੇ ਸਵਾਲ ਕਰਨ ਸਮੇਂ ਉਮੀਦਵਾਰਾਂ ਦੇ ਸਮਰਥਕਾਂ ਵਲੋਂ ਜਾਣਬੁੱਝ ਕੇ ਭੜਕਾਹਟ ਭਰਿਆ ਮਹੌਲ ਪੈਦਾ ਕੀਤਾ ਜਾ ਰਿਹਾ ਹੈ। ਇਸ ਕਰਕੇ ਕੋਈ ਨਿੱਜੀ ਟਰਕਾਅ ਵਾਲੀ ਸਥਿਤੀ ਤੋਂ ਵੀ ਬਚਿਆ ਜਾਵੇ ਅਤੇ ਪਿੰਡਾਂ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਨੂੰ ਕੇਂਦਰ ਸਰਕਾਰ ਦੀਆਂ ਫਿਰਕਾਪ੍ਰਸਤੀ ਤੇ ਲੋਕ ਮਾਰੂ ਨੀਤੀਆਂ ਵਿਰੁੱਧ ਜਾਗਰੂਕ ਕਰਨ ਲਈ ਜਨ ਸੰਪਰਕ ਮੁਹਿੰਮ ਵਿੱਢੀ ਜਾਵੇਗੀ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਜਰਨੈਲ ਫਿਲੌਰ ਪੇਂਡੂ ਮਜ਼ਦੂਰ ਯੂਨੀਅਨ ਦੇ ਕਸ਼ਮੀਰ ਘੁੱਗਸ਼ੋਰ ਨੇ ਕਿਹਾ ਕਿ ਬੀ ਜੇ ਪੀ ਦੇ ਆਗੂਆਂ ਵਲੋਂ ਸੰਯੁਕਤ ਕਿਸਾਨ ਮੋਰਚੇ ਵਲੋਂ ਉਮੀਦਵਾਰਾਂ ਦੇ ਵਿਰੋਧ ਨੂੰ ਦਲਿਤਾਂ ਦਾ ਵਿਰੋਧ ਕਹਿਣਾ ਜਾਤੀਵਾਦ ਰਾਜਨੀਤੀ ਦੀ ਇੱਕ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਬੀ ਜੇ ਪੀ ਤਾਂ ਵੋਟਾਂ ਲੈਣ ਲਈ ਕੋਈ ਵੀ ਮਨਸੂਬਾ ਵਰਤ ਸਕਦੀ ਹੈ। ਪਰ ਸੰਯੁਕਤ ਕਿਸਾਨ ਮੋਰਚਾ ਤੇ ਮਜ਼ਦੂਰ ਜਥੇਬੰਦੀਆਂ ਪੰਜਾਬ ਵਿੱਚ ਆਪਸੀ ਭਾਈਚਾਰੇ ਨੂੰ ਵੋਟਾਂ ਖਾਤਰ ਪਾੜਨ ਦੀ ਬੀ ਜੇ ਪੀ ਦੀ ਸਾਜਿਸ਼ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਣਗੇ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ, ਜਮਹੂਰੀ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਦੁਆਬਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕੁੱਲ ਹਿੰਦ ਕਿਸਾਨ ਸਭਾ, ਦਿਹਾਤੀ ਮਜ਼ਦੂਰ ਸਭਾ, ਕਮਲਜੀਤ ਸਿੰਘ ਗੰਨਾ ਪਿੰਡ, ਬਲਵਿੰਦਰ ਸਾਬੀ, ਜਰਨੈਲ ਸਿੰਘ ਮੋਤੀਪੁਰ ਖਾਲਸਾ, ਤਰਸੇਮ ਸਿੰਘ ਕੜਿਆਣਾ, ਬਲਕਾਰ ਸਿੰਘ, ਮੁਖਤਿਆਰ ਸਿੰਘ, ਮਾਸਟਰ ਹੰਸ ਰਾਜ ਹਰਵਿੰਦਰ ਸਿੰਘ ਸੋਨੀ, ਕੁਲਜਿੰਦਰ ਸਿੰਘ ਫਿਲੌਰ, ਜਸਵੀਰ ਸਿੰਘ ਚਾਚਾ ਫਿਲੌਰ, ਬਲਜੀਤ ਪੀਤੂ ਫਿਲੌਰ, ਕਮਲਜੀਤ ਰਾਮਗੜ੍ਹ ਆਦਿ ਹਾਜ਼ਰ ਸਨ।

